27-NOV-PAGE- Punjab add.qxd 11/26/2025 11:17 PM Page 1

ਵੀਰਵਾਰ, 27 ਨਵੰਬਰ, 2025
12 ਮੱਘਰ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 177

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 27 NOVEMBER, 2025 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


ਪ੍ਰਧਾਨ ਮੰਤਰੀ आवास योजना-ग्रामीण Pradhan Mantri Awaas Yojana-Gramin

# 30,000 ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਨਵੇਂ ਘਰ ਉਸਾਰਨ ਲਈ

## ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਵੰਡੇ ਮਨਜ਼ੂਰੀ ਪੱਤਰ

## ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ)



**ਪੇਂਡੂ ਖੇਤਰਾਂ ਦੇ ਬੇਜ਼ਮੀਨੇ ਪਰਿਵਾਰਾਂ ਅਤੇ ਕੱਚੇ ਘਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਸਥਾਈ ਘਰ ਅਤੇ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਦਿੱਤੀ ਜਾ ਰਹੀ ਵਿੱਤੀ ਸਹਾਇਤਾ**

| ਪਹਿਲੀ ਕਿਸ਼ਤ | ਦੂਜੀ ਕਿਸ਼ਤ | ਤੀਜੀ ਕਿਸ਼ਤ |
|---|---|---|
| ਘਰ ਦੀ ਮਨਜ਼ੂਰੀ ਤੋਂ ਬਾਅਦ 15 ਦਿਨਾਂ ਦੇ ਅੰਦਰ ਜਾਰੀ ਕੀਤੇ ਜਾਣਗੇ | ਘਰ ਦੀ ਨੀਂਹ ਰੱਖਣ ਉਪਰੰਤ ਜਾਰੀ ਕੀਤੇ ਜਾਣਗੇ | ਛੱਤ ਬਣਨ 'ਤੇ ਜਾਰੀ ਕੀਤੇ ਜਾਣਗੇ |
| ₹70,000 | ₹40,000 | ₹10,000 |

## ਉਪਰੋਕਤ ਰਕਮ ਤੋਂ ਇਲਾਵਾ

**ਮਨਰੇਗਾ ਸਕੀਮ ਅਧੀਨ ਘਰਾਂ ਲਈ ₹31,000 ਅਤੇ ਪਖਾਨਿਆਂ ਲਈ ₹12,000 ਰੁਪਏ ਜਾਰੀ ਕੀਤੇ ਜਾਣਗੇ**

ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ, ਪੰਜਾਬ

27 Nov Page 2-Advt-25.qxd 11/26/2025 9:27 PM Page 1



# ਬਿਜਲੀ ਮੁਲਾਜ਼ਮਾਂ ਕੀਤੀ ਰੋਸ ਰੈਲੀ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**- ਬਿਜਲੀ ਮੁਲਾਜ਼ਮ ਸੰਘਰਸ਼ਸ਼ੀਲ ਮੋਰਚਾ ਦੇ ਸੱਦੇ 'ਤੇ ਪੂਰੇ ਦੇਸ਼ ਵਿੱਚ 29 ਲੇਬਰ ਕਾਨੂੰਨਾਂ ਨੂੰ ਤੋੜ ਕੇ 4 ਲੇਬਰ ਕਾਨੂੰਨ ਬਣਾਉਣ, ਬਿਜਲੀ ਸੋਧ ਬਿੱਲ 2025 ਪਾਸ ਕਰਨ, ਪਾਵਰਕੌਮ ਤੇ ਟਰਾਂਸਕੋ ਦੀਆਂ ਕੀਮਤੀ ਜਾਇਦਾਦਾਂ ਵੇਚਣ ਦੇ ਵਿਰੋਧ ਵਿੱਚ ਗੁਰੂਹਰਸਹਾਏ ਬਿਜਲੀ ਦਫਤਰ ਦੇ ਗੇਟ ਅੱਗੇ ਜ਼ੋਰਦਾਰ ਨਾਅਰੇਬਾਜ਼ੀ ਅਤੇ ਰੋਸ ਰੈਲੀ ਕੀਤੀ ਗਈ। ਜਿਸ ਦੀ ਪ੍ਰਧਾਨਗੀ ਸਾਥੀ ਸੁਰਿੰਦਰ ਕੁਮਾਰ ਪ੍ਰਧਾਨ ਨੇ ਕੀਤੀ। ਜਿਸ ਵਿੱਚ ਟੈਕਨੀਕਲ ਸਰਵਿਸਿਜ਼ ਯੂਨੀਅਨ ਨੇ ਸ਼ਮੂਲੀਅਤ ਕੀਤੀ।ਰੈਲੀ ਸਬੰਧੀ ਜਾਣਕਾਰੀ ਦਿੰਦਿਆਂ ਟੈਕਨੀਕਲ ਸਰਵਿਸਿਜ਼ ਯੂਨੀਅਨ ਪੰਜਾਬ ਦੇ ਸਕੱਤਰ ਇੰਜ: ਸ਼ਿੰਗਾਰ ਚੰਦ ਮਹਿਰੋਕ ਨੇ ਦੱਸਿਆ ਕਿ ਕੇਂਦਰ ਦੀ ਸਰਕਾਰ ਨੇ 29 ਲੇਬਰ ਕਾਨੂੰਨਾਂ ਨੂੰ ਤੋੜ ਕੇ 4 ਲੇਬਰ ਕੋਡ ਬਣਾ ਕੇ ਮਜ਼ਦੂਰਾਂ ਨੂੰ ਯੂਨੀਅਨ ਬਣਾਉਣ ਤੇ ਹੜਤਾਲ 'ਤੇ ਜਾਣ ਦਾ ਹੱਕ ਵੀ ਖੋਹ ਲਿਆ ਹੈ ਜਿਸ ਨਾਲ 300 ਤੋਂ ਘੱਟ ਮਜ਼ਦੂਰਾਂ ਦੇ ਯੂਨਿਟ ਨੂੰ ਬੰਦ ਕਰਨ ਲਈ ਸਰਕਾਰ ਤੋਂ ਮਨਜ਼ੂਰੀ ਲੈਣ ਦੀ ਲੋੜ ਨਹੀਂ । ਪਹਿਲਾਂ ਇਹ ਮਨਜ਼ੂਰੀ 100 ਤੱਕ ਸੀ।ਇਸ ਨਾਲ ਮਜ਼ਦੂਰਾਂ ਦੀ ਡਿਊਟੀ ਵੀ 8 ਘੰਟੇ ਤੋਂ 12 ਘੰਟੇ ਕਰ ਦਿੱਤੀ ਜਾਵੇਗੀ। ਕੇਂਦਰ ਸਰਕਾਰ ਆਪਣੇ ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਕਰਨ ਲਈ ਇਹ ਸਭ ਕਰ ਰਹੀ ਹੈ।ਵੱਖ ਵੱਖ ਬੁਲਾਰਿਆਂ ਨੇ ਅੱਗੇ ਦੱਸਿਆ ਕਿ ਬਿਜਲੀ ਸੋਧ ਬਿੱਲ 2025 ਪਾਸ ਕਰਕੇ ਕੇਂਦਰ ਦੇ ਅੰਡਰ ਕਰਨਾ ਚਾਹੁੰਦੀ ਹੈ। ਜਿਸ ਦੇ ਵਿਰੋਧ ਵਜੋਂ ਅੱਜ ਪੂਰੇ ਦੇਸ਼ ਵਿੱਚ 10 ਕੇਂਦਰੀ ਟਰੇਡ ਯੂਨੀਅਨਾਂ ਅਤੇ ਅਤੇ ਸੰਯੁਕਤ ਕਿਸਾਨ ਮੋਰਚਾ ਵੀ ਇਸ ਬਿੱਲ ਦਾ ਵਿਰੋਧ ਕਰ ਰਿਹਾ ਹੈ। ਪਰ ਕੇਂਦਰ ਸਰਕਾਰ ਦੇ ਕੰਨਾਂ 'ਤੇ ਕੋਈ ਜੂੰ ਨਹੀਂ ਸਰਕ ਰਹੀ ਅਤੇ ਕੇਂਦਰ ਸਰਕਾਰ ਬਿਜਲੀ ਸੋਧ ਬਿਲ 2025 ਪਾਰਲੀਮੈਂਟ ਵਿੱਚ ਪਾਸ ਕਰਨ ਲਈ ਸੁਝਾਅ ਮੰਗੇ ਜਾ ਰਹੇ ਹਨ। ਇਹ ਬਿੱਲ ਪਾਸ ਹੋਣ ਦੇ ਕਾਰਨ ਨਿੱਜੀਕਰਨ ਦਾ ਰਾਹ ਪੱਧਰਾ ਹੋ ਜਾਵੇਗਾ। ਬਿਜਲੀ ਸੋਧ ਬਿੱਲ ਲਾਗੂ ਹੋਣ ਨਾਲ ਕਿਸਾਨਾਂ ਅਤੇ ਗਰੀਬ ਲੋਕਾਂ ਨੂੰ ਮਿਲਦੀ ਸਬਸਿਡੀ ਬੰਦ ਹੋ ਜਾਵੇਗੀ ਅਤੇ ਸਾਰੇ ਮੁਲਾਜ਼ਮਾਂ ਤੋਂ 12 ਘੰਟੇ ਡਿਊਟੀ ਦਾ ਰਾਹ ਪੱਧਰ ਹੋ ਜਾਵੇਗਾ । ਕੇਂਦਰ ਸਰਕਾਰ ਦੀ ਤਰ੍ਹਾਂ ਪੰਜਾਬ ਸਰਕਾਰ ਪਾਵਰਕੌਮ ਅਤੇ ਟਰਾਂਸਕੋ ਦੀਆਂ ਕੀਮਤੀ ਜਾਇਦਾਦਾਂ ਵੇਚਣ ਦੇ ਰਾਹ ਤੁਰੀ ਹੋਈ ਹੈ ਜਿਵੇਂ ਬਠਿੰਡਾ ਥਰਮਲ ਦਾ 1300 ਕਿੱਲਾ ਅਤੇ ਪਟਿਆਲਾ ਦੇ 10 ਕਿੱਲੇ, ਲੁਧਿਆਣੇ ਦੇ 27 ਕਿੱਲੇ ਆਦਿ ਜਾਇਦਾਦਾਂ ਦੀ ਨਿਸ਼ਾਨਦੇਹੀ ਕੀਤੀ ਜਾ ਰਹੀ ਹੈ। ਆਪਣੇ ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਕਰਨ ਲਈ ਇਹ ਜਾਇਦਾਦਾਂ ਕੌਡੀਆਂ ਦੇ ਭਾਅ ਵੇਚਣ ਦੇ ਰਾਹ ਤੇ ਤੁਰੀ ਹੈ। ਪਰ ਇਹ ਜ਼ਮੀਨਾਂ ਪੰਜਾਬ ਦੇ ਲੋਕਾਂ ਨੇ ਬਿਜਲੀ ਬੋਰਡ ਨੂੰ ਉਤਸ਼ਾਹਿਤ ਕਰਨ ਲਈ ਦਾਨ ਵਿੱਚ ਦਿੱਤੀਆਂ ਸਨ ਅਤੇ ਇਸ ਦੇ ਨਾਲ ਪੰਜਾਬ ਦੇ 5 ਸਿਵਲ ਹਸਪਤਾਲ ਵੀ ਠੇਕੇ 'ਤੇ ਦੇਣ ਦੀ ਤਿਆਰੀ ਹੈ ਪਰ ਪਰ ਬਿਜਲੀ ਮੁਲਾਜ਼ਮ ਪੰਜਾਬ ਦੇ ਲੋਕਾਂ ਅਤੇ ਕਿਸਾਨ ਜਥੇਬੰਦੀਆਂ ਨਾਲ ਰਲ ਕੇ ਕਿਸੇ ਵੀ ਕੀਮਤ ਤੇ ਨਿੱਜੀਕਰਨ ਨਹੀਂ ਹੋਣ ਦੇਣਗੇ । ਇਸ ਇਸ ਰੈਲੀ ਨੂੰ ਹੋਰਨਾਂ ਤੋਂ ਇਲਾਵਾ ਕਰਨ ਸ਼ਰਮਾ, ਦਵਿੰਦਰ ਸਿੰਘ, ਮੰਦਰ ਸਿੰਘ, ਸੁਖਦੇਵ ਸਿੰਘ, ਜਸਵਿੰਦਰ ਪਾਲ, ਸੰਦੀਪ ਬੱਟੀ ਅਤੇ ਸੰਦੀਪ ਬਾਜੇ ਕੇ ਨੇ ਸੰਬੋਧਨ ਕੀਤਾ ਤੇ ਮੰਗ ਕੀਤੀ ਕਿ ਸਰਕਾਰ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਜਿਵੇਂ ਕਿ 41 16% ਪੇ ਸਕੇਲਾਂ ਦਾ ਏਰੀਅਰ ਇੱਕ ਵਾਰੀ ਵਿੱਚ ਦਿੱਤਾ ਜਾਵੇ ਅਤੇ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਕੱਚੇ ਕਾਮੇ ਪੱਕੇ ਕੀਤੇ ਜਾਣ, ਸੱਤਵੇਂ ਪੇ ਸਕੇਲ ਦੀ ਜਗ੍ਹਾ ਛੇਵਾਂ ਪੇ ਸਕੇਲ ਲਾਗੂ ਕਰਨ ਮੰਗਾਂ ਨੂੰ ਮੰਨ ਕੇ ਲਾਗੂ ਕੀਤਾ ਜਾਵੇ ਅਤੇ 2025 ਬਿਜਲੀ ਸੋਧ ਬਿੱਲ ਦੀਆ ਕਾਪੀਆਂ ਸਾੜੀਆਂ ਗਈਆਂ ।



# ਪੀ ਐੱਸ ਪੀ ਸੀ ਐੱਲ ਦੇ ਆਊਟਸੋਰਸ ਮੀਟਰ ਰੀਡਰਾਂ ਦਾ ਭਵਿੱਖ ਖਤਰੇ 'ਚ : ਦਰਸ਼ਨ ਲਾਲ

**ਮੋਗਾ (ਇਕਬਾਲ ਸਿੰਘ ਖਹਿਰਾ)**- ਪਾਵਰਕਾਮ ਵਿੱਚ ਕੰਮ ਕਰਦੇ 10-10 ਸਾਲਾਂ ਤੋਂ ਮੀਟਰ ਰੀਡਰ, ਜੋ ਆਊਟਸੋਰਸ ਕੰਪਨੀ ਰਾਹੀਂ ਕੰਮ ਕਰਦੇ ਸੀ, ਦਾ ਭਵਿੱਖ ਖਤਰੇ ਵਿੱਚ ਪੈ ਗਿਆ ਹੈ। ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਇਨ੍ਹਾਂ ਕੰਮ ਕਰਦੇ ਮੀਟਰ ਰੀਡਰਾਂ ਨੂੰ ਕੰਪਨੀ ਵੱਲੋਂ ਤੈਅ ਰੇਟਾਂ ਅਨੁਸਾਰ ਤਨਖਾਹ ਦਿੱਤੀ ਜਾਂਦੀ ਸੀ, ਪਰ ਹੁਣ ਮਹਿਕਮੇ ਦੀ ਰੀਡਿੰਗ ਲੈਣ ਵਾਲੀ ਕੰਪਨੀ ਦਾ ਠੇਕਾ ਖਤਮ ਹੋ ਗਿਆ ਹੈ ਤੇ ਨਵੀਂ ਕੰਪਨੀ ਤੇ ਪਾਵਰ ਦੀ ਮੈਨੇਜਮੈਂਟ ਵੱਲੋਂ 10-10 ਸਾਲਾਂ ਦੀ ਸਰਵਿਸ ਕਰਨ ਤੋਂ ਬਾਅਦ ਫੈਸਲਾ ਲਿਆ ਹੈ ਕਿ ਇਨ੍ਹਾਂ ਕਰਮਚਾਰੀਆਂ ਨੂੰ ਬਤੌਰ ਸਿੱਖਿਆ ਟਰੇਨੀ 5000 ਰੁਪਏ ਤੋਂ ਘੱਟ ਟ੍ਰੇਨਿੰਗ ਭੱਤਾ ਦੇ ਕੇ ਇਕ ਸਾਲ ਦਾ ਪੀਅਰਡ ਦਾ ਕੰਮ ਕਰਵਾਇਆ ਜਾਵੇ। ਇਸ ਸਬੰਧੀ ਪੰਜਾਬ ਅੰਦਰ ਲਗਭਗ 3500 ਆਊਟਸੋਰਸ ਮੀਟਰ ਰੀਡਰਾਂ ਨੂੰ ਮਹਿਕਮੇ ਅੰਦਰ ਪੱਕਾ ਕਰਨ ਦੀ ਬਜਾਏ ਨਿਗੂਣੀ ਜਿਹੀ ਟ੍ਰੇਨਿੰਗ ਫੀਸ 'ਤੇ ਰੱਖਣ ਲਈ ਕਾਰਵਾਈ ਆਰੰਭ ਦਿੱਤੀ ਹੈ। ਪਾਵਰਕਾਮ ਅੰਦਰ ਬਣੀ ਆਊਟਸੋਰਸ ਮੀਟਰ ਰੀਡਰ ਯੂਨੀਅਨ ਪੰਜਾਬ ਵੱਲੋਂ ਸਮੁੱਚੇ ਪੰਜਾਬ ਅੰਦਰ ਸਬੰਧਤ ਡੀਡੀਓ ਪਾਵਰ (ਐਕਸੀਅਨ) ਨੂੰ ਅਜਿਹਾ ਨਾ ਕਰਨ ਦਾ ਨੋਟਿਸ ਸਮੁੱਚੇ ਕਰਮਚਾਰੀਆਂ ਵੱਲੋਂ ਮਿਲ ਕੇ ਦਿੱਤਾ ਗਿਆ ਤੇ ਜੇਕਰ ਅਜਿਹਾ ਕੀਤਾ ਜਾਂਦਾ ਤਾਂ ਆਉਣ ਵਾਲੇ ਦਿਨਾਂ ਵਿੱਚ ਸਮੁੱਚੇ ਪੰਜਾਬ ਦੇ ਆਊਟਸੋਰਸ ਮੀਟਰ ਰੀਡਰਾਂ ਵੱਲੋਂ ਰੀਡਿੰਗ ਦਾ ਕੰਮ ਬੰਦ ਕਰਕੇ ਇੱਕ ਲੰਮਾ ਸੰਘਰਸ਼ ਵਿੱਢਿਆ ਜਾਵੇਗਾ। ਪਾਵਰਕਾਮ ਦੇ ਐਕਸੀਅਨਾਂ ਨੂੰ ਮੰਗ ਪੱਤਰ ਦੇਣ ਤੋਂ ਬਾਅਦ ਪਾਵਰਕਾਮ ਅੰਦਰ ਕੰਮ ਕਰਦੀ ਜਥੇਬੰਦੀ ਪੀ.ਐੱਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿਸਟਰਡ 41 ਦੇ ਡਿਪਟੀ ਜਨਰਲ ਸਕੱਤਰ ਦਰਸ਼ਨ ਲਾਲ ਮੋਗਾ ਨੂੰ ਸਾਰੇ ਸੰਘਰਸ਼ ਦੀ ਜਾਣਕਾਰੀ ਇਨ੍ਹਾਂ ਕਰਮਚਾਰੀਆਂ ਵੱਲੋਂ ਦਿੱਤੀ ਗਈ ਅਤੇ ਜਾਣੂ ਕਰਵਾਇਆ ਕਿ ਇਨ੍ਹਾਂ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਬਜਾਏ ਜੋ ਡੀ ਸੀ ਰੇਟ ਅਨੁਸਾਰ ਦਿੱਤੀਆਂ ਜਾਂਦੀਆਂ ਤਨਖਾਹਾਂ ਨੂੰ ਜਾਰੀ ਕਰਨ ਦੀ ਅਪੀਲ ਕੀਤੀ। ਇਸ ਮੌਕੇ ਡਿਪਟੀ ਜਨਰਲ ਸਕੱਤਰ ਵੱਲੋਂ ਪਾਵਰਕਾਮ ਦੇ ਆਊਟ ਸੋਰਸ ਮੀਟਰ ਰੀਡਰਾਂ ਨੂੰ, ਜੋ ਪਿਛਲੇ 10-10 ਸਾਲਾਂ ਤੋਂ ਆਊਟਸੋਰਸ ਰੀਡਿੰਗ ਦਾ ਕੰਮ ਕੰਪਨੀ ਵੱਲੋਂ ਲਿਆ ਜਾਂਦਾ ਸੀ, ਨੂੰ ਮਹਿਕਮੇ ਅੰਦਰ ਰੈਗੂਲਰ ਕਰਨ ਦੀ ਅਪੀਲ ਕੀਤੀ। ਡਿਪਟੀ ਜਨਰਲ ਸਕੱਤਰ ਵੱਲੋਂ ਪਾਵਰ ਦੀ ਮੈਨੇਜਮੈਂਟ ਨੂੰ ਤਾੜਨਾ ਕੀਤੀ ਗਈ ਕਿ ਜੇਕਰ ਆਊਟਸੋਰਸ ਮੀਟਰ ਰੀਡਰਾਂ ਦੇ ਨਾਲ ਧੱਕਾ ਕੀਤਾ ਜਾਂਦਾ ਹੈ ਤਾਂ ਆਉਣ ਵਾਲੇ ਸਮੇਂ ਵਿੱਚ ਸਮੁੱਚੇ ਪੰਜਾਬ ਅੰਦਰ ਤਿੱਖਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਸੁਰਿੰਦਰ ਸਿੰਘ, ਸੁਖਜਿੰਦਰ ਸਿੰਘ ਗੁਰਚਰਨ ਸਿੰਘ, ਸਨੀ ਧਰਮਕੋਟ, ਹਰਜੀਵਨ ਸਿੰਘ ਆਦਿ ਸਾਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।



# ਪੰਜਾਬ ਪਬਲਿਕ ਸਕੂਲ ਵੱਲੋਂ ਸਾਲਾਨਾ ਸਪੋਰਟਸ ਮੀਟ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਪੰਜਾਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬ੍ਰਾਹਮਣ ਮਾਜਰਾ ਵਿੱਚ ਵਿਦਿਆਰਥੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਸਲਾਨਾ ਸਪੋਰਟਸ ਮੀਟ ਕਰਵਾਈ ਗਈ। ਇਸ ਖੇਡ ਪ੍ਰਤੀਯੋਗਤਾ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਹਾਊਸ ਮਾਰਚ ਕਰਕੇ ਕੀਤੀ ਗਈ। ਸਕੂਲ ਦੇ ਐੱਮ ਡੀ ਕਮਲ ਕੁਮਾਰ ਅਤੇ ਪ੍ਰਿੰਸੀਪਲ ਅਰੁਣ ਕਟੋਚ ਵੱਲੋਂ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਨੌਜਵਾਨ ਆਗੂ ਸਰਪੰਚ ਪਿੰਡ ਦੇਧਨਾ ਸੰਦੀਪ ਸਾਂਵਰਾ, ਬਲਦੇਵ ਸਿੰਘ, ਕਰਨੈਲ ਸਿੰਘ ਸਰਪੰਚ ਬਰਾਸ, ਮੰਗਤ ਰਾਮ ਪ੍ਰਧਾਨ ਬ੍ਰਾਹਮਣ ਸਭਾ ਪੰਜਾਬ ਅਤੇ ਪਾਲ ਸਿੰਘ ਕਲਵਾਣੂੰ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਦੌਰਾਨ ਆਏ ਮਹਿਮਾਨਾਂ ਨੇ ਬੱਚਿਆਂ ਦੀ ਜਿੱਥੇ ਹੌਂਸਲਾ ਅਫਜ਼ਾਈ ਕੀਤੀ ਉੱਥੇ ਹੀ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਦੇ ਨਾਲ ਜੋੜਨ ਲਈ ਖੇਡ ਮੁਕਾਬਲਿਆਂ ਦੀ ਸ਼ਲਾਘਾ ਕੀਤੀ। ਐਮਡੀ ਕਮਲ ਕੁਮਾਰ ਨੇ ਕਿਹਾ ਕਿ ਸਕੂਲ ਵੱਲੋਂ ਇਸ ਸਾਲ ਦੀ ਸਪੋਰਟਸ ਮੀਟ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ 350 ਵੀਂ ਸ਼ਹਾਦਤ ਨੂੰ ਸਮਰਪਤ ਕੀਤੀ ਗਈ। ਪ੍ਰਿੰਸੀਪਲ ਅਰੁਣ ਕਟੋਚ ਨੇ ਈਵੈਂਟ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੱਚਿਆਂ ਨੇ ਆਪਣੇ ਗਰੀਨ, ਰੈੱਡ, ਬਲੂ ਅਤੇ ਯੈੱਲੋ ਹਾਊਸ ਅਧੀਨ 100 ਮੀਟਰ ਰੇਸ, 200 ਮੀਟਰ ਰੀਲੇਅ ਰੇਸ , ਲੰਮੀ ਛਾਲ , ਰੱਸਾਕਸ਼ੀ, ਸ਼ਾਟਪੁੱਟ ਅਤੇ ਕਬੱਡੀ ਦੇ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਪੁਜ਼ੀਸ਼ਨਾਂ ਹਾਸਲ ਕੀਤੀਆਂ। ਸਫਲਤਾਪੂਰਵਕ ਮੁਕਾਬਲਿਆਂ ਤੋਂ ਬਾਅਦ ਜੇਤੂ ਵਿਦਿਆਰਥੀਆਂ ਅਤੇ ਟੀਮਾਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਪ੍ਰਬੰਧਕਾਂ ਵੱਲੋਂ ਆਏ ਮੁੱਖ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ ।



# ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਰਾਜਪੁਰਾ ਦੀ 14ਵੀਂ ਕਨਵੋਕੇਸ਼ਨ

**ਰਾਜਪੁਰਾ (ਰਮੇਸ਼ ਕਟਾਰੀਆ)**- ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਰਾਜਪੁਰਾ, ਨੇੜੇ ਚੰਡੀਗੜ੍ਹ ਨੇ ਆਰੀਅਨਜ਼ ਕੈਂਪਸ ਵਿਖੇ ਆਪਣੀ 14ਵੀਂ ਕਨਵੋਕੇਸ਼ਨ ਦਾ ਆਯੋਜਨ ਕੀਤਾ। ਇਸ ਸਮਾਰੋਹ ਵਿੱਚ ਪ੍ਰੋ. (ਡਾ.) ਸੰਜੀਵ ਸ਼ਰਮਾ, ਵਾਈਸ ਚਾਂਸਲਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮਆਰਐਸਪੀਟੀਯੂ), ਬਠਿੰਡਾ, ਮੁੱਖ ਮਹਿਮਾਨ ਸਨ। ਡਾ. ਮਨਪ੍ਰੀਤ ਸਿੰਘ ਮੰਨਾ, ਸਾਬਕਾ ਡਾਇਰੈਕਟਰ, ਆਲ ਇੰਡੀਆ ਕੌਂਸਲ ਫਾਰ ਟੈਕਨੀਕਲ ਐਜੂਕੇਸ਼ਨ (ਏਆਈਸੀਟੀਈ), ਨਵੀਂ ਦਿੱਲੀ, ਮਹਿਮਾਨ ਸਨ। ਡਾ. ਅੰਸ਼ੂ ਕਟਾਰੀਆ, ਚੇਅਰਮੈਨ, ਆਰੀਅਨਜ਼ ਗਰੁੱਪ ਨੇ ਸਮਾਰੋਹ ਦੀ ਪ੍ਰਧਾਨਗੀ ਕੀਤੀ।ਇੰਜੀਨੀਅਰਿੰਗ, ਕਾਨੂੰਨ, ਫਾਰਮੇਸੀ, ਨਰਸਿੰਗ ਮੈਨੇਜਮੈਂਟ, ਬੀ.ਐੱਡ, ਖੇਤੀਬਾੜੀ, ਬੀਬੀਏ, ਬੀਸੀਏ, ਅਤੇ ਹੋਰਾਂ ਸਮੇਤ ਵੱਖ-ਵੱਖ ਪ੍ਰੋਗਰਾਮਾਂ ਦੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਸਮਾਰੋਹ ਦੀ ਸ਼ੁਰੂਆਤ ਦੀਪ ਜਗਾਉਣ ਨਾਲ ਹੋਈ, ਜਿਸ ਤੋਂ ਬਾਅਦ ਸਵਾਗਤੀ ਪ੍ਰਾਰਥਨਾ ਕੀਤੀ ਗਈ।ਐਮਆਰਐਸਪੀਟੀਯੂ ਦੇ ਵਾਈਸ ਚਾਂਸਲਰ ਨੇ ਆਪਣੇ ਕਨਵੋਕੇਸ਼ਨ ਭਾਸ਼ਣ ਵਿੱਚ ਗ੍ਰੈਜੂਏਟ ਹੋਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਲੀਡਰਸ਼ਿਪ ਗੁਣਾਂ ਨੂੰ ਪੈਦਾ ਕਰਨ ਅਤੇ ਉੱਭਰ ਰਹੇ ਮੌਕਿਆਂ ਦੀ ਪਛਾਣ ਕਰਨ ਲਈ ਉਤਸ਼ਾਹਿਤ ਕੀਤਾ।ਉਨ੍ਹਾਂ ਵਿਦਿਆਰਥੀਆਂ ਨੂੰ ਇਮਾਨਦਾਰੀ, ਦੇਸ਼ ਭਗਤੀ ਅਤੇ ਸਮਰਪਣ ਵਰਗੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਦੀ ਅਪੀਲ ਕੀਤੀ।ਡਾ. ਮੰਨਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਨਵੋਕੇਸ਼ਨ ਅੰਤ ਨਹੀਂ, ਸਗੋਂ ਇੱਕ ਅਰਥਪੂਰਨ ਅਤੇ ਚੁਣੌਤੀਪੂਰਨ ਯਾਤਰਾ ਦੀ ਸ਼ੁਰੂਆਤ ਹੈ। ਡਾ. ਅੰਸ਼ੂ ਕਟਾਰੀਆ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਆਰੀਅਨਜ਼ ਲਈ ਨੌਜਵਾਨ ਪੇਸ਼ੇਵਰਾਂ ਦਾ ਸਮਾਜ ਵਿੱਚ ਯੋਗਦਾਨ ਪਾਉਣ ਲਈ ਇੱਕ ਮਾਣ ਵਾਲੀ ਗੱਲ ਹੈ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਨੂੰ ਇਹ ਜਾਣ ਕੇ ਖੁਸ਼ੀ ਹੋਈ ਹੈ ਕਿ ਬਹੁਤ ਸਾਰੇ ਆਰੀਅਨ ਵਿਦਿਆਰਥੀਆਂ ਨੇ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਨਾਮਵਰ ਨਿੱਜੀ ਸੰਸਥਾਵਾਂ ਵਿੱਚ ਪਲੇਸਮੈਂਟ ਪ੍ਰਾਪਤ ਕੀਤੀ ਹੈ, । ਉਨ੍ਹਾਂ ਕਿਹਾ ਕਿ ਆਰੀਅਨਜ਼ ਸਾਬਕਾ ਵਿਦਿਆਰਥੀਆਂ ਤੋਂ ਫੰਡ ਨਹੀਂ ਮੰਗਦੇ ਪਰ ਉਨ੍ਹਾਂ ਤੋਂ ਆਉਣ ਵਾਲੇ ਸਾਲਾਂ ਵਿੱਚ ਆਪਣੇ ਲਈ, ਸਮਾਜ ਲਈ ਅਤੇ ਦੇਸ਼ ਲਈ ਨਾਮ ਅਤੇ ਪ੍ਰਸਿੱਧੀ ਕਮਾਉਣ ਦੀ ਉਮੀਦ ਕਰਦੇ ਹਨ।ਇਸ ਮੌਕੇ ਡਾ. ਪਰਵੀਨ ਕਟਾਰੀਆ (ਪ੍ਰਿੰਸੀਪਲ, ਆਰੀਅਨਜ਼ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ), ਡਾ. ਜਗਦੀਸ਼ ਸਿੰਘ ਬੱਧਣ (ਪ੍ਰਿੰਸੀਪਲ, ਆਰੀਅਨਜ਼ ਕਾਲਜ ਆਫ਼ ਫਾਰਮੇਸੀ), ਡਾ. ਕ੍ਰਿਸ਼ਨ ਕੁਮਾਰ ਸਿੰਗਲਾ (ਪ੍ਰਿੰਸੀਪਲ, ਆਰੀਅਨਜ਼ ਫਾਰਮੇਸੀ ਕਾਲਜ), ਡਾ. ਸੁਭਾਸ਼ ਚੰਦਰ ਯਾਦਵ (ਪ੍ਰਿੰਸੀਪਲ, ਆਰੀਅਨਜ਼ ਕਾਲਜ ਆਫ਼ ਲਾਅ), ਡਾ. ਅਨੁਰਾਗ ਧੀਮਾਨ (ਪ੍ਰਿੰਸੀਪਲ, ਆਰੀਅਨਜ਼ ਕਾਲਜ ਆਫ਼ ਐਜੂਕੇਸ਼ਨ), ਸ਼੍ਰੀਮਤੀ ਨਿਧੀ ਚੋਪੜਾ (ਪ੍ਰਿੰਸੀਪਲ, ਆਰੀਅਨਜ਼ ਇੰਸਟੀਚਿਊਟ ਆਫ਼ ਨਰਸਿੰਗ), ਡਾ. ਰੇਣੂਕਾ ਸੀਲਾਸ, ਡਾ. ਗਰਿਮਾ ਠਾਕੁਰ, ਡਿਪਟੀ ਡਾਇਰੈਕਟਰ ਆਰੀਅਨਜ਼ ਗਰੁੱਪ, ਡਾ. ਫਾਤਿਮਾ, ਡਾ. ਵਿਨੇ ਠਾਕੁਰ, ਡਾ. ਪ੍ਰਿਥਿਕਾ, ਡਾ. ਯਾਦਨਾ, ਡਾ. ਬਲਦੀਪ ਸਿੰਘ, ਡਾ. ਜਸਵੰਤ ਸਿੰਘ ਅਤੇ ਡਾ. ਲਵਪ੍ਰੀਤ ਸਿੰਘ ਮੌਜੂਦ ਸਨ।



## ਚੰਡੀਗੜ੍ਹ ਨੂੰ ਯੂ ਟੀ ਬਣਾਉਣ ਤੇ ਯੂਨੀਵਰਸਿਟੀ ਨੂੰ ਅਧੀਨ ਕਰਨ ਦੀ ਭਾਵਨਾ ਸੈਂਟਰ ਨੇ ਨਹੀਂ ਤਿਆਗੀ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਬੇਸ਼ੱਕ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਤੇ ਪੰਜਾਬ ਨਾਲ ਸੰਬੰਧਤ ਸਿਆਸੀ, ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਵੱਡੇ ਵਿਰੋਧ ਦੀ ਬਦੌਲਤ ਸੈਂਟਰ ਨੇ ਪੰਜਾਬ ਯੂਨੀਵਰਸਿਟੀ ਦੇ ਮੁੱਦੇ ਅਤੇ ਚੰਡੀਗੜ੍ਹ ਨੂੰ ਪੂਰਨ ਰੂਪ ਵਿਚ ਪੰਜਾਬ ਦੇ ਹਵਾਲੇ ਨਾ ਕਰਕੇ ਉਸ ਨੂੰ ਪੱਕੇ ਤੌਰ 'ਤੇ ਯੂ.ਟੀ ਬਣਾਉਣ ਦੇ ਕੀਤੇ ਜਾ ਰਹੇ ਮੰਦਭਾਵਨਾ ਭਰੇ ਅਮਲਾਂ ਤੇ ਸਾਜ਼ਿਸ਼ਾਂ ਤੋਂ ਸੈਂਟਰ ਨੇ ਯੂਟਰਨ ਲੈ ਲਈ ਹੈ, ਪਰ ਇਸ ਪੰਜਾਬ, ਪੰਜਾਬੀ, ਪੰਜਾਬੀਅਤ ਤੇ ਸਿੱਖ ਕੌਮ ਵਿਰੋਧੀ ਕੀਤੇ ਜਾ ਰਹੇ ਅਮਲਾਂ ਨੂੰ ਬਿਲਕੁਲ ਨਹੀਂ ਤਿਆਗਿਆ, ਜੋ ਸੈਂਟਰ ਵੱਲੋਂ ਧਾਰਾ 240 ਅਧੀਨ ਨਵਾ ਨੋਟੀਫਿਕੇਸ਼ਨ ਜਾਰੀ ਕਰਨ ਸੰਬੰਧੀ ਫ਼ਿਲਹਾਲ ਕੋਈ ਕਾਰਵਾਈ ਨਹੀ ਕੀਤੀ ਜਾ ਰਹੀ, ਤੋਂ ਸਪੱਸ਼ਟ ਹੋ ਜਾਂਦਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਇਹ ਆਪਣੇ ਇਨ੍ਹਾਂ ਮਨਸੂਬਿਆਂ ਨੂੰ ਕਿਸੇ ਸਮੇਂ ਵੀ ਪੂਰਨ ਕਰਨ ਵੱਲ ਵਧ ਸਕਦੇ ਹਨ। ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸੈਂਟਰ ਵੱਲੋਂ ਫਿਲਹਾਲ 240 ਅਧੀਨ ਚੰਡੀਗੜ੍ਹ ਜੋ ਪੰਜਾਬ ਦੇ 28 ਪਿੰਡਾਂ ਨੂੰ ਉਜਾੜ ਕੇ ਬਣਾਇਆ ਗਿਆ ਸੀ ਅਤੇ ਜਿਸ ਉਤੇ ਪੰਜਾਬ ਸੂਬੇ ਦੀ ਵਿਧਾਨਿਕ ਮਲਕੀਅਤ ਹੈ, ਉਸ ਨੂੰ ਇਕ ਨੋਟੀਫਿਕੇਸ਼ਨ ਦੀ ਮੰਦਭਾਵਨਾ ਰਾਹੀਂ ਸਦਾ ਲਈ ਯੂ.ਟੀ ਰੱਖਣ ਜਾਂ ਦਿੱਲੀ ਦੀ ਤਰ੍ਹਾਂ ਇਕ ਸੂਬਾ ਬਣਾਉਣ ਦੀ ਸਾਜ਼ਿਸ਼ ਉਤੇ ਉਪਰੋਕਤ ਸਭ ਵਰਗਾਂ ਨੂੰ ਗੰਭੀਰਤਾ ਪੂਰਵਕ ਸੁਚੇਤ ਕਰਦੇ ਹੋਏ ਤੇ ਇਕੱਤਰ ਹੋ ਕੇ ਸੈਂਟਰ ਨਾਲ ਸਭ ਮੁੱਦਿਆਂ ਉਤੇ ਫੈਸਲਾਕੁੰਨ ਸੰਘਰਸ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ।

## ਕੋਟਾਂ ਕਾਲਜ ਦੀ ਫੁੱਟਬਾਲ ਟੀਮ ਨੇ ਜਿੱਤਿਆ ਕਾਂਸੀ ਤਮਗਾ

**ਦੋਰਾਹਾ (ਹਰਮਿੰਦਰ ਸੇਠ)** ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ( ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ) ਦੇ ਵਿਦਿਆਰਥੀਆਂ ਵੱਲੋਂ ਪੜ੍ਹਾਈ ਦੇ ਨਾਲ-ਨਾਲ਼ ਖੇਡਾਂ ਦੇ ਖੇਤਰ ਵਿੱਚ ਵੀ ਮੱਲਾਂ ਮਾਰੀਆਂ ਜਾ ਰਹੀਆਂ ਹਨ। ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਅੰਤਰ ਕਾਲਜ ਫੁੱਟਬਾਲ ਟੂਰਨਾਮੈਂਟ ਵਿੱਚ ਕੋਟਾਂ ਕਾਲਜ ਦੀ ਟੀਮ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ। ਉਹਨਾਂ ਨੇ ਫਾਈਨਲ ਮੈਚ ਵਿੱਚ ਤੀਜਾ ਸਥਾਨ ਹਾਸਲ ਕਰਕੇ ਕਾਂਸੀ ਤਮਗਾ ਜਿੱਤਿਆ ਅਤੇ ਸੰਸਥਾ ਦਾ ਮਾਣ ਵਧਾਇਆ । ਡੀਨ ਸਪੋਰਟਸ, ਕੋਚ ਸਾਹਿਬਾਨ, ਇੰਚਾਰਜ ਅਧਿਆਪਕ ਸਾਹਿਬਾਨ ਨੇ ਵਿਦਿਆਰਥੀਆਂ ਨੂੰ ਖੇਡ ਦੀ ਤਿਆਰੀ ਲਈ ਮਾਰਗਦਰਸ਼ਨ ਕੀਤਾ। ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਜਿੱਤ ਦੀ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਸੁਨਹਿਰੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ ।



# ਥਰਮਲ ਦੇ ਠੇਕਾ ਮੁਲਾਜ਼ਮਾਂ ਦੀ ਤਿੰਨ ਰੋਜ਼ਾ ਹੜਤਾਲ 2 ਤੋਂ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਜੀ.ਐੱਚ.ਟੀ.ਪੀ. ਠੇਕਾ ਮੁਲਾਜ਼ਮ ਯੂਨੀਅਨ (ਆਜ਼ਾਦ) ਵੱਲੋਂ ਅਗਲੇ ਸੰਘਰਸ਼ ਦੀ ਤਿਆਰੀ ਸੰਬੰਧੀ ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਮੁੱਖ ਗੇਟ 'ਤੇ ਮੀਟਿੰਗ ਹੋਈ। ਇਸ ਮੌਕੇ ਜਥੇਬੰਦੀ ਦੇ ਪ੍ਰਧਾਨ ਜਗਰੂਪ ਸਿੰਘ, ਜਨਰਲ ਸਕੱਤਰ ਜਗਸੀਰ ਸਿੰਘ ਭੰਗੂ, ਮੀਤ ਪ੍ਰਧਾਨ ਬਲਜਿੰਦਰ ਮਾਨ, ਮੀਤ ਪ੍ਰਧਾਨ ਨਾਇਬ ਸਿੰਘ, ਵਿੱਤ ਸਕੱਤਰ ਲਛਮਣ ਸਿੰਘ ਅਤੇ ਮੀਤ ਪ੍ਰਧਾਨ ਹਰਦੀਪ ਸਿੰਘ ਤੱਗੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਮੂਹ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ 'ਆਪ ਸਰਕਾਰ' ਨੇ ਆਪਣੇ ਕਾਰਜਕਾਲ ਦੇ ਪੌਣੇ ਚਾਰ ਸਾਲਾਂ ਵਿੱਚ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਸੰਬੰਧੀ ਅਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਦੀ ਕਿਰਤ ਦੀ ਕੀਤੀ ਜਾ ਰਹੀ ਅੰਨ੍ਹੀ-ਲੁੱਟ ਨੂੰ ਬੰਦ ਕਰਨ ਦੇ ਐਲਾਨ ਮਗਰੋਂ ਵੀ ਠੇਕਾ ਮੁਲਾਜ਼ਮਾਂ ਨੂੰ ਠੇਕਾ ਪ੍ਰਣਾਲੀ ਦੀ ਚੱਕੀ ਵਿੱਚ ਪਿਸਣ ਲਈ ਮਜਬੂਰ ਕੀਤਾ ਹੋਇਆ ਹੈ ਅਤੇ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਜਾ ਰਿਹਾ। ਜਿਸ ਤੋਂ ਸਿੱਧ ਹੁੰਦਾ ਹੈ ਕਿ ਇਹ ਸਰਕਾਰ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਆਊਟਸੋਰਸਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨਾਲ਼ ਨੰਗਾ-ਚਿੱਟਾ ਧੋਖਾ ਕਰ ਰਹੀ ਹੈ। ਜਿਸ ਦੇ ਵਿਰੋਧ ਵਜੋਂ ਥਰਮਲ ਪਲਾਂਟ ਦੇ ਠੇਕਾ ਮੁਲਾਜ਼ਮ 2, 3 ਤੇ 4 ਦਸੰਬਰ ਨੂੰ ਤਿੰਨ ਰੋਜ਼ਾ ਹੜਤਾਲ਼ ਕਰਕੇ ਪਲਾਂਟ ਦੇ ਮੁੱਖ ਗੇਟ 'ਤੇ ਰੋਸ ਪ੍ਰਦਰਸ਼ਨ ਕਰਨਗੇ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰੀ ਵਿਭਾਗਾਂ ਦੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕੀਤਾ ਜਾਵੇ, ਨਵੇਂ ਕਿਰਤ ਅਤੇ ਬਿਜਲੀ ਕਾਨੂੰਨਾਂ ਨੂੰ ਰੱਦ ਕੀਤਾ ਜਾਵੇ, ਸਰਕਾਰੀ ਵਿਭਾਗਾਂ ਦੇ ਆਊਟਸੋਰਸਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਪਹਿਲ ਅਤੇ ਤਜਰਬੇ ਦੇ ਆਧਾਰ 'ਤੇ ਵਿਭਾਗਾਂ ਵਿੱਚ ਪੱਕਾ ਕੀਤਾ ਜਾਵੇ, ਘੱਟੋ-ਘੱਟ ਉਜਰਤਾਂ ਦੇ ਕਾਨੂੰਨ 1948/ਪੰਦਰ੍ਹਵੀਂ ਲੇਬਰ ਕਾਨਫ਼ਰੰਸ ਦੇ ਫਾਰਮੂਲੇ ਮੁਤਾਬਿਕ ਠੇਕਾ ਮੁਲਾਜ਼ਮਾਂ ਦੀ ਗੁਜਾਰੇ ਯੋਗ ਤਨਖ਼ਾਹ ਨਿਸ਼ਚਿਤ ਕੀਤੀ ਜਾਵੇ, ਸੇਵਾ ਕਾਲ ਦੌਰਾਨ ਮੌਤ/ਨਕਾਰਾ ਹੋਣ 'ਤੇ ਪਰਵਾਰਕ ਮੈਂਬਰ ਨੂੰ ਸਰਕਾਰੀ ਨੌਕਰੀ, ਪੈਨਸ਼ਨ ਅਤੇ ਯੋਗ ਮੁਆਵਜ਼ਾ ਦਿੱਤਾ ਜਾਵੇ, ਠੇਕਾ ਮੁਲਾਜ਼ਮਾਂ ਦੇ ਸੇਵਾ ਮੁਕਤ ਹੋਣ ਉਪਰੰਤ ਪੈਨਸ਼ਨ ਅਤੇ ਗੁਜ਼ਾਰਾ ਫੰਡ ਦਿੱਤਾ ਜਾਵੇ।



# ਧੁੰਦ ਦੇ ਮੌਸਮ 'ਚ ਹਾਦਸੇ ਰੋਕਣ ਲਈ ਬਾਘਾ ਪੁਰਾਣਾ ਪ੍ਰੈੱਸ ਕਲੱਬ ਨੇ ਵਾਹਨਾਂ 'ਤੇ ਰਿਫਲੈਕਟਰ ਲਗਾਏ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਭਵਿੱਖ ਦੇ ਮੌਸਮ ਨੂੰ ਧਿਆਨ 'ਚ ਰੱਖਦਿਆਂ ਬਾਘਾ ਪੁਰਾਣਾ ਪ੍ਰੈੱਸ ਕਲੱਬ (ਰਜਿ:) ਵਲੋਂ ਬੀਤੇ ਦਿਨੀਂ ਹੋਈ ਮੀਟਿੰਗ ਵਿੱਚ ਲਏ ਗਏ ਫੈਸਲੇ ਤੇ ਪਹਿਰਾ ਦਿੰਦਿਆਂ ਪ੍ਰਧਾਨ ਪੰਕਜ ਗੁਪਤਾ ਦੀ ਅਗਵਾਈ ਵਿੱਚ ਬੀਤੇ ਦਿਨ ਵਾਹਨਾਂ ਉੱਪਰ ਰਿਫਲੈਕਟਰ ਲਗਾਏ ਗਏ। ਇਸ ਤੋਂ ਪਹਿਲਾ ਕਲੱਬ ਦੇ ਅਹੁਦੇਦਾਰ ਤੇ ਮੈਂਬਰ ਸਥਾਨਕ ਸ਼ਹਿਰ ਦੇ ਮੁੱਖ ਲਾਈਟਾਂ ਵਾਲੇ ਸ਼ਹੀਦ ਭਗਤ ਸਿੰਘ ਚੌਂਕ ਵਿੱਚ ਇਕੱਤਰ ਹੋਏ। ਰਿਫਲੈਕਟਰ ਲਗਾਉਣ ਦੀ ਮੁਹਿੰਮ ਵਿੱਚ ਬਾਘਾ ਪੁਰਾਣਾ ਪੁਲਸ ਵਲੋਂ ਵੀ ਵਡਮੁੱਲਾ ਯੋਗਦਾਨ ਪਾਇਆ ਗਿਆ। ਪ੍ਰੈੱਸ ਕਲੱਬ ਦੇ ਅਹੁਦੇਦਾਰ ਤੇ ਮੈਬਰਾਂ ਦੇ ਨਾਲ ਇੰਸ: ਜਤਿੰਦਰ ਸਿੰਘ ਥਾਣਾ ਮੁਖੀ ਬਾਘਾ ਪੁਰਾਣਾ ਵਲੋਂ ਇਸ ਕਾਰਜ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਗੱਲਬਾਤ ਕਰਦਿਆਂ ਬਾਘਾ ਪੁਰਾਣਾ ਪ੍ਰੈੱਸ ਕਲੱਬ ਦੇ ਪ੍ਰਧਾਨ ਗੁਪਤਾ ਨੇ ਦੱਸਿਆ ਕਿ ਆਉਣ ਵਾਲੇ ਕੁਝ ਦਿਨਾਂ ਤੱਕ ਮੌਸਮ ਵਿੱਚ ਤਬਦੀਲੀ ਆਉਣੀ ਸੁਭਾਵਿਕ ਹੈ ਅਤੇ ਧੁੰਦਾਂ ਕਿਸੇ ਸਮੇਂ ਵੀ ਪੈਣੀਆਂ ਸ਼ੁਰੂ ਹੋ ਸਕਦੀਆਂ ਹਨ, ਇਸ ਲਈ ਸਾਡੇ ਕਲੱਬ ਵਲੋਂ ਵਾਹਨਾਂ ਉੱਪਰ ਰਿਫਲੈਕਟਰ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਹੈ। ਉਹਨਾਂ ਦੱਸਿਆਂ ਕਿ ਇਸ ਮੁਹਿੰਮ ਨੂੰ ਅਗਲੇ ਤਿੰਨ-ਚਾਰ ਦਿਨਾਂ ਤੱਕ ਲਗਾਤਾਰ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਥਾਣਾ ਮੁਖੀ ਇੰਸਪੈਕਟਰ ਜਤਿੰਦਰ ਸਿੰਘ ਨੇ ਕਿਹਾ ਕਿ ਪੱਤਰਕਾਰਾਂ ਵਲੋਂ ਕੀਤੇ ਜਾ ਰਹੇ ਇਸ ਕਾਰਜ ਦੀ ਮੈਂ ਜਿੰਨੀ ਵੀ ਸ਼ਲਾਘਾ ਕਰ ਸਕਦਾ ਹਾਂ, ਓਨੀ ਹੀ ਥੋੜ੍ਹੀ ਹੈ ਤੇ ਇਸ ਮੁਹਿੰਮ ਵਿੱਚ ਸਾਥ ਦੇਣ ਲਈ ਪ੍ਰੈੱਸ ਕਲੱਬ ਨੇ ਥਾਣਾ ਮੁਖੀ ਜਤਿੰਦਰ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ ਅਜੇ ਅਗਰਵਾਲ, ਸੈਕਟਰੀ ਬਲਜਿੰਦਰ ਭੱਲਾ, ਕੈਸ਼ੀਅਰ ਮੁਕੇਸ਼ ਨੌਹਰੀਆ, ਅਨਿਲ ਨੌਹਰੀਆ, ਵਿੱਕੀ ਬਾਂਸਲ, ਕ੍ਰਿਸ਼ਨ ਸਿੰਗਲਾ, ਸ਼ਿਵ ਪਨੇਸਰ ਤੋਂ ਇਲਾਵਾ ਏ.ਐੱਸ.ਆਈ ਜਸਵੀਰ ਸਿੰਘ ਟ੍ਰੈਫਿਕ ਇੰਚਾਰਜ ਬਾਘਾ ਪੁਰਾਣਾ, ਏ.ਐੱਸ.ਆਈ ਜਗਸੀਰ ਸਿੰਘ, ਜਗਦੇਵ ਸਿੰਘ ਏ.ਐੱਸ.ਆਈ ਸੜਕ ਸੁਰੱਖਿਆ ਫੋਰਸ, ਹਰਮੇਲ ਸਿੰਘ ਹੈੱਡ ਕਾਂਸਟੇਬਲ ਆਦਿ ਹਾਜ਼ਰ ਸਨ।



## ਸੈਂਟਰ ਗੁਰੂਸਰ ਵਿਖੇ ਵਿੱਦਿਅਕ ਮੁਕਾਬਲੇ ਕਰਾਏ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸਰਕਾਰੀ ਪ੍ਰਾਇਮਰੀ ਸਕੂਲ ਗੁਰੂਸਰ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਿੱਖਿਆ ਸ੍ਰੀ ਯਾਦਵਿੰਦਰ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਿੱਦਿਅਕ, ਸੱਭਿਆਚਾਰਕ, ਪੇਂਟਿੰਗ ਤੇ ਸੁੰਦਰ ਲਿਖਾਈ ਮੁਕਾਬਲੇ ਕਰਾਏ ਗਏ । ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਸਕੂਲਾਂ ਦੇ 105 ਵਿਦਿਆਰਥੀਆਂ ਨੇ ਭਾਗ ਲਿਆ ਤੇ ਜੇਤੂ ਵਿਦਿਆਰਥੀਆਂ ਨੂੰ ਜਿਨ੍ਹਾਂ ਨੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ, ਨੂੰ ਮੈਡਲ ਨਾਲ ਸਨਮਾਨਤ ਕੀਤਾ ਗਿਆ।ਸਟੇਜ ਸਕੱਤਰ ਦੀ ਭੂਮਿਕਾ ਸੁਖਵੰਤ ਸਿੰਘ ਹੈੱਡ ਟੀਚਰ ਫਕਰਸਰ ਨੇ ਨਿਭਾਈ।ਸੁੰਦਰ ਲਿਖਾਈ ਦੀ ਜਜਮੈਂਟ ਤਜਿੰਦਰ ਸਿੰਘ ਫਕਰਸਰ ਸੱਭਿਆਚਾਰਕ ਮੁਕਾਬਲਿਆਂ ਦੀ ਜਜਮੈਂਟ ਬੇਅੰਤ ਕੌਰ ਗੁਰੂਸਰ ਬ੍ਰਾਂਚ, ਅਮਨਦੀਪ ਕੌਰ ਗੁਰੂਸਰ, ਵਿੱਦਿਅਕ ਮੁਕਾਬਲਿਆਂ ਦੀ ਜਜਮੈਂਟ ਮੋਹਨ ਲਾਲ ਕਰਾਈ ਵਾਲਾ ਅਨੀਤਾ ਰਾਣੀ ਥੇੜ੍ਹੀ ਭਾਈ ਕੀ, ਪੇਂਟਿੰਗ, ਡਰਾਇੰਗ ਮੁਕਾਬਲਿਆਂ ਦੀ ਜਜਮੈਂਟ ਸੱਤ ਨਾਰਾਇਣ ਘੱਗਾ ਨੇ ਬਾਖੂਬੀ ਤਰੀਕੇ ਨਾਲ ਨਿਭਾਇਆ।ਇਨ੍ਹਾਂ ਮੁਕਾਬਲਿਆਂ ਦਾ ਪ੍ਰਬੰਧ ਬਹੁਤ ਸੁਚੱਜੇ ਢੰਗ ਨਾਲ ਗੁਰਪ੍ਰੀਤ ਸਿੰਘ ਸੈਂਟਰ ਹੈਡ ਟੀਚਰ ਦੀ ਅਗਵਾਈ ਹੇਠ ਸੈਂਟਰ ਗੁਰੂਸਰ ਵੱਲੋਂ ਕੀਤਾ ਗਿਆ ਅਤੇ ਇਨਾਮਾਂ ਦੀ ਵੰਡ ਕੀਤੀ ਗਈ।



# ਸੱਟੇਬਾਜ਼ੀ ਤਬਾਹ ਕਰ ਰਹੀ ਗਰੀਬ ਤੇ ਮਜ਼ਦੂਰ ਦੇ ਪਰਵਾਰ

**ਜੈਤੋ (ਸਤੀਸ਼ ਕੁਮਾਰ ਭੀਰੀ)**- ਮਹਿੰਗਾਈ ਦੇ ਭਿਅੰਕਰ ਦੌਰ ਵਿੱਚ ਗ਼ਰੀਬ ਤੇ ਮਜ਼ਦੂਰ ਪਰਵਾਰਾਂ ਨੂੰ ਨਿੱਤ ਵਰਤੋਂ ਦੀਆਂ ਚੀਜ਼ਾਂ ਲਈ ਹਰ ਦਿਨ ਭਾਰੀ ਮੁਸ਼ੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਜੇਕਰ ਕੋਈ ਵਿਅਕਤੀ ਪਰਵਾਰ ਦੇ ਪਾਲਣ ਪੋਸ਼ਣ ਲਈ ਮਿਹਨਤ ਮਜ਼ਦੂਰੀ ਕਰਨ ਵੱਲ ਤੁਰਦਾ ਹੈ ਤਾਂ ਇਲਾਕੇ ਵਿੱਚ ਬਿਨਾਂ ਕਿਸੇ ਡਰ ਭੈ ਦੇ ਦਨਦਨਾਉਂਦੇ ਫਿਰਦੇ ਸੱਟੇਬਾਜ਼ਾਂ ਦੇ ਮੱਕੜਜਾਲ ਵਿੱਚ ਫਸ ਕੇ ਲੱਕ-ਤੋੜਵੀਂ ਮਿਹਨਤ ਨਾਲ ਪ੍ਰਾਪਤ ਕੀਤੀ ਦਿਹਾੜੀ ਸੱਟੇਬਾਜ਼ੀ ਵਿੱਚ ਲੁਟਾ ਦਿੱਤੀ ਜਾਂਦੀ ਹੈ ਜਿਸ ਨਾਲ ਗਰੀਬ ਵਿਅਕਤੀ ਪੇਟ ਤੇ ਪਰਵਾਰ ਦੀਆਂ ਲੋੜਾਂ ਪੂਰੀਆਂ ਕਰਨ ਲਈ ਮਜਬੂਰੀ ਵੱਸ ਅਪਰਾਧ ਦੀ ਦੁਨੀਆ ਵਿੱਚ ਪ੍ਰਵੇਸ਼ ਕਰਨ ਵੱਲ ਹੋ ਤੁਰਦਾ ਹੈ ਤੇ ਅੰਤ ਵਿੱਚ ਜਾਨਲੇਵਾ ਨਸ਼ਿਆਂ ਦੀ ਦਲਦਲ ਵਿੱਚ ਡੁੱਬ ਕੇ ਆਪਣੀ ਤੇ ਆਪਣੇ ਬੱਚਿਆਂ ਦੀ ਜ਼ਿੰਦਗੀ ਨੂੰ ਨਰਕ ਬਣਨ ਤੋਂ ਨਹੀਂ ਰੋਕ ਸਕਦਾ। ਗਰੀਬ ਵਿਅਕਤੀ ਬਿਨਾਂ ਮਿਹਨਤ ਤੋਂ ਕਈ ਗੁਣਾਂ ਮਤਲਬ ਭੂਤਾਂ ਦੀ ਮਾਇਆ ਨਾਲ ਜੇਬ ਭਰਨ ਦੇ ਲਾਲਚ ਵਿੱਚ ਫਸ ਕੇ ਲੱਕ-ਤੋੜਵੀਂ ਮਿਹਨਤ ਨਾਲ ਪ੍ਰਾਪਤ ਰਕਮ ਸੱਟੇਬਾਜ਼ਾਂ ਦੇ ਮਹਿਲ ਮੁਨਾਰੇ ਖੜ੍ਹੇ ਕਰਨ ਲਈ ਉਨ੍ਹਾਂ 'ਤੇ ਵਾਰ ਦਿੰਦਾ ਹੈ। ਪਹਿਲਾਂ ਸੱਟਾ ਇੱਕ ਵਕਤ ਲਈ ਖੁੱਲ੍ਹਦਾ ਸੀ ਤੇ ਹੁਣ ਸੁਭਾ, ਦੁਪਹਿਰੇ, ਸ਼ਾਮ ਤੇ ਰਾਤ ਨੂੰ ਯਾਨਿ ਚਾਰ ਵਾਰ ਖੁੱਲ੍ਹ ਕੇ ਗਰੀਬ ਦੀ ਝੌਂਪੜੀ ਦੇ ਜਗਦੇ ਦੀਵੇ ਵਿੱਚ ਫੂਕ ਮਾਰ ਰਿਹਾ ਹੈ। ਜਦੋਂ ਇਸ ਸਬੰਧੀ ਪੱਖ ਲੈਣ ਲਈ ਪੁਲਸ ਥਾਣਾ ਜੈਤੋ ਦੇ ਮੁਖੀ ਨਵਪ੍ਰੀਤ ਸਿੰਘ ਨੂੰ ਫੋਨ ਕੀਤਾ ਤਾਂ ਉਨ੍ਹਾਂ ਕਿਸੇ ਵੀ ਗੈਰਕਾਨੂੰਨੀ ਕੰਮਾਂ ਵਿੱਚ ਮਗ਼ਰੂਰ ਤੇ ਇਲਾਕੇ ਵਿੱਚ ਫੈਲੇ ਦੋਸ਼ੀਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜਲਦੀ ਹੀ ਉਨ੍ਹਾਂ ਵੱਲੋਂ ਸੱਟੇਬਾਜ਼ਾਂ ਨੂੰ ਕਾਬੂ ਕਰਕੇ ਜੇਲ੍ਹ ਭੇਜਿਆ ਜਾਵੇਗਾ ।

# ਛੀਨੀਵਾਲ ਕਲਾਂ 'ਚ ਵਿਧਵਾ ਦੇ ਖਸਤਾ ਹਾਲਤ ਘਰ ਦੀ ਛੱਤ ਬਦਲਾਉਣ ਨਾਲ ਘਰ ਡਿੱਗਣ ਦਾ ਫ਼ਿਕਰ ਮੁੱਕਿਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਬਲਾਕ ਮਹਿਲ ਕਲਾਂ ਦੀ ਸ਼ਰਧਾਲੂ ਸੰਗਤ ਨੇ ਸਮਾਜ ਸੇਵਾ ਤਹਿਤ ਪਿੰਡ ਛੀਨੀਵਾਲ ਕਲਾਂ ਵਿਖੇ ਇੱਕ ਵਿਧਵਾ ਔਰਤ ਹਰਜੀਤ ਕੌਰ ਦੇ ਮਕਾਨ ਦੀ ਛੱਤ ਬਦਲਾਉਣ ਨਾਲ ਵੱਡਾ ਫ਼ਿਕਰ ਮੁਕਾ ਦਿੱਤਾ ਹੈ। ਮਕਾਨ ਦੀ ਖ਼ਸਤਾ ਹਾਲਤ ਛੱਤ ਡਿੱਗਣ ਦੀ ਕਗਾਰ 'ਤੇ ਸੀ।ਬਲਾਕ ਮਹਿਲ ਕਲਾਂ ਦੇ ਸੇਵਕ ਹਜ਼ੂਰਾ ਸਿੰਘ ਵਜੀਦਕੇ ਨੇ ਦੱਸਿਆ ਕਿ ਸਵ: ਗੁਰਮੇਲ ਸਿੰਘ ਛੀਨੀਵਾਲ ਕਲਾਂ ਦੀ ਵਿਧਵਾ ਹਰਜੀਤ ਕੌਰ ਜੋ ਆਪਣੇ ਬੱਚਿਆਂ ਤੋਂ ਪਾਸੇ ਰਹਿ ਰਹੀ ਹੈ, ਦੇ ਮਕਾਨ ਦੀ ਛੱਤ ਕਾਫ਼ੀ ਲੰਮੇ ਸਮੇਂ ਤੋਂ ਬੇਹੱਦ ਖ਼ਸਤਾ ਹਾਲਤ ਵਿੱਚ ਸੀ। ਜਿਸ ਕਾਰਨ ਉਸ ਨੂੰ ਛੱਤ ਦੇ ਡਿੱਗ ਜਾਣ ਦਾ ਡਰ ਹਰ ਵੇਲੇ ਸਤਾਉਂਦਾ ਰਹਿੰਦਾ ਸੀ। ਕੁਝ ਸਮਾਂ ਪਹਿਲਾਂ ਹਰਜੀਤ ਕੌਰ ਨੇ ਬਲਾਕ ਦੇ ਸੇਵਾਦਾਰਾਂ ਕੋਲ ਅਰਜ਼ੀ ਦੇ ਕੇ ਮੰਗ ਕੀਤੀ ਸੀ ਕਿ ਉਸ ਦੇ ਮਕਾਨ ਦੀ ਛੱਤ ਜੋ ਕਿ ਖਸਤਾ ਹਾਲਤ 'ਚ ਹੈ, ਨੂੰ ਢਾਹ ਕੇ ਨਵੇਂ ਸਿਰੇ ਤੋਂ ਪਾਉਣ ਦੀ ਸੇਵਾ ਕੀਤੀ ਜਾਵੇ। ਬਲਾਕ ਕਮੇਟੀ ਵੱਲੋਂ ਪੜਤਾਲ ਕੀਤੇ ਜਾਣ ਉਪਰੰਤ ਔਰਤ ਦੇ ਮਕਾਨ ਦੀ ਬੇਹੱਦ ਨਾਜ਼ੁਕ ਹਾਲਤ ਨੂੰ ਦੇਖਦਿਆਂ ਤੁਰੰਤ ਫੈਸਲਾ ਲਿਆ। ਕੁੱਝ ਘੰਟਿਆਂ 'ਚ ਮਕਾਨ ਦੀ ਛੱਤ ਨਵੇਂ ਸਿਰੇ ਤੋਂ ਪਾ ਦਿੱਤੀ ਗਈ। ਜਿਸ ਨਾਲ ਹਰਜੀਤ ਕੌਰ ਨੂੰ ਖਸਤਾ ਹਾਲਤ ਛੱਤ ਦਾ ਫ਼ਿਕਰ ਮੁੱਕ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਮਹਾਨ ਸੇਵਾ ਵਿੱਚ ਧਰਮਪਾਲ ਧਨੇਰ, ਗੋਰਾ ਸਿੰਘ, ਮੇਜਰ ਸਿੰਘ ਗਹਿਲ, ਕਾਕੂ ਸਿੰਘ, ਹਰਬੰਸ ਸਿੰਘ ਕੈਰੇ ਆਦਿ ਨੇ ਛੱਤ ਬਦਲਾਉਣ ਦੀ ਸੇਵਾ ਮੁਫ਼ਤ ਨਿਭਾਈ। ਇਸ ਮੌਕੇ ਜਸਵਿੰਦਰ ਸਿੰਘ ਬੀਹਲਾ, ਮਾ. ਪੂਰਨ ਸਿੰਘ ਗਹਿਲ, ਮਾ. ਭੋਲਾ ਸਿੰਘ, ਹਰਜਿੰਦਰ ਸਿੰਘ ਛੀਨੀਵਾਲ ਕਲਾਂ, ਜੱਗਾ ਸਿੰਘ ਦੀਵਾਨਾ, ਪ੍ਰੇਮੀ ਸੇਵਕ ਸੋਹੀਆਂ ਦਿਲਬਾਗ ਸਿੰਘ, ਸਵਰਨਜੀਤ ਸਿੰਘ, ਲਖਵੀਰ ਸਿੰਘ, ਧੰਨਾ ਸਿੰਘ, ਸਵਰਨਜੀਤ ਸਿੰਘ, ਭੋਲਾ ਸਿੰਘ ਸੱਦੋਵਾਲ, ਸੁਰਜੀਤ ਸਿੰਘ ਫੌਜੀ ਨਾਈਵਾਲਾ, ਭੋਲਾ ਸਿੰਘ ਗੰਗੋਹਰ ਆਦਿ ਵੀ ਹਾਜ਼ਰ ਸਨ।





# ਪੰਜਾਬ ਪਬਲਿਕ ਸਕੂਲ 'ਚ ਆਲ ਇੰਡੀਆ ਆਈ ਪੀ ਐੱਸ ਸੀ ਘੋੜਸਵਾਰੀ ਚੈਂਪੀਅਨਸ਼ਿਪ

**ਨਾਭਾ (ਵਰਿੰਦਰ ਵਰਮਾ)** ਆਲ ਇੰਡੀਆ ਆਈ.ਪੀ.ਐਸ.ਸੀ. ਘੋੜਸਵਾਰੀ ਚੈਂਪੀਅਨਸ਼ਿਪ 25 ਨਵੰਬਰ ਨੂੰ ਪੰਜਾਬ ਪਬਲਿਕ ਸਕੂਲ ਵਿਖੇ ਸ਼ੁਰੂ ਹੋਈ।ਡਾ. ਡੀ.ਸੀ. ਸ਼ਰਮਾ, ਹੈੱਡ ਮਾਸਟਰ, ਪੰਜਾਬ ਪਬਲਿਕ ਸਕੂਲ ਨੇ ਪਹਿਲੇ ਦਿਨ ਦੀ ਕਾਰਵਾਈ ਦੀ ਪ੍ਰਧਾਨਗੀ ਕੀਤੀ।ਇਸ ਵੱਕਾਰੀ ਚੈਂਪੀਅਨਸ਼ਿਪ 'ਚ ਕੁੱਲ ਸੱਤ ਟੀਮਾਂ ਹਿੱਸਾ ਲੈ ਰਹੀਆਂ ਹਨ। ਭਾਗ ਲੈਣ ਵਾਲੇ ਸਕੂਲਾਂ ਵਿੱਚ ਦਿੱਲੀ ਪਬਲਿਕ ਸਕੂਲ ਨਵੀਂ ਦਿੱਲੀ, ਮਾਡਰਨ ਸਕੂਲ ਨਵੀਂ ਦਿੱਲੀ, ਮੋਤੀਲਾਲ ਨਹਿਰੂ ਸਕੂਲ ਆਫ਼ ਸਪੋਰਟਸ, ਰਾਏ ਸੇਲਾਕੁਈ ਇੰਟਰਨੈਸ਼ਨਲ ਸਕੂਲ, ਦੇਹਰਾਦੂਨ; ਡੇਲੀ ਕਾਲਜ, ਇੰਦੌਰ ਯਾਦਵਿੰਦਰਾ ਪਬਲਿਕ ਸਕੂਲ, ਪਟਿਆਲਾ ਤੇ ਪੰਜਾਬ ਪਬਲਿਕ ਸਕੂਲ ਨਾਭਾ ਸ਼ਾਮਲ ਹਨ।ਚਾਰ ਦਿਨਾਂ ਦੀ ਇਸ ਚੈਂਪੀਅਨਸ਼ਿਪ 'ਚ ਸ਼ੋਅ ਜੰਪਿੰਗ ਨਾਰਮਲ (ਵਿਅਕਤੀਗਤ/ਟੀਮ), ਜਿਮਖਾਨਾ ਈਵੈਂਟਸ, ਡਰੈਸੇਜ (ਵਿਅਕਤੀਗਤ/ਟੀਮ), ਸ਼ੋਅ ਜੰਪਿੰਗ ਟੌਪ ਸਕੋਰ, ਟੈਂਟ ਪੈਗਿੰਗ (ਵਿਅਕਤੀਗਤ), ਕੁੜੀਆਂ ਦੇ ਹੈਕਸ, ਸ਼ੋਅ ਜੰਪਿੰਗ ਐਕਿਊਮੂਲੇਟਰ, ਸ਼ੋਅ ਜੰਪਿੰਗ ਫਾਲਟ ਐਂਡ ਆਊਟ ਤੇ ਸਿਕਸ ਬਾਰ ਵਰਗੇ ਮੁਕਾਬਲੇ ਸ਼ਾਮਲ ਹਨ। ਚੈਂਪੀਅਨਸ਼ਿਪ 28 ਨਵੰਬਰ ਨੂੰ ਸਮਾਪਤ ਹੋਵੇਗੀ।

## ਚੰਡੀਗੜ੍ਹ ਨੂੰ ਖੋਹਣ ਦੀ ਸਾਜ਼ਿਸ਼ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਰੋਕੀ ਜਾ ਸਕਦੀ : ਬਡੂੰਗਰ

**ਪਟਿਆਲਾ (ਰਾਜਿੰਦਰ ਥਿੰਦ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਪੰਜਾਬ ਹਮੇਸ਼ਾ ਹੀ ਧੱਕੇ ਦਾ ਸ਼ਿਕਾਰ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਤੇ ਰਾਜਧਾਨੀ ਦੇ ਮਸਲੇ 'ਤੇ ਕੇਂਦਰ 'ਚ ਰਹਿਣ ਵਾਲੀਆਂ ਸਰਕਾਰਾਂ ਵੱਡਾ ਧੱਕਾ ਕਰਦੀਆਂ ਰਹੀਆਂ ਹਨ। ਪ੍ਰੋ. ਬਡੂੰਗਰ ਨੇ ਕਿਹਾ ਕਿ ਭਾਵੇਂ ਪੰਜਾਬ ਦੀਆਂ ਸਾਰੀਆਂ ਸਿਆਸੀ ਧਿਰਾਂ ਸਮੇਤ ਕਿਸਾਨ ਜਥੇਬੰਦੀਆਂ ਅਤੇ ਵੱਖ-ਵੱਖ ਵਰਗਾਂ ਨੇ ਕੇਂਦਰ ਵੱਲੋਂ ਚੰਡੀਗੜ੍ਹ ਨੂੰ ਖੋਹਣ ਦੀ ਕੀਤੀ ਸਾਜ਼ਿਸ਼ ਨੂੰ ਰੋਕ ਲਿਆ ਹੈ, ਪਰ ਜਿਹੜਾ ਬਿੱਲ ਕੇਂਦਰ ਆਪਣੇ ਸਰਦ ਰੁੱਤ ਸੈਸ਼ਨ ਵਿਚ ਲਿਆਉਣਾ ਚਾਹੁੰਦਾ ਹੈ, ਉਸ ਨੂੰ ਮੁਕੰਮਲ ਤੌਰ 'ਤੇ ਰੱਦ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵਿਰੋਧ ਦੇ ਚੱਲਦਿਆਂ ਇਸ ਬਿੱਲ ਨੂੰ ਹਾਲਾਤਾਂ ਦੇ ਮੱਦੇਨਜ਼ਰ ਮੁਅੱਤਲ ਕੀਤਾ ਗਿਆ ਹੈ।ਪ੍ਰੋ. ਬਡੂੰਗਰ ਨੇ ਕਿਹਾ ਕਿ ਚੰਡੀਗੜ੍ਹ ਨੂੰ ਖੋਹਣ ਦੀ ਸਾਜ਼ਿਸ਼ ਤਾਂ ਹੀ ਰੋਕੀ ਜਾ ਸਕਦੀ, ਜੇ ਸਿਆਸੀ ਧਿਰਾਂ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਇਸ ਗੱਲ 'ਤੇ ਜ਼ੋਰ ਦੇਣਗੇ ਕਿ ਪੰਜਾਬ ਨਾਲ ਹੁਣ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ।



## 9 ਨੂੰ ਸੈਦੋਕੇ ਪਹੁੰਚਣਗੇ ਗਵਰਨਰ

**ਬੱਧਨੀ ਕਲਾ (ਲਵਲੀ ਮਾਛੀਕੇ)** ਨਿਊਯਾਰਕ ਤੋਂ ਐਨ ਆਈ ਆਰ ਮਨਪ੍ਰੀਤ ਸਿੰਘ ਧਾਲੀਵਾਲ ਅਤੇ ਰਾਜਵੀਰ ਸਿੰਘ ਰਾਜਾ ਸੈਦੋਕੇ ਨੇ ਜੈਨ ਅਚਾਰਯਾ ਲੋਕੇਸ਼ ਮੁਨੀ ਜੀ ਸਮੇਤ ਪੰਜਾਬ ਦੇ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਰਾਜ ਭਵਨ ਚੰਡੀਗੜ੍ਹ ਵਿੱਚ ਵਿਸ਼ੇਸ਼ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਧਾਰਮਿਕ , ਸਮਾਜਿਕ ਅਤੇ ਪੰਜਾਬ ਨਾਲ ਸਬੰਧਿਤ ਮੁਦਿਆਂ ਉਪਰ ਵਿਸ਼ੇਸ਼ ਚਰਚਾ ਹੋਈ । ਇਸ ਮੌਕੇ ਧਾਲੀਵਾਲ ਪਰਿਵਾਰ ਮਨਪ੍ਰੀਤ ਸਿੰਘ ਅਤੇ ਰਾਜਵੀਰ ਸਿੰਘ ਰਾਜਾ ਵੱਲੋਂ 9 ਦਸੰਬਰ 2025 ਨੂੰ ਪਿੰਡ ਸੈਦੋਕੇ ਮੋਗਾ ਵਿੱਚ ਹੋਣ ਜਾ ਰਹੇ ਵਿਸ਼ੇਸ਼ ਸਮਾਗਮ ਵਿੱਚ ਸ਼ਾਮਲ ਹੋਣ ਲਈ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਵਿਸ਼ੇਸ਼ ਸੱਦਾ ਪੱਤਰ ਦਿੱਤਾ ਤੇ ਪਹੁੰਚਣ ਲਈ ਉਚੇਚੇ ਤੌਰ 'ਤੇ ਬੇਨਤੀ ਕੀਤੀ ।ਸੂਬਾ ਮੀਤ ਪ੍ਰਧਾਨ ਲੱਖੋਵਾਲ ਮੁਖਤਿਆਰ ਸਿੰਘ ਦੀਨਾ ਸਾਹਿਬ ਨੇ ਦੱਸਿਆ ਕਿ ਗਵਰਨਰ ਨੇ ਸੱਦੇ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਉਹ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਪੂਰਨ ਰੂਪ ਵਿੱਚ ਯਤਨਸ਼ੀਲ ਹੋਣਗੇ।



# ਧਾਰਮਿਕ ਮੁਕਾਬਲਿਆਂ 'ਚ ਜੇਤੂ ਵਿਦਿਆਰਥੀਆਂ ਦਾ ਸਨਮਾਨ

**ਬੁਢਲਾਡਾ (ਅਸ਼ੋਕ ਲਾਕੜਾ)** ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਪਾਤਸ਼ਾਹੀ ਨੌਵੀਂ ਬੁਢਲਾਡਾ ਵਿਖੇ 23 ਨਵੰਬਰ ਨੂੰ ਵਿਦਿਅਕ ਮੁਕਾਬਲੇ ਕਰਾਏ ਗਏ ਸਨ, ਜਿਨ੍ਹਾਂ ਦਾ ਨਤੀਜਾ ਧਾਰਮਿਕ ਅਤੇ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਆਗੂ ਮਾਸਟਰ ਕੁਲਵੰਤ ਸਿੰਘ ਵੱਲੋਂ ਐਲਾਨਿਆ ਗਿਆ, ਜਿਸ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ, ਸਰਟੀਫਿਕੇਟ, ਬੈਗ, ਜਮੈਟਰੀ ਬਾਕਸ, ਬੋਤਲਾਂ ਤੇ ਨਕਦ ਇਨਾਮ ਵੰਡੇ ਗਏ। ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਨੇ ਦੱਸਿਆ ਕਿ ਇਸ ਵਿੱਦਿਅਕ ਪ੍ਰੀਖਿਆ ਵਿੱਚ ਲਗਭਗ 550 ਬੱਚਿਆਂ ਨੇ ਭਾਗ ਲਿਆ ਸੀ।ਪ੍ਰੀਖਿਆ ਤਿੰਨ ਗਰੁੱਪਾਂ 13 ਸਾਲ ਤੋਂ ਘੱਟ, 13 ਤੋਂ 18 ਸਾਲ ਤੇ 18 ਤੋਂ 25 ਸਾਲ ਦੇ ਵਰਗ ਦੇ ਬੱਚਿਆਂ ਵਿੱਚ ਕਰਾਈ ਗਈ ਸੀ। ਉਨ੍ਹਾਂ ਕਿਹਾ ਕਿ ਮੀਰੀ-ਪੀਰੀ ਵਾਲੇ ਮਾਲਕ ਸਤਿਗੁਰੂ ਪਾਤਸ਼ਾਹ ਬੱਚਿਆਂ ਨੂੰ ਗੁਰੂ ਤੇਗ ਬਹਾਦਰ ਸਾਹਿਬ ਦੇ ਇਤਿਹਾਸ ਵੱਲ ਜੋੜਨ ਦਾ ਇੱਕ ਸ਼ਾਨਦਾਰ ਉਪਰਾਲਾ ਸੀ ਤੇ ਕਾਫ਼ੀ ਸਕੂਲਾਂ ਦੇ ਵਿਦਿਆਰਥੀਆਂ ਅਤੇ ਪਿੰਡਾਂ ਸ਼ਹਿਰਾਂ ਤੋਂ ਬੱਚਿਆਂ ਨੇ ਵਧ-ਚੜ੍ਹ ਕੇ ਇਸ ਮੁਕਾਬਲੇ ਵਿੱਚ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਲਗਭਗ 40000 ਰੁਪਏ ਦੇ ਇਨਾਮ ਵੰਡੇ ਗਏ।ਇਸ ਮੌਕੇ ਉਨ੍ਹਾਂ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਦਾ ਸੰਸਥਾ ਨੂੰ ਇਸ ਉਪਰਾਲੇ ਵਿਚ ਸਹਿਯੋਗ ਦੇਣ ਲਈ ਤਹਿ ਦਿਲੋਂ ਧੰਨਵਾਦ ਕੀਤਾ।



# ਰਾਜਿੰਦਰਾ ਜਿਮਖਾਨਾ ਕਲੱਬ ਪਟਿਆਲਾ ਦੀ ਜਨਰਲ ਬਾਡੀ ਮੀਟਿੰਗ 'ਚ ਰਿਕਾਰਡ ਹਾਜ਼ਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਲੰਘੇ ਦਿਨ ਰਾਜਿੰਦਰਾ ਜਿਮਖਾਨਾ ਕਲੱਬ ਪਟਿਆਲਾ ਦੀ ਮੈਨੇਜਮੈਂਟ ਨੂੰ ਲੈ ਕੇ ਹੋਈ ਹੰਗਾਮਾ-ਖੇਜ਼ ਜਨਰਲ ਬਾਡੀ ਮੀਟਿੰਗ ਦੌਰਾਨ ਰਿਕਾਰਡ ਹਾਜ਼ਰੀ ਦਰਜ ਕੀਤੀ ਗਈ। 555 ਮੈਂਬਰਾਂ ਦੀ ਮੌਜੂਦਗੀ ਵਾਲੀ ਇਸ ਮੀਟਿੰਗ ਵਿਚ ਸਾਬਕਾ ਐੱਸ.ਐੱਸ.ਪੀ ਭੁਪਿੰਦਰ ਸਿੰਘ ਖੱਟੜਾ ਅਤੇ ਸੇਵਾਮੁਕਤ ਡੀ.ਐੱਸ.ਪੀ.ਵਿਲੀਅਮ ਜੇਜੀ ਦੀ ਅਗਵਾਈ ਵਿਚ ਕਲੱਬ ਵਿਚ ਨਵੇਂ ਬਣੇ ਗਰੁੱਪ ਡੈਮੋਕ੍ਰੇਟਿਕ ਗਰੁੱਪ ਦੇ 250 ਦੇ ਕਰੀਬ ਮੈਂਬਰਾਂ ਦੀ ਹਾਜ਼ਰੀ ਕਾਰਨ ਕਲੱਬ 'ਤੇ ਕਾਬਜ਼ ਧੜੇ ਨੂੰ ਕਾਫ਼ੀ ਮਾਮਲਿਆਂ ਵਿਚ ਆਪਣੀਆਂ ਮਨਮਰਜ਼ੀਆਂ ਕਰਨ ਤੋਂ ਪਿੱਛੇ ਹਟਣ ਲਈ ਮਜਬੂਰ ਹੋਣਾ ਪਿਆ।ਜਨਰਲ ਬਾਡੀ ਮੀਟਿੰਗ ਦੇ ਸ਼ੁਰੂ ਵਿਚ ਹੀ ਕਾਬਜ਼ ਧੜੇ ਨੇ ਮੰਚ ਚਲਾਉਣ ਲਈ ਸਕੱਤਰ ਡਾ. ਸੁਖਦੀਪ ਸਿੰਘ ਬੋਪਾਰਾਏ ਨੂੰ ਨਜ਼ਰਅੰਦਾਜ਼ ਕਰਦਿਆਂ ਮਾਈਕ ਹੀ ਬੰਦ ਕਰ ਦਿੱਤਾ ਪਰ ਡੈਮੋਕ੍ਰੇਟਿਕ ਗਰੁੱਪ ਅਤੇ ਹੋਰ ਮੈਂਬਰਾਂ ਦੇ ਜ਼ਬਰਦਸਤ ਵਿਰੋਧ ਦੇ ਚਲਦਿਆਂ ਕਾਬਜ਼ ਧੜੇ ਨੂੰ ਮਾਈਕ ਵੀ ਚਲਾਉਣਾ ਪਿਆ ਅਤੇ ਮੰਚ ਡਾ. ਸੁਖਦੀਪ ਸਿੰਘ ਬੋਪਾਰਾਏ ਨੂੰ ਦੇਣ ਲਈ ਮਜਬੂਰ ਹੋਣਾ ਪਿਆ ਅਤੇ ਸਕੱਤਰ ਦੀਆਂ ਤਾਕਤਾਂ ਵਿਚ ਕਟੌਤੀ ਕਰਨ ਦੀ ਕੋਸ਼ਿਸ਼ਾਂ ਨਾਕਾਮ ਹੋ ਗਈਆਂ।ਮੀਟਿੰਗ ਦੌਰਾਨ ਵੱਡਾ ਵਿਵਾਦ ਗੋਲਡਨ ਹੈਂਡ ਸ਼ੇਕ ਸਕੀਮ ਦੇ ਆਲੇ-ਦੁਆਲੇ ਕੇਂਦਰਿਤ ਸੀ, ਜਿਸ ਵਿਚ ਆਪਣੀ ਮੈਂਬਰਸ਼ਿਪ ਛੱਡਣ ਲਈ ਤਿਆਰ ਮੈਂਬਰਾਂ ਨੂੰ 1.25 ਲੱਖ ਰੁਪਏ ਦੀ ਪੇਸ਼ਕਸ਼ ਕੀਤੀ ਗਈ ਸੀ। ਡੈਮੋਕ੍ਰੇਟਿਕ ਗਰੁੱਪ ਨੇ ਦਲੀਲ ਦਿੱਤੀ ਕਿ ਇਹ ਰਕਮ ਬਹੁਤ ਘੱਟ ਹੈ। ਡੈਮੋਕ੍ਰੇਟਿਕ ਗਰੁੱਪ ਨੇ ਨਵੇਂ ਮੈਂਬਰ ਲਈ ਮੈਂਬਰਸ਼ਿਪ ਫੀਸ 8 ਲੱਖ ਰੁਪਏ ਦੇ 25 ਫ਼ੀਸਦੀ ਦੇ ਬਰਾਬਰ ਯਾਨੀ 2 ਲੱਖ ਰੁਪਏ ਤੱਕ ਵਧਾਉਣ ਦਾ ਪ੍ਰਸਤਾਵ ਰੱਖਿਆ। ਮੈਨੇਜਮੈਂਟ ਨੂੰ ਵੋਟਿੰਗ ਤੋਂ ਬਾਅਦ ਇਸ ਮੰਗ ਦੇ ਆਧਾਰ 'ਤੇ 20 ਫ਼ੀਸਦੀ ਯਾਨੀ ਇੱਕ ਲੱਖ 60 ਹਜ਼ਾਰ ਪ੍ਰਵਾਨ ਕਰਨ ਲਈ ਮਜਬੂਰ ਹੋਣਾ ਪਿਆ।ਡੈਮੋਕ੍ਰੇਟਿਕ ਗਰੁੱਪ ਨੇ ਕਾਬਜ਼ ਧੜੇ ਦੇ ਗ਼ੈਰ-ਜਮਹੂਰੀ ਪ੍ਰਬੰਧਨ ਦੇ ਪ੍ਰਸਤਾਵਾਂ ਨੂੰ ਜ਼ਬਰਦਸਤ ਚੁਨੌਤੀ ਦਿੱਤੀ ਅਤੇ ਕਲੱਬ ਅਤੇ ਇਸ ਦੇ ਮੈਂਬਰਾਂ ਨੂੰ ਲਾਭ ਪਹੁੰਚਾਉਣ ਵਾਲੇ ਬਦਲਾਵਾਂ ਨੂੰ ਪ੍ਰਵਾਨ ਕਰਵਾਇਆ। ਖਾਸ ਤੌਰ 'ਤੇ, ਡੈਮੋਕ੍ਰੇਟਿਕ ਗਰੁੱਪ ਦਾ ਪ੍ਰਸਤਾਵ ਕਿ ਕਲੱਬ ਲਈ ਲੋੜੀਂਦੇ ਸਾਮਾਨ ਮਾਨਤਾ ਪ੍ਰਾਪਤ ਸਟੈਂਡਰਡ ਕੰਪਨੀਆਂ ਤੋਂ ਹੀ ਲਏ ਜਾਣ ਅਤੇ ਇਹਦੇ ਟੈਂਡਰ ਜਨਤਕ ਕੀਤੇ ਜਾਣ, ਨੂੰ ਵੀ ਪਾਸ ਕਰਵਾਇਆ ਗਿਆ। ਇਸੇ ਤਰ੍ਹਾਂ, ਟੈਰਿਸ ਦੀ ਰੈਨੋਵੇਸ਼ਨ ਲਈ ਅਧਿਕਾਰ ਨਵੀਂ ਚੁਣੀ ਗਈ ਕਮੇਟੀ ਕੋਲ਼ ਹੋਣਗੇ ਅਤੇ ਮੌਜੂਦਾ ਕਮੇਟੀ ਇਹ ਕੰਮ ਨਹੀਂ ਕਰਵਾਏਗੀ; ਇਸ ਪ੍ਰਸਤਾਵ ਨੂੰ ਵੀ ਕਾਬਜ਼ ਧੜੇ ਨੂੰ ਪ੍ਰਵਾਨ ਕਰਨ ਲਈ ਮਜਬੂਰ ਕੀਤਾ ਗਿਆ। ਡੈਮੋਕ੍ਰੇਟਿਕ ਗਰੁੱਪ ਨੇ ਇਹ ਮੰਗ ਵੀ ਜ਼ੋਰਦਾਰ ਤਰੀਕੇ ਨਾਲ਼ ਉਠਾਈ ਕਿ 20 ਹਜ਼ਾਰ ਰੁਪਏ ਨਾਲ਼ ਕੀਤੀ ਗਈ ਆਰਜ਼ੀ ਮੈਂਬਰਾਂ ਦੀ ਸੂਚੀ ਜਾਰੀ ਕੀਤੀ ਜਾਵੇ ਅਤੇ ਇਹ ਵੀ ਦੱਸਿਆ ਜਾਵੇ ਕਿ ਇਨ੍ਹਾਂ ਮੈਂਬਰਾਂ ਦੀ ਵੈਲਿਡਿਟੀ 3 ਮਹੀਨੇ ਹੈ ਜਾਂ 6 ਮਹੀਨੇ।ਡੈਮੋਕ੍ਰੇਟਿਕ ਗਰੁੱਪ ਜਿਸ ਵਿਚ ਸਾਬਕਾ ਅਤੇ ਸੇਵਾ ਕਰ ਰਹੇ ਸਿਵਲ ਸੇਵਕ, ਪੁਲਸ ਅਧਿਕਾਰੀ, ਇੰਜੀਨੀਅਰ, ਡਾਕਟਰ ਅਤੇ ਕਾਰੋਬਾਰੀ ਆਗੂ ਸ਼ਾਮਲ ਹਨ, ਕਲੱਬ ਦੇ ਅੰਦਰ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਉਤਸ਼ਾਹਿਤ ਕਰਨ ਲਈ ਬਣਾਇਆ ਗਿਆ ਹੈ।



## 29 ਨੂੰ ਭਾਰਤੀ ਕਮਿਊਨਿਸਟ ਪਾਰਟੀ ਬਲਾਕ ਮੋਗਾ-2 ਦੀ ਹੋਵੇਗੀ ਕਾਨਫਰੰਸ

**ਮੋਗਾ (ਇਕਬਾਲ ਸਿੰਘ ਖਹਿਰਾ)** ਭਾਰਤੀ ਕਮਿਊਨਿਸਟ ਪਾਰਟੀ ਬਲਾਕ ਮੋਗਾ-2 ਵੱਲੋਂ 29 ਨਵੰਬਰ ਨੂੰ ਕੀਤੀ ਜਾ ਰਹੀ ਬਲਾਕ ਕਾਨਫਰੰਸ ਦੀ ਤਿਆਰੀ ਵਜੋਂ ਵੱਖ-ਵੱਖ ਪਿੰਡਾਂ ਵਿੱਚ ਪਾਰਟੀ ਦੀਆਂ ਇਕਾਈਆਂ ਦੀਆਂ ਚੋਣਾਂ ਕਰਾਈਆਂ ਜਾ ਰਹੀਆਂ ਹਨ।ਦੌਲਤਪੁਰਾ ਉੱਚਾ, ਮਹੇਸ਼ਰੀ, ਦੌਲਤਪੁਰਾ ਨੀਵਾਂ, ਖੋਸਾ ਪਾਂਡੋ ਅਤੇ ਸੱਦਾ ਸਿੰਘ ਵਾਲਾ ਆਦਿ ਪਿੰਡਾਂ ਦੀਆਂ ਇਕਾਈਆਂ ਦੀਆਂ ਚੋਣਾਂ ਕਰਾਉਣ ਮੌਕੇ ਪਾਰਟੀ ਦੇ ਬਲਾਕ ਸਕੱਤਰ ਸ਼ੇਰ ਸਿੰਘ ਦੌਲਤਪੁਰਾ, ਨੌਜਵਾਨ ਆਗੂ ਕਰਮਵੀਰ ਕੌਰ ਬੱਧਨੀ ਤੇ ਟਰੇਡ ਯੂਨੀਅਨ ਆਗੂ ਜਗਸੀਰ ਖੋਸਾ ਨੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਜਿਹੜੀਆਂ ਕਿ ਕਿਰਤੀਆਂ ਦਾ ਹਰ ਪੱਖ ਤੋਂ ਕਚੂੰਮਰ ਕੱਢ ਉਨ੍ਹਾਂ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਬਦਲ ਸਿਰਫ ਤੇ ਸਿਰਫ਼ ਕਮਿਊਨਿਸਟ ਪਾਰਟੀ ਦੇ ਮਾਰਕਸਵਾਦੀ ਫ਼ਲਸਫ਼ੇ ਤੇ ਪਹਿਰਾ ਦੇ ਕੇ ਹੀ ਦਿੱਤਾ ਜਾ ਸਕਦਾ ਹੈ।ਲੋਕਾਂ ਤੋਂ ਵੱਖ-ਵੱਖ ਤਰੀਕਿਆਂ ਨਾਲ ਰੁਜ਼ਗਾਰ ਖੋਹ ਕੇ ਉਨ੍ਹਾਂ ਨੂੰ ਬੇਰੁਜ਼ਗਾਰੀ ਦੀ ਡੂੰਘੀ ਖਾਈ ਵਿੱਚ ਸੁੱਟ ਰਹੀਆਂ ਸਰਮਾਏਦਾਰੀ ਪਾਰਟੀਆਂ ਨੂੰ ਸੱਤਾ ਤੋਂ ਲਾਂਭੇ ਕੀਤਾ ਜਾਣਾ ਓਨਾ ਹੀ ਜ਼ਰੂਰੀ ਹੈ, ਜਿੰਨਾ ਕਿ ਹਰ ਇੱਕ ਨੂੰ ਉਸਦੀ ਯੋਗਤਾ ਮੁਤਾਬਿਕ ਕੰਮ ਤੇ ਕੰਮ ਮੁਤਾਬਕ ਉਜ਼ਰਤ ਦੀ ਗਾਰੰਟੀ ਵਾਲਾ ਸਮਾਜਵਾਦੀ ਪ੍ਰਬੰਧ ਸਿਰਜਣਾ। ਉਨ੍ਹਾਂ ਆਪਣੇ ਬ੍ਰਾਂਚ ਆਗੂਆਂ ਨੂੰ ਇਸ ਦੀ ਪ੍ਰਾਪਤੀ ਲਈ ਲਾਮਬੰਦੀ ਤੇਜ਼ ਕਰਨ ਦਾ ਸੱਦਾ ਦਿੱਤਾ।ਆਗੂਆਂ ਨੇ ਦੱਸਿਆ ਕਿ ਮੋਗਾ ਜ਼ਿਲ੍ਹੇ ਦੀ ਚੋਣ ਕਾਨਫਰੰਸ 6 ਦਸੰਬਰ ਨੂੰ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਕੀਤੀ ਜਾ ਰਹੀ ਹੈ।



ਵੀਰਵਾਰ, 27 ਨਵੰਬਰ, 2025
12 ਮੱਘਰ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 177

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 27 NOVEMBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪ੍ਰੂਫ਼-ਰੀਡਿੰਗ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


350ਵਾਂ ਸ਼ਹੀਦੀ ਦਿਹਾੜਾ
ਸ੍ਰੀ ਗੁਰੂ ਤੇਗ਼ ਬਹਾਦਰ ਜੀ
ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ
ਆਓ, ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋਈਏ | 23 ਤੋਂ 29 ਨਵੰਬਰ, 2025

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਲੇਬਰ ਕੋਡਾਂ ਖ਼ਿਲਾਫ਼ ਰੋਹ ਪ੍ਰਚੰਡ

## ਮਜ਼ਦੂਰਾਂ ਤੇ ਕਿਸਾਨਾਂ ਨੇ ਦੇਸ਼ ਭਰ 'ਚ ਮੋਦੀ ਸਰਕਾਰ ਦੇ ਪੁਤਲੇ ਫੂਕੇ

**ਨਵੀਂ ਦਿੱਲੀ (ਐੱਮ ਐੱਸ ਭਾਟੀਆ)** ਦਸ ਕੇਂਦਰੀ ਟ੍ਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਬੁੱਧਵਾਰ ਦੇਸ਼ ਭਰ ਵਿੱਚ ਕੇਂਦਰੀ ਸਰਕਾਰ ਦੀਆਂ 4 ਲੇਬਰ ਕੋਡ ਜਾਰੀ ਕਰਨ ਅਤੇ ਕਿਸਾਨ-ਵਿਰੋਧੀ ਨੀਤੀਆਂ ਵਿਰੁੱਧ ਸਰਕਾਰੀ ਅਤੇ ਗੈਰ-ਸਰਕਾਰੀ ਖੇਤਰਾਂ, ਸਰਕਾਰੀ ਵਿਭਾਗਾਂ, ਸਰਕਾਰੀ ਉਦਯੋਗਾਂ, ਉਦਯੋਗਿਕ ਇਲਾਕਿਆਂ, ਪਿੰਡਾਂ ਅਤੇ ਬਲਾਕ-ਉਪਮੰਡਲ ਪੱਧਰਾਂ 'ਤੇ ਗੈਰ-ਸੰਗਠਿਤ ਖੇਤਰ ਦੇ ਮਜ਼ਦੂਰਾਂ, ਖੇਤੀ ਮਜ਼ਦੂਰਾਂ, ਕਿਸਾਨਾਂ ਅਤੇ ਆਮ ਲੋਕਾਂ ਦੇ ਹੋਰ ਵਰਗਾਂ ਵੱਲੋਂ ਵਿਸ਼ਾਲ ਰੋਸ ਪ੍ਰਦਰਸ਼ਨ ਕੀਤੇ ਗਏ। ਕਈ ਰਾਜਾਂ ਵਿੱਚ ਵਿਦਿਆਰਥੀਆਂ ਅਤੇ ਨੌਜਵਾਨਾਂ ਦੀ ਵੀ ਖਾਸ ਭਾਗੀਦਾਰੀ ਰਹੀ।ਪ੍ਰਦਰਸ਼ਨਕਾਰੀਆਂ ਨੇ ਲਾਜ਼ਮੀ ਵਸਤੂਆਂ ਦੇ ਬੇਮਿਸਾਲ ਕੀਮਤ-ਵਾਧੇ, ਵਧਦੀ ਬੇਰੋਜ਼ਗਾਰੀ ਅਤੇ ਅੱਧ-ਰੋਜ਼ਗਾਰੀ ਨਾਲ ਪੈਦਾ ਹੋ ਰਹੀ ਹਤਾਸ਼ਾ, ਦਿਹਾੜੀਦਾਰ ਮਜ਼ਦੂਰਾਂ ਅਤੇ ਬੇਰੋਜ਼ਗਾਰ ਨੌਜਵਾਨਾਂ ਦੀਆਂ ਵਧਦੀਆਂ ਆਤਮਹੱਤਿਆਵਾਂ ਅਤੇ ਵਧਦੀਆਂ ਅਸਮਾਨਤਾਵਾਂ ਦੇ ਵਿਰੋਧ ਵਿੱਚ ਆਪਣੀ ਆਵਾਜ਼ ਉਠਾਈ।ਸਰਕਾਰ ਪਿਛਲੇ 10 ਸਾਲਾਂ ਤੋਂ ਇੰਡੀਅਨ ਲੇਬਰ ਕਾਨਫਰੰਸ ਨਹੀਂ ਬੁਲਾ ਰਹੀ, ਅੰਤਰਰਾਸ਼ਟਰੀ ਮਜ਼ਦੂਰੀ ਮਿਆਰਾਂ ਦੀ ਉਲੰਘਣਾ ਕਰ ਰਹੀ ਹੈ ਅਤੇ ਮਜ਼ਦੂਰਾਂ ਦੇ ਹਿੱਤਾਂ ਦੇ ਖਿਲਾਫ ਫ਼ੈਸਲੇ ਕਰ ਰਹੀ ਹੈ। 21 ਨਵੰਬਰ ਨੂੰ ਬਿਨਾਂ ਕਿਸੇ ਸਲਾਹ-ਮਸ਼ਵਰੇ ਦੇ ਚਾਰਾਂ ਮਜ਼ਦੂਰੀ ਸੰਹਿਤਾਵਾਂ ਨੂੰ 'ਈਜ਼ ਆਫ਼ ਡੂਇੰਗ ਬਿਜ਼ਨਸ' ਦੇ ਨਾਂਅ 'ਤੇ ਮਾਲਕ-ਪੱਖੀ ਢੰਗ ਨਾਲ ਅਚਾਨਕ ਨੋਟੀਫਾਈ ਕਰ ਦਿੱਤਾ ਗਿਆ।ਟ੍ਰੇਡ ਯੂਨੀਅਨਾਂ ਦਾ ਮੰਨਣਾ ਹੈ ਕਿ ਇਹ ਕੋਡ ਬ੍ਰਿਟਿਸ਼ ਰਾਜ ਤੋਂ ਲੈ ਕੇ ਪਿਛਲੇ 150 ਸਾਲਾਂ ਦੇ ਮਜ਼ਦੂਰ ਸੰਘਰਸ਼ਾਂ ਨਾਲ ਹਾਸਲ ਕੀਤੇ ਅਧਿਕਾਰਾਂ ਦਾ ਪੂਰਾ ਨਾਸ ਹਨ। ਇਹ ਕੋਡ ਹੜਤਾਲ ਦੇ ਅਧਿਕਾਰ ਨੂੰ ਰੱਦ ਕਰਦੇ ਹਨ, ਯੂਨੀਅਨ ਰਜਿਸਟ੍ਰੇਸ਼ਨ ਨੂੰ ਜਟਿਲ ਬਣਾਉਂਦੇ ਹਨ, ਯੂਨੀਅਨਾਂ ਨੂੰ ਡੀ-ਰਜਿਸਟਰ ਕਰਨਾ ਆਸਾਨ ਬਣਾਉਂਦੇ ਹਨ, ਸਲਾਹ-ਮਸ਼ਵਰਾ ਅਤੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਮੁਸ਼ਕਲ ਕਰਦੇ ਹਨ, ਮਜ਼ਦੂਰੀ ਅਦਾਲਤਾਂ ਨੂੰ ਖਤਮ ਕਰਕੇ ਮਜ਼ਦੂਰਾਂ 'ਤੇ ਟ੍ਰਿਬਿਊਨਲ ਲਾਗੂ ਕਰਦੇ ਹਨ, ਵੇਤਨ ਦੀ ਪਰਿਭਾਸ਼ਾ ਬਦਲਦੇ ਹਨ, ਘੱਟੋ-ਘੱਟ ਤਨਖ਼ਾਹ ਲਈ ਨਿਰਧਾਰਤ ਸ਼ਡਿਊਲ ਖਤਮ ਕਰਦੇ ਹਨ ਅਤੇ ਸੁਰੱਖਿਆ-ਸਿਹਤ-ਕਾਮਕਾਜੀ ਹੱਕਾਂ ਨੂੰ ਖਤਰੇ ਵਿੱਚ ਪਾ ਦਿੰਦੇ ਹਨ।



ਪਟਿਆਲਾ

• ਬਾਕੀ ਸਫਾ 10 'ਤੇ

# ਮਾਨ ਨੇ ਗੰਨੇ ਦਾ ਭਾਅ 416 ਰੁਪਏ ਐਲਾਨਿਆ

**ਦੀਨਾਨਗਰ/ਗੁਰਦਾਸਪੁਰ (ਦਿਨੇਸ਼ ਕੁਮਾਰ, ਬਲਵਿੰਦਰ ਸਿੰਘ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦੀਨਾਨਗਰ 'ਚ ਨਵੇਂ ਖੰਡ ਮਿੱਲ ਪ੍ਰਾਜੈਕਟ ਅਤੇ ਕੋ-ਜਨਰੇਸ਼ਨ ਪਲਾਂਟ ਦਾ ਉਦਘਾਟਨ ਕੀਤਾ ਗਿਆ। ਗੁਰਦਾਸਪੁਰ ਸਹਿਕਾਰੀ ਖੰਡ ਮਿੱਲ ਦੀ ਸਮਰੱਥਾ 2 ਹਜ਼ਾਰ ਟਨ ਤੋਂ ਵਧਾ ਕੇ 5 ਹਜ਼ਾਰ ਟਨ ਕੀਤੀ ਗਈ ਹੈ। ਮੁੱਖ ਮੰਤਰੀ ਨੇ ਦੱਸਿਆ ਕਿ 2850 ਗੰਨਾ ਕਿਸਾਨ ਇਸ ਮਿੱਲ ਨੂੰ ਗੰਨਾ ਸਪਲਾਈ ਕਰ ਰਹੇ ਹਨ, ਪਰ ਇਸ ਪ੍ਰਾਜੈਕਟ ਦੇ ਸ਼ੁਰੂ ਹੋਣ ਨਾਲ ਗੰਨਾ ਸਪਲਾਈ ਕਰਨ ਵਾਲੇ ਕਿਸਾਨਾਂ ਦੀ ਗਿਣਤੀ ਵਧ ਕੇ 7025 ਹੋ ਜਾਵੇਗੀ। ਇਸ ਨਾਲ ਕਿਸਾਨਾਂ ਨੂੰ ਦੂਰ-ਦੁਰਾਡੇ ਦੀਆਂ ਮਿੱਲਾਂ 'ਚ ਜਾਣ ਦੀ ਲੋੜ ਨਹੀਂ ਪਵੇਗੀ, ਜਿਸ ਨਾਲ ਉਨ੍ਹਾਂ ਦੀ ਟਰਾਂਸਪੋਰਟੇਸ਼ਨ ਅਤੇ ਸਮੇਂ ਦੀ ਬੱਚਤ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਗੰਨੇ ਦਾ 416 ਰੁਪਏ ਪ੍ਰਤੀ ਕੁਇੰਟਲ ਭਾਅ ਫਿਕਸ ਕੀਤਾ ਗਿਆ ਹੈ, ਜੋ ਕਿ ਸਾਰੇ ਦੇਸ਼ ਤੋਂ ਵੱਧ ਹੈ।(ਪਹਿਲਾਂ ਭਾਅ 401 ਰੁਪਏ ਸੀ) ਮੁੱਖ ਮੰਤਰੀ ਨੇ ਕਿਹਾ ਕਿ ਕੋਈ ਵੀ ਫੈਕਟਰੀ ਤਿੰਨ ਗੁਣਾ ਵੱਧ ਵਧਾ ਦੇਈਏ ਤਾਂ ਫਿਰ ਲੇਬਰ ਵੀ ਤਿੰਨ ਗੁਣਾ ਵੱਧ ਹੋਵੇਗੀ ਅਤੇ ਪ੍ਰੋਡਕਸ਼ਨ ਵੀ ਤਿੰਨ ਗੁਣਾ ਵੱਧ ਹੋਵੇਗੀ।ਚੰਡੀਗੜ੍ਹ 'ਚ ਕਿਸਾਨਾਂ ਦੇ ਇਕੱਠ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਨਾਲ ਉਨ੍ਹਾਂ ਦੀਆਂ ਮੰਗਾਂ ਹਨ, ਜਿਸ ਨੂੰ ਕੇਂਦਰ ਸਰਕਾਰ ਵੱਲੋਂ ਪੂਰਾ ਕੀਤਾ ਜਾਣਾ ਚਾਹੀਦਾ ਹੈ ਕਿਉਂਕਿ ਪੰਜਾਬ ਸਰਕਾਰ ਸਮੇਂ-ਸਮੇਂ ਸਿਰ ਕਿਸਾਨਾਂ ਨਾਲ ਮਿਲਣੀ ਕਰਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਵੀ ਕਿਸਾਨਾਂ ਦੀਆਂ ਮੰਗਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾ ਵੱਡਾ ਐਲਾਨ ਕਰਦਿਆਂ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਹਰ ਪਰਵਾਰ ਲਈ 10 ਲੱਖ ਦਾ ਬੀਮਾ ਅਸੀਂ ਸ਼ੁਰੂ ਕਰਨ ਜਾ ਰਹੇ ਹਾਂ ਅਤੇ ਹੋਰ ਵੀ ਵੱਡੇ-ਵੱਡੇ ਪ੍ਰਾਜੈਕਟ ਸੂਬਾ ਵਾਸੀਆਂ ਲਈ ਆ ਰਹੇ ਹਨ ਅਤੇ ਡਾਕਟਰਾਂ ਦੀ ਨਵੀਂ ਭਰਤੀ ਵੀ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ ਵੀ ਪੰਜਾਬ ਦੇ ਹੱਕਾਂ ਦੀ ਗੱਲ ਹੁੰਦੀ ਹੈ, ਉੱਥੇ ਪੰਜਾਬ ਸਰਕਾਰ ਨਾਲ ਖੜ੍ਹਦੀ ਹੈ।



## ਭਾਰਤ ਦੀ ਨਮੋਸ਼ੀਜਨਕ ਹਾਰ

**ਗੁਹਾਟੀ :** ਦੱਖਣੀ ਅਫਰੀਕਾ ਨੇ ਦੂਜੇ ਤੇ ਆਖਰੀ ਟੈਸਟ ਮੈਚ ਦੇ ਪੰਜਵੇਂ ਦਿਨ ਬੁੱਧਵਾਰ ਭਾਰਤ ਨੂੰ 408 ਦੌੜਾਂ ਦੀ ਕਰਾਰੀ ਹਾਰ ਦਿੰਦਿਆਂ ਦੋ ਟੈਸਟ ਮੈਚਾਂ ਦੀ ਲੜੀ ਹੂੰਝ ਲਈ। ਭਾਰਤੀ ਟੀਮ ਦੂਜੀ ਪਾਰੀ ਵਿੱਚ 549 ਦੌੜਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ 140 ਦੌੜਾਂ 'ਤੇ ਆਲ ਆਊਟ ਹੋ ਗਈ। ਰਵਿੰਦਰ ਜਡੇਜਾ 54 ਦੌੜਾਂ ਨਾਲ ਟੌਪ ਸਕੋਰਰ ਰਿਹਾ। ਦੱਖਣੀ ਅਫਰੀਕਾ ਲਈ ਸਿਮੋਰਨ ਹਾਰਮਰ ਨੇ 37 ਦੌੜਾਂ ਬਦਲੇ 6 ਵਿਕਟ ਲਏ। ਦੱਖਣੀ ਅਫਰੀਕਾ ਨੇ ਪਹਿਲੀ ਪਾਰੀ ਵਿੱਚ 489 ਦੌੜਾਂ ਬਣਾਈਆਂ ਸਨ, ਜਿਸ ਦੇ ਜਵਾਬ ਵਿੱਚ ਭਾਰਤੀ ਟੀਮ 201 ਦੌੜਾਂ 'ਤੇ ਆਲ ਆਊਟ ਹੋ ਗਈ।

## ਵਿਦਿਆਰਥੀ ਭਾਜਪਾ ਦੇ ਦਫਤਰ ਘੇਰਨਗੇ

**ਚੰਡੀਗੜ੍ਹ :** ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਸੈਨੇਟ ਚੋਣਾਂ ਦਾ ਐਲਾਨ ਨਾ ਕਰਨ 'ਤੇ ਬੁੱਧਵਾਰ ਪੰਜਾਬ-ਚੰਡੀਗੜ੍ਹ ਬਚਾਓ ਮੋਰਚਾ ਦੇ ਮੈਂਬਰ ਮਨਕੀਰਤ ਸਿੰਘ ਮਾਨ ਅਤੇ ਰਣਬੀਰ ਸਿੰਘ ਢਿੱਲੋਂ ਨੇ ਕਿਹਾ ਕਿ 3 ਦਸੰਬਰ ਨੂੰ ਪੰਜਾਬ ਤੇ ਚੰਡੀਗੜ੍ਹ ਦੇ ਸਾਰੇ ਭਾਜਪਾ ਦਫਤਰਾਂ ਦਾ ਘਿਰਾਓ ਕੀਤਾ ਜਾਵੇਗਾ। ਮੋਰਚੇ ਨੇ ਪਹਿਲਾਂ ਯੂਨੀਵਰਸਿਟੀ ਬੰਦ ਦਾ ਐਲਾਨ ਕੀਤਾ ਸੀ, ਪਰ ਯੂਨੀਵਰਸਿਟੀ ਪ੍ਰਸ਼ਾਸਨ ਨੇ ਪਹਿਲਾਂ ਹੀ ਛੁੱਟੀ ਦਾ ਐਲਾਨ ਕਰ ਦਿੱਤਾ ਅਤੇ ਪ੍ਰੀਖਿਆਵਾਂ ਵੀ ਮੁਲਤਵੀ ਕਰ ਦਿੱਤੀਆਂ ਸਨ।

## ਬਰੈਂਪਟਨ 'ਚ ਸੜ ਕੇ ਮਰਨ ਵਾਲੇ ਪੰਜ ਜੀਅ ਪਿੰਡ ਗੁਰਮ ਦੇ ਸਨ

**ਮੰਡੀ ਅਹਿਮਦਗੜ੍ਹ :** ਕੈਨੇਡਾ ਦੇ ਬਰੈਂਪਟਨ ਸਥਿਤ ਘਰ ਨੂੰ ਅੱਗ ਲੱਗਣ ਨਾਲ ਮਰਨ ਵਾਲੇ ਪੰਜ ਜੀਅ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਗੁਰਮ ਦੇ ਕਿਸਾਨ ਪਰਵਾਰ ਦੇ ਸਨ। ਮ੍ਰਿਤਕਾਂ ਵਿੱਚ ਇੱਕ ਅਣਜੰਮਿਆ ਬੱਚਾ ਵੀ ਸੀ, ਜਿਸ ਦੀ ਮਾਂ ਨੇ ਹੋਰਨਾਂ ਮੈਂਬਰਾਂ ਸਮੇਤ ਤੀਸਰੀ ਮੰਜ਼ਲ ਤੋਂ ਛਾਲ ਮਾਰ ਦਿੱਤੀ ਸੀ। ਭਾਵੇਂ ਘਟਨਾ ਬੀਤੇ ਵੀਰਵਾਰ ਦੀ ਰਾਤ ਦੀ ਹੈ, ਪਰ ਕੈਨੇਡਾ ਪੁਲਸ ਵੱਲੋਂ ਐਤਵਾਰ ਤੱਕ ਪਰਵਾਰ ਦੀ ਸ਼ਨਾਖਤ ਨਹੀਂ ਹੋਈ ਸੀ। ਪਰਵਾਰ ਦੇ ਨਜ਼ਦੀਕੀ ਰਿਸ਼ਤੇਦਾਰ ਹੈਪੀ ਸ਼ੰਕਰ ਨੇ ਬਰੈਂਪਟਨ ਰਹਿੰਦੇ ਪੀੜਤ ਪਰਵਾਰ ਦੇ ਮੁਖੀ ਜੁਗਰਾਜ ਸਿੰਘ ਵੱਲੋਂ ਦਿੱਤੀ ਜਾਣਕਾਰੀ ਦੇ ਵੇਰਵੇ ਨਾਲ ਦੱਸਿਆ ਕਿ ਘਟਨਾ ਮੌਕੇ ਸਿਰਫ ਉਹ (ਜੁਗਰਾਜ ) ਬਾਹਰ ਸੀ ਅਤੇ ਇਸ ਦੁਖਾਂਤ ਵਿੱਚ ਉਸ ਦੀ ਸੱਸ ਸਮੇਤ ਤਿੰਨ ਲੜਕੀਆਂ, ਉਸ ਦੀ ਪਤਨੀ ਦੇ ਚਚੇਰੇ ਭਰਾ ਅਤੇ ਉਸ ਦੇ ਅਣਜੰਮੇ ਬੱਚੇ ਦੀ ਮੌਤ ਹੋ ਗਈ ਸੀ। ਸਾਂਝੇ ਪਰਵਾਰ ਦੇ ਚਾਰ ਮੈਂਬਰ ਗੰਭੀਰ ਜ਼ਖਮੀ ਦੱਸੇ ਗਏ ਹਨ। ਇਹ ਪਰਵਾਰ ਕਈ ਸਾਲ ਪਹਿਲਾਂ ਕੈਨੇਡਾ ਜਾ ਵੱਸਿਆ ਸੀ ਅਤੇ ਕਿਸੇ ਪੰਜਾਬੀ ਵੱਲੋਂ ਖਰੀਦੇ ਮਕਾਨ ਵਿੱਚ ਕਿਰਾਏ 'ਤੇ ਰਹਿੰਦਾ ਸੀ।

# ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਪਿੱਟ-ਸਿਆਪਾ



**ਪਟਿਆਲਾ :** ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਦੇਸ਼ ਵਿੱਚ ਧੱਕੇ ਨਾਲ ਲਾਗੂ ਕਰਨ ਅਤੇ ਬਿਜਲੀ ਸੋਧ ਬਿੱਲ 2025 ਦੇ ਲੋਕ ਵਿਰੋਧੀ ਖਰੜੇ ਖਿਲਾਫ਼ ਬਿਜਲੀ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਸਾਂਝੇ ਸੰਗਠਨਾਂ ਨੇ ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਦੇਸ਼-ਵਿਆਪੀ ਸੱਦੇ 'ਤੇ ਸਮੁੱਚੇ ਪੰਜਾਬ ਦੇ ਬਿਜਲੀ ਦਫਤਰਾਂ ਵਿੱਚ ਡਵੀਜ਼ਨ ਪੱਧਰ 'ਤੇ ਲੇਬਰ ਕੋਡਾਂ ਦੇ ਨੋਟੀਫਿਕੇਸ਼ਨ ਅਤੇ ਬਿਜਲੀ ਸੋਧ ਬਿੱਲ 2025 ਦੇ ਖਰੜੇ ਦੀਆਂ ਕਾਪੀਆਂ ਫੂਕ ਕੇ ਕੇਂਦਰ ਸਰਕਾਰ ਦਾ ਜ਼ੋਰਦਾਰ ਪਿੱਟ-ਸਿਆਪਾ ਕੀਤਾ। ਸੂਬਾ ਭਰ ਦੇ ਬਿਜਲੀ ਦਫਤਰਾਂ ਵਿੱਚ ਰੋਸ ਪ੍ਰਦਰਸ਼ਨਾਂ ਵਿੱਚ ਇਕੱਤਰ ਹੋਏ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸੰਬੰਧਤ ਏਟਕ), ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ (ਪਹਿਲਵਾਨ) ਨਾਲ ਸੰਬੰਧਤ ਜਥੇਬੰਦੀਆਂ ਦੇ ਆਗੂਆਂ ਰਤਨ ਸਿੰਘ ਮਜਾਰੀ, ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਸੁਖਵਿੰਦਰ ਸਿੰਘ ਚਾਹਲ, ਸਰਬਜੀਤ ਸਿੰਘ ਭਾਣਾ, ਜਰਨੈਲ ਸਿੰਘ, ਗੁਰਵਿੰਦਰ ਸਿੰਘ ਹਜ਼ਾਰਾ, ਦਵਿੰਦਰ ਸਿੰਘ ਪਿਸੌਰ, ਰਣਜੀਤ ਸਿੰਘ ਢਿੱਲੋਂ, ਕੌਰ ਸਿੰਘ ਸੋਹੀ, ਰਾਧੇਸ਼ਿਆਮ, ਮਨਜੀਤ ਸਿੰਘ ਚਾਹਲ, ਰਵੇਲ ਸਿੰਘ ਸਹਾਏਪੁਰ, ਸੁਖਵਿੰਦਰ

• ਬਾਕੀ ਸਫਾ 10 'ਤੇ

# ਕਿਸਾਨ ਅੰਦੋਲਨ ਦੀ ਪੰਜਵੀਂ ਵਰ੍ਹੇਗੰਢ 'ਤੇ ਚੰਡੀਗੜ੍ਹ 'ਚ ਵੱਡਾ ਇਕੱਠ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਸੰਯੁਕਤ ਕਿਸਾਨ ਮੋਰਚਾ ਵੱਲੋਂ ਕਿਸਾਨ ਅੰਦੋਲਨ ਦੀ ਪੰਜਵੀਂ ਵਰ੍ਹੇਗੰਢ ਮੌਕੇ ਚੰਡੀਗੜ੍ਹ ਦੇ ਸੈਕਟਰ-43 ਵਿੱਚ ਬੁੱਧਵਾਰ ਵੱਡਾ ਇਕੱਠ ਕੀਤਾ ਗਿਆ। ਇਸ ਮੌਕੇ ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਸ਼ਾਮਲ ਹੋਏ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ ਕੇਂਦਰ ਸਰਕਾਰ ਨੇ ਜੋ ਵਾਅਦੇ ਕੀਤੇ ਸਨ, ਉਹ ਚਾਰ ਸਾਲ ਬਾਅਦ ਵੀ ਪੂਰੇ ਨਹੀਂ ਹੋ ਸਕੇ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਹੜ੍ਹ ਪੀੜਤ ਕਿਸਾਨਾਂ ਨੂੰ ਅਣਗੌਲਿਆ ਜਾ ਰਿਹਾ ਹੈ, ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਆਗੂਆਂ ਨੇ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਸਮੇਤ ਕਿਸਾਨ ਅੰਦੋਲਨ ਦੀਆਂ ਬਕਾਇਆ ਮੰਗਾਂ ਅਤੇ ਹੋਰ ਕਿਸਾਨਾਂ ਦੇ ਮੁੱਦਿਆਂ ਨੂੰ ਜ਼ੋਰ-ਸ਼ੋਰ ਨਾਲ ਚੁੱਕਿਆ। ਕਿਸਾਨ ਆਗੂ ਰਮਿੰਦਰ ਸਿੰਘ ਪਟਿਆਲਾ ਨੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ ਬਿਲਕੁਲ ਅਣਗੌਲਿਆਂ ਕਰ ਦਿੱਤਾ ਗਿਆ ਹੈ। ਉਨ੍ਹਾ ਕਿਹਾ ਕਿ ਮੋਰਚੇ ਵੱਲੋਂ ਬਿਜਲੀ ਸੋਧ ਬਿੱਲ 2025, ਨਵੇਂ ਕਿਰਤ ਕਾਨੂੰਨ ਅਤੇ ਕੇਂਦਰ ਸਰਕਾਰ ਵੱਲੋਂ ਕੀਤੇ ਜਾਣ ਵਾਲੇ ਸਮਝੌਤਿਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇਗੀ।

ਇਕੱਠ ਨੇ ਮੰਗ ਕੀਤੀ ਕਿ ਵੱਖ-ਵੱਖ ਦੇਸ਼ਾਂ ਨਾਲ ਕੀਤੇ ਜਾ ਰਹੇ ਟੈਕਸ ਮੁਕਤ ਵਪਾਰ ਸਮਝੌਤਿਆਂ ਵਿੱਚੋਂ ਖੇਤੀ ਅਤੇ ਖੇਤੀ ਨਾਲ ਸੰਬੰਧਤ ਹੋਰ ਖੇਤਰਾਂ ਨੂੰ ਬਾਹਰ ਰੱਖਿਆ ਜਾਵੇ। ਬਿਜਲੀ ਸੋਧ ਬਿੱਲ 2025 ਰਾਜਾਂ ਦੇ ਅਧਿਕਾਰਾਂ ਤੇ ਡਾਕਾ ਹੈ।ਬਿਜਲੀ ਦੇ ਵੰਡ ਖੇਤਰ ਦੇ ਨਿੱਜੀਕਰਨ ਦੀ ਨੀਤੀ ਹੈ। ਇਹ ਬਿੱਲ ਰੱਦ ਕੀਤਾ ਜਾਵੇ। ਸਮਾਰਟ ਚਿੱਪ ਵਾਲੇ ਮੀਟਰ ਲਗਾਉਣੇ ਬੰਦ ਕੀਤੇ ਜਾਣ। ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕੀਤੇ ਜਾਣ। ਜਨਤਕ ਖੇਤਰ ਦਾ ਨਿੱਜੀਕਰਨ ਬੰਦ ਕੀਤਾ ਜਾਵੇ ਅਤੇ ਸਾਰੇ ਮਹਿਕਮਿਆਂ ਵਿੱਚ ਮੁਲਾਜ਼ਮਾਂ ਦੀ ਪੱਕੀ ਭਰਤੀ ਕੀਤੀ ਜਾਵੇ।ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੀ ਪ੍ਰਮੁੱਖ ਮੰਗ ਮੰਨ ਕੇ ਯੂਨੀਵਰਸਿਟੀ ਦੀਆਂ ਸੈਨੇਟ ਚੋਣਾਂ ਦਾ ਐਲਾਨ ਕੀਤਾ ਜਾਵੇ। ਕੌਮੀ ਸਿੱਖਿਆ ਨੀਤੀ ਰੱਦ ਕੀਤੀ ਜਾਵੇ। ਚੰਡੀਗੜ੍ਹ ਉਪਰ ਕੇਂਦਰ ਸਰਕਾਰ ਦਾ ਪੂਰਨ ਕੰਟਰੋਲ ਸਥਾਪਤ ਕਰਨ ਦੀ ਸੰਵਿਧਾਨਕ ਸੋਧ ਦੀ ਤਜਵੀਜ਼ ਰੱਦ ਕੀਤੀ ਜਾਵੇ। ਪੁਰਾਣੇ ਵਾਅਦੇ ਅਨੁਸਾਰ ਚੰਡੀਗੜ੍ਹ ਪੰਜਾਬ ਹਵਾਲੇ ਕੀਤਾ ਜਾਵੇ। ਪਾਣੀ ਸੰਵਿਧਾਨ ਅਨੁਸਾਰ ਸੂਬਿਆਂ ਦਾ ਵਿਸ਼ਾ ਹੈ। ਕੇਂਦਰ ਦੀ ਮੋਦੀ ਸਰਕਾਰ ਵੱਲੋਂ ਸੂਬਿਆਂ ਦੇ ਅਧਿਕਾਰਾਂ ਤੇ ਛਾਪਾ ਮਾਰਨ ਹਿੱਤ ਲਿਆਂਦੇ ਗਏ ਡੈਮ ਸੇਫਟੀ ਐਕਟ, ਜਲ ਸੋਧ ਐਕਟ ਰੱਦ ਕੀਤੇ ਜਾਣ। ਬੀ ਬੀ ਐੱਮ ਬੀ ਦੇ ਕੇਂਦਰੀਕਰਨ ਲਈ ਚੁੱਕੇ ਸਾਰੇ ਕਦਮ ਰੱਦ ਕੀਤੇ ਜਾਣ। ਗੰਨੇ ਦਾ ਰੇਟ 500 ਰੁਪਏ ਪ੍ਰਤੀ ਕੁਇੰਟਲ ਕੀਤਾ ਜਾਵੇ। ਮਿੱਲਾਂ ਚਲਾਉਣ ਸੰਬੰਧੀ ਨੋਟੀਫਿਕੇਸ਼ਨ ਜਾਰੀ ਕਰਨ ਦੇ ਨਾਲ-ਨਾਲ ਗੰਨਾ ਕਾਸ਼ਤਕਾਰਾਂ ਦੀਆਂ ਰਹਿੰਦੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ। ਹੜ੍ਹਾਂ ਨੂੰ ਰੋਕਣ ਦੇ ਪੱਕੇ ਪ੍ਰਬੰਧ ਕੀਤੇ ਜਾਣ । ਡੈਮਾਂ ਦੀ ਡੀਸਿਲਟਿੰਗ ਕਰਵਾਈ ਜਾਵੇ। ਹੜ੍ਹ ਪੀੜਤ ਕਾਸ਼ਤਕਾਰਾਂ ਨੂੰ 70 ਹਜ਼ਾਰ ਰੁਪਏ ਪ੍ਰਤੀ ਏਕੜ, ਢਹਿ ਗਏ ਘਰਾਂ ਲਈ 10 ਲੱਖ ਰੁਪਏ, ਮੌਤ ਹੋਣ ਦੀ ਸੂਰਤ ਵਿੱਚ 25 ਲੱਖ ਰੁਪਏ ਅਤੇ ਪਸ਼ੂਆਂ ਲਈ ਇੱਕ ਲੱਖ ਰੁਪਏ ਪ੍ਰਤੀ ਪਸ਼ੂ ਮੁਆਵਜ਼ਾ ਦਿੱਤਾ ਜਾਵੇ। ਕੱਚੀਆਂ ਜ਼ਮੀਨਾਂ ਦੀ ਗਿਰਦਾਵਰੀ ਬਹਾਲ ਕੀਤੀ ਜਾਵੇ ਅਤੇ ਇਹਨਾਂ ਜ਼ਮੀਨਾਂ ਦੇ ਮਾਲਕਾਂ ਨੂੰ ਵੀ ਮੁਆਵਜ਼ਾ ਦਿੱਤਾ ਜਾਵੇ। ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚੋਂ ਰੇਤਾ ਚੁੱਕਣ ਦੀ ਪੱਕੇ ਤੌਰ 'ਤੇ ਮਨਜ਼ੂਰੀ ਦਿੱਤੀ ਜਾਵੇ।ਮਜਬੂਰੀਵੱਸ ਪਰਾਲੀ ਸਾੜਨ ਵਾਲੇ ਕਿਸਾਨਾਂ ਦੇ ਖਿਲਾਫ ਦਰਜ ਕੀਤੇ ਸਾਰੇ ਕੇਸ, ਜੁਰਮਾਨੇ ਅਤੇ ਲਾਲ ਇੰਦਰਾਜ਼ ਵਗੈਰਾ ਰੱਦ ਕੀਤੇ ਜਾਣ। ਖੇਤੀ ਯੂਨੀਵਰਸਿਟੀ ਲੁਧਿਆਣਾ, ਬਿਜਲੀ ਬੋਰਡ ਸਮੇਤ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ ਵੇਚਣੀਆਂ ਬੰਦ ਕੀਤੀਆਂ ਜਾਣ। ਪੰਜਾਬ ਦੇ ਬਾਕੀ ਜ਼ਿਲ੍ਹਿਆਂ

• ਬਾਕੀ ਸਫਾ 10 'ਤੇ

# ਕਾਮਰਾ ਦੀ ਸ਼ਰਟ ਤੋਂ ਭਾਜਪਾ ਖਿਝੀ

**ਮੁੰਬਈ :** ਕਾਮੇਡੀਅਨ ਕੁਨਾਲ ਕਾਮਰਾ ਵੱਲੋਂ ਸੋਸ਼ਲ ਮੀਡੀਆ 'ਤੇ ਇੱਕ ਟੀ-ਸ਼ਰਟ ਪਹਿਨੇ ਹੋਏ ਤਸਵੀਰ ਪੋਸਟ ਕਰਨ ਤੋਂ ਬਾਅਦ ਵਿਵਾਦ ਪੈਦਾ ਹੋ ਗਿਆ ਹੈ। ਇਸ ਪੋਸਟ ਵਿੱਚ ਕਥਿਤ ਤੌਰ 'ਤੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਦਾ ਮਜ਼ਾਕ ਉਡਾਇਆ ਗਿਆ ਹੈ। ਹਾਲਾਂਕਿ ਪੂਰਾ 'ਆਰ' ਸਾਫ ਨਹੀਂ ਦਿਖ ਰਿਹਾ, ਇਸ ਕਰਕੇ ਕਈ ਲੋਕਾਂ ਨੇ ਇਸ ਨੂੰ 'ਪੀ ਐੱਸ ਐੱਸ' ਦੱਸਿਆ ਹੈ। ਕਾਮਰਾ ਨੇ ਪੋਸਟ ਵਿੱਚ ਇਹ ਵੀ ਲਿਖਿਆ ਹੈ—ਇਹ ਫੋਟੋ ਕਿਸੇ ਕਾਮੇਡੀ ਕਲੱਬ ਦੀ ਨਹੀਂ ਹੈ। ਮਹਾਰਾਸ਼ਟਰ ਦੇ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਆਗੂ ਚੰਦਰਸ਼ੇਖਰ ਬਾਵਨਕੁਲੇ ਨੇ ਕਿਹਾ, 'ਪੁਲਸ ਅਜਿਹੀਆਂ ਇਤਰਾਜ਼ਯੋਗ ਪੋਸਟਾਂ ਪਾਉਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਕਾਰਵਾਈ ਕਰੇਗੀ।' ਉਨ੍ਹਾ ਇਹ ਸ਼ਬਦ ਉਦੋਂ ਕਹੇ, ਜਦੋਂ ਉਹ ਕਾਮਰਾ ਦੀ ਨਵੀਨਤਮ ਸੋਸ਼ਲ ਮੀਡੀਆ ਪੋਸਟ ਦਾ ਹਵਾਲਾ ਦੇ ਰਹੇ ਸਨ, ਜਿਸ ਵਿੱਚ ਭਾਜਪਾ ਦੇ ਵਿਚਾਰਧਾਰਕ ਸਲਾਹਕਾਰ ਆਰ ਐੱਸ ਐੱਸ ਦੇ ਹਵਾਲੇ ਦੇ ਨਾਲ ਇੱਕ ਕੁੱਤਾ ਵੀ ਦਿਖਾਇਆ ਗਿਆ ਹੈ।

ਸ਼ਿਵ ਸੈਨਾ ਦੇ ਕੈਬਨਿਟ ਮੰਤਰੀ ਸੰਜੇ ਸ਼ਿਰਸਾਟ ਨੇ ਵੀ ਸਖਤ ਕਾਰਵਾਈ ਦੀ ਮੰਗ ਕਰਦਿਆਂ ਕਿਹਾ ਕਿ ਕਾਮਰਾ ਨੇ ਪਹਿਲਾਂ ਵੀ ਆਪਣੇ ਸ਼ੋਅਜ਼ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੂੰ ਨਿਸ਼ਾਨਾ ਬਣਾਇਆ ਸੀ। ਹੁਣ ਉਸ ਨੇ ਆਰ ਐੱਸ ਐੱਸ 'ਤੇ ਹਮਲਾ ਕਰਨ ਦੀ ਹਿੰਮਤ ਕੀਤੀ ਹੈ। ਭਾਜਪਾ ਨੂੰ ਜਵਾਬ ਦੇਣ ਦੀ ਲੋੜ ਹੈ।



## ਅੱਜ-ਨਾਮਾ

ਕਰਿਆ ਸੈਸ਼ਨ ਇੱਕ ਖਾਸ ਅਸੰਬਲੀ ਦਾ,
ਮੁੱਦਾ ਸ਼ਰਧਾ ਦਾ ਲਿਆ ਇੱਕ ਰੱਖ ਭਾਈ।
ਸ਼ਰਧਾ ਲੋਕਾਂ ਦੀ ਘਰਾਂ ਵਿੱਚ ਬੈਠਿਆਂ ਦੀ,
ਲੱਗੀ ਰਹੀ ਵੱਲ ਸਕਰੀਨ ਦੇ ਅੱਖ ਭਾਈ।
ਸ਼ਹੀਦੀ ਗੁਰੂ ਦੀ ਚੇਤੇ ਹਰ ਕੋਈ ਕਰਦਾ,
ਰਾਜਸੀ ਪਹੁੰਚ ਬੇਸ਼ੱਕ ਕੋਈ ਵੱਖ ਭਾਈ।
ਬੋਲਣ ਜਦ ਲੀਡਰ ਤੇ ਲੋਕ ਮਾਯੂਸ ਹੋਏ,
ਟਾਲਿਆ ਕਿਸੇ ਨਹੀਂ ਰਾਜਸੀ ਪੱਖ ਭਾਈ।
ਜਿਹੜੀ ਛਿੰਝ ਰਹੀ ਚੰਡੀਗੜ੍ਹ ਨਿੱਤ ਪੈਂਦੀ,
ਆਨੰਦਪੁਰ ਪੁੱਜ ਕੇ ਉਹੋ ਹੈ ਛੋਹੀ ਭਾਈ।
ਲੀਡਰ ਕਿਹੜੇ ਤੋਂ ਹੋਊ ਫਿਰ ਕੌਣ ਚੰਗਾ,
ਲਾਹੀ ਆ ਸਾਰਿਆਂ ਨੇ ਜਦੋਂ ਲੋਈ ਭਾਈ।

-ਤੀਸ ਮਾਰ ਖਾਂ

# ਲੋਕਾਂ ਲਈ ਕੀਤਾ ਕੰਮ ਹੀ ਸੱਚੇ ਕਮਿਊਨਿਸਟ ਬਣਨ ਦੇ ਰਾਹ ਤੋਰਦਾ : ਜਗਰੂਪ

**ਮੋਗਾ, (ਇਕਬਾਲ ਸਿੰਘ ਖਹਿਰਾ)**

ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਗ਼ਦਰੀ ਬਾਬਾ ਬਚਨ ਸਿੰਘ ਘੋਲੀਆ ਦੀ 42 ਵੀਂ ਬਰਸੀਂ ਉਨ੍ਹਾ ਦੇ ਪਿੰਡ ਘੋਲੀਆ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਨ ਨੂੰ ਸਮਰਪਿਤ ਇਕ ਸੈਮੀਨਾਰ ਕਰਕੇ ਮਨਾਈ ਗਈ। ਇਸ ਸੈਮੀਨਾਰ ਨੂੰ ਸੰਬੋਧਨ ਕਰਨ ਕਾਮਰੇਡ ਜਗਰੂਪ ਤੇ ਸੁਰਜੀਤ ਬਰਾੜ ਘੋਲੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਕਾਮਰੇਡ ਜਗਰੂਪ ਨੇ ਮੌਜੂਦਾ ਰਾਜਸੀ ਹਾਲਤਾਂ ਨੂੰ ਲੈ ਕੇ ਗੱਲਬਾਤ ਕੀਤੀ। ਉਨ੍ਹਾ ਕਿਹਾ ਕਿ ਕਿ ਸਾਨੂੰ ਗਦਰੀ ਬਾਬਾ ਬਚਨ ਸਿੰਘ ਘੋਲੀਆ ਦੇ ਵਿਚਾਰਾਂ ਤੋਂ ਪ੍ਰੇਰਨਾ ਲੈਂਦਿਆਂ ਉਨ੍ਹਾਂ ਦੇ ਰਾਹਾਂ 'ਤੇ ਚਲਣ ਦੀ ਜ਼ਰੂਰਤ ਹੈ। ਅੱਜ ਲੋੜ ਹੈ ਕਿ ਅਸੀਂ ਵਿਦਿਆਰਥੀਆਂ, ਨੌਜਵਾਨਾਂ, ਮਜ਼ਦੂਰਾਂ ਤੇ ਕਿਸਾਨਾਂ ਵਿੱਚ ਵੱਧ ਤੋਂ ਵੱਧ ਕੰਮ ਕਰੀਏ। ਲੋਕਾਂ ਲਈ ਕੀਤਾ ਕੰਮ ਹੀ ਸਾਨੂੰ ਸੱਚੇ ਕਮਿਊਨਿਸਟ ਬਣਨ ਦੇ ਰਾਹ ਤੋਰਦਾ ਹੈ। ਉਨ੍ਹਾ ਕਿਹਾ ਕਿ ਬਾਬਾ ਬਚਨ ਸਿੰਘ ਘੋਲੀਆ ਰੂਸ ਤੋਂ ਪੜ੍ਹ ਕੇ ਆਏ ਤੇ ਇੱਥੇ ਆ ਕੇ ਉਹਨਾ ਲੋਕਾਂ ਨੂੰ ਜਾਗਰੂਕ ਕਰ ਆਜ਼ਾਦੀ ਦੀ ਚਿਣਗ ਲਾਈ। ਬਾਬਾ ਬਚਨ ਸਿੰਘ ਘੋਲੀਆ ਨੇ ਗ਼ਦਰ ਲਹਿਰ ਦੇ ਸਿਪਾਹੀ ਬਣ ਕੇ ਅੱਧੀ ਦੁਨੀਆਂ ਉੱਤੇ ਫੈਲੀ ਬ੍ਰਿਟਿਸ਼ ਬਾਦਸ਼ਾਹਤ ਦੀ ਧਾਕੜਸ਼ਾਹੀ ਵਿਰੁੱਧ ਝੰਡਾ ਚੁੱਕਿਆ। ਉਨ੍ਹਾ ਦੇਸੀ ਹੁਕਮਰਾਨਾਂ ਵਿਰੁੱਧ ਕਿਸਾਨੀ ਨੂੰ ਲਾਮਬੰਦ ਕੀਤਾ ਅਤੇ ਆਪਣੀ ਐੱਮ ਐੱਲ ਏ ਸ਼ਿਪ ਦੀ ਪਹਿਲੀ ਤਾਕਤ ਮੁਜ਼ਾਰਿਆਂ (ਕਿਸਾਨਾਂ) ਨੂੰ ਜ਼ਮੀਨਾਂ ਦੇ ਮਾਲਕ ਬਣਾਉਣ ਦੇ ਲੇਖੇ ਲਾਈ। ਉਨ੍ਹਾ ਕਿਹਾ ਅੱਜ ਦੇਸ਼ ਦੇ ਸਰਮਾਏ ਤੇ ਮੁੱਠੀਭਰ ਲੋਕਾਂ ਦਾ ਕਬਜ਼ਾ ਹੈ। ਅੱਜ ਸਾਡੀ ਖੇਤੀ, ਵਿਦਿਆ, ਸਿਹਤ ਤੇ ਰੁਜ਼ਗਾਰ ਉੱਤੇ ਕਾਰਪੋਰੇਟ ਘਰਾਣੇ ਮੱਲ ਮਾਰੀ ਬੈਠੇ ਹਨ। ਫਾਇਨੈਂਸ ਕੈਪੀਟਲ ਦੀ ਹਕੂਮਤ ਤੋੜਨ ਲਈ ਸਰਮਾਇਆ ਸਮਾਜ ਦਾ ਕਰਨਾ ਹੋਵੇਗਾ। ਉਨ੍ਹਾ ਕਿਹਾ ਕਿ ਅੱਜ ਲੋਕਾਂ ਦੇ ਪੱਖ ਦੇ 44 ਕਾਨੂੰਨਾਂ ਨੂੰ ਤੋੜ-ਮਰੋੜ ਕੇ ਬਣਾਏ 4 ਕੋਡ ਕਿਰਤੀਆਂ ਦੇ ਖਿਲਾਫ ਹਨ। ਅੱਜ ਦੇਸ਼ ਤਬਦੀਲੀ ਦੀ ਮੰਗ ਕਰ ਰਿਹਾ ਹੈ, ਇਸ ਬਦਲਾਓ ਦਾ ਠੋਸ ਆਧਾਰ ਹੈ ਕਿ ਅੱਜ ਕਿਰਤੀਆਂ ਦੇ ਹੱਕ ਦੇ ਕਾਨੂੰਨ ਪਾਰਲੀਮੈਂਟ ਵਿੱਚ ਪਾਸ ਕੀਤੇ ਜਾਣ। ਸਭ ਨੂੰ ਰੁਜ਼ਗਾਰ ਦਾ ਹੱਕ ਦਿੰਦਾ ਬਨੇਗਾ ਕਾਨੂੰਨ ਪਾਰਲੀਮੈਂਟ ਵਿੱਚ ਪਾਸ ਕਰਕੇ ਹੀ ਅਸੀਂ ਅੱਜ ਦੇ ਹਾਲਾਤ ਬਦਲ ਸਕਦੇ ਹਾਂ।

ਡਾਕਟਰ ਸੁਰਜੀਤ ਬਰਾੜ ਘੋਲੀਆ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਤੇ ਉਨ੍ਹਾ ਦੀ ਬਾਣੀ ਬਾਰੇ ਚਰਚਾ ਕੀਤੀ। ਉਹਨਾ ਕਿਹਾ ਕਿ ਗੁਰੂ ਤੇਗ ਬਹਾਦਰ ਦੀ ਬਾਣੀ ਸਾਨੂੰ ਸਹੀ ਰਾਹ ਦਿਖਾਉਂਦੀ ਹੈ। ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਵਿੱਚ ਜ਼ਿੰਦਗੀ ਦਾ ਫਲਸਫਾ ਹੈ। ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ ਅਤੇ ਬਲਾਕ ਨਿਹਾਲ ਸਿੰਘ ਵਾਲਾ ਦੇ ਸਕੱਤਰ



• ਬਾਕੀ ਸਫਾ 10 'ਤੇ

# ਅਮਨ ਅਰੋੜਾ ਨੇ ਸ਼ਹੀਦੀ ਸਮਾਗਮਾਂ 'ਚ ਪ੍ਰਧਾਨ ਮੰਤਰੀ ਦੀ ਗੈਰ ਹਾਜ਼ਰੀ 'ਤੇ ਚੁੱਕੇ ਸਵਾਲ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਮਨਾਉਣ ਲਈ ਪੰਜਾਬ ਵਿੱਚ ਹਾਲ ਹੀ ਵਿੱਚ ਸਮਾਪਤ ਹੋਏ ਮਹੀਨਾ ਭਰ ਚੱਲੇ 'ਸ਼ਹੀਦੀ ਸਮਾਗਮ' ਵਿੱਚੋਂ ਜਾਣਬੁੱਝ ਕੇ ਅਤੇ ਸਪੱਸ਼ਟ ਤੌਰ 'ਤੇ ਗੈਰਹਾਜ਼ਰੀ ਲਈ ਆਲੋਚਨਾ ਕੀਤੀ।ਅਮਨ ਅਰੋੜਾ ਨੇ ਨਿਰਾਸ਼ਾ ਪ੍ਰਗਟ ਕਰਦਿਆਂ ਕਿਹਾ ਕਿ ਭਾਜਪਾ ਦੀ ਲੀਡਰਸ਼ਿਪ ਨੇ ਨਿੱਜੀ ਸੱਦਿਆਂ ਦੇ ਬਾਵਜੂਦ ਨੌਵੇਂ ਸਿੱਖ ਗੁਰੂ ਦੀ ਕੁਰਬਾਨੀ ਪ੍ਰਤੀ 'ਸਪੱਸ਼ਟ ਅਪਮਾਨ' ਦਿਖਾਇਆ, ਜਿਨ੍ਹਾਂ ਨੇ ਹਿੰਦੂਆਂ ਦੇ ਮੌਲਿਕ ਅਧਿਕਾਰਾਂ ਅਤੇ ਧਾਰਮਕ ਆਜ਼ਾਦੀ ਦੀ ਰੱਖਿਆ ਲਈ ਆਪਣਾ ਜੀਵਨ ਕੁਰਬਾਨ ਕਰ ਦਿੱਤਾ।ਪ੍ਰਧਾਨ ਮੰਤਰੀ ਨੂੰ ਸਵਾਲ ਕਰਦੇ ਹੋਏ ਅਮਨ ਅਰੋੜਾ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਮੋਦੀ ਕੁਰੂਕਸ਼ੇਤਰ ਵਿੱਚ ਸਨ, ਜੋ ਕਿ ਸ੍ਰੀ ਆਨੰਦਪੁਰ ਸਾਹਿਬ ਲਈ ਸਿਰਫ 12-15 ਮਿੰਟ ਦੀ ਉਡਾਣ ਹੈ। ਫਿਰ ਵੀ ਉਨ੍ਹਾ ਸ਼ਰਧਾਂਜਲੀ ਦੇਣ ਲਈ ਨਾ ਆਉਣ ਦਾ ਫੈਸਲਾ ਕੀਤਾ। ਮੇਰਾ ਮੰਨਣਾ ਹੈ ਕਿ ਉਨ੍ਹਾ ਨੂੰ ਸ਼ਰਮ ਆਉਣੀ ਚਾਹੀਦੀ ਹੈ। ਪ੍ਰਧਾਨ ਮੰਤਰੀ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਫ਼ਲਸਫ਼ੇ ਤੋਂ ਸਿੱਖਣ ਦੀ ਅਪੀਲ ਕਰਦਿਆਂ ਅਰੋੜਾ ਨੇ ਕਿਹਾ—ਜੇਕਰ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਨਾ ਹੁੰਦੀ, ਤਾਂ ਅੱਜ ਹਿੰਦੁਸਤਾਨ ਨਾ ਹੁੰਦਾ ਅਤੇ ਜੇ ਹਿੰਦੁਸਤਾਨ ਨਾ ਹੁੰਦਾ ਤਾਂ ਤੁਸੀਂ



• ਬਾਕੀ ਸਫਾ 10 'ਤੇ

ਨਵਾਂ ਜ਼ਮਾਨਾ
ਵੀਰਵਾਰ, 27 ਨਵੰਬਰ 2025

# ਸੰਵਿਧਾਨ ਨੂੰ ਵਧਦਾ ਖਤਰਾ

*ਭਾਰਤ ਦਾ ਸੰਵਿਧਾਨ 26 ਨਵੰਬਰ 1949 ਨੂੰ ਪ੍ਰਵਾਨ ਤੇ 26 ਜਨਵਰੀ 1950 ਨੂੰ ਲਾਗੂ ਕੀਤਾ ਗਿਆ। ਇਹ ਸਾਰੇ ਨਾਗਰਿਕਾਂ ਲਈ ਨਿਆਂ, ਸੁਤੰਤਰਤਾ ਤੇ ਬਰਾਬਰੀ ਨੂੰ ਸੁਰੱਖਿਅਤ ਕਰਦਾ ਹੈ ਅਤੇ ਰਾਸ਼ਟਰ ਦੀ ਏਕਤਾ ਤੇ ਅਖੰਡਤਾ ਨੂੰ ਬਣਾਈ ਰੱਖਣ ਲਈ ਭਾਈਚਾਰੇ ਨੂੰ ਬੜ੍ਹਾਵਾ ਦਿੰਦਾ ਹੈ। ਹੁਣ ਸਵਾਲ ਉੱਠਦਾ ਹੈ ਕਿ 75 ਸਾਲ ਬਾਅਦ ਕੀ ਸੰਵਿਧਾਨ ਵਿੱਚ ਮਿਲੀਆਂ ਗਰੰਟੀਆਂ ਲੋਕਾਂ ਨੂੰ ਮਿਲ ਰਹੀਆਂ ਹਨ। ਇਨ੍ਹਾਂ ਗਰੰਟੀਆਂ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਨਿਆਂ ਪਾਲਿਕਾ ਆਰਟੀਕਲ 32 ਤਹਿਤ ਨਿਭਾਉਣ ਦਾ ਜਤਨ ਕਰਦੀ ਤਾਂ ਹੈ, ਪਰ ਨਿਆਂ ਪਾਲਿਕਾ ਦੇ ਜਤਨ ਉਦੋਂ ਤੱਕ ਸਫਲ ਨਹੀਂ ਹੋ ਸਕਦੇ, ਜਦੋਂ ਤੱਕ ਉਸ ਨੂੰ ਕਾਰਜ ਪਾਲਿਕਾ ਤੇ ਵਿਧਾਨ ਪਾਲਿਕਾ ਦਾ ਪੂਰਾ ਸਹਿਯੋਗ ਨਹੀਂ ਮਿਲਦਾ। ਕਈ ਵਾਰ ਤਾਂ ਸਹਿਯੋਗ ਮਿਲਣਾ ਤਾਂ ਦੂਰ ਰਿਹਾ, ਟਕਰਾਅ ਦੀ ਸਥਿਤੀ ਪੈਦਾ ਹੋ ਜਾਂਦੀ ਹੈ।*

*ਆਮ ਆਦਮੀ ਲਈ ਨਿਆਂ ਬਹੁਤ ਮਹਿੰਗਾ ਹੋਣ ਕਾਰਨ ਉਹ ਅਕਸਰ ਨਿਆਂ ਤੋਂ ਵੰਚਿਤ ਹੋ ਜਾਂਦਾ ਹੈ, ਜਦਕਿ ਅਮੀਰ ਤੇ ਉੱਚੀ ਪਹੁੰਚ ਵਾਲੇ ਲੋਕ ਆਸਾਨੀ ਨਾਲ ਨਿਆਂ ਹਾਸਲ ਕਰ ਲੈਂਦੇ ਹਨ ਅਤੇ ਮਹਿੰਗੇ ਵਕੀਲ ਕਰ ਕੇ ਮੁਕੱਦਮਿਆਂ ਦੀ ਦਿਸ਼ਾ ਵੀ ਪਲਟ ਦਿੰਦੇ ਹਨ। ਅਮੀਰ ਨੂੰ ਚੁਟਕੀ ਵਿੱਚ ਜ਼ਮਾਨਤ ਮਿਲ ਜਾਂਦੀ ਹੈ, ਜਦਕਿ ਗਰੀਬ ਬਿਨਾਂ ਸਜ਼ਾ ਪਾਏ ਹੀ ਵਰ੍ਹਿਆਂ ਤੱਕ ਜੇਲ੍ਹਾਂ ਵਿੱਚ ਸੜਦਾ ਰਹਿੰਦਾ ਹੈ। ਕੌਮੀ ਅਪਰਾਧ ਰਿਕਾਰਡ ਬਿਊਰੋ ਦੀ 2020 ਦੀ ਰਿਪੋਰਟ ਮੁਤਾਬਕ ਦੰਗਿਆਂ ਦੇ ਮਾਮਲਿਆਂ ਵਿੱਚ ਸਿਰਫ 29 ਫੀਸਦੀ ਲੋਕਾਂ ਨੂੰ ਸਜ਼ਾ ਹੁੰਦੀ ਹੈ। ਬਲਾਤਕਾਰ ਦੇ ਮਾਮਲਿਆਂ ਵਿੱਚ 29 ਤੇ ਹੱਤਿਆ ਦੇ ਮਾਮਲਿਆਂ ਵਿੱਚ 41 ਫੀਸਦੀ ਨੂੰ ਸਜ਼ਾ ਹੁੰਦੀ ਹੈ। ਮਤਲਬ ਸਾਫ ਹੈ ਕਿ 59 ਫੀਸਦੀ ਹੱਤਿਆ ਦੇ ਮਾਮਲਿਆਂ ਤੇ 71 ਫੀਸਦੀ ਬਲਾਤਕਾਰ ਦੇ ਮਾਮਲਿਆਂ ਵਿੱਚ ਇਨਸਾਫ ਨਹੀਂ ਮਿਲਦਾ। ਸੰਵਿਧਾਨ ਦੀ ਨਜ਼ਰ ਵਿੱਚ ਸਾਰੇ ਬਰਾਬਰ ਹਨ, ਪਰ ਕੀ ਸੱਚਮੁੱਚ ਗਰੀਬ, ਪੱਛੜਿਆਂ ਤੇ ਦਲਿਤਾਂ ਨੂੰ ਹਰ ਖੇਤਰ ਵਿੱਚ ਬਰਾਬਰੀ ਹਾਸਲ ਹੈ? ਤਰੱਕੀਆਂ ਦੇ ਮੌਕਿਆਂ 'ਤੇ ਮੁੱਠੀ-ਭਰ ਲੋਕ ਕੁੰਡਲੀ ਮਾਰੀ ਬੈਠੇ ਹਨ ਅਤੇ ਸਮਾਜ ਵਿੱਚ 'ਜਿਸ ਕੀ ਲਾਠੀ ਉਸ ਕੀ ਭੈਂਸ' ਦਾ ਸਿਧਾਂਤ ਪ੍ਰਭਾਵੀ ਹੈ। ਗਰੀਬ ਦਾ ਬੇਟਾ ਕਿੰਨਾ ਵੀ ਪ੍ਰਤਿਭਾਸ਼ਾਲੀ ਕਿਉਂ ਨਾ ਹੋਵੇ, ਉਸ ਦੀ ਪ੍ਰਤਿਭਾ ਪਹੁੰਚ ਵਾਲੇ ਦੇ ਨਾਲਾਇਕ ਬੇਟੇ ਅੱਗੇ ਬੌਣੀ ਹੈ। ਸਾਡੇ ਦੇਸ਼ ਵਿੱਚ ਤਾਂ ਭਗਵਾਨ ਦੇ ਦਰਬਾਰ ਤੱਕ ਬਰਾਬਰੀ ਨਹੀਂ ਹੈ। ਗਰੀਬਾਂ ਨੂੰ ਭਗਵਾਨ ਦੇ ਦਰਬਾਰ ਵਿੱਚ ਧੱਕੇ ਖਾਣੇ ਪੈਂਦੇ ਹਨ, ਜਦਕਿ ਵੱਡੇ ਲੋਕਾਂ ਲਈ ਲਾਲ ਗਲੀਚੇ ਵਿਛਾਏ ਜਾਂਦੇ ਹਨ। ਸੰਵਿਧਾਨ ਦੀ ਪ੍ਰਸਤਾਵਨਾ ਵਿੱਚ ਭਰਾਤਰੀਭਾਵ ਦਾ ਵੀ ਜ਼ਿਕਰ ਹੈ, ਤਾਂ ਕਿ ਕੌਮੀ ਏਕਤਾ ਤੇ ਅਖੰਡਤਾ ਮਜ਼ਬੂਤ ਬਣੀ ਰਹੇ। ਸੁਪਰੀਮ ਕੋਰਟ ਕਈ ਵਾਰ ਕਹਿ ਚੁੱਕੀ ਹੈ ਕਿ ਦੇਸ਼ਧ੍ਰੋਹ ਬਾਰੇ ਤਾਜ਼ੀਰਾਤੇ ਹਿੰਦ ਦੀ ਧਾਰਾ 124-ਏ ਦੀ ਖੁੱਲ੍ਹੇਆਮ ਦੁਰਵਰਤੋਂ ਹੋ ਰਹੀ ਹੈ। ਸਰਕਾਰ ਅਸੰਤੁਸ਼ਟਾਂ ਨੂੰ ਦਬਾਉਣ ਲਈ ਇਸ ਦੀ ਵਰਤੋਂ ਕਰ ਰਹੀ ਹੈ। ਇਹ ਕਾਨੂੰਨ ਅੰਗਰੇਜ਼ਾਂ ਨੇ ਬਸਤੀਵਾਦੀ ਸ਼ਾਸਨ ਨੂੰ ਬਚਾਉਣ ਲਈ ਬਣਾਇਆ ਸੀ, ਪਰ ਇਸ ਕਾਨੂੰਨ ਨੂੰ ਖਤਮ ਕਰਨ ਲਈ ਵਿਚਾਰ ਨਹੀਂ ਹੋ ਰਿਹਾ, ਸਗੋਂ ਇਸ ਨੂੰ ਘੱਟ-ਗਿਣਤੀਆਂ ਖਿਲਾਫ ਬੇਕਿਰਕੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਸੰਵਿਧਾਨ ਵਿੱਚ ਧਰਮ-ਨਿਰਪੱਖਤਾ 'ਤੇ ਜ਼ੋਰ ਦਿੱਤਾ ਗਿਆ ਹੈ, ਪਰ ਅੱਜਕੱਲ੍ਹ ਧਰਮ ਵਿਸ਼ੇਸ਼ ਦੇ ਨਾਂਅ 'ਤੇ ਵੋਟਾਂ ਮੰਗਣ ਦਾ ਚਲਣ ਹੀ ਹੋ ਗਿਆ ਹੈ। ਧਰਮ ਦੇ ਨਾਂਅ 'ਤੇ ਵੋਟਾਂ ਮੰਗੀਆਂ ਜਾਣਗੀਆਂ ਤੇ ਸਰਕਾਰਾਂ ਬਣਾਈਆਂ ਜਾਣਗੀਆਂ ਤਾਂ ਧਰਮ-ਨਿਰਪੱਖਤਾ ਦਾ ਕੋਈ ਮਤਲਬ ਹੀ ਨਹੀਂ ਰਹਿ ਜਾਏਗਾ। ਸੰਵਿਧਾਨ ਵਿੱਚ ਦਰਜ 'ਸਮਾਜਵਾਦ' ਸ਼ਬਦ ਵੀ ਦਾਅ 'ਤੇ ਹੈ। ਸਮਾਜਵਾਦੀ ਸ਼ਬਦ ਦਾ ਮਤਲਬ ਹੈ 'ਅਜਿਹੀ ਸੰਰਚਨਾ, ਜਿਸ ਵਿੱਚ ਉਤਪਾਦਨ ਦੇ ਮੁੱਖ ਸਾਧਨਾਂ, ਪੂੰਜੀ, ਜ਼ਮੀਨ, ਸੰਪਤੀ ਆਦਿ 'ਤੇ ਸਰਵਜਨਕ ਮਾਲਕੀ ਜਾਂ ਕੰਟਰੋਲ ਹੋਵੇ ਤੇ ਇਨ੍ਹਾਂ ਦੀ ਬਰਾਬਰ ਵੰਡ ਹੋਵੇ।'*

*ਪੂੰਜੀਪਤੀਆਂ 'ਤੇ ਨਿਰੰਤਰ ਵਧਦੀ ਜਾ ਰਹੀ ਨਿਰਭਰਤਾ ਵੀ ਸੰਵਿਧਾਨ ਦੇ ਮੂਲ ਤੱਤਾਂ ਨੂੰ ਖੋਰਾ ਲਾ ਰਹੀ ਹੈ। ਉਤਪਾਦਨ ਵਿੱਚ ਜੋਖਮ, ਜ਼ਮੀਨ ਤੇ ਪੂੰਜੀ ਦੇ ਬਰਾਬਰ ਹੀ ਕਿਰਤ ਦਾ ਮਹੱਤਵ ਹੁੰਦਾ ਹੈ, ਪਰ ਕਿਰਤ ਸ਼ਕਤੀ ਨੂੰ ਸਨਮਾਨ ਦੇਣ ਦੀ ਥਾਂ ਪੂੰਜੀ ਦਾ ਗੁਲਾਮ ਬਣਾਇਆ ਜਾ ਰਿਹਾ ਹੈ। ਸੰਵਿਧਾਨ ਨਾਲ ਖਿਲਵਾੜ ਹਰ ਹਾਕਮ ਪਾਰਟੀ ਨੇ ਕੀਤਾ ਹੈ, ਪਰ ਜਿਸ ਤੇਜ਼ੀ ਨਾਲ ਖਿਲਵਾੜ ਵਰਤਮਾਨ ਹਾਕਮਾਂ ਦੇ ਦੌਰ ਵਿੱਚ ਹੋ ਰਿਹਾ ਹੈ, ਉਸ ਦੀ ਮਿਸਾਲ ਨਹੀਂ ਮਿਲਦੀ। ਲੋਕ ਸੰਵਿਧਾਨ ਨੂੰ ਬਚਾਉਣ ਲਈ ਲੜ ਰਹੇ ਹਨ, ਪਰ ਇਹ ਲੜਾਈ ਤਾਂ ਹੀ ਜਿੱਤੀ ਜਾਣੀ ਹੈ, ਜੇ ਸਾਰੇ ਸੰਵਿਧਾਨ-ਹਿਤੈਸ਼ੀ ਮੈਦਾਨ ਵਿੱਚ ਨਿੱਤਰਨਗੇ।*

# ਨਸ਼ਾ, ਨਸ ਤੇ ਜਵਾਨੀ

ਪਿੱਛੇ ਜਿਹੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਨਸ਼ਿਆਂ ਨੂੰ ਲੈ ਕੇ ਇੱਕ ਟਿੱਪਣੀ ਕੀਤੀ ਸੀ-ਕਿਹਾ ਸੀ ਕਿ ਡਰੱਗ ਤਸਕਰੀ ਕਿਸੇ ਦੀ ਹੱਤਿਆ ਕਰਨ ਨਾਲੋਂ ਵੀ ਵੱਡਾ ਅਪਰਾਧ ਹੈ। ਇਸ ਕਾਰਨ ਪੰਜਾਬ ਦੀ ਜਵਾਨੀ ਬਰਬਾਦ ਹੋ ਰਹੀ ਹੈ। ਪੰਜਾਬ ਦਾ ਕੋਈ ਅਜਿਹਾ ਜ਼ਿਲ੍ਹਾ, ਸ਼ਹਿਰ, ਕਸਬਾ, ਪਿੰਡ ਨਹੀਂ ਬਚਿਆ ਹੋਣਾ, ਜਿੱਥੇ ਨੌਜਵਾਨੀ ਨਸ਼ੇ ਦਾ ਸ਼ਿਕਾਰ ਨਾ ਹੋ ਰਹੀ ਹੋਵੇ। ਛੋਟੀ-ਛੋਟੀ ਉਮਰ ਦੇ ਨੌਜਵਾਨ ਭੈੜੀ ਲੱਤ ਦਾ ਸ਼ਿਕਾਰ ਹੋ ਗਏ ਹਨ। ਹਰ ਰੋਜ਼ ਦੋ ਜਾਂ ਤਿੰਨ ਨੌਜਵਾਨ ਚਿੱਟੇ ਦੀ ਭੇਟ ਚੜ੍ਹ ਰਹੇ ਹਨ। ਗੁਆਂਢੀ ਦੇਸ਼ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਹੈਰੋਇਨ ਭਾਰਤ ਵਿੱਚ ਭੇਜੀ ਜਾਂਦੀ ਹੈ, ਜਿਸ ਨੂੰ ਬੀ ਐੱਸ ਐੱਫ ਵੱਲੋਂ ਜ਼ਬਤ ਕੀਤਾ ਜਾਂਦਾ ਹੈ।ਅਦਾਲਤ ਵੱਲੋਂ ਚਿੰਤਾ ਜ਼ਾਹਿਰ ਕੀਤੀ ਗਈ ਕਿ ਨਸ਼ਾ ਜਵਾਨੀ ਨੂੰ ਘੁਣ ਵਾਂਗੂੰ ਖਾ ਰਿਹਾ ਹੈ। ਚਿੱਟਾ ਚਾਦਰਾ ਲਾਉਣ ਵਾਲੇ ਨੌਜਵਾਨ, ਹੱਥੀਂ ਕਿਰਤ ਕਰਨ ਵਾਲੇ ਇਸ ਭੈੜੀ ਦਲਦਲ ਵਿੱਚ ਫਸਦੇ ਜਾ ਰਹੇ ਹਨ। ਸਰਕਾਰ ਨੇ ਇੱਥੇ ਤੱਕ ਵੀ ਚਿੰਤਾ ਜ਼ਾਹਿਰ ਕੀਤੀ ਹੈ ਕਿ ਨਸ਼ਾ ਤਸਕਰਾਂ ਨੂੰ ਲਗਾਤਾਰ ਜ਼ਮਾਨਤਾਂ ਮਿਲ ਗਈਆਂ ਹਨ। ਤਕਰੀਬਨ 9 ਕੁ ਮਹੀਨੇ ਪਹਿਲਾਂ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿਮ ਛੇੜੀ ਗਈ ਹੈ।ਤਸਕਰਾਂ ਨੂੰ ਫੜਿਆ ਵੀ ਗਿਆ ਹੈ। ਕਈ ਤਾਂ ਅਜਿਹੇ ਨਸ਼ਾ ਤਸਕਰ ਫੜੇ ਹਨ, ਜਿਹੜੇ ਪਹਿਲਾਂ ਹੀ ਜ਼ਮਾਨਤ 'ਤੇ ਬਾਹਰ ਆਏ ਹੋਏ ਸਨ, ਫਿਰ ਨਸ਼ਿਆਂ ਦੀ ਸਪਲਾਈ ਸ਼ੁਰੂ ਕਰ ਦਿੱਤੀ ਹੈ। ਚੋਣਾਂ ਤੋਂ ਪਹਿਲਾਂ ਸਿਆਸਤਦਾਨ ਵੱਡੇ-ਵੱਡੇ ਦਾਅਵੇ ਕਰਦੇ ਹਨ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਾਂਗੇ। ਆਖਿਰ ਨਸ਼ਿਆਂ ਨੂੰ ਠੱਲ ਕਿਉਂ ਨਹੀਂ ਪੈ ਰਹੀ? ਨਸ਼ਿਆਂ ਨਾਲ ਘਰ ਦੇ ਘਰ ਉੱਜੜ ਗਏ ਹਨ ਤੇ ਸਰਕਾਰ ਵੀ ਦਾਅਵਾ ਕਰ ਰਹੀ ਹੈ ਕਿ ਨਸ਼ਿਆਂ ਦਾ ਖ਼ਾਤਮਾ ਕੀਤਾ ਜਾਵੇਗਾ। ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲਿਆਂ ਨੂੰ ਵੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਪਿੱਛੇ ਜਿਹੇ ਬਠਿੰਡਾ ਵਿੱਚ ਸ਼ਿਕਾਇਤਕਰਤਾ ਦੇ ਘਰ ਨੂੰ ਅੱਗ ਲਗਾ ਦਿੱਤੀ। ਮੋਗਾ ਵਿਖੇ ਇੱਕ ਨਸ਼ਾ ਤਸਕਰ ਬਾਰੇ ਜਾਣਕਾਰੀ ਦੇਣ 'ਤੇ ਉਸ ਬੰਦੇ ਦੀ ਏਨੀ ਮਾਰ-ਕੁਟਾਈ ਕੀਤੀ ਕਿ ਅਧ-ਮਰਿਆ ਕਰ ਦਿੱਤਾ। ਕਈ ਅਜਿਹੀਆਂ ਵੀਡੀਓਜ਼ ਵੀ ਵਾਇਰਲ ਹੋਈਆਂ, ਜਿਸ ਵਿੱਚ ਔਰਤਾਂ ਹੈਰੋਇਨ ਦਾ ਸ਼ਿਕਾਰ ਹਨ ਤੇ ਵੇਚ ਰਹੀਆਂ ਹਨ। ਪਿੱਛੇ ਜਿਹੇ ਇੱਕ ਪੰਜਾਬ ਪੁਲਿਸ ਦੀ ਕਾਂਸਟੇਬਲ ਨਸ਼ਿਆਂ ਦੀ ਸਪਲਾਈ ਕਰਕੇ ਗ੍ਰਿਫ਼ਤਾਰ ਹੋਈ ਸੀ। ਨਸ਼ਿਆਂ ਨੂੰ ਖ਼ਤਮ ਕਰਨ ਲਈ ਪੰਚਾਇਤਾਂ ਦੀ ਪਹਿਲ ਸਾਰਥਕ ਸਿੱਧ ਹੋ ਰਹੀ ਹੈ। ਪੰਜਾਬ ਪੁਲਸ ਨੇ ਹੁਣ ਤੱਕ ਸ਼ੱਕੀ ਥਾਵਾਂ 'ਤੇ ਛਾਪੇਮਾਰੀ ਕਰਕੇ 35000 ਤੋਂ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਪਿੰਡ ਦੀਆਂ ਜੂਹਾਂ 'ਤੇ ਠੀਕਰੀ ਪਹਿਰਾ ਲਗਾਇਆ ਜਾ ਰਿਹਾ ਹੈ, ਤਾਂ ਜੋ ਨਸ਼ਾ ਸਪਲਾਈ ਕਰਨ ਆਏ ਤਸਕਰ ਨੂੰ ਫੜਿਆ ਜਾ ਸਕੇ। ਪਾਕਿਸਤਾਨਾਂ ਤੋਂ ਡਰੋਨ ਰਾਹੀਂ ਹੈਰੋਇਨ ਲਗਾਤਾਰ ਸੁੱਟੀ ਜਾ ਰਹੀ ਹੈ। ਅਜਿਹੇ ਸਮਾਜ ਵਿਰੋਧੀ ਅਨਸਰਾਂ ਨੂੰ ਕਾਨੂੰਨ ਨਾਲ ਹੀ ਡੱਕਿਆ ਜਾ ਸਕਦਾ ਹੈ। ਨੌਜਵਾਨਾਂ ਨੂੰ ਮਾਨਸਿਕ ਪੱਖੋਂ ਮਜ਼ਬੂਤ ਕਰਨ ਲਈ ਅਸਰਦਾਰ ਨੀਤੀਆਂ ਘੜਨ ਦੀ ਲੋੜ ਹੈ। ਸਕੂਲਾਂ, ਕਾਲਜਾਂ ਵਿੱਚ ਸੈਮੀਨਾਰ ਕਰਵਾਉਣੇ ਚਾਹੀਦੇ ਹਨ ਤਾਂ ਜੋ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਸਕੇ।

**-ਸੰਜੀਵ ਸਿੰਘ ਸੈਣੀ,**
ਮੋਹਾਲੀ, ਸੰਪਰਕ : 78889-66168

# ਸੰਘਣਾ ਹੋ ਰਿਹਾ ਵਸਤਾਂ ਦਾ ਜੰਗਲ ਤੇ ਮਨ ਦੀ ਭਟਕਣਾ


ਗੁਰਚਰਨ ਸਿੰਘ ਨੂਰਪੁਰ

ਮਨੁੱਖ ਦੇ ਜੀਵਨ ਦੀ ਸਾਰੀ ਸਰਗਰਮੀ ਅਨੰਦ ਲਈ ਹੈ। ਮਨੁੱਖੀ ਸੱਭਿਅਤਾ ਜਿਵੇਂ-ਜਿਵੇਂ ਵਿਕਾਸ ਕਰ ਰਹੀ ਹੈ, ਉਸੇ ਅਨੁਪਾਤ ਵਿੱਚ ਇਸ ਦੇ ਮਨ ਦੀ ਭਟਕਣਾ ਹਰ ਦਿਨ ਵਧ ਰਹੀ ਹੈ। ਮਨੁੱਖ ਨੇ ਆਪਣੀਆਂ ਸੁਖ-ਸਹੂਲਤਾਂ ਲਈ ਵਸਤਾਂ ਦਾ ਇੱਕ ਵੱਡਾ ਜੰਗਲ ਉਸਾਰ ਲਿਆ ਹੈ। ਹਰ ਦਿਨ ਨਵੀਆਂ ਤੋਂ ਨਵੀਆਂ ਵਸਤਾਂ ਈਜ਼ਾਦ ਹੋ ਰਹੀਆਂ ਹਨ। ਬਾਜ਼ਾਰ ਸਾਡੀਆਂ ਲੋੜਾਂ ਤੋਂ ਕਿਤੇ ਅਗਾਂਹ ਜਾ ਕੇ ਵਸਤਾਂ ਦੇ ਜੰਗਲ ਨੂੰ ਹੋਰ ਸੰਘਣਾ ਕਰ ਰਿਹਾ ਹੈ।

ਸਾਡੇ ਯੁੱਗ ਵਿੱਚ ਬਾਜ਼ਾਰ ਨੇ ਕੁਦਰਤੀ ਚੀਜਾਂ ਨੂੰ ਪ੍ਰੋਡਕਟ ਬਣਾ ਦਿੱਤਾ ਹੈ। ਪਾਣੀ, ਦੁੱਧ, ਫਲ, ਅਨਾਜ ਜੋ ਕੁਦਰਤ ਸਾਡੇ ਲਈ ਪੈਦਾ ਕਰਦੀ ਹੈ, ਇਹ ਹੁਣ ਕੰਪਨੀਆਂ ਦੇ ਪ੍ਰੋਡਕਟ ਬਣ ਗਏ ਹਨ। ਕਿਸਾਨ ਦੇ ਖੇਤ ਵਿੱਚ ਪਈ ਕਣਕ, ਕੇਵਲ ਕਣਕ ਹੁੰਦੀ ਹੈ। ਵਪਾਰੀ ਦੇ ਹੱਥ 'ਚੋਂ ਨਿਕਲ ਕੇ ਇਹੋ ਕਣਕ ਜਦੋਂ ਬਾਜ਼ਾਰ ਵਿੱਚ ਵਿਕਦੀ ਹੈ ਤਾਂ ਇਹ ਪ੍ਰੋਡਕਟ ਹੁੰਦੀ ਹੈ। ਬਾਜ਼ਾਰ ਸਾਡੀ ਲੋੜ ਤੋਂ ਕਿਵੇਂ ਮੋਟੀਆਂ ਕਮਾਈਆਂ ਕਰਦਾ ਹੈ, ਇਸ ਦਾ ਅੰਦਾਜ਼ਾ ਇਸ ਗੱਲ ਤੋਂ ਲਾਇਆ ਜਾ ਸਕਦਾ ਹੈ ਕਿ ਕੁਝ ਸਾਡੇ ਮੁਹਾਵਰੇ ਸਨ, ਜਿਵੇਂ 'ਪਾਣੀ ਕਿਹੜਾ ਮੁੱਲ ਵਿਕਦਾ ਹੈ', ਕਿਸੇ ਚੀਜ਼ ਦੇ ਖਤਮ ਜਾਂ ਨਸ਼ਟ ਹੋ ਜਾਣ ਲਈ ਅਸੀਂ ਮੁਹਾਵਰਾ ਵਰਤਦੇ ਸੀ 'ਇਸ ਵਿੱਚ ਤਾਂ ਖੇਹ-ਸਵਾਹ ਵੀ ਨਹੀਂ।' ਹੁਣ ਪਾਣੀ ਪ੍ਰੋਡਕਟ ਹੀ ਨਹੀਂ ਬਣਿਆ, ਬਲਕਿ ਪਾਣੀ ਦਾ ਕਾਰੋਬਾਰ ਬਹੁਤ ਵੱਡੀ ਇੰਡਸਟਰੀ ਬਣ ਗਿਆ ਹੈ। ਵੱਡੇ-ਵੱਡੇ ਮਾਲਜ਼ ਵਿੱਚ ਸਵਾਹ ਹੁਣ ਪੈਕਟਾਂ ਵਿੱਚ ਵਿਕਣ ਲੱਗ ਪਈ ਹੈ। ਸੰਸਾਰ ਵਿੱਚ ਹਰ ਦਿਨ ਵਸਤਾਂ ਦਾ ਜੰਗਲ ਫੈਲ ਰਿਹਾ ਹੈ। ਇਸ ਫੈਲ ਰਹੇ ਵਸਤਾਂ ਦੇ ਜੰਗਲ ਦੀ ਇਸ਼ਤਿਹਾਰਬਾਜ਼ੀ ਨੇ ਮਨੁੱਖ ਅੰਦਰ ਵਸਤਾਂ ਦੀ ਲਾਲਸਾ ਨੂੰ ਵਧਾਇਆ ਹੈ। ਇਹ ਲਾਲਸਾ ਇਸ ਕਦਰ ਵਧ ਗਈ ਹੈ ਕਿ ਅਸੀਂ ਵਸਤਾਂ ਲਈ ਜਿਊਣ ਲੱਗ ਪਏ ਹਾਂ। ਅਸੀਂ ਉਸ ਦੌਰ ਵਿੱਚ ਪ੍ਰਵੇਸ਼ ਕਰ ਗਏ ਹਾਂ ਜਿੱਥੇ ਮਨੁੱਖ ਵਸਤਾਂ ਦੀ ਬਹੁਲਤਾ 'ਚੋਂ ਸੁੱਖਾਂ ਦੀ ਤਲਾਸ਼ ਕਰਨ ਲੱਗ ਪਿਆ ਹੈ, ਜਦਕਿ ਜਿੰਨੀਆਂ ਵੀ ਮਨੁੱਖ ਕੋਲ ਵਸਤਾਂ ਹੋਣਗੀਆਂ, ਓਨਾ ਹੀ ਵੱਧ ਉਹ ਪ੍ਰੇਸ਼ਾਨ ਹੋਵੇਗਾ। ਇੰਟਰਨੈੱਟ ਤੇ ਏ ਆਈ ਦੇ ਇਸ ਦੌਰ ਵਿੱਚ ਸਾਡੇ ਕੋਲ ਸੂਚਨਾਵਾਂ ਅਤੇ ਜਾਣਕਾਰੀਆਂ ਦਾ ਇੱਕ ਵੱਡਾ ਹੜ੍ਹ ਆ ਗਿਆ ਹੈ। ਇਸ ਹੜ੍ਹ ਦਾ ਆਕਾਰ ਹਰ ਦਿਨ ਵਧ ਰਿਹਾ ਹੈ। ਇਸ ਦਾ ਸਾਡੇ ਮਨ 'ਤੇ ਗਲਬਾ ਹਰ ਦਿਨ ਵਧ ਰਿਹਾ ਹੈ। ਮਨੁੱਖ ਨੂੰ ਕੀ ਹੋਣਾ, ਬਣਨਾ ਚਾਹੀਦਾ ਹੈ? ਇਸ ਸਵਾਲ ਦੀ ਹੋਂਦ ਹੀ ਬੰਦੇ ਅੰਦਰੋਂ ਮਨਫੀ ਹੋ ਰਹੀ ਹੈ। ਆਲੇ-ਦੁਆਲੇ ਵਾਪਰਦੇ ਵਰਤਾਰਿਆਂ ਦੇ ਹੜ੍ਹ ਵਿੱਚ ਵਹਿ ਰਹੇ ਬੰਦੇ ਨੂੰ ਇਹ ਪਤਾ ਹੀ ਨਹੀਂ ਚੱਲਦਾ ਕਿ ਸਾਨੂੰ ਸਾਡੀ ਜ਼ਿੰਦਗੀ ਦਾ ਮਕਸਦ ਬਣਾਉਣ ਦੀ ਲੋੜ ਹੁੰਦੀ ਹੈ। ਜ਼ਿੰਦਗੀ ਦਾ ਮਕਸਦ ਬੰਦੇ ਨੂੰ ਖੋਜਣਾ ਪੈਂਦਾ ਹੈ ਅਤੇ ਫਿਰ ਇਸ ਲਈ ਨਿਰੰਤਰ ਸਾਲਾਂਬੱਧੀ ਮਿਹਨਤ ਕਰਨ ਦੀ ਲੋੜ ਹੁੰਦੀ ਹੈ। ਮੋਬਾਇਲ ਦੀ ਸਕਰੀਨ ਰਾਹੀਂ ਜਿਸ ਤਰ੍ਹਾਂ ਦਾ ਖਿਲਾਰਾ ਅਸੀਂ ਘੰਟਿਆਂਬੱਧੀ ਵੇਖਦੇ ਹਾਂ, ਉਸ ਨੂੰ ਲਗਾਤਾਰ ਵੇਖਣ ਨਾਲ ਉਹ ਸਾਰਾ ਖਲਾਰਾ ਵਿਚਾਰਾਂ ਦਾ ਸਾਰਾ ਕੂੜਾ-ਕਰਕਟ ਸਾਡੇ ਜ਼ਿਹਨ ਦਾ ਹਿੱਸਾ ਬਣਦਾ ਹੈ। ਕੁਝ ਸਮਾਂ ਮੋਬਾਇਲ ਦੀ ਸਕਰੀਨ, ਤੇ ਵੇਖਣ ਤੋਂ ਮਗਰੋਂ ਕਿਸੇ ਨਾ ਕਿਸੇ ਪ੍ਰੋਡਕਟ ਦੀ ਮਸ਼ਹੂਰੀ ਸਾਡੇ ਸਾਹਮਣੇ ਖੁੱਲ੍ਹ ਜਾਂਦੀ ਹੈ। ਮੋਬਾਇਲ ਐਪਾਂ ਤੋਂ ਲੈ ਕੇ ਛੋਟੀਆਂ, ਵੱਡੀਆਂ ਹਰ ਤਰ੍ਹਾਂ ਦੀਆਂ ਵਸਤਾਂ ਆਨ ਲਾਈਨ ਵਿਕਣ ਲਈ ਸਾਡੇ ਵੱਲ ਆਹੁਲ ਰਹੀਆਂ ਹਨ। ਅਸੀਂ ਉਸ ਅਜਬ ਸਥਿਤੀ ਵਿੱਚ ਹਾਂ, ਜਿੱਥੇ ਕੁਝ ਸਹੂਲਤਾਂ ਵੀ ਸਾਡੇ ਲਈ ਅਜ਼ਾਬ ਬਣਨ ਲੱਗ ਪਈਆਂ ਹਨ। ਦੁਨੀਆਂ ਵਿੱਚ ਨਸ਼ਾ ਛੁਡਾਉਣ ਵਾਂਗ ਮੋਬਾਇਲ ਐਡਿਕਸ਼ਨ ਸੈਂਟਰ ਵੀ ਖੁੱਲ੍ਹਣ ਲੱਗੇ ਹਨ। ਇਹ ਵੇਖਿਆ ਗਿਆ ਹੈ ਕਿ ਜਿਸ ਵੀ ਚੀਜ਼ ਦੀ ਅਸੀਂ ਆਪਣੇ ਮਨ ਨੂੰ ਚਾਟ ਲਾਉਂਦੇ ਹਾਂ, ਆਦਤ ਪਾਉਂਦੇ ਹਾਂ, ਫਿਰ ਇਹ ਹਰ ਪਲ ਉਸ ਚਾਟ 'ਤੇ ਲੱਗਿਆ ਸਾਡਾ ਮਨ ਉਸ ਲਈ ਬੇਚੈਨ ਰਹਿੰਦਾ ਹੈ। ਅੱਜ ਦੇ ਦੌਰ ਵਿੱਚ ਇਹ ਬੇਚੈਨੀ ਹਰ ਦਿਨ ਵਧ ਰਹੀ ਹੈ। ਰੇਡੀਮੇਡ ਵਸਤਾਂ ਦੇ ਇਸ ਦੌਰ ਵਿੱਚ ਬੰਦਾ ਕਲਾ ਅਤੇ ਸਿਰਜਣਾ ਤੋਂ ਦੂਰ ਜਾ ਰਿਹਾ ਹੈ। ਸਿਰਜਣਾਤਮਿਕ ਸ਼ਕਤੀ ਹੀ ਅਜਿਹੀ ਤਰਜੀਹ ਹੁੰਦੀ ਹੈ, ਜੋ ਮਨੁੱਖ ਨੂੰ ਇੱਕ ਚੰਗਾ ਮਨੁੱਖ ਬਣਾਉਣ ਵਿੱਚ ਵੱਡੀ ਭੂਮਿਕਾ ਅਦਾ ਕਰਦੀ ਹੈ, ਪਰ ਅਸੀਂ ਵਕਤੀ ਖੁਸ਼ੀਆਂ ਅਤੇ ਵਸਤਾਂ ਦੇ ਜੰਗਲ ਵਿੱਚ ਭਟਕ ਕੇ ਸਿਰਜਣਾਤਮਿਕ ਅਤੇ ਕਲਾਤਮਿਕ ਰੁਚੀਆਂ ਤੋਂ ਵਿਰਵੇ ਹੋ ਰਹੇ ਹਾਂ। ਬੇਸ਼ੱਕ ਇੰਟਨੈੱਟ ਦੀ ਦੁਨੀਆਂ ਨੇ ਤਰੱਕੀ ਤੇ ਵਿਕਾਸ ਦੇ ਰਾਹ ਮੋਕਲੇ ਕੀਤੇ ਹਨ, ਦਿਨਾਂ ਦੇ ਕੰਮ ਮਿੰਟਾਂ ਵਿੱਚ ਹੋਣ ਲੱਗੇ ਹਨ, ਪਰ ਇਸ ਨਾਲ ਮਨੁੱਖ ਦੀ ਸਰੀਰਕ ਸਰਗਰਮੀ ਵੀ ਘੱਟ ਹੋਈ ਹੈ।

ਇੱਕ ਡਾਕਟਰ ਕੋਲ ਇੱਕ ਮਰੀਜ਼ ਆਇਆ। ਇਹ ਘਰੋਂ ਬਾਹਰ ਨਹੀਂ ਨਿਕਲਦਾ ਸੀ। ਹਰ ਸਮੇਂ ਮੋਬਾਇਲ 'ਤੇ ਰੀਲ੍ਹਾਂ ਦੇਖਦਾ ਰਹਿੰਦਾ ਸੀ। ਇਹ ਬੈੱਡ 'ਤੇ ਬੈਠਾ ਹੀ ਚਾਹ ਪਾਣੀ ਰੋਟੀ ਖਾਣ ਲੱਗਾ ਅਤੇ ਹੌਲੀ-ਹੌਲੀ ਕੁਝ ਸਮੇਂ ਬਾਅਦ ਇਹ ਮਾਨਸਿਕ ਰੋਗੀ ਹੋ ਗਿਆ। ਇਸ ਨੂੰ ਰਾਤ ਨੂੰ ਨੀਂਦ ਆਉਣੋਂ ਹਟ ਗਈ। ਗੱਲ-ਗੱਲ 'ਤੇ ਹਿੰਸਕ ਹੋਣ ਲੱਗ ਪਿਆ। ਇਕੱਲਾ ਗੱਲਾਂ ਕਰਨ ਲੱਗ ਪਿਆ। ਜਦੋਂ ਡਾਕਟਰ ਨੇ ਇਸ ਦੀ ਹਿਸਟਰੀ ਜਾਨਣ ਲਈ ਦੂਜੇ ਭੈਣ-ਭਰਾਵਾਂ ਬਾਰੇ ਪੁੱਛਿਆ ਤਾਂ ਉਸ ਲੜਕੇ ਦੀ ਮਾਂ ਨੇ ਕਿਹਾ ਇਹ ਲੜਕਾ ਸਾਡੇ ਵਿਆਹ ਤੋਂ ਪੰਜ ਸਾਲ ਮਗਰੋਂ ਪੈਦਾ ਹੋਇਆ। ਇਸ ਨੂੰ ਅਸੀਂ ਬੜੇ ਲਾਡਾਂ ਨਾਲ ਰੱਖਿਆ। ਇਸ ਦੀ ਬਹੁਤ ਸਾਂਭ-ਸੰਭਾਲ ਕੀਤੀ, ਪਰ ਪਤਾ ਨਹੀਂ ਕਿਉਂ ਇਹ ਹੌਲੀ-ਹੌਲੀ ਮਾਨਸਿਕ ਤੌਰ 'ਤੇ ਬਿਮਾਰ ਹੁੰਦਾ ਗਿਆ। ਦੂਜਾ ਲੜਕਾ ਜੋ ਇਸ ਤੋਂ ਡੇਢ ਸਾਲ ਮਗਰੋਂ ਪੈਦਾ ਹੋਇਆ, ਉਹ ਠੀਕ ਠਾਕ ਹੈ। ਉਹ ਸਾਰਾ ਦਿਨ ਖੇਤਾਂ ਵਿੱਚ ਕੰਮ ਵੀ ਕਰਦਾ ਹੈ ਅਤੇ ਬਿਲਕੁਲ ਤੰਦਰੁਸਤ ਹੈ। ਇਸ ਉਦਾਹਰਣ ਤੋਂ ਦੋ ਗੱਲਾਂ ਸਮਝ ਆਉਂਦੀਆਂ ਹਨ- ਮਾਪਿਆਂ ਵੱਲੋਂ ਹੱਦੋਂ ਵੱਧ ਕੀਤਾ ਲਾਡ-ਪਿਆਰ ਮਗਰੋਂ ਜਾ ਕੇ ਪਿਆਰ ਨਹੀਂ ਰਹਿੰਦਾ, ਇਹ ਇੱਕ ਤਰ੍ਹਾਂ ਨਾਲ ਬੱਚੇ ਦੀ ਸ਼ਖ਼ਸੀਅਤ ਨੂੰ ਬੌਣਾ ਬਣਾ ਦਿੰਦਾ ਹੈ। ਦੂਜੇ ਕੰਮ ਕਰਨ ਨਾਲ ਅਸੀਂ ਸਰੀਰਕ ਤੇ ਮਾਨਸਿਕ ਪੱਖੋਂ ਤੰਦਰੁਸਤ ਰਹਿ ਸਕਦੇ ਹਾਂ ਕਿਰਤ ਕੰਮ ਸਾਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਤਗੜੇ ਬਣਾਉਣ ਵਿੱਚ ਵੱਡੀ ਭੂਮਿਕਾ ਨਿਭਾਉਂਦੇ ਹਨ ਅਤੇ ਵਿਹਲ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਪੈਦਾ ਕਰਨ ਦਾ ਜ਼ਰੀਆ ਬਣਦੀ ਹੈ। ਨੌਜਵਾਨ ਪੀੜ੍ਹੀ ਵਿੱਚ ਇਹ ਰੁਚੀ ਪੈਦਾ ਹੋ ਗਈ ਹੈ ਕਿ ਜੇਕਰ ਸੰਗੀ-ਸਾਥੀ ਰੁੱਸਿਆ ਹੋਇਆ ਹੈ ਤਾਂ ਉਸ ਨੂੰ ਸ਼ਾਪਿੰਗ ਕਰਵਾ ਕੇ ਮਨਾ ਲਿਆ ਜਾਵੇ। ਹੋ ਸਕਦਾ ਹੈ ਕਿ ਪਾਠਕਾਂ ਲਈ ਇਹ ਹੈਰਾਨੀਜਨਕ ਗੱਲ ਹੋਵੇ, ਪਰ ਜ਼ਿਆਦਾ ਵਸਤਾਂ ਦੀ ਖਰੀਦੋ-ਫਰੋਖਤ ਕਰਨ ਦਾ ਝੱਲ ਇੱਕ ਖਾਸ ਤਰ੍ਹਾਂ ਦੀ ਮਾਨਸਿਕ ਬਿਮਾਰੀ ਹੁੰਦੀ ਹੈ, ਜਿਸ ਨੂੰ Compulsive Buying Disorder ਜਾਂ Oniomania ਕਿਹਾ ਜਾਂਦਾ ਹੈ। ਇਸ ਬਿਮਾਰੀ ਤੋਂ ਪੀੜਤ ਵਿਅਕਤੀ ਸੋਸ਼ਲ ਪ੍ਰੈਸ਼ਰ, ਮਨੋਵਿਗਿਆਨਕ ਤਣਾਅ ਅਤੇ ਵਸਤਾਂ ਦੀ ਭਟਕਣਾ ਵਿੱਚ ਗਵਾਚਿਆ ਵੱਧ ਤੋਂ ਵੱਧ ਵਸਤਾਂ ਖਰੀਦਣ ਦੇ ਜਨੂੰਨ ਦਾ ਸ਼ਿਕਾਰ ਹੋ ਜਾਂਦਾ ਹੈ। ਆਨਲਾਈਨ ਸ਼ਾਪਿੰਗ ਦੇ ਇਸ ਦੌਰ ਵਿੱਚ ਸਾਡੇ ਬੱਚੇ ਖਾਸ ਕਰਕੇ ਨੌਜਵਾਨ ਇਸ ਮਾਨਸਿਕ ਵਿਕਾਰ ਦੇ ਸ਼ਿਕਾਰ ਬਣ ਰਹੇ ਹਨ। ਇਸ ਦਾ ਇੱਕ ਵੱਡਾ ਕਾਰਨ ਇਹ ਵੀ ਹੈ ਕਿ ਸਕਰੀਨ 'ਤੇ ਦਿੱਸਣ ਵਾਲੀ ਚੀਜ਼ ਹੁਣ ਸਾਡੇ ਤੋਂ ਸਿਰਫ ਇੱਕ ਬਟਨ ਦੂਰ ਹੁੰਦੀ ਹੈ। ਇਸ ਲਈ ਅਕਰਸ਼ਕ ਹੋਇਆ ਮਨ ਇਸ ਵਸਤ ਦੀ ਜ਼ਰੂਰਤ, ਨਫੇ-ਨੁਕਸਾਨ ਬਾਰੇ ਬਹੁਤਾ ਸੋਚ-ਵਿਚਾਰ ਨਹੀਂ ਕਰਦਾ। ਇਸ ਮਾਨਸਿਕ ਵਿਕਾਰ ਬਾਰੇ ਫਿਲਹਾਲ ਕਿਸੇ ਪਾਸੇ ਅਜੇ ਕੋਈ ਗੱਲ ਨਹੀਂ ਹੋ ਰਹੀ, ਪਰ ਭਵਿੱਖ ਵਿੱਚ ਇਹ ਇੱਕ ਵੱਡੀ ਸਮਾਜਿਕ ਚਰਚਾ ਬਣੇਗੀ।

ਸਾਨੂੰ ਇਹ ਸਮਝਣ ਦੀ ਲੋੜ ਹੈ ਕਿ ਵਸਤਾਂ ਦੀ ਬਹੁਲਤਾ ਤੋਂ ਸੱਚੀ ਖੁਸ਼ੀ ਨਹੀਂ ਲੱਭੀ ਜਾ ਸਕਦੀ। ਖੁਸ਼ੀ ਦਾ ਦਾ ਸੰਬੰਧ ਸਾਡੇ ਧੁਰ ਅੰਦਰਲੀ ਸਾਡੀ ਸਹਿਜ ਸਬਰ ਵਾਲੀ ਮਾਨਸਿਕ ਅਵਸਥਾ ਨਾਲ ਹੈ। ਅਸੀਂ ਮਨ ਦੇ ਜਿਸ ਖੱਪੇ ਨੂੰ ਕਿਸੇ ਚੀਜ਼ ਨਾਲ ਭਰਨ ਦੀ ਕੋਸ਼ਿਸ਼ ਕਰਦੇ ਹਾਂ, ਸਾਡਾ ਮਨ ਅਗਲੇ ਹੀ ਪਲ ਉਸ ਖੱਪੇ ਨੂੰ ਹੋਰ ਵੱਡਾ ਕਰ ਲੈਂਦਾ ਹੈ। ਵਸਤਾਂ ਦਾ ਝੱਲ ਸਮਾਜ ਵਿੱਚ ਭ੍ਰਿਸ਼ਟਾਚਾਰ ਪੈਦਾ ਕਰਨ ਦਾ ਜ਼ਰੀਆ ਬਣਦਾ ਹੈ। ਮਹਿੰਗੀਆਂ-ਮਹਿੰਗੀਆਂ ਘੜੀਆਂ, ਵੰਨ-ਸੁਵੰਨੇ ਸੋਨੇ ਦੇ ਗਹਿਣੇ ਹੋਰ ਵੱਧ ਤੋਂ ਵੱਧ ਮਹਿੰਗੀਆਂ ਚੀਜ਼ਾਂ ਦਾ ਵਿਖਾਵਾ ਕਰਕੇ ਅਸਲ ਵਿੱਚ ਮਨੁੱਖ ਆਪਣੇ ਮਨ ਅੰਦਰਲੇ ਖਾਲੀਪਣ ਨੂੰ ਭਰਨ ਦੀ ਵਿਅਰਥ ਕੋਸ਼ਿਸ਼ ਕਰਦਾ ਹੈ। ਵਿਖਾਵਾ ਕਰਕੇ ਆਪਣੀ ਭੱਲ ਬਣਾਉਣ ਵਾਲਿਆਂ ਨੂੰ ਇਹ ਸ਼ੌਕ ਬੜਾ ਮਹਿੰਗਾ ਢੁੱਕਦਾ ਹੈ, ਉਸ ਦਾ ਕਾਰਨ ਇਹ ਹੁੰਦਾ ਹੈ ਕਿ ਇਹਨਾਂ ਲੋਕਾਂ ਨੂੰ ਲਗਾਤਾਰ ਅਮੀਰ ਦਿੱਸਣ ਲਈ ਵਸਤਾਂ ਦਾ ਵਿਖਾਵਾ ਕਰਦੇ ਰਹਿਣਾ ਪੈਂਦਾ ਹੈ। ਵਸਤਾਂ ਦੀ ਬੇਲੋੜੀ ਵਰਤੋਂ ਸਾਡੇ ਚੁਗਿਰਦੇ ਅਤੇ ਧਰਤੀ ਦੀ ਸਿਹਤ ਲਈ ਹਾਨੀਕਾਰਕ ਹੈ। ਜੇਕਰ ਅਸੀਂ ਇੱਕ ਛੋਟੀ ਤੋਂ ਛੋਟੀ ਚੀਜ ਵੀ ਬੇਲੋੜੀ ਪੈਦਾ ਕਰਦੇ ਹਾਂ ਤਾਂ ਇਸ ਦਾ ਸਾਡੇ ਵਾਤਾਵਰਣ ਨਾਲ ਸਿੱਧਾ ਸੰਬੰਧ ਜੁੜਦਾ ਹੈ। ਵਾਤਾਵਰਣ ਚੋਂ ਕੁਝ ਨਸ਼ਟ ਕਰਕੇ ਹੀ ਕੋਈ ਵਸਤੂ ਹੋਂਦ ਵਿੱਚ ਆਉਂਦੀ ਹੈ। ਇਸ ਲਈ ਬੇਲੋੜੀਆਂ ਵਸਤਾਂ ਸਾਨੂੰ ਕਦੇ ਵੀ ਚੈਨ-ਸਕੂਨ ਨਹੀਂ ਦੇ ਸਕਦੀਆਂ। ਜੇਕਰ ਇਹਨਾਂ ਤੋਂ ਚੈਨ ਸਕੂਨ ਸਾਨੂੰ ਮਿਲੇਗਾ ਵੀ ਤਾਂ ਇਹ ਵਕਤੀ ਚੈਨ ਹੋਵੇਗਾ। ਜਲਦੀ ਹੀ ਮਨ ਇਸ ਵਕਤੀ ਖੁਸ਼ੀ ਤੋਂ ਉਚਾਟ ਹੋ ਜਾਵੇਗਾ। ਅੱਜ ਦਾ ਬਜ਼ਾਰੂ ਦੌਰ ਵਿੱਚ ਮਨੁੱਖ ਨੂੰ ਮਾਨਵੀ ਕਦਰਾਂ-ਕੀਮਤਾਂ ਤੋਂ ਵਿਰਵਾ ਕਰਕੇ ਕੇਵਲ ਵਸਤਾਂ 'ਚੋਂ ਖੁਸ਼ੀ ਲੱਭਣ ਲਈ ਪ੍ਰੇਰ ਰਿਹਾ ਹੈ। ਇਹ ਵੇਖਿਆ ਗਿਆ ਹੈ, ਜੋ ਲੋਕ ਨਿੱਕੇ-ਨਿੱਕੇ ਲਾਲਚਾਂ ਅਤੇ ਵਕਤੀ ਸੁੱਖਾਂ ਦੀ ਲਾਲਸਾ ਰੱਖਦੇ ਹਨ, ਉਹ ਜੀਵਨ ਦੀ ਮਹਾਨਤਾ ਤੇ ਅਨੰਦ ਤੋਂ ਵਾਂਝੇ ਰਹਿ ਜਾਂਦੇ ਹਨ।

**# ਸੰਪਰਕ : 98550-51099**

# ਕੀ ਧਰਤੀ 'ਤੇ ਜੀਵਨ ਬਚੇਗਾ ?

ਲਸ਼ਕਰ ਸਿੰਘ ਮਿਠੜਾ

ਇਹ ਜਾਣਕਾਰੀ ਤੁਹਾਡੇ ਤੱਕ ਪਹੁੰਚਾਣ ਦਾ ਮਕਸਦ ਡਰਨਾ/ਡਰਾਉਣਾ ਨਹੀਂ, ਸਗੋਂ ਧਰਤੀ 'ਤੇ ਸਾਡੇ ਜੈਵ ਜੀਵਨ ਨੂੰ ਦਰਪੇਸ਼ ਖ਼ਤਰਿਆਂ 'ਤੇ ਚਰਚਾ ਸ਼ੁਰੂ ਕਰਨ ਦਾ ਯਤਨ ਹੈ, ਤਾਂ ਜੋ ਅਸੀਂ ਆਪਣੇ ਰੁਝੇਵਿਆਂ ਭਰੀ ਜ਼ਿੰਦਗੀ ਵਿੱਚੋਂ ਕੁਝ ਸਮਾਂ ਕੱਢ ਕੇ ਉਸ ਖਤਰੇ ਬਾਰੇ ਸਾਂਝੀ ਤੇ ਸਹੀ ਰਾਇ ਬਣਾਈਏ, ਜੋ ਸਾਡੇ ਜੀਵਨ ਤੇ ਮੌਤ ਦਾ ਸਵਾਲ ਬਣ ਗਿਆ ਹੈ। ਸਾਡੀ ਆਕਾਸ਼ ਗੰਗਾ ਦੇ ਸੂਰਜ ਮੰਡਲ ਵਿੱਚ ਧਰਤੀ ਸਮੇਤ ਕੁੱਲ ਨੌਂ ਗ੍ਰਹਿ ਅਤੇ 52 ਉਪਗ੍ਰਹਿ ਦੱਸੇ ਜਾਂਦੇ ਹਨ।ਧਰਤੀ ਹੀ ਇੱਕ ਅਜਿਹਾ ਗ੍ਰਹਿ ਹੈ, ਜਿਸ 'ਤੇ ਜੀਵਨ ਹੈ, ਹੋਰ ਕਿਸੇ ਗ੍ਰਹਿ 'ਤੇ ਜੀਵਨ ਨਹੀਂ ਹੈ। ਧਰਤੀ 'ਤੇ ਜੀਵਨ ਕਿਉਂ ਹੈ ? ਇਸ ਦਾ ਸਿੱਧਾ ਜਿਹਾ ਜਵਾਬ ਹੈ ਕਿ ਇੱਥੇ ਜੀਵਨ ਨੂੰ ਪਨਪਣ ਅਤੇ ਵਿਕਸਤ ਹੋਣ ਲਈ ਖਾਸ ਕਿਸਮ ਦਾ ਮਾਹੌਲ ਹੈ, ਜਿਸ ਨੂੰ ਅਸੀਂ ਵਾਤਾਵਰਨ ਦਾ ਨਾਂਅ ਦਿੰਦੇ ਹਾਂ। ਅੱਜ ਧਰਤੀ ਦਾ ਇਹ ਵਾਤਾਵਰਨ ਜਿਸ ਤੇਜ਼ੀ ਨਾਲ ਵਿਗੜ ਰਿਹਾ ਹੈ, ਉਸ ਅਨੁਸਾਰ ਜੀਵਨ ਦਾ ਚਲਦੇ ਰਹਿਣਾ ਮੁਸ਼ਕਲ ਬਣਦਾ ਜਾ ਰਿਹਾ ਹੈ। ਜੇਕਰ ਇਸ ਬਾਰੇ ਸਾਡੀ ਸਾਂਝੀ ਰਾਇ ਨਾ ਬਣੀ ਤਾਂ ਧਰਤੀ ਤੋਂ ਜੀਵਨ ਖਤਮ ਵੀ ਹੋ ਸਕਦਾ ਹੈ। ਮਨੁੱਖੀ ਸਮਾਜ ਦੇ ਦੋ ਮੁੱਖ ਬੁਨਿਆਦੀ ਹਿੱਸੇ ਹਨ, ਸਾਡਾ ਵਾਤਾਵਰਣ ਅਤੇ ਜੈਵ-ਜੀਵਨ। ਸਾਡੇ ਸਾਹਮਣੇ ਮੁੱਖ ਤੌਰ 'ਤੇ ਦੋ ਹੀ ਚੁਣੌਤੀਆਂ ਹਨ, ਇੱਕ ਵਾਤਾਵਰਨ ਦਾ ਖਰਾਬ ਹੋਣਾ, ਦੂਸਰੀ ਮਨੁੱਖੀ ਰਿਸ਼ਤਿਆਂ ਵਿੱਚ ਇਨਸਾਨੀ ਕਦਰਾਂ ਕੀਮਤਾਂ ਦਾ ਘਟਣਾ। ਪਹਿਲੀ ਚੁਣੌਤੀ ਸਾਡਾ ਵਾਤਾਵਰਣ ਭਾਵ ਹਵਾ, ਜ਼ਮੀਨ ਜਾਂ ਮਿੱਟੀ, ਜੰਗਲ, ਜੈਵ ਵਿਭਿੰਨਤਾ, ਸਮੁੰਦਰ, ਖਣਿਜ ਆਦਿ ਲੋੜੋਂ ਵੱਧ ਦਬਾਅ ਹੇਠ ਹਨ ਤੇ ਲਗਾਤਾਰ ਖਰਾਬ ਹੋ ਰਹੇ ਹਨ। ਹਵਾ ਏਨੀ ਪ੍ਰਦੂਸ਼ਤ ਹੋ ਚੁੱਕੀ ਹੈ ਕਿ ਦੁਨੀਆ ਦੇ 24000 ਲੋਕ ਰੋਜ਼ਾਨਾ ਗੰਦੀ ਹਵਾ ਵਿੱਚ ਸਾਹ ਲੈਣ ਕਰਕੇ ਮੌਤ ਦੇ ਮੂੰਹ ਵਿੱਚ ਚਲੇ ਜਾਂਦੇ ਹਨ। ਸਮਾਜ ਵਿੱਚ ਹੋਣ ਵਾਲੀਆਂ ਸਭ ਤੋਂ ਜ਼ਿਆਦਾ ਮੌਤਾਂ ਦਾ ਕਾਰਨ ਪ੍ਰਦੂਸ਼ਤ ਹਵਾ ਬਣ ਗਈ ਹੈ। ਸਾਡੇ ਦੇਸ਼ ਦੇ ਸਾਰੇ ਵੱਡੇ ਸ਼ਹਿਰ ਹਵਾ ਦੀ ਗੁਣਵੱਤਾਂ ਪੱਖੋਂ ਬਹੁਤ ਹੀ ਊਣੇ ਹਨ। ਦਿੱਲੀ ਤਾਂ ਦੁਨੀਆ ਦਾ ਸਭ ਤੋਂ ਵੱਧ ਪ੍ਰਦੂਸ਼ਤ ਸ਼ਹਿਰ ਹੋ ਗਿਆ ਹੈ। ਹਵਾ ਦੀ ਕੋਈ ਸਰਹੱਦ ਨਹੀਂ ਹੁੰਦੀ, ਇਸ ਕਰਕੇ ਦੁਨੀਆ ਦੇ 92 ਪ੍ਰਤੀਸ਼ਤ ਲੋਕ ਗੈਰ-ਸਿਹਤਮੰਦ ਹਵਾ ਵਿੱਚ ਰਹਿ ਰਹੇ ਹਨ।

ਹਵਾ ਤੋਂ ਬਾਅਦ ਜੀਵਨ ਦੀ ਦੂਸਰੀ ਅਧਾਰਸ਼ਿਲਾ ਹੈ ਪਾਣੀ, ਇਸ ਦੀ ਹਾਲਤ ਵੀ ਤਰਸਯੋਗ ਹੈ। ਪਾਣੀ ਦੀ ਗੁਣਵੱਤਾ ਤੇ ਮਿਕਦਾਰ ਵਿੱਚ ਲਗਾਤਾਰ ਕਮੀ ਆ ਰਹੀ ਹੈ, ਜਿਸ ਦਾ ਸਬੂਤ ਪਾਣੀ ਦਾ ਮੁੱਲ ਵਿਕਣਾ ਹੈ।ਅੱਜ ਤੋਂ 20-25 ਸਾਲ ਪਹਿਲਾਂ ਕੋਈ ਸੋਚ ਵੀ ਨਹੀਂ ਸੀ ਸਕਦਾ ਕਿ ਪਾਣੀ ਵੀ ਬਜ਼ਾਰ ਵਿੱਚ ਵਿਕਣ ਵਾਲੀ ਵਸਤੂ ਬਣ ਜਾਵੇਗਾ। ਅੱਜ ਪਾਣੀ ਵਿਕ ਰਿਹਾ ਹੈ ਤੇ ਹਵਾ ਵਿਕਣ ਲਈ ਤਿਆਰ ਖੜ੍ਹੀ ਹੈ।ਰਸਾਇਣ ਅਧਾਰਤ ਖੇਤੀ ਨੇ ਜਿੱਥੇ ਸਾਡੀ ਜ਼ਮੀਨ ਦੀ ਸਿਹਤ ਖਰਾਬ ਕਰ ਦਿੱਤੀ ਹੈ, ਜਿਸ ਕਰਕੇ ਅਸੀਂ ਖਾਦਾਂ, ਸਪਰੇਹਾਂ 'ਤੇ ਨਿਰਭਰ ਹੋ ਗਏ ਹਾਂ, ਉੱਥੇ ਸਾਡੀ ਸਮੁੱਚੀ ਭੋਜਨ ਲੜੀ ਵਿੱਚ ਜ਼ਹਿਰ ਘੁਲ ਗਿਆ ਹੈ। ਜ਼ਹਿਰੀਲਾ ਭੋਜਨ ਮਾਨਵਤਾ ਨੂੰ ਤਰ੍ਹਾਂ-ਤਰ੍ਹਾਂ ਦੀਆਂ ਬਿਮਾਰੀਆਂ ਪੈਦਾ ਕਰਕੇ ਤਿਲ-ਤਿਲ ਕਰਕੇ ਮਰਨ ਲਈ ਮਜਬੂਰ ਕਰ ਰਿਹਾ ਹੈ। ਜੰਗਲ ਸਭ ਤੋਂ ਜ਼ਿਆਦਾ ਪੀੜਤ ਹਨ।1,92,000 ਵਰਗ ਕਿਲੋਮੀਟਰ ਜੰਗਲ ਸਾਡੀ ਧਰਤੀ ਤੋਂ ਇੱਕ ਸਾਲ ਵਿੱਚ ਕੱਟਿਆ ਜਾ ਰਿਹਾ ਹੈ। 6 ਅਰਬ ਹੈਕਟੇਅਰ ਜੰਗਲ ਘਟ ਕੇ 4 ਅਰਬ ਹੈਕਟੇਅਰ ਬਾਕੀ ਬਚਿਆ ਹੈ, ਜੋ 2035 ਤੱਕ ਲਗਭਗ ਖਤਮ ਹੋ ਜਾਵੇਗਾ। ਜੈਵ-ਵਿਭਿੰਨਤਾ ਦਾ ਹਾਲ ਇਹ ਹੈ ਕਿ 737 ਜੀਵ ਜੰਤੂਆਂ ਅਤੇ 121 ਬਨਸਪਤੀ ਦੀਆਂ ਪ੍ਰਜਾਤੀਆਂ ਖਤਮ ਹੋ ਚੁੱਕੀਆਂ ਹਨ ਅਤੇ 2261 ਪ੍ਰਜਾਤੀਆਂ ਖਤਰੇ ਵਿੱਚ ਹਨ ਤੇ 11 ਪ੍ਰਜਾਤੀਆਂ ਮਰਨ ਦੇ ਕੰਢੇ 'ਤੇ ਹਨ।ਸਮੁੰਦਰ ਦੀ ਹਾਲਤ ਧਰਤੀ ਤੋਂ ਵੀ ਮਾੜੀ ਹੈ।ਸਮੁੰਦਰ ਦਾ ਤੇਜ਼ਾਬੀਕਰਨ ਵਧ ਗਿਆ ਹੈ ਅਤੇ 50 ਫੀਸਦੀ ਤੋਂ ਜ਼ਿਆਦਾ ਸਮੁੰਦਰੀ ਜੀਵ ਖਤਮ ਹੋ ਚੁੱਕੇ ਹਨ। ਧਰਤੀ ਦੇ ਖਣਿਜ ਪਦਾਰਥ ਲਗਾਤਾਰ ਘਟ ਰਹੇ ਹਨ। ਇੱਕ ਅੰਦਾਜੇ ਦੇ ਮੁਤਾਬਕ ਧਰਤੀ ਦੀ 52 ਫੀਸਦੀ ਜੀਵਨ ਸ਼ਕਤੀ ਸਮਾਪਤ ਹੋ ਗਈ ਹੈ।

ਸਾਡੇ ਸਮਾਜ ਦੀ ਜੀਵਨ ਜਾਂਚ ਤਾਪ ਵਧਾਊ ਗੈਸਾਂ ਨੂੰ ਲਗਾਤਾਰ ਸਾਡੇ ਵਾਤਾਵਰਣ ਵਿੱਚ ਘੋਲ ਰਹੀ ਹੈ, ਜਿਸ ਨਾਲ ਧਰਤੀ ਦਾ ਤਾਪ (ਬੁਖਾਰ) ਵਧ ਰਿਹਾ ਹੈ। ਇੱਕ ਅੰਦਾਜ਼ਾ ਹੈ ਕਿ ਧਰਤੀ ਦਾ ਔਸਤ ਤਾਪਮਾਨ ਆਉਣ ਵਾਲੇ 10 ਸਾਲਾਂ ਵਿੱਚ 1.5 ਡਿਗਰ ਸੈਲਸੀਅਸ ਤੱਕ ਵਧ ਜਾਵੇਗਾ। ਦੂਸਰਾ, ਮਨੁੱਖੀ ਸਮਾਜ ਵਿੱਚ ਗੈਰ-ਇਨਸਾਨੀ ਕਦਰਾਂ-ਕੀਮਤਾਂ ਤੇਜ਼ੀ ਨਾਲ ਵਧ ਰਹੀਆਂ ਹਨ। ਸੈਂਕੜੇ ਸਾਲਾਂ ਵਿੱਚ ਵਿਕਸਤ ਕੀਤੀ ਮਾਨਵਤਾਵਾਦ ਦੀ ਪ੍ਰਵਿਰਤੀ ਅਲੋਪ ਹੋ ਕੇ ਖੁਦਗਰਜ਼ੀ ਤੇ 'ਸਭ ਕੁਝ ਮੇਰੇ ਕੰਟਰੋਲ ਵਿੱਚ ਆ ਜਾਵੇ' ਦੀ ਸਵਾਰਥੀ ਪ੍ਰਵਿਰਤੀ ਕੌੜੀ ਵੇਲ ਵਾਂਗ ਵਧ ਰਹੀ ਹੈ।ਮੌਜੂਦਾ ਪ੍ਰਮਾਣੂ ਭੰਡਾਰ ਦੀ ਸਮਰੱਥਾ ਏਨੀ ਹੈ ਕਿ ਉਹ ਸਾਡੀ ਧਰਤੀ ਦੇ ਸੱਤ ਵਾਰ ਪਰਖੱਚੇ ਉਡਾ ਸਕਦਾ ਹੈ। ਭਾਰਤ ਵਿੱਚ ਆਰਥਿਕ ਅਸਮਾਨਤਾ ਇਸ ਤੇਜ਼ੀ ਨਾਲ ਵਧ ਰਹੀ ਹੈ ਕਿ ਭਾਰਤ ਦੇ 58 ਅਮੀਰ ਵਿਅਕਤੀਆਂ ਕੋਲ ਭਾਰਤ ਦੀ ਹੇਠਲੀ ਅੱਧੀ ਵਸੋਂ ਨਾਲੋਂ ਵੱਧ ਸਰਮਾਇਆ ਇਕੱਠਾ ਹੋ ਗਿਆ ਹੈ। ਭਾਰਤ ਵਿੱਚ 21 ਕਰੋੜ 80 ਲੱਖ ਲੋਕਾਂ ਨੂੰ ਪੇਟ ਭਰ ਭੋਜਨ ਨਹੀਂ ਮਿਲਦਾ। ਦੁਨੀਆ ਦੇ ਕੁੱਲ ਭੁੱਖੇ ਰਹਿਣ ਵਾਲੇ ਲੋਕਾਂ ਵਿੱਚੋਂ 60 ਫੀਸਦੀ ਬੱਚੇ ਹਨ। ਦੁਨੀਆ ਵਿੱਚ ਰੋਜ਼ਾਨਾ 22000 ਬੱਚੇ ਗਰੀਬੀ ਦੇ ਕਾਰਨ ਮਰ ਜਾਂਦੇ ਹਨ। ਯੂ ਐਨ ਓ ਦੀ ਇੱਕ ਰਿਪੋਰਟ 13 ਅਕਤੂਬਰ 2017 ਨੂੰ ਪ੍ਰਕਾਸ਼ਤ ਹੋਈ ਹੈ, ਜਿਸ ਵਿੱਚ ਗਲੋਬਲ ਹੰਗਰ ਇੰਡੈਕਸ ਵਿੱਚ ਭਾਰਤ 119 ਦੇਸ਼ਾਂ ਵਿੱਚੋਂ 100ਵੇਂ ਨੰਬਰ 'ਤੇ ਹੈ। ਭਾਵ ਭਾਰਤ ਬੰਗਲਾਦੇਸ਼ ਅਤੇ ਨੇਪਾਲ ਵਰਗੇ ਦੇਸ਼ਾਂ ਤੋਂ ਵੀ ਪਿੱਛੇ ਹੈ। ਇਸ ਰਿਪੋਰਟ 'ਚ ਕਿਹਾ ਗਿਆ ਹੈ ਹੈ ਕਿ ਭਾਰਤ ਵਿੱਚ ਬੱਚਿਆਂ ਦੇ ਕੁਪੋਸ਼ਨ ਦੀ ਸਥਿਤੀ ਪਹਿਲਾਂ ਨਾਲੋਂ ਵੀ ਬਦਤਰ ਹੋਈ ਹੈ। ਇੱਕ ਨਵੀਂ ਖੋਜ ਵਿੱਚ ਅਸੰਤੁਲਤ ਭੋਜਨ ਕਾਰਨ ਪਿਛਲੇ ਚਾਰ ਦਹਾਕਿਆਂ ਵਿੱਚ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਿੱਚ ਮੋਟਾਪੇ ਦੇ ਪੱਧਰ ਵਿੱਚ 10 ਗੁਣਾ ਵਾਧਾ ਹੋਇਆ ਹੈ। ਬਹੁਤ ਹੀ ਸੁੰਦਰ ਧਰਤੀ 'ਤੇ ਅਜਿਹਾ ਕਿਉਂ ਹੋ ਰਿਹਾ ਹੈ ? ਮੂਲ ਕਾਰਨ ਧਰਤੀ 'ਤੇ ਹਰ ਸ੍ਰੋਤ, ਉਹ ਕੁਦਰਤੀ ਹੋਵੇ ਜਾਂ ਮਨੁੱਖੀ, ਨੂੰ ਪੈਸੇ ਵਿੱਚ ਤਬਦੀਲ ਕਰਕੇ ਆਪਣੇ ਕਬਜ਼ੇ ਵਿੱਚ ਕਰਨ ਦੀ ਪ੍ਰਵਿਰਤੀ/ਸਮਾਜ ਸ਼ਾਸਤਰ ਵਿੱਚ ਪਿਆ ਹੈ।

ਸਾਡਾ ਅੱਜ ਦਾ ਵਿਕਾਸ ਮਾਡਲ ਕੁਦਰਤੀ ਅਤੇ ਮਨੁੱਖੀ ਸੋਮਿਆਂ ਨੂੰ ਅਣਗੌਲਿਆ ਕਰਕੇ ਸਿਰਫ ਮੁਨਾਫੇ ਅਧਾਰਤ ਬਣਿਆ ਹੋਇਆ ਹੈ, ਜਿਸ ਕਰਕੇ ਕੁਦਰਤ ਅਤੇ ਮਾਨਵ ਦੋਨੋਂ ਹੀ ਵਿਨਾਸ਼ ਦੇ ਕੰਢੇ 'ਤੇ ਪਹੁੰਚ ਗਏ ਹਨ।ਜੇਕਰ ਆਪਾਂ ਇਸ ਕੁਦਰਤ ਅਤੇ ਮਾਨਵੀ ਸਾਧਨਾਂ ਨੂੰ ਇਹਨਾਂ ਮਾਰੂ ਖਤਰਿਆਂ ਤੋਂ ਬਚਾਉਣਾ ਹੈ ਤਾਂ ਆਓ, ਆਪਾਂ ਆਪਣੀ ਜ਼ਿੰਮੇਵਾਰੀ ਅਤੇ ਭੂਮਿਕਾ ਨੂੰ ਪਹਿਚਾਣੀਏ ਅਤੇ ਸਾਂਝੇ ਯਤਨ ਰਾਹੀਂ ਸਾਡੀ ਇਸ ਖੂਬਸੂਰਤ ਧਰਤੀ ਨੂੰ ਵਿਨਾਸ਼ ਹੋਣ ਤੋਂ ਬਚਾ ਲਈਏ।

**# ਸੰਪਰਕ : 98763-50981**

# ਗ਼ਦਰ ਪਾਰਟੀ ਪਹਿਲੇ ਕਾਂਡ ਦਾ ਅਣਗੌਲਿਆ ਤੇ ਗੁੰਮਨਾਮ ਪਿੰਡ ਮਿਸ਼ਰੀਵਾਲਾ

ਡਾਕਟਰ ਗੁਰਬਖ਼ਸ਼ ਸਿੰਘ ਟੋਕੀਓ, ਜਪਾਨ

ਬਿਲਾ-ਸ਼ੁਬਾਹ ਗ਼ਦਰ ਪਾਰਟੀ ਦੇ ਅਦੁੱਤੀ ਸੰਘਰਸ਼ ਨੂੰ ਭਾਰਤ ਦੀ ਦੂਜੀ ਜੰਗੇ-ਆਜ਼ਾਦੀ ਕਿਹਾ ਜਾ ਸਕਦਾ ਹੈ, ਕਿਉਂਕਿ ਨਾ ਸਿਰਫ ਭਾਰਤ ਸਗੋਂ ਵਿਦੇਸ਼ੀ ਸਿਰਮੌਰ ਸਕਾਲਰਾਂ, ਜਿਨ੍ਹਾਂ ਵਿੱਚ ਅਮਰੀਕੀ ਤੇ ਜਪਾਨੀ ਮੁੱਖ ਹਨ, ਨੇ ਇਸ ਵਿਸ਼ੇ 'ਤੇ ਅਨੇਕ ਰਿਸਰਚ ਪੇਪਰ ਲਿਖੇ ਤੇ ਕਿਤਾਬਾਂ ਪ੍ਰਕਾਸ਼ਤ ਕੀਤੀਆਂ ਹਨ, ਇਸ ਲਈ ਇੱਥੇ ਛੋਟੇ ਜਿਹੇ ਲੇਖ ਤੇ ਸੀਮਿਤ ਸਪੇਸ ਦੀ ਵਜ੍ਹਾ ਕਾਰਨ ਮੈਂ ਇਸ ਅਟੱਲ ਤੱਥ ਨੂੰ ਦੁਹਰਾਉਣ ਦੀ ਜ਼ਰੂਰਤ ਨਹੀਂ ਸਮਝਦਾ। ਇੱਕ ਮੁਖਤਸਰ ਜਿਹਾ ਫੁੱਟ-ਨੋਟ ਦਰਜ ਕਰਕੇ ਅੱਗੇ ਵਧਦਾ ਹਾਂ। ਉਹ ਇਹ ਕਿ ਗ਼ਦਰ ਪਾਰਟੀ ਦਾ ਘੋਲ ਨਿਰੋਲ ਅਵਾਮੀ ਤੇ ਲਾਗਰਜ਼ ਲਹਿਰ ਸੀ। ਗ਼ਦਰ ਪਾਰਟੀ 'ਤੇ ਉਪਲਬਧ ਸਾਹਿਤ ਉੱਤੇ ਮੇਰੀ ਲੰਮੀ ਵ ਗਹਿਰੀ ਖੋਜ 'ਤੇ ਆਧਾਰਤ ਹੈ।

ਦੂਜੀ ਗੱਲ ਜੋ ਮੈਂ ਕਰ ਰਿਹਾ ਹਾਂ, ਉਹਦੇ ਬਾਰੇ ਲਿਖਿਆ ਤੇ ਮੰਨਿਆ ਤਕਰੀਬਨ ਸਾਰੇ ਹੀ ਵੱਡਿਆਂ ਤੇ ਮਾਨਤਾ-ਪ੍ਰਾਪਤ ਖੋਜਾਰਥੀਆਂ ਨੇ ਹੈ, ਪਰ ਵਿਸਤਾਰ ਨਾਲ ਗੱਲ ਸਿਰਫ ਤਿੰਨ-ਚਾਰ ਨੇ ਹੀ ਕੀਤੀ ਹੈ। ਉਹ ਇਹ ਕਿ ਕੋਮਾਗਾਤਾ (ਕੋਮਾਗਾਟਾ) ਮਾਰੂ ਕਾਂਡ ਦਾ ਗ਼ਦਰ ਪਾਰਟੀ ਦੇ ਤੂਲ ਫੜਣ ਤੇ ਬਾਅਦ ਵਿੱਚ ਉਹਦੀਆਂ ਗਤੀਵਿਧੀਆਂ 'ਤੇ ਕੀ ਪ੍ਰਭਾਵ ਪਿਆ। ਮੈਂ ਇਸ ਵਿਸ਼ੇ 'ਤੇ ਯਥਾ-ਸੰਭਵ ਕਾਫੀ ਕੰਮ ਕੀਤਾ ਹੈ, ਜਿਸ ਵਿਚ ਜਪਾਨੀ ਸਾਹਿਤ ਨੂੰ ਵੀ ਸ਼ਾਮਿਲ ਕੀਤਾ ਹੈ। ਆਪਣੀ ਖੋਜ ਦੇ ਆਧਾਰ 'ਤੇ ਮੈਂ ਤਾਂ ਇਹ ਕਹਿਣ ਤੋਂ ਵੀ ਨਹੀਂ ਝਿਜਕਾਂਗਾ ਕਿ 'ਕੋਮਾਗਾਤਾ ਮਾਰੂ ਦੀ ਘਟਨਾ ਗ਼ਦਰੀ ਤੂਫ਼ਾਨ ਦਾ ਕੇਂਦਰ ਬਿੰਦੂ ਸੀ'।

ਹੁਣ ਤੀਜੀ ਤੇ ਇਸ ਛੋਟੇ ਜਿਹੇ ਲੇਖ ਦੇ ਵਿਸ਼ੇ ਨਾਲ ਸਿੱਧੇ ਤੌਰ 'ਤੇ ਸੰਬੰਧਤ ਅਹਿਮ ਗੱਲ 'ਤੇ ਆਉਂਦਾ ਹਾਂ ਮਿਸ਼ਰੀਵਾਲਾ ਪਿੰਡ ਦਾ ਗ਼ਦਰ ਪਾਰਟੀ ਨਾਲ ਸੰਬੰਧ।

ਇਤਿਹਾਸ ਉਹੀ ਹੁੰਦਾ ਹੈ, ਜੋ ਸਾਨੂੰ ਕਿਤਾਬਾਂ ਵਿੱਚ ਪੜ੍ਹਨ ਨੂੰ ਮਿਲਦਾ ਹੈ। ਕਦੀ-ਕਦੀ ਕਿਤਾਬਾਂ ਲਿਖਣ ਵਾਲੇ ਛੋਟੀ ਜਿਹੀ ਅਣਗਹਿਲੀ ਕਰ ਜਾਂਦੇ ਹਨ, ਜਿਸ ਦੇ ਨਤੀਜੇ ਆਉਣ ਵਾਲਿਆਂ ਪੀੜ੍ਹੀਆਂ ਤੱਕ ਨੂੰ ਪੀੜਿਤ ਕਰਦੇ ਹਨ, ਖ਼ਾਸ ਕਰਕੇ ਉਹਨਾਂ ਨੂੰ, ਜਿਨ੍ਹਾਂ ਦਾ ਉਸ ਘਟਨਾ ਵਿਸ਼ੇਸ਼ ਨਾਲ ਸਿੱਧਾ ਸੰਬੰਧ ਹੁੰਦਾ ਹੈ। ਲੇਖਕਾਂ ਦੀ ਇਕ ਪਲ ਦੀ ਘੌਲ ਬਹੁਤ ਵਾਰ ਅਰਧ-ਸੱਤ ਨੂੰ ਵੀ ਲੋਹੇ ਤੇ ਲਕੀਰ ਵਰਗਾ ਸੱਚ ਲੱਗਣ ਲੱਗ ਪੈਂਦੀ ਹੈ ਤੇ ਭ੍ਰਾਂਤੀਆਂ ਨੂੰ ਜਨਮ ਦਿੰਦੀ ਹੈ। ਮਿਸ਼ਰੀਵਾਲਾ ਵਿੱਚ ਹੋਏ ਗ਼ਦਰ ਪਾਰਟੀ ਦੇ ਸਭ ਤੋਂ ਵੱਡੇ, ਪਹਿਲੇ ਤੇ ਅਹਿਮ ਕਾਂਡ ਨਾਲ ਵੀ ਇਹੀ ਹੋਇਆ, ਜਿਸ ਨੂੰ ਬਾਅਦ ਵਿਚ ਫੇਰੂ ਸ਼ਹਿਰ ਕਾਂਡ ਦੇ ਨਾਲ ਜਾਣਿਆ ਗਿਆ ਤੇ ਹੁਣ ਤੱਕ ਉਹੀ ਚਲਨ ਹੈ।

ਮਿਸ਼ਰੀਵਾਲਾ ਦੇ ਅਸੀਂ ਛੋਟੇ-ਛੋਟੇ ਬੱਚੇ ਜਦੋਂ ਦੀ ਸੁਰਤ ਸੰਭਾਲੀ, ਮਿਸ਼ਰੀਵਾਲਾ ਦੇ ਵਸਨੀਕ ਤੇ ਪੰਜਾਬ ਦੇ ਮਸ਼ਹੂਰ ਕਮਿਊਨਿਸਟ ਨੇਤਾ, ਕਮਿਊਨਿਸਟ ਪਾਰਟੀ ਨੂੰ ਸਮਰਪਿਤ ਤੇ ਸਾਬਕਾ ਸਰਪੰਚ ਸਰਦਾਰ ਦਰਸ਼ਨ ਸਿੰਘ ਤੋਂ ਸੁਣਦੇ ਆ ਰਹੇ ਸੀ ਕਿ ਮਿਸ਼ਰੀਵਾਲਾ ਵਿੱਚ ਗ਼ਦਰੀ ਯੋਧਿਆਂ ਨੇ ਪੁਲਸ ਨਾਲ ਮੁਕਾਬਲਾ ਕੀਤਾ ਸੀ। ਪਿਛਲੀ ਪੀੜ੍ਹੀ ਵਿਚੋਂ ਸਭ ਤੋਂ ਅਧਿਕ ਪੜ੍ਹੇ-ਲਿਖੇ ਤੇ ਵਿਚਾਰਕ ਕਾਮਰੇਡ, ਗ਼ਦਰੀ ਬਾਬਿਆਂ (ਯੋਧਿਆਂ) ਦੀ ਯਾਦ ਵਿਚ ਮਿਸ਼ਰੀਵਾਲਾ ਵਿਖੇ ਇਕ ਸਮਾਰਕ ਵੀ ਬਣਵਾਉਣਾ ਚਾਹੁੰਦੇ ਸਨ, ਪਰ ਉਹ ਕੰਮ ਨੇਪਰੇ ਨਾ ਚਾੜ੍ਹ ਸਕੇ।

ਜਪਾਨ ਵਿਚ ਬੈਠੇ ਜਦੋਂ ਮੈਂ ਕੋਮਗਾਤਾ ਮਾਰੂ ਤੇ ਗ਼ਦਰ ਪਾਰਟੀ ਬਾਰੇ ਆਪਣੀ ਖੋਜ ਦਾ ਕੰਮ ਸ਼ੁਰੂ ਕੀਤਾ ਤਾਂ ਮੈਨੂੰ ਕਾਮਰੇਡ ਸਾਹਿਬ ਦੀ ਕਈ ਦਹਾਕੇ ਪੁਰਾਣੀ ਗੱਲ ਯਾਦ ਆਈ। ਛੇ ਸੱਤ ਸਾਲ ਪਹਿਲਾ ਜਦੋਂ ਮੈਂ ਆਪਣੇ ਪਿੰਡ ਮਿਸ਼ਰੀ ਵਾਲਾ ਆਇਆ ਤੇ ਹਮੇਸ਼ਾ ਦੀ ਤਰ੍ਹਾਂ ਕਾਮਰੇਡ ਸਾਹਿਬ ਨੂੰ ਮਿਲਿਆ। ਉਹਨਾ ਫਿਰ ਉਹੀ ਦੁਹਰਾਇਆ ਕਿ ਗ਼ਦਰੀ ਪਾਰਟੀ ਇਹ ਮਸ਼ਹੂਰ ਕਾਂਡ ਮਿਸ਼ਰੀ ਵਾਲਾ ਹੀ ਹੋਇਆ ਸੀ।ਸਗੋਂ ਉਹਨਾਂ ਮੈਨੂੰ ਹੋਰ ਵੀ ਜਾਣਕਾਰੀ ਦਿੱਤੀ। ਬੇਸ਼ੱਕ ਮੈਨੂੰ ਕਾਮਰੇਡ ਸਾਹਿਬ ਦੇ ਅਧਿਐਨ 'ਤੇ ਪੂਰਾ ਭਰੋਸਾ ਸੀ ਕਿ ਪਰ ਮੈਂ ਪ੍ਰਮਾਣ ਬਿਨਾਂ ਕਦੀ ਗੱਲ ਨਹੀਂ ਕਰਦਾ ਤੇ ਨਾ ਹੀ ਮੰਨਦਾ ਹਾਂ।

ਕਿਤਾਬਾਂ ਤਾਂ ਸਿਰਫ ਫੇਰੂ ਸ਼ਹਿਰ ਦੀ ਹੀ ਗੱਲ ਕਰਦੀਆਂ ਹਨ। ਕਹਿੰਦੇ ਹਨ ਕਿ 'ਜਿੱਥੇ ਚਾਹ ਉਥੇ ਰਾਹ।' ਮੈਂ ਪੰਜਾਬ ਦੇ ਸਾਰੇ ਪੁਰਾਣੇ ਅਖ਼ਬਾਰ, ਜੋ 1914 ਵਿੱਚ ਪ੍ਰਕਾਸ਼ਤ ਹੁੰਦੇ ਸਨ, ਬਾਰੇ ਪਤਾ ਕੀਤਾ। ਏਸੇ ਜਦੋ-ਜਹਿਦ ਦੇ ਦੌਰਾਨ ਇੱਕ ਹੱਥ-ਪੈਂਦੇ ਮਿੱਤਰ (ਅਫਸਰ) ਦੀ ਬਦੌਲਤ ਸਭ ਤੋਂ ਪਹਿਲਾਂ 'ਦ ਟ੍ਰਿਬਿਊਨ' ਨੇ ਮੇਰਾ ਹੱਥ ਫੜਿਆ, ਜੋ ਉਸ ਵੇਲੇ ਵੀ ਪ੍ਰਕਾਸ਼ਤ ਹੁੰਦਾ ਸੀ। ਮੇਰੀ ਬੇਨਤੀ 'ਤੇ ਅਖ਼ਬਾਰ ਨੇ ਮਿਸ਼ਰੀ ਵਾਲਾ ਵਿਚ 27 ਨਵੰਬਰ 1914 ਨੂੰ ਹੋਏ ਗ਼ਦਰੀ ਕਾਂਡ ਤੋਂ ਲੈ ਕੇ ਅਪ੍ਰੈਲ 1915 ਤੱਕ ਦੇ ਅਖ਼ਬਾਰ ਦੇ ਸਾਰੇ ਅੰਕਾਂ ਦੀ ਛਾਣਬੀਣ ਕਰਕੇ, ਕਾਂਡ ਬਾਰੇ ਵੱਖਰੇ-ਵੱਖਰੇ ਦਿਨਾਂ 'ਤੇ ਛਪੀਆਂ 10-12 ਖ਼ਬਰਾਂ ਦੇ ਕਈ ਪੰਨਿਆਂ ਦੀ ਫੋਟੋ ਕਾਪੀਆਂ ਭੇਜ ਦਿੱਤੀਆਂ। ਸਾਰੀਆਂ ਖ਼ਬਰਾਂ ਵਿੱਚ ਇਹੀ ਲਿਖਿਆ ਸੀ ਕਿ ਮਿਸ਼ਰੀ ਵਾਲਾ ਦੇ ਅੱਡੇ 'ਤੇ 15 ਵਿਚੋਂ ਦੋ 'ਬਜਬਜ ਘਾਟੀਆਂ' (ਉਸ ਵੇਲੇ ਗ਼ਦਰੀ ਯੋਧਿਆਂ ਨੂੰ ਬਜਬਜ ਘਾਟੀਏ ਕਹਿੰਦੇ ਸਨ) ਨੇ ਗੋਲ਼ੀਆਂ ਮਾਰ ਕੇ ਠਾਣੇਦਾਰ ਬਿਸ਼ਾਰਤ ਅਲੀ ਤੇ ਉਹਦੇ ਪਿੱਠੂ ਪਿੰਡ ਸੈਦਾਂ ਵਾਲੇ ਦੇ ਜ਼ੈਲਦਾਰ ਜਵਾਲਾ ਸਿੰਘ ਨੂੰ ਚਿੱਤ ਕੀਤਾ ਸੀ। ਸਾਰੀਆਂ ਖ਼ਬਰਾਂ ਵਿਚ ਸਿਰਫ ਤੇ ਸਿਰਫ ਮਿਸ਼ਰੀ ਵਾਲੇ ਦਾ ਹੀ ਨਾਂਅ ਸੀ। ਮਿਸ਼ਰੀ ਵਾਲਾ ਦੇ ਨੰਬਰਦਾਰ, ਜ਼ੈਲਦਾਰ, ਹਿੱਸੇਦਾਰ, ਚੌਕੀਦਾਰ, ਉਹਨਾਂ ਦੀਆਂ ਘੋੜੀਆਂ, ਟਾਂਗੇ, ਕਲਮਾਂ-ਦਵਾਤਾਂ, ਮੰਜੀਆਂ ਤੇ ਮੂੜ੍ਹੇ। ਉਹਨਾਂ ਸਾਰਿਆਂ ਦੇ ਨਾਂਅ ਦਰਜ ਸਨ, ਜਿਨ੍ਹਾਂ ਨੇ ਮਿਸ਼ਰੀ ਵਾਲਾ ਦੇ ਅੱਡੇ 'ਤੇ ਇਸ ਕਾਂਡ ਨੂੰ ਦੇਖਿਆ ਤੇ ਇਸ ਵਿਚ ਹਿੱਸਾ ਲਿਆ। ਹਾਂ, ਫੇਰੂ ਸ਼ਹਿਰ ਤੇ ਘੱਲ ਖੁਰਦ ਦਾ ਵੀ ਜ਼ਿਕਰ ਸੀ। ਮਿਸ਼ਰੀ ਵਾਲਾ, ਢੀਂਡਸਾ ਤੇ ਫੇਰੂ ਸ਼ਹਿਰ ਦੇ ਧਰੜੇ (ਉਹ ਪੱਥਰ ਜਿੱਥੇ ਤਿੰਨ ਪਿੰਡ ਦੀ ਜੂਹ ਮਿਲਦੀ ਹੈ, ਉਹਨੂੰ ਧਰੜਾ ਕਹਿੰਦੇ ਹਨ।) ਦੇ ਨੇੜੇ ਫੇਰੂ-ਸ਼ਹਿਰ ਵੱਲ ਉਸ ਵੇਲੇ ਪੁਲਸ ਦੀ ਇਕ ਚੌਕੀ ਹੁੰਦੀ ਸੀ, ਜਿਥੋਂ ਗ਼ਦਰੀਆਂ ਦੀ ਗੋਲੀਬਾਰੀ ਤੋਂ ਬਾਅਦ ਵਿਚ ਪੁਲਸ ਆਈ ਸੀ। ਘੱਲ ਖੁਰਦ ਤੋਂ ਵੀ ਪੁਲਸ ਆਈ ਸੀ ਤੇ ਬਾਅਦ ਵਿੱਚ ਮੁਕਾਬਲਾ ਤਿੰਨ ਪਿੰਡਾਂ ਵਿਚਾਲੇ ਵਿਸ਼ਾਲ ਝੱਲ (ਜੰਗਲ) ਵਿਚ ਹੋਇਆ ਸੀ।

ਸਭ ਤੋਂ ਅਹਿਮ ਤੱਥ ਇਹ ਹੈ, ਜੋ ਤੁਹਾਨੂੰ ਸਭ ਨੂੰ ਪਤਾ ਹੀ ਹੋਵੇਗਾ ਕਿ ਗ਼ਦਰ ਪਾਰਟੀ ਨਾਲ ਸੰਬੰਧਤ ਪੂਰੇ ਦੌਰ ਵਿੱਚ (ਅਕਤੂਬਰ 1914 ਤੋਂ ਦਿਸੰਬਰ 1916 ਤੱਕ) ਤਕਰੀਬਨ 90 ਗ਼ਦਰੀ ਯੋਧੇ ਸ਼ਹੀਦ ਹੋਏ, ਜਿਨ੍ਹਾਂ ਵਿੱਚੋ ਕੁਝ ਯੋਧੇ ਗੋਰਿਆਂ ਦੀਆਂ ਗੋਲੀਆਂ ਨਾਲ ਸ਼ਹੀਦ ਹੋਏ ਤੇ ਬਾਕੀਆਂ ਨੇ ਫਾਂਸੀਆਂ ਦੇ ਰੱਸੇ ਚੁੰਮੇ, ਪਰ ਸੱਜਣੋ ! ਤੁਹਾਨੂੰ ਸ਼ਾਇਦ ਇਹ ਨਾ ਪਤਾ ਹੋਵੇ ਕਿ ਇਹਨਾਂ 90 ਸ਼ਹੀਦਾਂ ਵਿਚੋਂ ਮਿਸ਼ਰੀ ਵਾਲਾ ਗ਼ਦਰੀ ਕਾਂਡ ਵਿੱਚ 14 ਗ਼ਦਰੀ ਯੋਧੇ ਸ਼ਹੀਦ ਹੋਏ। ਇਹ ਮੱਦ (ਸੰਖਿਆ) ਗ਼ਦਰ ਪਾਰਟੀ ਨਾਲ ਸੰਬੰਧਤ ਕਿਸੇ ਇੱਕ ਕਾਂਡ ਵਿੱਚ ਸਭ ਤੋਂ ਵੱਧ ਸੰਖਿਆ ਤਾਂ ਹੈ। ਗ਼ਦਰੀ ਸ਼ਹੀਦਾਂ ਦੀ ਕੁਲ ਸੰਖਿਆ ਦਾ ਪੰਜਵਾਂ ਹਿੱਸਾ। ਮਿਸ਼ਰੀ ਵਾਲਾ ਕਾਂਡ ਦੇ ਇਹਨਾਂ ਸ਼ਹੀਦਾਂ ਵਿਚੋਂ ਦੋ ਨੂੰ ਪੁਲਸ ਨੇ ਪਿੰਡ ਦੀ ਜੂਹ ਦੀ ਝੱਲ ਵਿੱਚ ਮਾਰ ਮੁਕਾਇਆ ਤੇ ਬਾਕੀਆਂ ਨੂੰ ਜ਼ਾਲਮ ਸਰਕਾਰ ਨੇ ਅਗਲੇ ਤਿੰਨ-ਚਾਰ ਝੂਠੇ-ਸੱਚੇ, ਕੱਚੇ-ਪੱਕੇ ਮੁਕੱਦਮਿਆਂ ਵਿੱਚ ਫਾਂਸੀ ਦੇ ਤਖਤੇ 'ਤੇ ਲਟਕਾਇਆ।

ਇਸ ਕਾਂਡ ਵਿੱਚ ਅਮਰੀਕੀ ਸ਼ਹਿਰ ਕੈਲੇਫੋਰਨੀਆਂ ਵਿੱਚ 1913 ਵਿੱਚ ਸਥਾਪਤ ਹੋਈ ਗ਼ਦਰ ਪਾਰਟੀ ਦੇ ਤੀਜੇ ਸਭ ਤੋਂ ਅਹਿਮ ਅਹੁਦੇਦਾਰ ਤੇ ਪੈਸਾ-ਧੇਲਾ ਲਾਉਣ ਵਾਲੇ ਪੰਡਤ ਕਾਂਸ਼ੀ ਰਾਮ ਮੜੌਲੀ ਤੇ ਗ਼ਦਰ ਪਾਰਟੀ ਦੀ ਵੀਰਾਂਗਣਾ (ਹੀਰੋਇਨ) ਗ਼ੁਲਾਬ ਕੌਰ ਦਾ ਮੂੰਹ ਬੋਲਾ ਭਰਾ ਵੀ ਸ਼ਹੀਦ ਹੋਏ। ਇੱਥੇ ਹੀ ਬੱਸ ਨਹੀਂ, ਇਸ ਕਾਂਡ ਵਿੱਚ ਗਾਂਧਾ ਸਿੰਘ ਵੀ ਸੀ, ਜਿਨ੍ਹਾਂ ਦੀ ਤਰੀਫ ਕਰਦਾ, ਸ਼ਹੀਦ ਭਗਤ ਸਿੰਘ ਵੀ ਨਹੀਂ ਥੱਕਦਾ। ਇਸ ਕਾਂਡ ਤੋਂ ਸਿਰਫ 18-20 ਘੰਟੇ ਪਹਿਲਾਂ ਗ਼ਦਰ ਪਾਰਟੀ ਦੇ ਸਿਰਮੌਰ ਕਰਤਾਰ ਸਿੰਘ ਸਰਾਭਾ ਨੇ ਮਿਸ਼ਰੀ ਵਾਲਾ ਵਿੱਚ ਸ਼ਹੀਦ ਹੋਏ ਇਸ ਜਥੇ ਨੂੰ ਫਿਰੋਜ਼ਪੁਰ ਤੋਂ ਜਲਾਲਾਬਾਦ ਵੱਲ ਜਾਂਦੀ ਸੜਕ 'ਤੇ ਅਲਵਿਦਾ ਕਿਹਾ ਸੀ।

ਮਿਸ਼ਰੀ ਵਾਲਾ ਵਿਚ ਹੋਇਆ ਇਹ ਕਾਂਡ ਜ਼ਾਲਮ ਗੋਰਾਸ਼ਾਹੀ ਦੇ ਜ਼ੁਲਮ ਦੀ ਹੱਦ ਦੀ ਵੀ ਇਕ ਜਿਉਂਦੀ-ਜਾਗਦੀ ਉਦਾਹਰਣ ਹੈ। ਮੈਂ ਇਸ ਕਾਂਡ ਤੋਂ ਬਾਅਦ, ਫਰਵਰੀ 1915 ਵਿਚ ਸੁਣਾਏ ਗਏ ਉਸ ਫੈਸਲਾ ਦੀ ਗੱਲ ਕਰ ਰਿਹਾ ਹਾਂ, ਜਿਸ ਵਿੱਚ ਛੇ ਗ਼ਦਰੀ ਯੋਧਿਆਂ ਨੂੰ, ਝੂਠੇ ਇਲਜ਼ਾਮ ਵਿੱਚ ਫਾਂਸੀ 'ਤੇ ਲਟਕਾਇਆ ਗਿਆ। ਹੋਇਆ ਇੰਜ ਕਿ ਗੋਰੀ ਅਦਾਲਤ ਨੇ ਇਹਨਾਂ ਛੇ ਯੋਧਿਆਂ ਨੂੰ ਥਾਣੇਦਾਰ ਬਿਸ਼ਾਰਤ ਅਲੀ ਦੇ ਗੋਲੀ ਚਲਾਉਣ ਤੇ ਛਵੀਆਂ ਨਾਲ ਹਮਲਾ ਕਰਨ ਦੇ ਅਪਰਾਧ ਵਿੱਚ ਫਾਂਸੀ ਦਿੱਤੀ, ਜਦ ਕਿ ਤੱਥ ਇਹ ਸੀ ਕਿ ਗੋਲੀ ਗਾਂਧਾ ਸਿੰਘ ਨੇ ਚਲਾਈ ਸੀ, ਜੋ ਉਸ ਵਾਲੇ ਕਾਬੂ ਨਹੀਂ ਸੀ ਆਇਆ। ਜੋ ਕਾਨੂੰਨ ਸਮਝਦੇ ਜਾਂ ਜਾਣਦੇ ਹਨ, ਉਹਨਾਂ ਨੂੰ ਪਤਾ ਹੈ ਕਿ ਕਾਨੂੰਨ ਦਾ ਵਿਧਾਨ ਇਹ ਹੈ ਕਿ ਜੇਕਰ ਇਕ ਬੇਕਸੂਰ ਨੂੰ ਬਚਾਉਣ ਲਈ ਇਕ ਸੌ ਨੂੰ ਵੀ ਬਰੀ ਕਰਨੇ ਪਵੇ ਤੇ ਜਾਇਜ਼ ਹੈ, ਬੇਕਸੂਰ ਨਹੀਂ ਫਸਣਾ ਚਾਹੀਦਾ। ਆਪਣੇ ਆਪ ਨੂੰ ਕਾਨੂੰਨ 'ਤੇ ਆਧਾਰਤ ਸਰਕਾਰ ਕਹਿਣ ਵਾਲੀ ਗੋਰੀ ਸਰਕਾਰ ਨੇ 6 ਬੇਕਸੂਰਵਾਰ ਜਵਾਨਾਂ ਦੀ ਜ਼ਿੰਦਗੀ ਖੋਹ ਕੇ 'ਮੁਆਫੀ ਤੱਕ' ਦਾ ਲਫ਼ਜ਼ ਉਹਦੇ ਮੂੰਹੋਂ ਨਾ ਨਿਕਲਿਆ। ਸੱਚ ਸਾਹਮਣੇ ਆਉਣ 'ਤੇ ਵੀ ਜ਼ਾਲਮ ਸਰਕਾਰ ਨੇ ਆਪਣੀ ਗ਼ਲਤੀ ਦਾ ਜ਼ਿਕਰ ਤੱਕ ਨਹੀਂ ਕੀਤਾ।

ਚਾਰ ਸਾਲ ਹੋਏ (ਨਵੰਬਰ 2022) ਮਿਸ਼ਰੀ ਵਾਲਾ ਦੇ ਵਸਨੀਕਾਂ ਨੇ ਗ਼ਦਰੀ ਸ਼ਹੀਦਾਂ ਦੀ ਯਾਦ ਵਿੱਚ, 'ਮਿਸ਼ਰੀ ਵਾਲਾ ਗ਼ਦਰੀ ਯੋਧੇ ਵੈੱਲਫੇਅਰ ਸੰਗਠਨ' ਦੀ ਸਥਾਪਨਾ ਕੀਤੀ। 27 ਨਵੰਬਰ ਨੂੰ ਹੋਈ ਇਸ ਘਟਨਾ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਉਹਨਾਂ ਪ੍ਰੋਗਰਾਮ ਕਰਵਾਏ। ਪਹਿਲੇ ਪ੍ਰੋਗਾਮ ਵਿੱਚ ਮਿਸ਼ਰੀ ਵਾਲਾ ਦੇ ਮਸ਼ਹੂਰ ਕਾਮਰੇਡ ਦਰਸ਼ਨ ਸਿੰਘ, ਮਾਸਟਰ ਗੁਰਨਾਮ ਸਿੰਘ, ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਚਿਰੰਜੀ ਲਾਲ ਕੰਗਣੀਵਾਲ, ਮੌਜੂਦਾ ਤੇ ਸਾਬਕਾ ਐੱਮ ਐੱਲ ਏ, ਲੇਖਕ ਤੇ ਹੋਰ ਉੱਚ ਸਰਕਾਰੀ ਅਧਿਕਾਰੀਆਂ ਨੇ ਸ਼ਿਰਕਤ ਕਰਕੇ ਪਿੰਡ ਵਾਸੀਆਂ ਦੀ ਪਹਿਲ ਨੂੰ ਸਲਾਹਿਆ ਤੇ ਨਿਰੰਤਰ ਯੋਗਦਾਨ ਦੇਣ ਦਾ ਭਰੋਸਾ ਦਿਵਾਇਆ। ਇਹ ਪ੍ਰੋਗਰਾਮ ਹਰ ਸਾਲ 27 ਨਵੰਬਰ ਨੂੰ ਆਯੋਜਿਤ ਕੀਤਾ ਜਾਂਦਾ ਹੈ।

# ਏ ਐੱਨ ਟੀ ਐੱਫ਼ ਫ਼ਿਰੋਜ਼ਪੁਰ ਰੇਂਜ ਵੱਲੋਂ 4 ਕਿਲੋ 100 ਗ੍ਰਾਮ ਹੈਰੋਇਨ ਸਮੇਤ 2 ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)** ਮੁੱਖ ਮੰਤਰੀ, ਪੰਜਾਬ ਅਤੇ ਡੀਜੀਪੀ ਪੰਜਾਬ ਵੱਲੋਂ ਚਲਾਈ ਗਈ ਨਸ਼ਿਆਂ ਵਿਰੁੱਧ ਜੰਗ (ਯੁੱਧ ਨਸ਼ਿਆਂ ਵਿਰੁੱਧ) ਮੁਹਿੰਮ ਅਤੇ ਸਪੈਸ਼ਲ ਡੀਜੀਪੀ ਅਤੇ ਏਡੀਜੀਪੀ, ਏਐਂਟੀਐੱਫ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਗੁਰਿੰਦਰਬੀਰ ਸਿੰਘ ਸਿੱਧੂ, ਏਆਈਜੀ, ਏਐਂਟੀਐੱਫ ਫਿਰੋਜ਼ਪੁਰ



ਰੇਂਜ ਅਤੇ ਪ੍ਰਿਥੀਪਾਲ ਸਿੰਘ, ਡੀਐੱਸਪੀ ਏਐਂਟੀਐੱਫ ਫਿਰੋਜ਼ਪੁਰ ਰੇਂਜ ਦੀ ਯੋਗ ਅਗਵਾਈ ਹੇਠ ਏਐੱਸਆਈ ਪਰਮਿੰਦਰ ਸਿੰਘ ਏਐਂਟੀਐੱਫ ਫਿਰੋਜ਼ਪੁਰ ਰੇਂਜ ਨੇ ਟੀਮ ਸਮੇਤ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ਤਹਿਤ 23 ਨਵੰਬਰ ਨੂੰ ਵੱਡੀ ਸਫਲਤਾ ਹਾਸਲ ਕੀਤੀ ਹੈ।ਪੁਲਸ ਨੇ 4 ਕਿੱਲੋ 100 ਗ੍ਰਾਮ ਹੈਰੋਇਨ ਬਰਾਮਦ ਕਰਦਿਆਂ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਪਾਸੋਂ 4 ਕਿੱਲੋ 100 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ, ਜਿਨ੍ਹਾਂ ਦੀ ਪਛਾਣ ਬੇਵਿਨ ਕੁਮਾਰ ਉਰਫ ਬੰਬੀ ਪੁੱਤਰ ਘੁੱਕਰ ਰਾਮ ਪੁੱਤਰ ਸ਼ਿੰਦਰ ਰਾਮ ਵਾਸੀ ਲਾਧੂਵਾਲਾ ਹਿਠਾੜ, ਥਾਣਾ ਸਦਰ ਜਲਾਲਾਬਾਦ ਜ਼ਿਲ੍ਹਾ ਫਾਜ਼ਿਲਕਾ, ਜੁਵਨਾਇਲ ਵਾਸੀ ਹਜ਼ਾਰਾ ਰਾਮ ਸਿੰਘ ਵਾਲਾ ਥਾਣਾ ਸਦਰ ਜਲਾਲਾਬਾਦ ਜ਼ਿਲ੍ਹਾ ਫਾਜ਼ਿਲਕਾ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਕੱਦਮਾ ਨੰਬਰ 99/24 ਅ/ਧ 21 ਐੱਨਡੀਪੀਐੱਸ ਐਕਟ ਥਾਣਾ ਇਸ ਦੇ ਖਿਲਾਫ ਪਹਿਲਾਂ ਸਦਰ ਜਲਾਲਾਬਾਦ, ਬਰਾਮਦਗੀ 527 ਗ੍ਰਾਮ ਹੈਰੋਇਨ।ਮੁਕੱਦਮਾ ਨੰਬਰ 121/25 ਅ/ਧ 307 ਭਾਦ ਥਾਣਾ ਸਦਰ ਜਲਾਲਾਬਾਦ, ਜਸ਼ਨਦੀਪ ਸਿੰਘ ਉਰਫ਼ ਜਸ਼ਨ ਦੀ ਗ੍ਰਿਫਤਾਰੀ ਅਜੇ ਬਾਕੀ ਹੈ। ਅਰਸ਼ਦੀਪ ਸਿੰਘ ਉਰਫ਼ ਅਰਸ਼ ਤਰਾਨ ਨਾਨਕ ਚੰਦ ਵਾਸੀਆਨ ਲੱਧੂਵਾਲਾ ਹਿਠਾੜ, ਥਾਣਾ ਸਦਰ ਜਲਾਲਾਬਾਦ ਦੀ ਗ੍ਰਿਫ਼ਤਾਰੀ ਅਜੇ ਬਾਕੀ ਹੈ।ਏਐਂਟੀਐੱਫ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਕਾਰਵਾਈ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਜਾ ਰਹੀ ਮੁਹਿੰਮ ਦਾ ਅਹਿਮ ਹਿੱਸਾ ਹੈ ਤੇ ਨਸ਼ਾ ਤਸਕਰਾਂ ਵਿਰੁੱਧ ਅਜਿਹੇ ਆਪਰੇਸ਼ਨ ਭਵਿੱਖ 'ਚ ਵੀ ਜਾਰੀ ਰਹਿਣਗੇ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਤੋਂ ਹੋਰ ਪੁੱਛਗਿੱਛ ਜਾਰੀ ਹੈ ਤਾਂ ਜੁ ਇਸ ਨਸ਼ਾ ਤਸਕਰੀ ਨੈੱਟਵਰਕ ਦੀਆਂ ਜੜ੍ਹਾਂ ਤੱਕ ਪਹੁੰਚ ਕੀਤੀ ਜਾ ਸਕੇ।

# ਭਾਰਤੀ ਕਮਿਊਨਿਸਟ ਪਾਰਟੀ ਬਲਾਕ ਅਰਨੀਵਾਲਾ ਦਾ ਡੈਲੀਗੇਟ ਅਜਲਾਸ ਸੰਪੰਨ




**ਜਲਾਲਾਬਾਦ (ਰਣਬੀਰ ਕੌਰ ਢਾਬਾਂ, ਬਲਵਿੰਦਰ ਸਿੰਘ)**- ਭਾਰਤੀ ਕਮਿਊਨਿਸਟ ਪਾਰਟੀ ਬਲਾਕ ਅਰਨੀਵਾਲਾ ਦਾ ਡੈਲੀਗੇਟ ਇਜਲਾਸ ਪਿੰਡ ਟਾਹਲੀ ਵਾਲਾ ਬੋਦਲਾ ਦੇ ਡੇਰਾ ਬਾਬਾ ਭੂੰਮਣ ਸ਼ਾਹ ਵਿਖੇ ਹੋਇਆ। ਇਸ ਚੋਣ ਡੈਲੀਗੇਟ ਇਜਲਾਸ ਵਿੱਚ ਬਤੌਰ ਆਬਜ਼ਰਵਰ ਕਾਮਰੇਡ ਹੰਸ ਰਾਜ ਗੋਲਡਨ ਜ਼ਿਲ੍ਹਾ ਸਕੱਤਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਾਥੀ ਗੋਲਡਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਨੇ ਹਮੇਸ਼ਾ ਦੱਬੇ ਕੁਚਲੇ ਲੋਕਾਂ ਦੀ ਬਾਂਹ ਫੜੀ ਹੈ। ਉਹਨਾਂ ਪਾਰਟੀ ਦੇ ਇਤਿਹਾਸ ਬਾਰੇ ਵੀ ਜਾਣਕਾਰੀ ਦਿੱਤੀ। ਕਾਮਰੇਡ ਸਰਬਜੀਤ ਬਨ ਵਾਲਾ ਵੱਲੋਂ ਪਿਛਲੇ ਤਿੰਨ ਸਾਲਾਂ ਦੀ ਰਿਪੋਰਟ ਪੇਸ਼ ਕੀਤੀ ਗਈ। ਇਸ ਰਿਪੋਰਟ ਨੂੰ ਬਹਿਸ ਕਰਨ ਉਪਰੰਤ ਸਰਬ ਸੰਮਤੀ ਨਾਲ ਡੈਲੀਗੇਟ ਹਾਊਸ ਵੱਲੋਂ ਪਾਸ ਕਰ ਲਿਆ ਗਿਆ। ਇਸ ਮੌਕੇ 15 ਮੈਂਬਰੀ ਕਮੇਟੀ ਸਰਬ ਸੰਮਤੀ ਨਾਲ ਬਣਾਈ ਗਈ ।ਜਿਸ ਵਿੱਚੋਂ 13 ਸੀਟਾਂ ਭਰੀਆਂ ਗਈਆਂ। ਕਾਮਰੇਡ ਸਰਬਜੀਤ ਬਨ ਵਾਲਾ ਬਲਾਕ ਸਕੱਤਰ, ਕਾਮਰੇਡ ਜੰਮੂ ਰਾਮ ਬਨ ਵਾਲਾ ਤੇ ਕਾਮਰੇਡ ਜਗਸੀਰ ਟਾਹਲੀ ਵਾਲਾ ਮੀਤ ਸਕੱਤਰ, ਕਾਮਰੇਡ ਭਗਵਾਨ ਦਾਸ ਘੱਟਿਆਂ ਵਾਲਾ ਖਜ਼ਾਨਚੀ, ਕਾਮਰੇਡ ਸਤਨਾਮ ਸਿੰਘ ਘੱਟਿਆਂ ਵਾਲਾ ਬੋਦਲਾ, ਰਾਮ ਸਿੰਘ ਘੱਟਿਆਂ ਵਾਲਾ ਬੋਦਲਾ, ਸਤਪਾਲ ਸਿੰਘ ਘੱਟਿਆਂ ਵਾਲਾ ਜੱਟਾਂ, ਕਾਮਰੇਡ ਸੁਮਿੱਤਰਾ ਰਾਣੀ ਬਨ ਵਾਲਾ, ਕਾਮਰੇਡ ਪਿਆਰ ਕੌਰ ਅਲਿਆਣਾ, ਕਾਮਰੇਡ ਜਸਵਿੰਦਰ ਸਿੰਘ ਚਾਹਲਾਂ, ਕਾਮਰੇਡ ਕਮਲ ਕਪੂਰ ਟਾਹਲੀ ਵਾਲਾ ਬੋਦਲਾ, ਗੁਰਚਰਨ ਸਿੰਘ ਟਾਹਲੀ ਵਾਲਾ ਬੋਦਲਾ, ਕਾਮਰੇਡ ਜਰਨੈਲ ਸਿੰਘ ਮੂਲਿਆਂਵਾਲਾ ਤੇ ਕਾਮਰੇਡ ਓਮ ਪ੍ਰਕਾਸ਼ ਬਨ ਵਾਲਾ ਸਰਬ ਸੰਮਤੀ ਨਾਲ ਮੈਂਬਰ ਚੁਣੇ ਗਏ ਅਤੇ ਜ਼ਿਲ੍ਹੇ ਵਾਸਤੇ ਡੈਲੀਗੇਟਾਂ ਦੀ ਚੋਣ ਕੀਤੀ ਗਈ।ਬਾਕੀ 2 ਸੀਟਾਂ ਆਉਣ ਵਾਲੇ ਸਮੇਂ ਵਿੱਚ ਵਿਚਾਰ ਕਰਕੇ ਭਰੀਆਂ ਜਾਣਗੀਆਂ।ਚੁਣੇ ਗਏ ਆਗੂਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਆਪਣੇ ਨਿੱਜੀ ਕੰਮਾਂ ਨੂੰ ਛੱਡ ਕੇ ਪਾਰਟੀ ਦੇ ਕੰਮਾਂ ਨੂੰ ਪਹਿਲ ਦੇਣਗੇ।

# ਐਜੂ ਫਿਊਚਰ ਐਕਸੀਲੈਂਸ ਕਨਕਲੇਵ-2025 'ਚ ਸ਼ਾਨਦਾਰ ਪ੍ਰਦਰਸ਼ਨ

**ਮੰਡੀ ਗੋਬਿੰਦਗੜ੍ਹ (ਪੱਤਰ ਪ੍ਰੇਰਕ)** ਦੇਸ਼ ਭਗਤ ਗਲੋਬਲ ਸਕੂਲ (ਡੀਬੀਜੀਐਸ) ਦੇ ਅਧਿਆਪਕਾਂ ਨੇ ਐਮਿਟੀ ਯੂਨੀਵਰਸਿਟੀ (ਏਯੂ) ਮੋਹਾਲੀ ਵਿਖੇ ਕਰਾਏ ਐਜੂਫਿਊਚਰ ਐਕਸੀਲੈਂਸ ਕਨਕਲੇਵ-2025 ਵਿੱਚ ਮਾਣ ਨਾਲ ਹਿੱਸਾ ਲਿਆ ਤੇ ਸੁਵਿਧਾ ਪ੍ਰਦਾਨ ਕੀਤੀ। ਇਸ ਵੱਕਾਰੀ ਸਮਾਗਮ ਨੇ ਸਿੱਖਿਆ ਤੇ ਪ੍ਰੇਰਨਾਦਾਇਕ ਲੀਡਰਸ਼ਿਪ ਵਿੱਚ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਲਈ ਭਾਰਤ ਭਰ ਦੇ 300 ਤੋਂ ਵੱਧ ਸਿੱਖਿਅਕਾਂ, ਪ੍ਰਿੰਸੀਪਲਾਂ ਤੇ ਅਕਾਦਮਿਕ ਆਗੂਆਂ ਨੂੰ ਇਕੱਠਾ ਕੀਤਾ। ਦੇਸ਼ ਭਗਤ ਗਲੋਬਲ ਸਕੂਲ ਦੇ 10 ਪ੍ਰਤਿਭਾਸ਼ਾਲੀ ਸਿੱਖਿਅਕਾਂ ਦੀ ਇੱਕ ਟੀਮ ਨੇ ਆਪਣੀ ਮੁਹਾਰਤ




ਦਾ ਪ੍ਰਦਰਸ਼ਨ ਕੀਤਾ ਤੇ ਕੌਮੀ ਪੱਧਰ ਦੇ ਅਕਾਦਮਿਕ ਆਗੂਆਂ ਨਾਲ ਕੀਮਤੀ ਸੂਝ ਤੇ ਨਵੀਨਤਾਕਾਰੀ ਅਭਿਆਸ ਸਾਂਝੇ ਕੀਤੇ।ਉਨ੍ਹਾਂ ਦੇ ਯੋਗਦਾਨ ਨੇ ਨਾ ਸਿਰਫ਼ ਕਨਕਲੇਵ ਨੂੰ ਸ਼ਾਨਦਾਰ ਬਣਾਇਆ, ਸਗੋਂ ਉਨ੍ਹਾਂ ਨੂੰ ਐਜੂਕੇਸ਼ਨਲ ਲੀਡਰਸ਼ਿਪ ਤੇ ਫਿਊਚਰ ਅਚੀਵਰਜ਼ ਅਵਾਰਡ ਵੀ ਪ੍ਰਾਪਤ ਕੀਤਾ।ਇਹ ਮਾਨਤਾ ਸਿੱਖਿਆ ਵਿੱਚ ਉੱਤਮਤਾ, ਨਵੀਨਤਾ ਤੇ ਲੀਡਰਸ਼ਿਪ ਪ੍ਰਤੀ ਡੀਬੀਜੀਐਸ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਸੇ ਮਾਣ ਵਿੱਚ ਵਾਧਾ ਕਰਦੇ ਹੋਏ ਦੇਸ਼ ਭਗਤ ਗਲੋਬਲ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਇੰਦੂ ਸ਼ਰਮਾ ਨੂੰ ਉਨ੍ਹਾਂ ਦੀ ਬੇਮਿਸਾਲ ਅਗਵਾਈ ਤੇ ਇੱਕ ਪ੍ਰਗਤੀਸ਼ੀਲ ਸਿੱਖਣ ਵਾਤਾਵਰਣ ਨੂੰ ਉਤਸ਼ਾਹਤ ਕਰਨ ਲਈ ਸਮਰਪਣ ਲਈ ਸਰਵੋਤਮ ਪ੍ਰਿੰਸੀਪਲ ਪੁਰਸਕਾਰ ਪ੍ਰਾਪਤ ਹੋਇਆ। ਦੇਸ਼ ਭਗਤ ਗਲੋਬਲ ਸਕੂਲ ਦੇ ਚੇਅਰਮੈਨ ਡਾ. ਜ਼ੋਰਾ ਸਿੰਘ ਤੇ ਜਨਰਲ ਸਕੱਤਰ ਡਾ. ਤਜਿੰਦਰ ਕੌਰ ਨੇ ਡੀ.ਬੀ.ਜੀ.ਐਸ. ਟੀਮ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਤੇ ਸਕੂਲ ਨੂੰ ਅਜਿਹੇ ਵੱਕਾਰੀ ਪਲੇਟਫਾਰਮ 'ਤੇ ਵਿਲੱਖਣਤਾ ਨਾਲ ਪੇਸ਼ ਕਰਨ ਲਈ ਵਧਾਈ ਦਿੱਤੀ।

# ਪੰਜਾਬ ਫ਼ਰਦ ਕੇਂਦਰ ਕੰਪਿਊਟਰ ਅਪ੍ਰੇਟਰ ਐਸੋਸੀਏਸ਼ਨ ਦੀ ਮੀਟਿੰਗ ਹੋਈ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪੰਜਾਬ ਫ਼ਰਦ ਕੇਂਦਰ ਕੰਪਿਊਟਰ ਅਪਰੇਟਰ ਐਸੋਸੀਏਸ਼ਨ (ਰਜਿ.) ਪੰਜਾਬ ਦੀ ਫ਼ਿਰੋਜ਼ਪੁਰ ਇਕਾਈ ਨੇ ਸਮੂਹ ਸਾਥੀਆਂ ਨਾਲ ਮੀਟਿੰਗ ਕੀਤੀ। ਜ਼ਿਲ੍ਹਾ ਪ੍ਰਧਾਨ



ਸੁਨੀਲ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਉਹ ਲੰਮੇ ਸਮੇਂ ਤੋਂ ਪ੍ਰਾਈਵੇਟ ਅਦਾਰੇ ਤੋਂ ਪਰਤਾੜਿਤ ਫ਼ਰਦ ਕੇਂਦਰ ਦੇ ਮੁਲਾਜ਼ਮਾਂ ਨੂੰ ਮਹਿਕਮੇ ਹੇਠ ਲਏ ਤੇ ਬਣਦੀਆਂ ਮੁੱਢਲੀਆਂ ਸਹੂਲਤਾਂ ਜਿਵੇਂ ਪੱਕਾ ਰੋਜ਼ਗਾਰ, ਸਿਹਤ ਸੇਵਾਵਾਂ ਤੇ ਰਿਟਾਇਰਮੈਂਟ ਉਪਰੰਤ ਇਕ ਮੁਸ਼ਤ ਰਾਸ਼ੀ ਆਦਿ ਦੇਣ ਦਾ ਉਪਰਾਲਾ ਕਰੇ। ਫ਼ਰਦ ਕੇਂਦਰ ਦੇ ਮੁਲਾਜ਼ਮ ਲੰਮੇ ਸਮੇਂ ਤੋਂ ਵਿਭਾਗ ਦੀ ਸੇਵਾ ਬਿਲਕੁਲ ਨਿਗੂਣੀਆਂ ਤਨਖ਼ਾਹਾਂ ਤੇ ਨਿਭਾ ਰਹੇ ਹਨ। ਇਸ ਲਈ ਐਸੋਸੀਏਸ਼ਨ ਸਰਕਾਰ ਤੋਂ ਮੰਗ ਕਰਦੀ ਹੈ ਕਿ ਜਲਦ ਤੋਂ ਜਲਦ ਇਸ ਸੰਬੰਧੀ ਮਾਲ ਵਿਭਾਗ ਤੋਂ ਸਾਰੇ ਅਪਰੇਟਰਾਂ ਦਾ ਬਿਊਰਾ ਮੰਗਵਾ ਕੇ ਇਕ ਪਾਲਿਸੀ ਤਿਆਰ ਕਰਕੇ ਤੇ ਮਹਿਕਮੇ ਵਿਚ ਸ਼ਾਮਲ ਕਰੇ ਨਹੀਂ ਤੇ ਮਜਬੂਰਨ ਫ਼ਰਦ ਕੇਂਦਰ ਪੰਜਾਬ ਕੰਪਿਊਟਰ ਐਸੋਸੀਏਸ਼ਨ ਨੂੰ ਸੰਘਰਸ਼ ਦਾ ਬਿਗਲ ਵਜਾਉਣਾ ਪਏਗਾ। ਉਨ੍ਹਾਂ ਆਖਿਆ ਕਿ 2 ਦਸੰਬਰ 2025 ਕਾਲੇ ਬਿੱਲੇ ਲਾ ਕੇ ਰੋਸ ਪ੍ਰਦਰਸ਼ਨ 3 ਦਸੰਬਰ ਸਵੇਰੇ 9 ਵਜੇ ਤੋਂ 12 ਵਜੇ ਤੱਕ ਜ਼ਿਲ੍ਹਾ ਮੁੱਖ ਦਫਤਰ ਫਿਰੋਜ਼ਪੁਰ ਵਿਖੇ ਕਰਨਗੇ। 4 ਦਸੰਬਰ ਨੂੰ ਅੱਧੇ ਦਿਨ ਦੀ ਕਲਮਛੋੜ ਹੜਤਾਲ ਕੀਤੀ ਜਾਵੇਗੀ। ਇਸ ਦੌਰਾਨ ਸਬੰਧਤ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਵੀ ਦਿੱਤੇ ਜਾਣਗੇ।

# ਦਸਮੇਸ਼ ਮਿਸ਼ਨ ਸਕੂਲ ਹਰੀਨੌਂ ਵਿਖੇ ਸੰਵਿਧਾਨ ਦਿਵਸ ਮਨਾਇਆ

**ਕੋਟਕਪੂਰਾ (ਰਛਪਾਲ ਭੁੱਲਰ)**- ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀਨੌਂ ਵਿਖੇ ਐਨ ਐਸ ਐਸ ਯੂਨਿਟ ਵੱਲੋਂ ਸੰਵਿਧਾਨ ਦਿਵਸ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਐਨ ਐਸ



ਐਸ ਯੂਨਿਟ ਦੀ ਪ੍ਰੋਗਰਾਮ ਅਫਸਰ ਸ਼੍ਰੀਮਤੀ ਸ਼ਮਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਸੰਵਿਧਾਨ ਦਿਵਸ ਜਾਂ ਰਾਸ਼ਟਰੀ ਕਾਨੂੰਨ ਦਿਵਸ ਭਾਰਤ ਵਿੱਚ ਹਰ ਸਾਲ 26 ਨਵੰਬਰ ਨੂੰ ਭਾਰਤ ਦੇ ਸੰਵਿਧਾਨ ਨੂੰ ਅਪਣਾਉਣ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। 26 ਨਵੰਬਰ 1949 ਨੂੰ ਭਾਰਤ ਦੀ ਸੰਵਿਧਾਨ ਸਭਾ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਇਆ ਅਤੇ ਇਸ ਨੂੰ 26 ਜਨਵਰੀ 1950 ਨੂੰ ਲਾਗੂ ਕੀਤਾ। ਭਾਰਤ ਸਰਕਾਰ ਨੇ ਇੱਕ ਗਜ਼ਟ ਨੋਟੀਫਿਕੇਸ਼ਨ ਦੁਆਰਾ 19 ਨਵੰਬਰ 2015 ਨੂੰ 26 ਨਵੰਬਰ ਨੂੰ ਸੰਵਿਧਾਨ ਦਿਵਸ ਵਜੋਂ ਘੋਸ਼ਿਤ ਕੀਤਾ। ਇਸ ਉਪਰੰਤ ਬਾਰਵੀਂ ਕਲਾਸ ਦੀ ਵਿਦਿਆਰਥਣ ਰਮਨਪ੍ਰੀਤ ਕੌਰ ਨੇ ਸੰਵਿਧਾਨ ਸਬੰਧੀ ਕਵਿਤਾ ਪੇਸ਼ ਕੀਤੀ।ਵਿਦਿਆਰਥਣ ਕਸ਼ਿਸ਼ ਦੁਆਰਾ ਸਾਰੇ ਬੱਚਿਆਂ ਨੂੰ ਸੰਵਿਧਾਨ ਦੀ ਪਾਲਣਾ ਕਰਨ ਸਬੰਧੀ ਸਹੁੰ ਚੁਕਵਾਈ ਗਈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ. ਬਲਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਡਾ. ਬੀ.ਆਰ.ਅੰਬੇਡਕਰ ਨੇ ਸੰਵਿਧਾਨ ਸਭਾ ਦੀ ਡਰਾਫਟ ਕਮੇਟੀ ਦੀ ਪ੍ਰਧਾਨਗੀ ਕੀਤੀ ਸੀ ਅਤੇ ਸੰਵਿਧਾਨ ਦੇ ਖਰੜੇ ਨੂੰ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਸੀ। ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ, ਪ੍ਰਿੰਸੀਪਲ ਸ਼੍ਰੀਮਤੀ ਸੋਮਾ ਦੇਵੀ ਅਤੇ ਹੋਰ ਅਧਿਆਪਕ ਹਾਜ਼ਰ ਸਨ।

# ਹਿੰਦੂਤਵ ਹੁਕਮਰਾਨ ਭੁਲੇਖੇ 'ਚ ਨਾ ਰਹਿਣ : ਮਾਨ

**ਪਟਿਆਲਾ (ਰਾਜਿੰਦਰ ਥਿੰਦ)** ਮੌਜੂਦਾ ਹਿੰਦੂਤਵ ਹੁਕਮਰਾਨ ਅਪ੍ਰੇਸ਼ਨ ਸਿੰਧੂਰ ਕਰਕੇ ਆਪਣੇ ਆਪ ਨੂੰ ਵੱਡੀ ਫ਼ੌਜੀ ਤਾਕਤ ਵਜੋਂ ਵੇਖਦੇ ਹਨ, ਇਹੀ ਕਾਰਨ ਹੈ ਕਿ ਇੰਡੀਆ ਦੇ ਫੌਜੀ ਜਰਨੈਲ ਤੇ ਹੁਕਮਰਾਨ ਪਾਕਿਸਤਾਨ 'ਤੇ ਵਾਰ-ਵਾਰ ਵੱਡਾ ਐਕਸ਼ਨ ਕਰਨ ਦੀਆਂ ਧਮਕੀਆ ਦਿੰਦੇ ਨਜ਼ਰ ਆ ਰਹੇ ਹਨ, ਜਦੋਂਕਿ ਪਾਕਿਸਤਾਨ ਹੁਣ ਪਹਿਲੇ ਵਾਲੀ ਫ਼ੌਜੀ ਸ਼ਕਤੀ 'ਚ ਨਹੀਂ, ਸਗੋਂ ਉਹ ਮਹਾਂਸ਼ਕਤੀਆਂ ਅਮਰੀਕਾ, ਸਾਊਦੀ ਅਰਬ, ਤੁਰਕੀ, ਜੌਰਡਨ ਤੇ ਚੀਨ ਨਾਲ ਬਹੁਤ ਹੀ ਦੋਸਤਾਨਾ ਰਿਸ਼ਤੇ ਬਣਾ ਚੁੱਕਾ ਹੈ ਤੇ ਇਹ ਮੁਲਕ ਵੱਡੀ ਤਾਕਤ ਵੱਜੋਂ ਪਾਕਿਸਤਾਨ ਨਾਲ ਖੜੇ ਹਨ।ਇਸ ਲਈ ਹੁਕਮਰਾਨਾਂ ਨੂੰ ਅਜਿਹੀਆਂ ਗਿੱਦੜ ਧਮਕੀਆਂ ਦੇਣ ਦੀ ਬਜਾਏ ਏਥੋਂ ਦੇ ਦਿਨ-ਬ-ਦਿਨ ਵਿਗੜਦੇ ਜਾ ਰਹੇ ਮਾਲੀ, ਸਮਾਜਿਕ, ਧਾਰਮਿਕ ਤੇ ਭੂਗੋਲਿਕ ਹਾਲਾਤਾਂ ਨੂੰ ਸਹੀ ਰੱਖਣ ਲਈ ਤਾਲੀਮ, ਸਿਹਤ, ਰੁਜ਼ਗਾਰ, ਭੁੱਖਮਰੀ, ਗਰੀਬੀ ਵਰਗੇ ਗੰਭੀਰ ਮਸਲਿਆਂ ਨੂੰ ਹੱਲ ਕਰਨ ਲਈ ਇੱਥੇ ਵੱਡੇ-ਵੱਡੇ ਹਸਪਤਾਲ, ਸਕੂਲ, ਕਾਲਜ, ਕਲੀਨਿਕਾਂ, ਡਿਸਪੈਂਸਰੀਆਂ ਤੇ ਉਦਯੋਗਾਂ ਨੂੰ ਪ੍ਰਫੁੱਲਤ ਕਰਨ ਲਈ ਇੰਫਰਾਸਟਰੱਕਚਰ ਤੇ ਬੇਰੁਜ਼ਗਾਰੀ ਨੂੰ ਦੂਰ ਕਰਨ ਲਈ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਵੱਲ ਧਿਆਨ ਦੇਣਾ ਚਾਹੀਦਾ ਹੈ ਤੇ ਇੱਥੋਂ ਦੇ ਨਿਵਾਸੀਆਂ ਨੂੰ ਬੇਹਤਰ ਜ਼ਿੰਦਗੀ 'ਚ ਰਹਿਣ ਲਈ ਆਉਣ ਵਾਲੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਸੀਮਤ ਸਮੇਂ ਵਿਚ ਹੱਲ ਕਰਨਾ ਬਣਦਾ ਹੈ। ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਹਿੰਦੂਤਵ ਹੁਕਮਰਾਨਾਂ ਵੱਲੋਂ ਗੁਆਂਢੀ ਮੁਲਕ ਪਾਕਿਸਤਾਨ ਨੂੰ ਡਰਾਉਣ, ਧਮਕਾਉਣ ਸੰਬੰਧੀ ਵਾਰ-ਵਾਰ ਕੀਤੀਆਂ ਜਾ ਰਹੀਆਂ ਦਿਸ਼ਾਹੀਣ ਨਿਰਾਰਥਕ ਬਿਆਨਬਾਜ਼ੀਆਂ ਉਤੇ ਤਿੱਖਾ ਪ੍ਰਤੀਕਰਮ ਜ਼ਾਹਰ ਕਰਦੇ ਹੋਏ ਤੇ ਮੁਲਕ ਨਿਵਾਸੀਆਂ ਨੂੰ ਵਿੱਦਿਆ, ਸਿਹਤ, ਰੁਜ਼ਗਾਰ ਆਦਿ ਮਸਲਿਆਂ ਨੂੰ ਹੱਲ ਕਰਨ ਲਈ ਵੱਡੇ ਉਦਮ ਕਰਨ ਦੀ ਸਲਾਹ ਦਿੰਦੇ ਹੋਏ ਪ੍ਰਗਟ ਕੀਤੇ।

# ਸਾਹਿਤ ਸਭਾ ਜਲਾਲਾਬਾਦ ਵੱਲੋਂ ਰੂਬਰੂ ਤੇ ਸਨਮਾਨ ਸਮਾਗਮ



**ਜਲਾਲਾਬਾਦ (ਬਲਵਿੰਦਰ ਸਿੰਘ)**- ਸਾਹਿਤ ਸਭਾ ਰਜਿ: ਜਲਾਲਾਬਾਦ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜਲਾਲਾਬਾਦ ਵਿਖੇ ਰੂਬਰੂ ਅਤੇ ਸਨਮਾਨ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਪ੍ਰਸਿੱਧ ਕਵਿਤਰੀ ਡਾਕਟਰ ਸਿਮਰਨ ਅਕਸ ਦਾ ਵਿਸ਼ੇਸ਼ ਤੌਰ 'ਤੇ ਰੂਬਰੂ ਅਤੇ ਸਨਮਾਨ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਸਾਹਿਤ ਸਭਾ ਦੇ ਪ੍ਰਧਾਨ ਐਡਵੋਕੇਟ ਸੰਦੀਪ ਝਾਂਬ ਨੇ ਦੱਸਿਆ ਕਿ ਸਾਹਿਤ ਸਭਾ ਜਲਾਲਾਬਾਦ ਪਿਛਲੇ ਲੰਬੇ ਸਮੇਂ ਤੋਂ ਉਚਕੋਟੀ ਦੇ ਸਾਹਿਤਕਾਰਾਂ ਨੂੰ ਬੁਲਾ ਕੇ ਉਹਨਾਂ ਨਾਲ ਰੂਬਰੂ ਅਤੇ ਸਨਮਾਨ ਸਮਾਗਮ ਕਰਵਾਉਂਦੀ ਆ ਰਹੀ ਹੈ। ਉਸੇ ਲੜੀ ਤਹਿਤ ਅੱਜ ਡਾਕਟਰ ਸਿਮਰਨ ਅਕਸ ਨੂੰ ਵੀ ਬੁਲਾਇਆ ਗਿਆ ਜਿਨ੍ਹਾਂ ਆਪਣੀਆਂ ਰਚਨਾਵਾਂ ਰਾਹੀਂ ਵੱਖ-ਵੱਖ ਮੁੱਦਿਆਂ ਨੂੰ ਉਭਾਰਿਆ। ਸਟੇਜ ਦੀ ਭੂਮਿਕਾ ਹਰਸ਼ਦੀਪ ਕੌਰ ਬੋਪਾਰਾਏ ਵੱਲੋਂ ਨਿਭਾਈ ਗਈ। ਇਸ ਸਮਾਰੋਹ ਵਿੱਚ ਜ਼ਿਲ੍ਹਾ ਫਾਜ਼ਿਲਕਾ ਤੋਂ ਖੋਜ ਅਫਸਰ ਪਰਮਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਸਾਹਿਤ ਸਭਾ ਦੇ ਸਰਪ੍ਰਸਤ ਸੰਤੋਖ ਸਿੰਘ ਬਰਾੜ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ। ਪੂਰਨ ਚੰਦ ਮੁਜੇਦੀਆ ਅਤੇ ਸੁਖਪ੍ਰੀਤ ਸਿੰਘ ਪ੍ਰਗਾਣਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਦੀਪਕ ਨਾਰੰਗ, ਤਿਲਕ ਰਾਜ ਕਾਹਲ, ਪ੍ਰਵੇਸ਼ ਖੰਨਾ, ਗੋਪਾਲ ਬਜਾਜ, ਪ੍ਰੀਤੀ ਬਬੂਟਾ, ਰਜਿੰਦਰ ਸਿੱਧੂ, ਜਸਕਰਨਜੀਤ ਸਿੰਘ, ਜਸਵੰਤ ਸਿੰਘ, ਅਮਰੀਕ ਸਿੰਘ ਬੋਪਾਰਾਏ, ਆਦਿ ਸਮਾਰੋਹ ਵਿੱਚ ਹਾਜ਼ਰ ਸਨ।

# ਆਤਮਾ ਰਾਮ ਸਕੂਲ ਦੀ ਵਿਦਿਆਰਥਣ ਦੀ ਨੈਸ਼ਨਲ ਬੇਸਬਾਲ ਟੀਮ ਲਈ ਚੋਣ

**ਬਰੇਟਾ (ਰੀਤਵਾਲ)**- 7 ਨਵੰਬਰ ਤੋਂ 9 ਨਵੰਬਰ ਤੱਕ ਫਿਰੋਜ਼ਪੁਰ ਵਿਖੇ ਸਟੇਟ ਪੱਧਰੀ ਬੇਸਬਾਲ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ । ਜਿਸ ਵਿੱਚ ਪੰਜਾਬ ਦੇ ਵੱਖ ਵੱਖ ਸੂਬਿਆਂ ਦੇ ਸਕੂਲਾਂ ਨੇ ਹਿੱਸਾ ਲਿਆ । ਇਸ ਟੂਰਨਾਮੈਂਟ ਵਿੱਚ ਅਮਨਪ੍ਰੀਤ ਕੌਰ (ਬਹਾਦਰਪੁਰ) ਵਰਗ 14 ਨੇ ਆਪਣਾ ਉੱਚ ਕੋਟੀ ਦਾ ਪ੍ਰਦਰਸ਼ਨ ਦਿਖਾਇਆ । ਜਿਸ ਦੇ ਅਧਾਰ 'ਤੇ ਚੋਣ ਕਮੇਟੀ ਵਲੋਂ ਅਮਨਪ੍ਰੀਤ ਕੌਰ



ਦਾ ਨਾਂ ਰਾਸ਼ਟਰ ਪੱਧਰ ਬੇਸਬਾਲ ਖੇਡਾਂ ਲਈ ਚੁਣਿਆ ਗਿਆ । ਇਸ ਖਾਸ ਮੌਕੇ ਸਕੂਲ ਦੇ ਚੇਅਰਮੈਨ ਸ਼ੈਰਿਕ ਗਰਗ, ਐਮ.ਡੀ. ਮੋਨੀਕਾ ਗਰਗ ਅਤੇ ਪ੍ਰਿੰਸੀਪਲ ਵਿਜੈ ਕੁਮਾਰ ਨੇ ਅਮਨਪ੍ਰੀਤ ਕੌਰ ਅਤੇ ਉਸ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਅਮਨਪ੍ਰੀਤ ਕੌਰ ਨੂੰ ਸਨਮਾਨਤ ਕੀਤਾ । ਗੱਲਬਾਤ ਕਰਦਿਆਂ ਪ੍ਰਿੰਸੀਪਲ ਵਿਜੈ ਕੁਮਾਰ ਨੇ ਦੱਸਿਆ ਕਿ ਰਾਸ਼ਟਰੀ ਪੱਧਰ 'ਤੇ ਸਲੈਕਟ ਹੋ ਕੇ ਸਕੂਲ ਦਾ ਹੀ ਨਹੀਂ ਬਲਕਿ ਆਪਣੇ ਪਿੰਡ ਬਹਾਦਰਪੁਰ ਦਾ ਵੀ ਨਾਂ ਰੌਸ਼ਨ ਕੀਤਾ ਹੈ। ਇਹ ਸਭ ਕੋਚ ਬਲਵਿੰਦਰ ਕੌਰ ਅਤੇ ਅਮਨਪ੍ਰੀਤ ਕੌਰ ਦੀ ਮਿਹਨਤ ਦਾ ਨਤੀਜਾ ਹੈ । ਸਕੂਲ ਆਉਣ ਵਾਲੇ ਸਮੇਂ ਵਿਚ ਵੀ ਇਹੋ ਜਿਹੇ ਵਿਦਿਆਰਥੀਆਂ ਨੂੰ ਅੱਗੇ ਲੈ ਕੇ ਆਉਂਦਾ ਰਹੇਗਾ ।

# ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵੱਲੋਂ ਸੱਤ ਦਿਨਾ ਅਧਿਆਪਕ ਵਿਕਾਸ ਪ੍ਰੋਗਰਾਮ ਸਫ਼ਲਤਾਪੂਰਵਕ ਸਮਾਪਤ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਯੂਨੀਵਰਸਿਟੀ ਸਕੂਲ ਆਫ਼ ਲਾਅ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਸਮਾਜਿਕ ਅਪਰਾਧਾਂ ਦੇ ਮਨੋਵਿਗਿਆਨਕ ਅਤੇ ਕਾਨੂੰਨੀ ਪਹਿਲੂਆਂ ਦੀ ਜਟਿਲਤਾ ਵਿਸ਼ੇ 'ਤੇ 10 ਤੋਂ 17 ਨਵੰਬਰ ਤੱਕ ਸੱਤ ਦਿਨਾਂ ਦਾ ਅਧਿਆਪਕ ਵਿਕਾਸ ਕਾਰਜਕ੍ਰਮ ਸਫਲਤਾਪੂਰਵਕ ਆਯੋਜਤ ਕੀਤਾ ਗਿਆ।ਉਦਘਾਟਨੀ ਅਤੇ ਸਮਾਪਨ ਸਮਾਗਮ ਵਿੱਚ ਉਪਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਹਾਜ਼ਰੀ ਭਰ ਕੇ ਵਿਭਾਗ ਵੱਲੋਂ ਕੀਤੇ ਉਪਰਾਲੇ ਦੀ ਸਰਾਹਨਾ ਕੀਤੀ। ਪ੍ਰੋ. (ਡਾ.) ਅਮਿਤਾ ਕੌਸ਼ਲ, ਮੁਖੀ ਅਤੇ ਡੀਨ, ਯੂਨੀਵਰਸਿਟੀ ਸਕੂਲ ਆਫ਼ ਲਾਅ ਨੇ ਸਮਾਜਿਕ ਅਪਰਾਧਾਂ ਦੀ ਸਮਝ ਅਤੇ ਨਿਪਟਾਅ ਲਈ ਅੰਤਰ ਵਿਸ਼ਯਕ ਚਰਚਾ ਦੀ ਲੋੜ 'ਤੇ ਚਾਨਣ ਪਾਇਆ, ਜਦਕਿ ਡਾ. ਨਵਨੀਤ ਕੌਰ, ਸਹਾਇਕ ਪ੍ਰੋਫੈਸਰ ਤੇ ਕਾਰਜਕ੍ਰਮ ਦੀ ਕਨਵੀਨਰ ਨੇ ਸਾਰੇ ਸ਼ਰਕਤੀਆਂ ਦਾ ਸਵਾਗਤ ਕਰਦਿਆਂ ਕਾਰਜਕ੍ਰਮ ਦੇ ਮੰਤਵ ਬਾਰੇ ਵਿਸਤਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਕਾਰਜਕ੍ਰਮ ਦੇ ਵਿਸ਼ੇਸ਼ ਸਾਧਨ-ਵਕਤਾਵਾਂ ਵਿੱਚ ਡਾ. ਮਮਤਾ ਸ਼ਰਮਾ, ਡੀਨ ਸਟੂਡੈਂਟ ਵੈਲਫ਼ੇਅਰ, ਪੰਜਾਬੀ ਯੂਨੀਵਰਸਿਟੀ, ਨੇ ਅਪਰਾਧਿਕ ਮਨੋਵਿਗਿਆਨ ਵਿੱਚ ਮਾਨਸਿਕ ਸਿਹਤ ਦੀ ਭੂਮਿਕਾ ਬਾਰੇ ਚਰਚਾ ਕਰਦਿਆਂ ਮਨੋਵਿਗਿਆਨਕ ਪ੍ਰਭਾਵਾਂ, ਸੰਜਾਣਾਤਮਕ ਤੱਤਾਂ ਅਤੇ ਅਪਰਾਧ ਨਿਆਂ ਪ੍ਰਣਾਲੀ ਵਿੱਚ ਮਨੋ-ਮੁਲਾਂਕਣ



ਦੀ ਲੋੜ ਉਜਾਗਰ ਕੀਤੀ। ਡਾ. ਮੋਨਿਕਾ ਆਹੂਜਾ, ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ, ਨੇ ਨਵੇਂ ਫੌਜਦਾਰੀ ਕਾਨੂੰਨਾਂ ਤੇ ਔਰਤ-ਕੇਂਦਰਿਤ ਅਪਰਾਧਾਂ ਦੇ ਵਧਦੇ ਫੈਲਾਅ ਬਾਰੇ ਚਾਨਣ ਪਾਈ ਅਤੇ ਲਿੰਗ-ਸੰਵੇਦਨਸ਼ੀਲ ਦ੍ਰਿਸ਼ਟੀਕੋਣ ਦੀ ਲੋੜ 'ਤੇ ਜ਼ੋਰ ਦਿੱਤਾ।ਡਾ. ਸੁਪ੍ਰੀਤ ਬਿੰਦਰਾ, ਮੁਖੀ, ਵਿਭਾਗ ਫ਼ਿਜ਼ਿਓਥੈਰੇਪੀ, ਨੇ ਅਪਰਾਧਿਕ ਸਿਹਤ ਸੇਵਾਵਾਂ ਵਿੱਚ ਡਾਕਟਰੀ ਗੋਪਨੀਯਤਾ, ਨੈਤਿਕ ਮੁੱਦਿਆਂ ਅਤੇ ਕਾਨੂੰਨੀ ਜ਼ਿੰਮੇਵਾਰੀਆਂ ਬਾਰੇ ਚਰਚਾ ਕੀਤੀ। ਡਾ. ਹਰਨੀਤ ਬਿਲਿੰਗ, ਮੁਖੀ, ਸਿੱਖਿਆ ਵਿਭਾਗ, ਨੇ ਸਮਾਜਿਕ ਮੀਡੀਆ ਅਪਰਾਧਾਂ ਦੀ ਰੋਕਥਾਮ ਵਿੱਚ ਕ੍ਰਿਤ੍ਰਿਮ ਬੁੱਧੀ, ਡਿਜ਼ਿਟਲ ਜਾਂਚ ਤੇ ਆਨਲਾਈਨ ਨਿਯਮਨ ਸਬੰਧੀ ਮੁੱਦਿਆਂ ਨੂੰ ਸੰਪੂਰਨ ਰੂਪ ਵਿੱਚ ਵਿਵਰਤ ਕੀਤਾ।ਡਾ. ਅੰਕਦੀਪ ਕੌਰ ਅੱਟਵਾਲ, ਡਾਇਰੈਕਟਰ ਆਈਕਿਊਏਸੀ ਅਤੇ ਮੁਖੀ, ਅੰਗਰੇਜ਼ੀ ਵਿਭਾਗ ਨੇ ਸਮਾਜਿਕ ਅਤੇ ਕਾਨੂੰਨੀ ਚੇਤਨਾ ਨੂੰ ਰੂਪ ਦੇਣ ਵਿੱਚ ਸਾਹਿਤ ਦੀ ਮਹੱਤਵਪੂਰਨ ਭੂਮਿਕਾ ਬਾਰੇ ਵਿਚਾਰ ਸਾਂਝੇ ਕੀਤੇ।ਸਮਾਪਨ ਸੈਸ਼ਨ ਵਿੱਚ ਡਾ. ਰਜਿੰਦਰ ਕੌਰ, ਡੀਨ, ਪੰਜਾਬ ਯੂਨੀਵਰਸਿਟੀ, ਨੇ ਡੀਪਫੇਕ ਯੁੱਗ ਵਿੱਚ ਭਾਰਤ ਦੀ ਡਿਜ਼ਿਟਲ ਤਿਆਰੀ, ਗਲਤ ਜਾਣਕਾਰੀ ਦੇ ਖ਼ਤਰੇ ਤੇ ਡਿਜ਼ਿਟਲ ਸਾਖਰਤਾ ਦੀ ਲੋੜ 'ਤੇ ਡੂੰਘੇ ਵਿਚਾਰ ਸਾਂਝੇ ਕੀਤੇ। ਆਯੋਜਕ ਕਮੇਟੀ ਵਿੱਚ ਡਾ. ਮੋਹਲੀਨ ਕੌਰ, ਡਾ. ਕਵਲਜੀਤ ਕੌਰ, ਸੁਸ਼੍ਰੀ ਮੰਕਿਰਤ ਕੌਰ ਸਰਾ, ਸੁਸ਼੍ਰੀ ਦਿਵਜੋਤ ਸੰਦੂ, ਸੁਸ਼੍ਰੀ ਪ੍ਰਭਜੋਤ ਕੌਰ, ਸੁਸ਼੍ਰੀ ਰਜਨਦੀਪ ਕੌਰ ਤੇ ਸੁਸ਼੍ਰੀ ਗੁਰਲੀਨ ਕੌਰ ਸ਼ਾਮਲ ਸਨ, ਜਿਨ੍ਹਾਂ ਦੀ ਨਿਸ਼ਠਾ, ਤਾਲਮੇਲ ਤੇ ਸੁਚਾਰੂ ਪ੍ਰਬੰਧ ਨੇ ਪੂਰੇ ਹਫ਼ਤੇ ਦੇ ਕਾਰਜਕ੍ਰਮ ਦੀ ਸਫਲਤਾ ਯਕੀਨੀ ਬਣਾਈ।

# ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਵਸ ਮੌਕੇ ਨਗਰ ਕੀਰਤਨ ਸਜਾਇਆ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਜੀ (ਹਿੰਦ ਦੀ ਚਾਦਰ) ਦੇ 350ਵੇਂ ਸ਼ਹੀਦੀ ਦਿਵਸ ਮੌਕੇ ਸਿੰਘ ਸਭਾ ਗੁਰਦੁਆਰਾ ਸਰਹਿੰਦ ਮੰਡੀ ਵੱਲੋਂ ਨਗਰ ਕੀਰਤਨ



ਸਜਾਇਆ ਗਿਆ। ਜੋ ਸਰਹਿੰਦ ਦੇ ਵੱਖ ਵੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਨਵੀਂ ਅਬਾਦੀ ਸਰਹਿੰਦ ਮੰਡੀ ਵਿਖੇ ਸਮਾਪਤ ਹੋਇਆ। ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਹਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਿੰਘ ਸਭਾ ਗੁਰਦੁਆਰਾ ਸਰਹਿੰਦ ਮੰਡੀ ਵੱਲੋਂ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਮੌਕੇ ਨਗਰ ਕੀਰਤਨ ਸਜਾਇਆ ਹੈ। ਇਹਨਾਂ ਨਗਰ ਕੀਰਤਨਾਂ ਦਾ ਅਤੇ ਸ਼ਹੀਦੀ ਦਿਹਾੜੇ ਮਨਾਉਣ ਦਾ ਕੇਵਲ ਇੱਕੋ ਹੀ ਮਨੋਰਥ ਹੈ ਕਿ ਲੋਕਾਂ ਦੇ ਅੰਦਰ ਚੇਤਨਾ ਪੈਦਾ ਹੋਵੇ ਜੋ ਸਾਡੀ ਆਉਣ ਵਾਲੇ ਪੀੜ੍ਹੀ ਦੇ ਲਈ ਚਾਨਣ ਮੁਨਾਰਾ ਹੋਵੇਗੀ। ਉਹਨਾਂ ਕਿਹਾ ਕਿ ਇਹ ਯਾਦਗਾਰਾਂ ਮਨਾਉਣ ਦੇ ਨਾਲ ਜਿੱਥੇ ਸਮਾਜ ਦੇ ਅੰਦਰ ਚੇਤਨਾ ਪੈਦਾ ਹੁੰਦੀ ਹੈ, ਉੱਥੇ ਹੀ ਸਾਡੀ ਨੌਜਵਾਨ ਪੀੜ੍ਹੀ ਨੂੰ ਵੀ ਉਹਨਾਂ ਰਹਿਬਰਾਂ, ਮਹਾਂਪੁਰਸ਼ਾਂ ਦੇ ਦਿਖਾਏ ਮਾਰਗ ਦੇ ਚੱਲਣ ਦਾ ਰਸਤਾ ਨਜ਼ਰ ਆਉਂਦਾ ਹੈ। ਇਸ ਮੌਕੇ ਵਿਧਾਇਕ ਲਖਵੀਰ ਸਿੰਘ ਰਾਏ ਵੱਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਜੇਸ਼ ਉੱਪਲ, ਤਰਸੇਮ ਉੱਪਲ, ਰਾਜਨ ਗੁਪਤਾ, ਸਨੀ ਚੋਪੜਾ, ਨਰਿੰਦਰ ਪੁਰੀ, ਦਿਲਪ੍ਰੀਤ ਭੱਟੀ, ਕੁਲਵਿੰਦਰ ਡੇਰਾ, ਮਨਦੀਪ ਪੋਲਾ, ਮਾਨਵ ਟਿਵਾਣਾ, ਅਮਿਤ ਲੂੰਬਾ, ਪ੍ਰਭਜੀਤ, ਬੌਬੀ ਬੱਤਰਾ ਆਦਿ ਵੀ ਹਾਜ਼ਰ ਸਨ।

# ਗੁਰੂ ਤੇਗ ਬਹਾਦਰ ਜੀ ਦੇ ਜੀਵਨ ਤੇ ਸੰਦੇਸ਼ ਹਰ ਵਿਅਕਤੀ ਤੱਕ ਪੁਚਾਇਆ ਜਾਣਾ ਚਾਹੀਦਾ : ਡਾ. ਸੀਮਾਂਤ ਗਰਗ

**ਮੋਗਾ (ਇਕਬਾਲ ਸਿੰਘ ਖਹਿਰ)** ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਮੌਕੇ 'ਤੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਦੀ ਅਗਵਾਈ ਹੇਠ ਗੋਧੇਵਾਲਾ ਸਟੇਡੀਅਮ ਦੇ ਪਿੱਛੇ ਬੇਦੀ



ਨਗਰ ਸਥਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਤੇ ਸਾਰਿਆਂ ਦੀ ਭਲਾਈ ਲਈ ਅਰਦਾਸ ਕੀਤੀ ਗਈ। ਇਸ ਮੌਕੇ ਪ੍ਰਵਾਸੀ ਸੈੱਲ ਦੇ ਇੰਚਾਰਜ ਵਿਜੇ ਮਿਸ਼ਰਾ, ਮੰਡਲ ਪ੍ਰਧਾਨ ਉਮਾਕਾਂਤ, ਜਸਵੰਤ ਸਿੰਘ, ਅਵਤਾਰ ਸਿੰਘ ਵਿਰਦੀ, ਰਾਜਵਿੰਦਰ ਸਿੰਘ, ਚਰਨ ਸਿੰਘ ਅਮਰੀਕਾ ਵਾਲੇ, ਜਤਿੰਦਰ ਸਿੰਘ ਚੱਢਾ, ਸੁੱਖਾ ਸਿੰਘ ਆਦਿ ਮੌਜੂਦ ਸਨ। ਡਾ. ਸੀਮਾਂਤ ਗਰਗ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਡਾ. ਸੀਮਾਂਤ ਗਰਗ ਨੇ ਕਿਹਾ ਕਿ ਇਹ ਇਕੱਠ ਨਾ ਸਿਰਫ਼ ਧਾਰਮਿਕ ਸ਼ਰਧਾ ਦਾ ਪ੍ਰਤੀਕ ਹੈ, ਸਗੋਂ ਭਾਜਪਾ ਵੱਲੋਂ ਗੁਰੂ ਜੀ ਦੇ ਕੁਰਬਾਨੀ, ਏਕਤਾ ਤੇ ਸੱਚ ਦੇ ਅਮਰ ਸੰਦੇਸ਼ ਨੂੰ ਦੇਸ਼ ਭਰ ਦੇ ਲੋਕਾਂ ਤੱਕ ਪੁਚਾਉਣ ਦਾ ਇੱਕ ਯਤਨ ਵੀ ਹੈ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਮਨੁੱਖਤਾ ਦੀ ਰੱਖਿਆ ਲਈ ਆਪਣਾ ਜੀਵਨ ਕੁਰਬਾਨ ਕਰ ਦਿੱਤਾ ਤੇ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰੀਏ ਤੇ ਉਨ੍ਹਾਂ ਦੇ 350ਵੇਂ ਸ਼ਹੀਦੀ ਦਿਵਸ 'ਤੇ ਉਨ੍ਹਾਂ ਪ੍ਰਤੀ ਆਪਣਾ ਸਤਿਕਾਰ ਪ੍ਰਗਟ ਕਰੀਏ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਸੱਚ ਤੇ ਹਿੰਮਤ ਲਈ ਸਭ ਕੁਝ ਕੁਰਬਾਨ ਕਰ ਦਿੱਤਾ। ਉਨ੍ਹਾਂ ਦੀ ਸ਼ਹਾਦਤ ਸਿਰਫ਼ ਧਰਮ ਦੀ ਰੱਖਿਆ ਲਈ ਨਹੀਂ ਸੀ, ਸਗੋਂ ਮਨੁੱਖਤਾ ਦੀ ਆਜ਼ਾਦੀ ਅਤੇ ਵਿਚਾਰਾਂ ਦੀ ਆਜ਼ਾਦੀ ਲਈ ਸੀ, ਜਿਸ ਨੂੰ ਕਿਸੇ ਵੀ ਕੀਮਤ 'ਤੇ ਦਬਾਇਆ ਨਹੀਂ ਜਾ ਸਕਦਾ ਸੀ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਰਾਮਪੁਰਾ ਫੂਲ ਦੀ ਮਹੀਨਾਵਾਰ ਮੀਟਿੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਰਾਮਪੁਰਾ ਫੂਲ ਦੀ ਮਹੀਨਾਵਾਰ ਮੀਟਿੰਗ ਡਾਕਟਰ ਨਿਰਮਲ ਸਿੰਘ ਚਾਓਕੇ ਬਲਾਕ ਪ੍ਰਧਾਨ ਦੀ ਹਾਜ਼ਰੀ ਵਿੱਚ ਹੋਈ। ਜਿਸ ਵਿੱਚ ਇਸ ਮਹੀਨੇ ਵਿਛੜੀਆ ਰੂਹਾਂ ਨੂੰ ਯਾਦ ਕਰਕੇ 2 ਮਿੰਟ ਦਾ ਮੌਨ ਰੱਖਿਆ ਗਿਆ। ਗੁਰੂ ਤੇਗ ਬਹਾਦਰ ਸਾਹਿਬ ਦੀ ਕੁਲ ਮਨੁੱਖਤਾ ਲਈ ਦਿੱਤੀ ਸ਼ਹੀਦੀ ਨੂੰ ਯਾਦ ਕੀਤਾ ਗਿਆ । ਜਲੰਧਰ ਵਿੱਚ ਇੱਕ ਮਾਸੂਮ ਕੁੜੀ ਦੇ ਬਲਾਤਕਾਰ ਤੋਂ ਬਾਅਦ ਕੀਤੀ ਗਈ



ਹੱਤਿਆ ਲਈ ਪ੍ਰਸ਼ਾਸਨ ਤੋਂ ਪਾਪੀ ਲਈ ਫਾਂਸੀ ਦੀ ਸਜ਼ਾ ਦੀ ਮੰਗ ਕੀਤੀ ਗਈ ਤੇ ਇਸ ਘਟਨਾ ਦੀ ਸਖਤ ਸ਼ਬਦਾਂ ਨਿੰਦਾ ਕੀਤੀ ਗਈ । ਡਾਕਟਰ ਰੇਸ਼ਮ ਸਿੰਘ ਫੂਲ ਨੇ ਵਿਚਾਰ ਪੇਸ਼ ਕਰਦੇ ਹੋਏ ਕਿਹਾ ਕਿ ਸਾਥੀ ਡਾਕਟਰਾਂ ਦੀ ਸਮੱਸਿਆ ਵੱਲ ਧਿਆਨ ਦਿੱਤਾ ਜਾਵੇ। ਸਰਕਾਰ ਵੱਲੋਂ ਸਾਡੇ ਨਾਲ ਕੀਤੇ ਵਾਅਦੇ ਯਾਦ ਕਰਵਾਏ ਜਾਣ ਅਤੇ ਹੱਲ ਕਰਵਾਏ ਜਾਣ। ਡਾਕਟਰ ਭਰਥਰੀ ਸ਼ਰਮਾ ਮੰਡੀ ਕਲਾਂ ਨੇ ਡਾਕਟਰ ਸਾਥੀਆਂ ਨੂੰ ਮੀਟਿੰਗ ਵਿੱਚ ਗਿਣਤੀ ਵਧਾਉਣ ਲਈ ਕਿਹਾ ਤੇ ਸਾਫ ਸੁਥਰੀ ਤੇ ਨਸ਼ੇ ਤੋ ਰਹਿਤ ਪ੍ਰੈਕਟਿਸ ਕਰਨ ਲਈ ਕਿਹਾ। ਡਾਕਟਰ ਚਮਕੌਰ ਸਿੰਘ ਮਹਿਰਾਜ ਨੇ ਕਿਹਾ ਕਿ ਸਾਨੂੰ ਰਲਮਿਲ ਕੇ ਜਥੇਬੰਦੀ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਸਾਨੂੰ ਕੋਈ ਮੁਸ਼ਕਲ ਨਾ ਆਵੇ ਤੇ ਸਰਕਾਰ ਨੂੰ ਸਾਡੇ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਕਿਹਾ ਗਿਆ। ਇਸ ਤੋਂ ਇਲਾਵਾ ਡਾਕਟਰ ਜਗਤਾਰ ਸਿੰਘ ਫੂਲ, ਡਾਕਟਰ ਕੌਰ ਸਿੰਘ ਫੂਲ, ਡਾਕਟਰ ਹਰਜਿੰਦਰ ਸਿੰਘ ਭਾਈ ਰੂਪਾ ਅਤੇ ਨਵੇਂ ਆਏ ਡਾਕਟਰ ਸਾਥੀਆਂ ਨੂੰ ਜੀ ਆਇਆਂ ਕਿਹਾ ਗਿਆ। ਇਸ ਤੋਂ ਇਲਾਵਾ ਹੋਰ ਡਾਕਟਰਾਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਡਾਕਟਰ ਗੁਰਸੇਵਕ ਸਿੰਘ ਢੱਡੇ, ਡਾਕਟਰ ਵੇਦ ਵਿਆਸ, ਡਾਕਟਰ ਬੂਟਾ ਖਾਨ, ਡਾ. ਇਕਬਾਲ, ਡਾਕਟਰ ਗੁਰਦੀਪ ਸਿੰਘ ਭੋਲਾ, ਡਾਕਟਰ ਜਗਵਿੰਦਰ ਸਿੰਘ ਮਹਿਰਾਜ, ਡਾਕਟਰ ਕੁਲਵੰਤ ਸਿੰਘ, ਸੁਖਪਾਲ ਸਿੰਘ ਢਿਪਾਲੀ ਤੇ ਹੋਰ ਡਾਕਟਰ ਸਾਥੀ ਹਾਜ਼ਰ ਸਨ। ਡਾਕਟਰ ਭਰਥਰੀ ਨੇ ਸਟੇਜ ਤੋਂ ਸਾਰੇ ਡਾਕਟਰ ਸਾਥੀਆਂ ਦਾ ਧੰਨਵਾਦ ਕੀਤਾ। ਪ੍ਰੈਸ ਸਕੱਤਰ ਡਾਕਟਰ ਮਨਜੀਤ ਸਿੰਘ ਫੂਲ ਨੇ ਇਹ ਜਣਕਾਰੀ ਪ੍ਰੈਸ ਨਾਲ ਸਾਂਝੀ ਕੀਤੀ।

# ਏਮਜ਼ ਨੇ ਸਾਲਾਨਾ ਸਟੇਟ ਕਾਨਫਰੰਸ ਪਨਪੈਡੀਕਨ 2025 ਦੀ ਕੀਤੀ ਮੇਜ਼ਬਾਨੀ

**ਬਠਿੰਡਾ, (ਪਰਵਿੰਦਰਜੀਤ ਸਿੰਘ)** ਏਮਜ਼ ਨੇ 14 ਤੋਂ 16 ਨਵੰਬਰ ਤੱਕ ਸਤਲੁਜ ਅਕੈਡਮੀ ਆਫ਼ ਪੀਡੀਆਟ੍ਰਿਕਸ ਤੇ ਬਠਿੰਡਾ ਅਕੈਡਮੀ ਆਫ਼ ਪੀਡੀਆਟ੍ਰਿਕਸ ਦੇ ਸਹਿਯੋਗ ਨਾਲ ਸਾਲਾਨਾ ਸਟੇਟ ਕਾਨਫਰੰਸ, ਪਨਪੈਡੀਕਨ 2025 ਦੀ ਮੇਜ਼ਬਾਨੀ ਕੀਤੀ।ਸਮਾਗਮ ਵਿੱਚ ਨਾ ਸਿਰਫ਼ ਪੰਜਾਬ ਤੋਂ ਸਗੋਂ




ਭਾਰਤ ਭਰ ਤੋਂ 350 ਤੋਂ ਵੱਧ ਡੈਲੀਗੇਟਾਂ ਦੀ ਭਾਰੀ ਭਾਗੀਦਾਰੀ ਦੇਖਣ ਨੂੰ ਮਿਲੀ, ਜਿਸ ਨੇ ਬਾਲ ਰੋਗਾਂ ਵਿੱਚ ਅਕਾਦਮਿਕ ਆਦਾਨ-ਪ੍ਰਦਾਨ ਲਈ ਇੱਕ ਮੋਹਰੀ ਪਲੇਟਫਾਰਮ ਵਜੋਂ ਆਪਣੇ ਕੱਦ ਦੀ ਪੁਸ਼ਟੀ ਕੀਤੀ। ਏਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਤੇ ਮੁੱਖ ਸਰਪ੍ਰਸਤ, ਪ੍ਰੋ. (ਡਾ.) ਰਤਨ ਗੁਪਤਾ ਨੇ ਡੈਲੀਗੇਟਾਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਏਮਜ਼ ਬਠਿੰਡਾ ਮਾਲਵਾ ਖੇਤਰ ਵਿੱਚ ਸਭ ਤੋਂ ਵਧੀਆ ਬਾਲ ਰੋਗ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਏਮਜ਼ ਬਠਿੰਡਾ ਵਿਖੇ ਇੱਕ ਸਮਰਪਤ ਬਾਲ ਵਿਕਾਸ ਕੇਂਦਰ, ਜੋ ਇਸ ਖੇਤਰ ਵਿੱਚ ਆਪਣੀ ਕਿਸਮ ਦਾ ਪਹਿਲਾ ਕੇਂਦਰ ਹੈ, ਜਲਦੀ ਹੀ ਸਥਾਪਤ ਕੀਤਾ ਜਾਵੇਗਾ। ਡਾ. ਅਰਵਿੰਦਰ ਵਾਂਡਰ, ਐਸੋਸੀਏਟ ਪ੍ਰੋਫੈਸਰ, ਬਾਲ ਰੋਗ ਵਿਭਾਗ ਅਤੇ ਕਾਨਫਰੰਸ ਸਕੱਤਰ, ਨੇ ਭਰੋਸਾ ਦਿੱਤਾ ਕਿ ਏਮਜ਼ ਬਠਿੰਡਾ ਬਾਲ ਰੋਗ ਵਿਭਾਗ ਦੇ ਅੰਦਰ ਅਤਿ-ਆਧੁਨਿਕ ਖੋਜ ਨੂੰ ਉਤਸ਼ਾਹਿਤ ਕਰਨ ਤੇ ਅਕਾਦਮਿਕ ਗਤੀਵਿਧੀਆਂ ਨੂੰ ਵਧਾਉਣ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾਣਗੇ।ਕਾਨਫਰੰਸ ਦੀ ਸ਼ਾਨਦਾਰ ਸਫਲਤਾ ਬਠਿੰਡਾ ਅਕੈਡਮੀ ਆਫ਼ ਪੀਡੀਆਟ੍ਰਿਕਸ ਦੀ ਪ੍ਰਧਾਨ ਤੇ ਪ੍ਰਬੰਧਕੀ ਚੇਅਰਪਰਸਨ ਡਾ. ਅੰਜਲੀ ਬਾਂਸਲ ਦੇ ਅਣਥੱਕ ਯਤਨਾਂ ਦਾ ਵੱਡਾ ਹਿੱਸਾ ਸੀ, ਜਿਨ੍ਹਾਂ ਨੇ ਸਾਰੇ ਭਾਗੀਦਾਰਾਂ ਲਈ ਇੱਕ ਸਹਿਜ ਤੇ ਪ੍ਰਭਾਵਸ਼ਾਲੀ ਪ੍ਰੋਗਰਾਮ ਨੂੰ ਯਕੀਨੀ ਬਣਾਉਣ ਲਈ ਤਨਦੇਹੀ ਨਾਲ ਕੰਮ ਕੀਤਾ। ਪਨਪੈਡੀਕਨ 2025 ਨੇ ਉੱਤਰੀ ਭਾਰਤ ਦੇ ਸੀਨੀਅਰ ਬਾਲ ਰੋਗ ਵਿਗਿਆਨੀਆਂ ਤੇ ਡਾਕਟਰੀ ਮਾਹਿਰਾਂ ਨੂੰ ਇਕੱਠਾ ਕੀਤਾ, ਵਿਗਿਆਨਕ ਸੈਸ਼ਨਾਂ, ਵਿਚਾਰ-ਵਟਾਂਦਰੇ ਤੇ ਗਿਆਨ-ਵੰਡ ਦੀ ਮੇਜ਼ਬਾਨੀ ਕੀਤੀ, ਜੋ ਇਸ ਖੇਤਰ ਵਿੱਚ ਬਿਹਤਰ ਬਾਲ ਰੋਗ ਦੇਖਭਾਲ ਅਤੇ ਭਵਿੱਖ ਦੇ ਖੋਜ ਯਤਨਾਂ ਨੂੰ ਆਕਾਰ ਦੇਣ ਵਿੱਚ ਮਦਦ ਕਰਨਗੇ।

# ਪੰਜਾਬੀ ਸਾਹਿਤ ਅਕਾਦਮੀ ਵੱਲੋਂ ਪੁਸਤਕ ਮੇਲਾ ਚੌਥੇ ਦਿਨ ਸੰਪੰਨ

**ਲੁਧਿਆਣਾ (ਰੈਕਟਰ ਕਥੂਰੀਆ)** ਪੰਜਾਬੀ ਸਾਹਿਤ ਅਕਾਡਮੀ ਵੱਲੋਂ ਮਨਾਏ ਜਾ ਰਹੇ ਚਾਰ ਰੋਜ਼ਾ ਪੁਸਤਕ ਮੇਲਾ ਤੇ ਸਾਹਿਤ ਉਤਸਵ ਦੇ ਅਖ਼ੀਰਲਾ ਦਿਨ ਨਾਰੀ ਆਵਾਜ਼ ਨੂੰ ਸਮਰਪਤ ਰਿਹਾ।ਸਮਾਗਮ ਦੀ ਪ੍ਰਧਾਨਗੀ ਡਾ. ਅਰਤਿੰਦਰ ਕੌਰ ਸੰਧੂ ਨੇ ਕੀਤੀ।ਮੁੱਖ ਮਹਿਮਾਨ ਵਜੋਂ ਹਰਪਾਲ ਸਿੰਘ ਸੇਵਕ ਤੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਕੰਵਲਜੀਤ ਢਿੱਲੋਂ ਸ਼ਾਮਲ ਹੋਏ। ਪ੍ਰਧਾਨਗੀ ਮੰਡਲ 'ਚ ਡਾ. ਸੁਖਦੇਵ ਸਿੰਘ ਸਿਰਸਾ, ਡਾ. ਗੁਰਚਰਨ ਕੌਰ ਕੋਚਰ ਸ਼ਾਮਲ ਹੋਏ। ਸਭ ਤੋਂ ਪਹਿਲਾਂ ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਸਭ ਨੂੰ ਜੀ ਆਇਆਂ ਕਿਹਾ।ਉਨ੍ਹਾਂ ਕਿਹਾ ਕਿ ਨਾਰੀਵਾਦ ਦੇ ਸਿਰਲੇਖ ਹੇਠ ਹੋ ਵਿਸ਼ੇਸ਼ ਲੈਕਚਰ ਤੇ ਕਵੀ ਦਰਬਾਰ ਹੋ ਰਿਹਾ ਹੈ, ਇਸ ਵਿੱਚ ਅਕਾਡਮੀ ਨੇ ਉੱਘੇ ਚਿੰਤਕ ਅਤੇ ਕਵਿੱਤਰੀਆਂ ਨੂੰ ਵਿਸ਼ੇਸ਼ ਸੱਦਾ ਦੇ ਕੇ ਬੁਲਾਇਆ ਹੈ।ਪੁਸਤਕ ਮੇਲੇ ਮੌਕੇ ਅਜਿਹੇ ਸਮਾਗਮ ਸੋਨੇ 'ਤੇ ਸੁਹਾਗਾ ਹੁੰਦੇ ਹਨ। ਸਭ ਤੋਂ ਪਹਿਲਾਂ ਡਾ. ਸੁਖਦੇਵ ਸਿੰਘ ਸਿਰਸਾ ਨੇ 'ਹਾਸ਼ੀਏ ਦਾ ਸਮਾਜ' ਵਿਸ਼ੇ 'ਤੇ ਵਿਸਥਾਰਪੂਰਵਕ ਗੱਲ ਕੀਤੀ।ਉਨ੍ਹਾਂ ਕਿਹਾ ਕਿ ਅਸੀਂ ਪੰਜਾਬੀ ਦੇ ਸਾਹਿਤਕਾਰ ਹਾਸ਼ੀਏ ਦੇ ਸਮਾਜ ਬਾਰੇ ਹਮਦਰਦੀ ਤਾਂ ਰੱਖਦੇ ਹਾਂ, ਪਰ ਉਨ੍ਹਾਂ ਦੀ ਦ੍ਰਿਸ਼ਟੀ ਤੋਂ ਉਨ੍ਹਾਂ ਦੀ ਆਵਾਜ਼ ਨਹੀਂ ਬਣਦੇ।ਉਨ੍ਹਾਂ ਇਸ ਦ੍ਰਿਸ਼ਟੀਕੋਣ ਤੋਂ ਸਮੁੱਚੀਆਂ ਇਤਿਹਾਸਕ ਪ੍ਰੰਪਰਾਵਾਂ ਨੂੰ ਵਿਚਾਰਦਿਆਂ ਲੰਮੀਆਂ ਗੱਲਾਂ ਕੀਤੀਆਂ। ਮੁੱਖ ਮਹਿਮਾਨ ਹਰਪਾਲ ਸਿੰਘ ਨੇ ਕਿਹਾ ਕਿ ਸਾਨੂੰ ਪਰਵਾਰਾਂ ਵਿੱਚ ਅਜਿਹਾ ਮਾਹੌਲ ਉਸਾਰਨਾ ਚਾਹੀਦਾ ਹੈ ਕਿ ਜੇਕਰ ਕਿਸੇ ਔਰਤ ਨਾਲ ਜ਼ਿਆਦਤੀ ਹੁੰਦੀ ਹੈ, ਉਹ ਦੂਜੀਆਂ ਔਰਤਾਂ ਨਾਲ ਨਾ ਕਰੇ। ਵਿਸ਼ੇਸ਼ ਮਹਿਮਾਨ ਡਾ. ਕੰਵਲਜੀਤ ਕੌਰ ਢਿੱਲੋਂ ਨੇ ਕਿਹਾ ਕਿ ਪੰਜਾਬੀ ਸਾਹਿਤ ਅਕਾਡਮੀ ਵੱਲੋਂ ਭਾਵੇਂ ਇਸ ਮੇਲੇ ਵਿਚ ਔਰਤ ਆਵਾਜ਼ ਨੂੰ ਚੌਥਾ ਦਿਨ ਦਿਨ ਦਿੱਤਾ ਗਿਆ ਹੈ, ਪਰ ਫਿਰ ਵੀ ਸ਼ਲਾਘਾ ਕਰਨੀ ਬਣਦੀ ਹੈ।ਉਨ੍ਹਾਂ ਦੁਨੀਆ ਭਰ ਵਿਚ ਔਰਤਾਂ ਦੇ ਔਰਤ ਹੋਣ ਕਰਕੇ ਹੋ ਰਹੀਆਂ ਜ਼ਿਆਦਤੀਆਂ ਇਥੋਂ ਤੱਕ ਅਦਾਲਤਾਂ ਵਿਚ ਕਤਲਹੋ ਰਹੇ ਹਨ। ਸਮਾਗਮ ਦਾ ਪ੍ਰਧਾਨਗੀ ਭਾਸ਼ਨ ਦਿੰਦਿਆਂ ਡਾ. ਅਰਤਿੰਦਰ ਕੌਰ ਸੰਧੂ ਨੇ ਕਿਹਾ ਕਿ ਮੈਂ ਆਪਣਾ ਮੈਗਜ਼ੀਨ 'ਏਕਮ' ਆਪਣੇ ਪਰਵਾਰ ਦੇ ਸਹਿਯੋਗ ਨਾਲ ਪ੍ਰਕਾਸ਼ਤ ਕਰ ਰਹੀ ਹਾਂ। ਔਰਤਾਂ ਜਦੋਂ ਕੋਮਲ ਕਲਾਵਾਂ ਵਿਚ ਸਰਗਰਮੀ ਦਿਖਾਉਂਦੀਆਂ ਹਨ ਤਾਂ ਪਰਵਾਰਾਂ ਨੂੰ ਉਨ੍ਹਾਂ ਨੂੰ ਸਹਿਯੋਗ ਕਰਨਾ ਚਾਹੀਦਾ ਹੈ।ਡਾ. ਗੁਰਚਰਨ ਕੌਰ ਨੇ ਆਪਣੀ ਕਵਿਤਾ ਸਰੋਤਿਆਂ ਨਾਲ ਸਾਂਝੀ ਕੀਤੀ। ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਪੁਸਤਕ ਮੇਲੇ ਤੇ ਸਾਹਿਤ ਉਤਸਵ ਮੌਕੇ ਪਹੁੰਚੇ ਪਬਲਿਸ਼ਰਜ਼ ਅਤੇ ਪਾਠਕਾਂ, ਲੇਖਕਾਂ, ਸਰੋਤਿਆਂ ਨੂੰ ਇਸੇ ਤਰ੍ਹਾਂ ਸਹਿਯੋਗ ਦਿੰਦੇ ਰਹਿਣ ਦੀ ਅਪੀਲ ਕੀਤੀ। ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਦੇ ਪ੍ਰਧਾਨ ਸੁਰਿੰਦਰ ਸਿੰਘ ਬਿੰਦਰਾ ਤੇ ਟਰੱਸਟੀ ਅਮਰਜੀਤ ਸਿੰਘ ਟਿੱਕਾ ਦਾ ਸਾਹਿਤ ਉਤਸਵ ਦੇ ਚਾਰੇ ਦਿਨ ਲੰਗਰ ਭੇਜਣ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਲੰਗਰ ਦੀ ਸੇਵਾ ਨਿਭਾਉਣ ਵਾਲੇ ਹਰਭਜਨ ਸਿੰਘ, ਗੁਰਮੀਤ ਸਿੰਘ, ਹਰਮਿੰਦਰ ਸਿੰਘ, ਜੋਗਿੰਦਰ ਸਿੰਘ, ਲਖਵੀਰ ਸਿੰਘ ਹੋਰਾਂ ਨੂੰ ਦੋਸ਼ਾਲੇ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰੋਗਰਾਮ ਦੇ ਕਨਵੀਨਰ ਡਾ. ਅਰਵਿੰਦਰ ਕੌਰ ਕਾਕੜਾ ਨੇ ਸਮਾਗਮ ਦਾ ਬੜੀ ਸੰਜੀਦਗੀ ਨਾਲ ਮੰਚ ਸੰਚਾਲਨ ਕੀਤਾ। ਸ੍ਰੀਮਤੀ ਮਨਜੀਤ ਕੌਰ ਅੰਬਾਲਵੀ ਨੂੰ ਮਾਤਾ ਜਸਵੰਤ ਕੌਰ ਸਰਬੋਤਮ ਮੌਲਿਕ ਬਾਲ ਪੁਸਤਕ ਪੁਰਸਕਾਰ 2024-2025 ਭੇਟਾ ਕੀਤਾ ਗਿਆ।ਉਨ੍ਹਾਂ ਨੂੰ ਗਿਆਰਾਂ ਹਜ਼ਾਰ ਰੁਪਏ ਦੀ ਰਾਸ਼ੀ, ਦੋਸ਼ਾਲਾ, ਸ਼ੋਭਾ ਪੱਤਰ ਤੇ ਪੁਸਤਕਾਂ ਦਾ ਸੈੱਟ ਭੇਟਾ ਕੀਤਾ ਗਿਆ।ਉਨ੍ਹਾਂ ਬਾਰੇ ਸ਼ੋਭਾ ਪੱਤਰ ਨਰਿੰਦਰਪਾਲ ਕੌਰ ਨੇ ਪੜ੍ਹਿਆ। ਉੱਘੇ ਨਾਟਕਕਾਰ ਸ੍ਰੀ ਭੁਪਿੰਦਰ ਉਤਰੇਜਾ ਦਾ ਨਾਟਕ ਹਨੀ ਉਤਰੇਜਾ ਦੀ ਨਿਰਦੇਸ਼ਨਾ ਹੇਠ ਨਟਰੰਗ (ਰਜਿ.) ਅਬੋਹਰ ਵਲੋਂ ਖੇਡਿਆ ਗਿਆ।ਮੁੱਖ ਮਹਿਮਾਨ ਗੁਰਮੀਤ ਸਿੰਘ ਨੇ ਨਾਟਕ ਬਾਰੇ ਵਿਸ਼ੇਸ਼ ਟਿੱਪਣੀ ਕਰਦਿਆਂ ਕਲਾਕਾਰਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਅਕਾਡਮੀ ਦੇ ਅਜਿਹੇ ਕਾਰਜਾਂ ਦੀ ਸ਼ਲਾਘਾ ਕੀਤੀ।ਡਾ. ਪਰਮਜੀਤ ਸਿੰਘ ਸੋਹਲ ਅਤੇ ਰਵੀ ਰਵਿੰਦਰ ਵੱਲੋਂ ਫ਼ੋਟੋ ਪ੍ਰਦਰਸ਼ਨੀਆਂ ਲਾਈਆਂ ਗਈਆਂ।



**● ਚਾਰ ਰੋਜ਼ਾ ਪੁਸਤਕ ਮੇਲਾ ਤੇ ਸਾਹਿਤ ਉਤਸਵ ਯਾਦਗਾਰੀ ਰਿਹਾ**

# ਪੱਤਰਕਾਰ ਗੁਰਜੀਤ ਸਿੰਘ ਖੁੱਡੀ ਦੇ ਫੁੱਫੜ ਰਾਮ ਸਿੰਘ ਨੂੰ ਸ਼ਰਧਾਂਜਲੀਆਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਸੀਨੀਅਰ ਪੱਤਰਕਾਰ ਗੁਰਜੀਤ ਸਿੰਘ ਖੁੱਡੀ ਚੇਅਰਮੈਨ ਪ੍ਰੈਸ ਕਲੱਬ ਹੰਡਿਆਇਆ ਦੇ ਸਤਿਕਾਰਯੋਗ ਫੁੱਫੜ ਰਾਮ ਸਿੰਘ ਮਹਿਲ ਕਲਾਂ ਨਮਿੱਤ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ



ਉਪਰੰਤ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਂਵੀ ਮਹਿਲ ਕਲਾਂ (ਬਰਨਾਲਾ) ਵਿਖੇ ਹੋਇਆ। ਇਸ ਸਮੇਂ ਵੱਖ ਵੱਖ ਆਗੂਆਂ, ਪੱਤਰਕਾਰ ਭਾਈਚਾਰੇ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਭਾਈ ਰਾਜਵਿੰਦਰ ਸਿੰਘ ਖ਼ਾਲਸਾ ਠਾਠ ਨਾਨਕਸਰ ਮਹਿਲ ਕਲਾਂ ਦੇ ਹਜ਼ੂਰੀ ਰਾਗੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ। ਸ਼ਰਧਾਂਜਲੀ ਸਮਾਗਮ ਵਿਚ ਭਾਈ ਲਾਲੋ ਪੰਜਾਬੀ ਮੰਚ ਦੇ ਆਗੂ ਹਰਜੀਤ ਸਿੰਘ ਖਿਆਲੀ, ਪ੍ਰੈਸ ਕਲੱਬ ਮਹਿਲ ਕਲਾਂ ਦੇ ਸਰਪ੍ਰਸਤ ਅਵਤਾਰ ਸਿੰਘ ਅਣਖੀ, ਗਿਆਨੀ ਕਰਮ ਸਿੰਘ ਆਸਟ੍ਰੇਲੀਆ, ਗੁਰਦੁਆਰਾ ਕਮੇਟੀ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਭਾਈ ਚਮਕੌਰ ਸਿੰਘ, ਭਾਈ ਨੱਥਾ ਸਿੰਘ ਨੇ ਕਿਰਤੀ ਰਾਮ ਸਿੰਘ ਮਹਿਲ ਕਲਾਂ ਨੂੰ ਸ਼ਰਧਾਂਜਲੀ ਅਰਪਿਤ ਕਰਦਿਆਂ ਕਿਹਾ ਉਨ੍ਹਾਂ ਸਖਤ ਮਿਹਨਤ ਨਾਲ ਦਸਾਂ ਨੌਂਹਾਂ ਦੀ ਕਿਰਤ ਕਮਾਈ ਕਰਕੇ ਪਰਵਾਰ ਦਾ ਪਾਲਣ ਪੋਸ਼ਣ ਕੀਤਾ। ਉਨ੍ਹਾਂ ਦਾ ਸਾਦਗੀ ਭਰਿਆ ਮਿਹਨਤੀ ਜੀਵਨ ਸਾਡੇ ਸਾਰਿਆਂ ਲਈ ਪ੍ਰੇਰਨਾਸ੍ਰੋਤ ਹੈ। ਇਸ ਮੌਕੇ ਸਰਪੰਚ ਕਿਰਨਾ ਰਾਣੀ ਬਾਂਸਲ, ਸਰਪੰਚ ਸਰਬਜੀਤ ਸਿੰਘ ਸੰਭੂ, ਡਾ: ਅਮਰਜੀਤ ਸਿੰਘ ਮਹਿਲ ਕਲਾਂ, ਅਰੁਣ ਕੁਮਾਰ ਬਾਂਸਲ, ਸਾਬਕਾ ਸਰਪੰਚ ਸਾਧੂ ਸਿੰਘ, ਬਲੌਰ ਸਿੰਘ ਤੋਤੀ, ਡਾ: ਚੰਦਰਮੋਹਣ ਸਿੰਘ ਸਿੱਧੂ, ਬਲਜੀਤ ਸਿੰਘ, ਮੇਜਰ ਸਿੰਘ ਕਲੇਰ, ਦੌਲਤ ਸਿੰਘ, ਸਤਨਾਮ ਸਿੰਘ ਧਾਲੀਵਾਲ, ਸੁਖਵੀਰ ਸਿੰਘ ਹੰਢਿਆਇਆ, ਪ੍ਰਦੀਪ ਸਿੰਘ ਲੋਹਗੜ੍ਹ, ਪੰਚ ਭੂਰਾ ਸਿੰਘ ਕਲਾਲ ਮਾਜਰਾ ਆਦਿ ਹਾਜ਼ਰ ਸਨ।

27 Nov Page 6.qxd 11/26/2025 9:31 PM Page 1



# 96 ਲਾਭਪਾਤਰੀਆਂ ਨੂੰ 1 ਕਰੋੜ 15 ਲੱਖ ਰੁਪਏ ਦੇ ਪ੍ਰਵਾਨਗੀ ਪੱਤਰ ਵੰਡੇ



**ਸਮਾਣਾ (ਰਾਜਿੰਦਰ ਸਿੰਘ ਥਿੰਦ)**- ਮੱਧਵਰਗੀ ਤੇ ਗਰੀਬ ਬੇਘਰੇ ਲੋਕਾਂ ਨੂੰ ਰਹਿਣ ਲਈ ਘਰ ਪ੍ਰਦਾਨ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਬਲਾਕ ਪਟਿਆਲਾ ਦੇ 96 ਲਾਭਪਾਤਰੀਆਂ ਨੂੰ ਪ੍ਰਧਾਨ ਮੰਤਰੀ ਆਵਾਸ ਯੋਜਨਾ ਸਕੀਮ ਤਹਿਤ ਕੁਲ 1 ਕਰੋੜ 15 ਲੱਖ 20 ਹਜ਼ਾਰ ਰੁਪਏ ਦੇ ਪ੍ਰਵਾਨਗੀ ਪੱਤਰ ਵੰਡੇ ਗਏ। ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਹੋਏ ਇਸ ਸਮਾਰੋਹ ਦੌਰਾਨ ਮਾਰਕੀਟ ਕਮੇਟੀ ਸਮਾਣਾ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਨੇ ਹਰੇਕ ਲਾਭਪਾਤਰੀ ਨੂੰ 1 ਲੱਖ 20 ਹਜ਼ਾਰ ਰੁਪਏ ਦੇ ਪੱਤਰ ਸੌਂਪਦਿਆਂ ਦੱਸਿਆ ਕਿ ਸਾਰੀ ਪ੍ਰਕਿਰਿਆ ਪੂਰੀ ਪਾਰਦਰਸ਼ੀ ਢੰਗ ਨਾਲ ਬਿਨਾਂ ਕਿਸੇ ਸਿਫ਼ਾਰਸ਼ ਤੋਂ ਨੇਪਰੇ ਚਾੜ੍ਹੀ ਗਈ ਹੈ। ਬੀ.ਡੀ.ਪੀ.ਓ. ਸੁਖਵਿੰਦਰ ਸਿੰਘ ਟਿਵਾਣਾ ਨੇ ਦੱਸਿਆ ਕਿ ਇਸ ਦੌਰਾਨ ਲਾਭਪਾਤਰੀਆਂ ਨੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਤੇ ਏ.ਡੀ.ਸੀ (ਪੇਂਡੂ ਵਿਕਾਸ) ਦਮਨਜੀਤ ਸਿੰਘ ਮਾਨ ਦਾ ਧੰਨਵਾਦ ਕੀਤਾ।ਸਮਾਗਮ ਮੌਕੇ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਪਟਿਆਲਾ ਸੁਖਵਿੰਦਰ ਸਿੰਘ ਟਿਵਾਣਾ, ਐਸ.ਈ. ਪੀ. ਓ ਹਰਮਿੰਦਰ ਸਿੰਘ, ਪੰਚਾਇਤ ਅਫ਼ਸਰ ਗੁਰਮੁੱਖ ਸਿੰਘ, ਰਜਿੰਦਰ ਸਿੰਘ ਸਰਪੰਚ ਚੂਹੜਪੁਰ ਕਲਾਂ, ਤਰਲੋਚਨ ਸਿੰਘ ਸਰਪੰਚ ਰੱਖੜਾ, ਨਰਿੰਦਰ ਸਿੰਘ ਸਰਪੰਚ ਬਰਸਟ, ਸੰਦੀਪ ਸਿੰਘ ਸਰਪੰਚ ਝੰਡੀ, ਬਲਵਿੰਦਰ ਸਿੰਘ ਸਰਪੰਚ ਰਿਵਾਸ ਬ੍ਰਾਹਮਣਾ, ਸੰਦੀਪ ਕੌਰ ਸਰਪੰਚ ਰਾਮਗੜ੍ਹ, ਮਲਕੀਤ ਸਿੰਘ ਸਰਪੰਚ ਸ਼ੇਰਮਾਜਰਾ, ਮਨਜਿੰਦਰ ਕੌਰ ਸਰਪੰਚ ਚੂਹੜਪੁਰ ਜੱਟਾਂ, ਲਖਵਿੰਦਰ ਸਿੰਘ ਸਰਪੰਚ ਖੇੜੀ ਬਰਨਾ, ਬਲਕਾਰ ਸਿੰਘ ਰਾਜਗੜ੍ਹ, ਦਰਸ਼ਨ ਸਿੰਘ ਸਰਪੰਚ ਕਲਿਆਣ, ਕੁਲਬੀਰ ਸਿੰਘ ਸਰਪੰਚ ਨਵੀਂ ਲਲੌਛੀ, ਗੁਰਜੀਤ ਸਿੰਘ ਸਰਪੰਚ ਦਦਹੇੜਾ, ਜਗਤਾਰ ਸਿੰਘ ਸ਼ੇਖੂਪੁਰ, ਮਨਪ੍ਰੀਤ ਸਿੰਘ ਤੇ ਇੰਦਰਜੀਤ ਸਿੰਘ ਬਲਾਕ ਪ੍ਰਧਾਨ ਖੇੜੀਮਾਨੀਆਂ, ਸਤਨਾਮ ਸਿੰਘ ਸਰਪੰਚ ਗੱਜੂਮਾਜਰਾ, ਗੁਰਤੇਜ ਸਿੰਘ ਸਰਪੰਚ ਸਦਰਪੁਰ, ਸ਼ੇਰ ਸਿੰਘ ਸਰਪੰਚ ਖੇੜੀ ਮੱਲਾ, ਰਜਿੰਦਰ ਸਿੰਘ ਤੇ ਸੁਖਦੀਪ ਸਿੰਘ ਬਲਾਕ ਪ੍ਰਧਾਨ ਅਸਾਹਿਬਪੁਰਾ, ਜਸਵੰਤ ਸਿੰਘ ਸਰਪੰਚ ਚੂਹੜਪੁਰ ਮਰਾਸੀਆਂ, ਅਵਤਾਰ ਸਿੰਘ ਸਰਪੰਚ ਕਰਹਾਲੀ ਵੀ ਹਾਜ਼ਰ ਸਨ।

# ਬਰਨਾਲਾ 'ਚ 29 ਨੂੰ ਹੋ ਰਹੀ ਸੂਬਾ ਪੱਧਰੀ ਕਾਨਫਰੰਸ 'ਚ ਪੱਤਰਕਾਰ ਵੱਡੀ ਗਿਣਤੀ 'ਚ ਸ਼ਾਮਲ ਹੋਣ : ਸ਼ਰਮਾ

**ਮਮਦੋਟ (ਜਸਬੀਰ ਸਿੰਘ ਕੰਬੋਜ)**- ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੀ 29 ਨਵੰਬਰ ਨੂੰ ਬਰਨਾਲਾ ਵਿਖੇ ਹੋ ਰਹੀ ਚੌਥੀ ਸੂਬਾ ਪੱਧਰੀ ਕਾਨਫਰੰਸ ਵਿੱਚ ਪੂਰੇ ਪੰਜਾਬ ਵਿੱਚੋਂ ਪੱਤਰਕਾਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਲਦੇਵ ਰਾਜ ਸ਼ਰਮਾ ਸਟੇਟ ਕਮੇਟੀ ਮੈਂਬਰ ਪੰਜਾਬ ਐਂਡ ਚੰਡੀਗੜ੍ਹ ਜਨਰਲਿਸਟ ਯੂਨੀਅਨ ਨੇ ਗੱਲਬਾਤ ਦੌਰਾਨ ਕੀਤਾ।ਇਸ ਮੌਕੇ ਉਹਨਾਂ ਨਾਲ ਜਸਵੰਤ ਸਿੰਘ ਥਿੰਦ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਦਿਹਾਤੀ, ਜਸਬੀਰ ਸਿੰਘ ਕੰਬੋਜ ਜਨਰਲ ਸਕੱਤਰ ਅਤੇ ਅਸ਼ੋਕ ਕੁਮਾਰ ਭਾਰਦਵਾਜ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਹਾਜ਼ਰ ਸਨ । ਇਸ ਮੌਕੇ ਸ਼ਰਮਾ ਨੇ ਦੱਸਿਆ ਕਿ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੀ ਇਸ ਹੋ ਰਹੀ ਚੌਥੀ ਸੂਬਾ ਪੱਧਰੀ ਕਾਨਫਰੰਸ 29 ਨਵੰਬਰ ਨੂੰ ਸਵੇਰੇ 10 ਵਜੇ ਸ੍ਰੀ ਮਹਾਂ ਸ਼ਕਤੀ ਕਲਾ ਮੰਦਰ ਰੇਲਵੇ ਰੋਡ ਬਰਨਾਲਾ ਵਿਖੇ ਹੋਵੇਗੀ। ਇਸ ਕਾਨਫਰੰਸ ਦਾ ਉਦਘਾਟਨ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਅਤੇ ਮੁੱਖ ਮਹਿਮਾਨ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਅਤੇ ਅਮਨ ਅਰੋੜਾ ਨਵੀ ਅਤੇ ਨਵਿਆਉਣਯੋਗ ਊਰਜਾ ਮੰਤਰੀ ਪੰਜਾਬ ਹੋਣਗੇ । ਇਸ ਤੋਂ ਇਲਾਵਾ ਸ੍ਰੀਨਿਵਾਸ ਰੈਡੀ,



ਪ੍ਰਧਾਨ ਇੰਡੀਅਨ ਜਰਨਲਿਸਟ ਯੂਨੀਅਨ ਬਲਵਿੰਦਰ ਸਿੰਘ ਜੰਮੂ, ਸਕੱਤਰ ਜਨਰਲ ਐਸ ਐਨ ਸਿਨ੍ਹਾ ਮੈਂਬਰ ਸੰਚਾਲਨ ਕਮੇਟੀ ਆਦਿ ਵਿਸ਼ੇਸ਼ ਮਹਿਮਾਨ ਹੋਣਗੇ। ਸ਼ਰਮਾ ਨੇ ਅੱਗੇ ਦੱਸਿਆ ਕਿ ਪੂਰੇ ਪੰਜਾਬ ਵਿੱਚੋਂ ਵੱਖ ਵੱਖ ਅਦਾਰਿਆਂ ਨਾਲ ਕੰਮ ਕਰਦੇ ਪੱਤਰਕਾਰ ਵੱਡੀ ਗਿਣਤੀ ਵਿੱਚ ਇਸ ਕਾਨਫਰੰਸ ਵਿੱਚ ਸ਼ਾਮਲ ਹੋਣਗੇ। ਉਹਨਾਂ ਦੱਸਿਆ ਕਿ ਇਸ ਸੂਬਾਈ ਕਾਨਫਰੰਸ ਵਿੱਚ ਪੱਤਰਕਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਅਤੇ ਉਹਨਾਂ ਦੀਆਂ ਮੰਗਾਂ ਦਾ ਸਾਰਥਕ ਹੱਲ ਕੱਢਿਆ ਜਾਵੇਗਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੱਤਰਕਾਰ ਤਜਿੰਦਰ ਪਾਲ ਢੀਂਗੜਾ, ਰਵਿੰਦਰ ਸਿੰਘ ਕਾਲਾ, ਬਗੀਚਾ ਸਿੰਘ, ਬਲਜੀਤ ਸਿੰਘ ਰਾਏ, ਗੁਰਪ੍ਰੀਤ ਸਿੰਘ ਸੰਧੂ, ਹਰਪ੍ਰੀਤ ਸਿੰਘ ਹੈਪੀ, ਸੰਜੀਵ ਮਦਾਨ, ਰਜਿੰਦਰ ਹਾਂਡਾ, ਹਰਪਾਲ ਸਿੰਘ ਸੋਢੀ, ਜੋਗਿੰਦਰ ਸਿੰਘ ਭੋਲਾ, ਨਿਸ਼ਾਨ ਸਿੰਘ ਖਾਲਸਾ, ਸੰਦੀਪ ਸੋਨੀ, ਭੁਪਿੰਦਰ ਨਰੂਲਾ ਆਦਿ ਹਾਜ਼ਰ ਸਨ ।

# ਮਜ਼ਦੂਰਾਂ ਵੱਲੋਂ ਡੀ ਸੀ ਦਫ਼ਤਰ ਅੱਗੇ ਅਣਮਿੱਥੇ ਸਮੇਂ ਲਈ ਧਰਨਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਪੇਂਡੂ ਤੇ ਖੇਤ ਮਜ਼ਦੂਰ ਜੱਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਬੁੱਧਵਾਰ ਨੂੰ ਡੀ ਸੀ ਬਠਿੰਡਾ ਦੇ ਦਫ਼ਤਰ ਅੱਗੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਅਣਮਿੱਥੇ ਸਮੇਂ ਲਈ ਧਰਨਾ ਲਾ ਦਿੱਤਾ ਹੈ।



ਮਜ਼ਦੂਰਾਂ ਦੀਆਂ ਮੁੱਖ ਮੰਗਾਂ ਵਿੱਚ ਮਨਰੇਗਾ ਦੇ ਬੰਦ ਕੀਤੇ ਕੰਮ ਨੂੰ ਮੁੜ ਸ਼ੁਰੂ ਕਰਨਾ,ਮਨਰੇਗਾ ਦਿਹਾੜੀ 700 ਰੁਪਏ ਕਰਨਾ , ਮੀਂਹ ਕਾਰਨ ਡਿੱਗੇ ਤੇ ਨੁਕਸਾਨੇ ਘਰਾਂ ਦਾ ਮੁਆਵਜ਼ਾ ਦੇਣਾ, ਔਰਤਾਂ ਨੂੰ 1100 ਰੁਪਏ ਮਹੀਨਾ ਦੇਣਾ ਅਤੇ ਰਸੋਈ ਵਰਤੋਂ ਦੀਆਂ ਸਾਰੀਆਂ ਵਸਤਾਂ ਸਸਤੇ ਭਾਅ 'ਤੇ ਦੇਣ ਸਮੇਤ ਹੋਰ ਮੰਗਾਂ ਸ਼ਾਮਿਲ ਹਨ। ਧਰਨੇ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਆਗੂ ਪ੍ਰਕਾਸ਼ ਸਿੰਘ ਨੰਦਗੜ੍ਹ,ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਜੋਰਾ ਸਿੰਘ ਨਸਰਾਲੀ ਤੇ ਮਨਦੀਪ ਸਿੰਘ ਸਿਬੀਆ, ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਮਿੱਠੂ ਸਿੰਘ ਘੁੱਦਾ ,ਮਜ਼ਦੂਰ ਮੁਕਤੀ ਮੋਰਚਾ ਦੇ ਆਗੂ ਅਮੀਲਾਲ ਤੇ ਦਰਸ਼ਨ ਸਿੰਘ ਖਾਲਸਾ ,ਦਲਿਤ ਮਜ਼ਦੂਰ ਮੁਕਤੀ ਮੋਰਚਾ ਦੇ ਆਗੂ ਸੁਖਪਾਲ ਸਿੰਘ ਖਿਆਲੀਵਾਲਾ ਤੇ ਭਗਵੰਤ ਸਿੰਘ ਧੂਰਕੋਟ, ਮਜ਼ਦੂਰ ਅਧਿਕਾਰ ਅੰਦੋਲਨ ਦੇ ਆਗੂ ਨਛੱਤਰ ਸਿੰਘ ਰਾਮਨਗਰ ਤੇ ਲਾਭ ਸਿੰਘ ਅਕਲੀਆ ਆਦਿ ਆਗੂਆਂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਮਨਰੇਗਾ ਦਾ ਕੰਮ ਬੰਦ ਕਰਕੇ ਮਜ਼ਦੂਰਾਂ ਕੋਲੋਂ ਰੁਜ਼ਗਾਰ ਖੋਹ ਕੇ ਮਜ਼ਦੂਰਾਂ ਨਾਲ ਜੱਗੋਂ ਤੇਰਵੀਂ ਕੀਤੀ ਹੈ।ਇਸ ਤੋਂ ਇਲਾਵਾ ਹਰ ਸਾਲ ਮਨਰੇਗਾ ਬਜਟ ਵਿਚ ਕਟੌਤੀ ਕਰਕੇ ਇਸ ਨੂੰ ਖਤਮ ਕਰਨ ਵੱਲ ਵਧਿਆ ਜਾ ਰਿਹਾ ਹੈ।ਬੁਲਾਰਿਆਂ ਨੇ ਭਗਵੰਤ ਮਾਨ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਬਦਲਾਅ ਦਾ ਹੋਕਾ ਦੇ ਕੇ ਸੱਤਾ ਵਿੱਚ ਆਈ ਸਰਕਾਰ ਨੇ ਕੀਤੇ ਵਾਅਦਿਆਂ ਨੂੰ ਲਾਗੂ ਕਰਨ ਦੀ ਬਜਾਏ ਹੱਕ ਮੰਗਦੇ ਮਜ਼ਦੂਰਾਂ ਅਤੇ ਹੋਰ ਤਬਕਿਆਂ ਨੂੰ ਔਖੇ ਪਰੇਖੇ ਕਰਨ ਦੀਆਂ ਚਾਲਾਂ ਚੱਲੀਆਂ ਹਨ।ਉਨ੍ਹਾਂ ਕਿਹਾ ਕਿ ਮੀਹਾਂ ਨਾਲ ਹੋਏ ਨੁਕਸਾਨ ਦਾ ਅਜੇ ਤੱਕ ਮਜ਼ਦੂਰਾਂ ਦੇ ਹੱਥਾਂ 'ਤੇ ਧੇਲਾ ਨਹੀਂ ਰੱਖਿਆ ਗਿਆ ਅਤੇ ਨਾ ਹੀ ਔਰਤਾਂ ਨੂੰ 1100 ਰੁਪਏ ਦੇਣ ਦਾ ਵਾਅਦਾ ਪੂਰਾ ਕੀਤਾ ਗਿਆ ਹੈ। ਮਜ਼ਦੂਰਾਂ ਵੱਲੋਂ ਬੱਸ ਸਟੈਂਡ ਤੱਕ ਮੁਜਾਹਰਾ ਵੀ ਕੀਤਾ ਗਿਆ । ਆਗੂਆਂ ਨੇ ਮਜ਼ਦੂਰਾਂ ਨੂੰ ਲਗਾਤਾਰ ਦਿੱਤੇ ਜਾ ਰਹੇ ਧਰਨੇ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

# ਅਕਾਲੀ ਦਲ ਵੱਲੋਂ ਸੌਂਪੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਵਾਂਗਾ : ਰਣਜੀਤ ਰੰਧਾਵਾ

**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਜਾਰੀ ਕੀਤੇ ਗਏ ਹਲਕਾ ਇੰਚਾਰਜਾਂ ਦੀ ਸੂਚੀ ਵਿੱਚ ਧੂਰੀ ਹਲਕੇ ਲਈ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੂੰ ਨਵਾਂ ਹਲਕਾ



ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਨਿਯੁਕਤੀ ਤੋਂ ਬਾਅਦ ਰਣਜੀਤ ਸਿੰਘ ਰੰਧਾਵਾ ਨੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸੀਨੀਅਰ ਅਕਾਲੀ ਲੀਡਰਸ਼ਿਪ ਅਤੇ ਹਲਕੇ ਦੇ ਸਮੂਹ ਅਕਾਲੀ ਕਾਰਕੁਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾਂ ਪੰਜਾਬ ਦੀਆਂ ਭਾਵਨਾਵਾਂ, ਪੇਂਡੂ ਲੋਕਾਂ ਸਮੇਤ ਸਮੁੱਚੇ ਪੰਜਾਬੀਆਂ ਦੇ ਹੱਕਾਂ ਅਤੇ ਸਿੱਖ ਪੰਥ ਦੀ ਨੁਮਾਇੰਦਗੀ ਨਿਭਾਈ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਸ ਨੂੰ ਉਹ ਪੂਰੀ ਮਿਹਨਤ, ਈਮਾਨਦਾਰੀ ਅਤੇ ਤਨਦੇਹੀ ਨਾਲ ਪੂਰਾ ਕਰਨਗੇ ਅਤੇ ਹਲਕੇ ਦੇ ਹਰੇਕ ਵਰਕਰ ਨੂੰ ਨਾਲ ਲੈ ਕੇ ਚੱਲਣਗੇ।ਰੰਧਾਵਾ ਨੇ ਕਿਹਾ ਕਿ ਉਹ ਹਲਕੇ ਦੇ ਹਰ ਪਿੰਡ, ਵਾਰਡ ਅਤੇ ਘਰ ਤਕ ਪਾਰਟੀ ਦੀ ਪਹੁੰਚ ਮਜ਼ਬੂਤ ਕਰਨ ਲਈ ਜੁਟ ਜਾਣਗੇ। ਪਾਰਟੀ ਵਰਕਰਾਂ ਨੂੰ ਇਕੱਠਾ ਕਰਕੇ ਗਤੀਵਿਧੀਆਂ ਨੂੰ ਹੋਰ ਤੇਜ ਕੀਤਾ ਜਾਵੇਗਾ, ਤਾਂ ਜੋ ਅਕਾਲੀ ਦਲ ਨੂੰ ਹੇਠਲੇ ਪੱਧਰ 'ਤੇ ਹੋਰ ਮਜ਼ਬੂਤੀ ਮਿਲੇ।

# ਸਲਾਈਟ ਯੂਨੀਵਰਸਿਟੀ ਵਿਖੇ ਜਨ-ਜਾਤੀ ਗੌਰਵ ਦਿਵਸ ਮਨਾਇਆ




**ਲੌਂਗੋਵਾਲ (ਪ੍ਰਦੀਪ ਸੱਪਲ)**: ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਨੇ ਆਦਿਵਾਸੀ ਆਈਕਨ ਬਿਰਸਾ ਮੁੰਡਾ ਦੀ ਵਿਰਾਸਤ ਦੀ ਯਾਦ ਵਿੱਚ ਜਨ ਜਾਤੀ ਗੌਰਵ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ। ਇਹ ਪ੍ਰੋਗਰਾਮ ਯੂਨੀਵਰਸਿਟੀ ਦੇ ਵਿਹੜੇ ਵਿੱਚ ਸੱਭਿਆਚਾਰਕ ਅਤੇ ਅਕਾਦਮਿਕ ਪ੍ਰੋਗਰਾਮਾਂ ਦੀ ਇੱਕ ਲੜੀ ਨਾਲ ਸਮਾਪਤ ਹੋਇਆ। ਇਸ ਪ੍ਰੋਗਰਾਮ ਵਿੱਚ ਸਲਾਈਟ ਦੇ ਕਾਰਜਕਾਰੀ ਨਿਰਦੇਸ਼ਕ ਪ੍ਰੋ. ਏ. ਐਸ. ਅਰੋੜਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨਾਲ ਪ੍ਰੋ. ਐਮ. ਐਮ. ਸਿਨਹਾ, ਡੀਨ (ਵਿਦਿਆਰਥੀ ਭਲਾਈ), ਜਿਨ੍ਹਾਂ ਨੇ ਮਹਿਮਾਨ ਵਜੋਂ ਸੇਵਾ ਨਿਭਾਈ, ਅਤੇ ਪ੍ਰੋਗਰਾਮ ਕੋਆਰਡੀਨੇਟਰ ਡਾ. ਸੁਨੀਲ ਕੁਮਾਰ ਸ਼ਾਮਲ ਹੋਏ। ਡਾ. ਸੁਰਿੰਦਰ ਠਾਕੁਰ, ਡਾ. ਸੁਮਿਤ ਕੁਮਾਰ, ਅਤੇ ਪ੍ਰੋ. ਸ਼ੰਕਰ ਸਿੰਘ, ਮਕੈਨੀਕਲ ਇੰਜੀਨੀਅਰਿੰਗ ਦੇ ਮੁਖੀ ਸਮੇਤ ਫੈਕਲਟੀ ਮੈਂਬਰਾਂ ਅਤੇ ਉਨ੍ਹਾਂ ਦੇ ਜੀਵਨ ਸਾਥੀ ਦੇ ਨਾਲ, ਜਸ਼ਨ ਦੇ ਤਹਿਤ ਆਯੋਜਿਤ ਪ੍ਰੀ-ਈਵੈਂਟਸ ਲਈ ਜੱਜਾਂ ਵਜੋਂ ਸਰਗਰਮੀ ਨਾਲ ਹਿੱਸਾ ਲਿਆ।ਡਾ. ਸੁਨੀਲ ਕੁਮਾਰ ਨੇ ਪ੍ਰੋਗਰਾਮ ਦੇ ਉਦੇਸ਼ਾਂ ਅਤੇ ਗਤੀਵਿਧੀਆਂ ਨੂੰ ਉਜਾਗਰ ਕਰਨ ਵਾਲੀ ਇੱਕ ਸੰਖੇਪ ਰਿਪੋਰਟ ਪੇਸ਼ ਕੀਤੀ। ਪ੍ਰੋ. ਐਮ. ਐਮ. ਸਿਨਹਾ ਨੇ ਬਿਰਸਾ ਮੁੰਡਾ ਦੇ ਜੀਵਨ ਅਤੇ ਸੰਘਰਸ਼ਾਂ 'ਤੇ ਇੱਕ ਪ੍ਰੇਰਨਾਦਾਇਕ ਭਾਸ਼ਣ ਦਿੱਤਾ। ਪ੍ਰੀ-ਈਵੈਂਟਸ ਦੇ ਜੇਤੂਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ, ਜਦੋਂ ਕਿ ਸਮਾਰੋਹ ਦੌਰਾਨ ਪਤਵੰਤਿਆਂ ਨੂੰ ਸਨਮਾਨਿਤ ਕੀਤਾ ਗਿਆ ਪ੍ਰੋਗਰਾਮ ਡਾ. ਸੁਰਿੰਦਰ ਠਾਕੁਰ ਦੁਆਰਾ ਧੰਨਵਾਦ ਦੇ ਮਤੇ ਨਾਲ ਸਮਾਪਤ ਹੋਇਆ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਅੱਖਾਂ ਦਾ ਮੁਫ਼ਤ ਕੈਂਪ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਡਾਕਟਰ ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਕਟਰ ਰਾਜਿੰਦਰ ਸਿੰਘ ਅਟਵਾਲ ਦੀ ਰਹਿਨੁਮਾਈ ਹੇਠ ਹਿੰਦ ਦੀ ਚਾਦਰ ਸ਼੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਅਤੇ ਹੋਰ ਸ਼ਹੀਦਾਂ ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ, ਭਾਈ ਦਿਆਲਾ ਜੀ ( ਜਿਨ੍ਹਾਂ ਨੇ ਧਰਮ ਅਤੇ ਨੈਤਿਕਤਾ ਦੀ ਰੱਖਿਆ ਲਈ ਬਲੀਦਾਨ ਦਿੱਤਾ) ਦੀਆਂ ਸ਼ਹਾਦਤਾਂ ਨੂੰ ਸਮਰਪਿਤ ਪਿੰਡ ਮਾਨ ਸਿੰਘ ਵਾਲਾ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਾ ਸਾਹਿਬ ਵਿਖੇ 707 ਵਾਂ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ । ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ਼੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਸ ਦੌਰਾਨ ਅੱਖਾਂ ਦੀ ਜਾਂਚ ਡਾਕਟਰ ਹਰਸ਼ਪਰੀਤ ਕੌਰ ਆਈ ਸਰਜਨ ਸਿਵਲ ਹਸਪਤਾਲ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਕੀਤੀ ਗਈ ਅਤੇ ਮਿਸ ਮੰਜੂ ਅਪਥਾਲਮਿਕ ਅਫ਼ਸਰ ਵੱਲੋਂ ਐਨਕਾਂ ਦੀ ਸਿਫਾਰਸ਼ ਕੀਤੀ ਗਈ । ਕੈਂਪ ਦੌਰਾਨ 780 ਦੇ ਕਰੀਬ ਲੋਕਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ,35



ਮਰੀਜ਼ਾਂ ਨੂੰ ਅਪਰੇਸ਼ਨ ਲਈ ਚੁਣਿਆ ਗਿਆ। ਇਸ ਕੈਂਪ ਦੌਰਾਨ ਪਿੰਡ ਦੀ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਬੇਮਿਸਾਲ ਹੁੰਗਾਰਾ ਦਿੱਤਾ ਗਿਆ । ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਮਲਕੀਤ ਸਿੰਘ ਰਿਟਾ ਬੈਂਕ ਮੈਨੇਜਰ ਮੀਤ ਪ੍ਰਧਾਨ, ਬਲਜੀਤ ਸਿੰਘ ਮਾਨ ਰਿਟਾ ਪ੍ਰਿੰਸੀਪਲ, ਬਰਨੇਕ ਸਿੰਘ ਰਿਟਾ ਲੈਕਚਰਾਰ, ਮਾਸਟਰ ਰਾਜਿੰਦਰ ਸਿੰਘ, ਚਰਨਜੀਤ ਸਿੰਘ, ਸੁਖਬੀਰ ਸਿੰਘ ਓਬਰਾਏ, ਹਰਭਗਵਾਨ ਸਿੰਘ ਖੱਪਿਆਂਵਾਲ਼ੀ ਵਾਲੀ, ਕਾਲਾ ਖੱਪਿਆਂਵਾਲ਼ੀ ਵਾਲੀ, ਹਰਮੀਤ ਸਿੰਘ ਪਿੰਡ ਬਾਮ, ਦਰਸ਼ਨ ਸਿੰਘ ਸਰਪੰਚ, ਭੁਪਿੰਦਰ ਸਿੰਘ ਪੰਚ, ਮਨਜੀਤ ਕੌਰ ਪੰਚ, ਨਛੱਤਰ ਸਿੰਘ ਪੰਚ, ਅਮਰਜੀਤ ਕੌਰ ਪੰਚ, ਕੁਲਦੀਪ ਕੌਰ ਪੰਚ, ਮਿੱਠੂ ਸਿੰਘ ਪੰਚ, ਸਰਬਨ ਸਿੰਘ, ਸੁਖਮੰਦਰ ਸਿੰਘ, ਹਰਭਜਨ ਸਿੰਘ, ਗੁਰਜੀਵਨ ਸਿੰਘ, ਗੁਰਮੀਤ ਸਿੰਘ, ਹਰਵਿੰਦਰ ਸਿੰਘ, ਨਰਿੰਜਨ ਸਿੰਘ, ਬਾਬਾ ਪੂਰਨ ਸਿੰਘ ਅਤੇ ਪਿੰਡ ਮਾਨ ਸਿੰਘ ਵਾਲਾ ਦੇ ਨਿਵਾਸੀ ਹਾਜ਼ਰ ਸਨ।

# ਡੇਅਰੀ ਵਿਕਾਸ ਵਿਭਾਗ ਵੱਲੋਂ ਦੁੱਧ ਖਪਤਕਾਰ ਜਾਗਰੂਕਤਾ ਕੈਂਪ

**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਸਫੇਦ ਕ੍ਰਾਂਤੀ ਦੇ ਪਿਤਾਮਾ ਡਾ. ਵੀ. ਕੁਰੀਅਨ ਦੇ ਜਨਮ ਦਿਹਾੜੇ ਨੂੰ ਯਾਦ ਕਰਦੇ ਹੋਏ ਰਾਸ਼ਟਰੀ ਦੁੱਧ ਦਿਵਸ ਦੇ ਮੌਕੇ ਡੇਅਰੀ ਵਿਕਾਸ ਵਿਭਾਗ ਪੰਜਾਬ ਦੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਫਾਜ਼ਿਲਕਾ ਵੱਲੋਂ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਕੈਂਪ ਸਬੰਧੀ ਜਾਣਕਾਰੀ ਦਿੰਦੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਫਾਜ਼ਿਲਕਾ ਸ਼੍ਰੀ ਰਣਦੀਪ ਕੁਮਾਰ ਹਾਂਡਾ ਨੇ ਦੱਸਿਆ ਕਿ ਡਾ. ਵੀ. ਕੁਰੀਅਨ ਇਕ ਮਹਾਨ ਸਖਸ਼ੀਅਤ ਸਨ ਜਿੰਨ੍ਹਾਂ ਨੇ ਦੇਸ਼ ਵਿਚ ਦੁੱਧ ਦੀ ਪੈਦਾਵਾਰ ਵਧਾਉਣ ਵਿਚ ਬਹੁਤ ਵੱਡੀ ਭੂਮਿਕਾ ਨਿਭਾਈ ਅਤੇ ਦੇਸ਼ ਨੂੰ ਦੁੱਧ ਦੇ ਉਤਪਾਦਨ ਲਈ ਆਤਮ ਨਿਰਭਰ ਬਣਾਇਆ । ਉਹਨਾਂ ਨੂੰ ਰਾਸ਼ਟਰੀ ਡੇਅਰੀ ਵਿਕਾਸ ਬੋਰਡ ਦੇ ਨਿਰਮਾਤਾ ਵਜੋਂ ਵੀ ਜਾਣਿਆ ਜਾਂਦਾ ਹੈ । ਵਾਰਡ ਨੰ. 11, ਜੱਟੀਆਂ ਮਹੱਲਾ, ਫਾਜ਼ਿਲਕਾ ਵਿਚ ਲਗਾਏ ਗਏ ਦੁੱਧ ਖਪਤਕਾਰ ਕੈਂਪ ਵਿਚ ਸ਼੍ਰੀ ਰਮਨਦੀਪ ਕੁਮਾਰ, ਡੇਅਰੀ ਵਿਕਾਸ ਇੰਸਪੈਕਟਰ ਵੱਲੋਂ ਵੱਖ-ਵੱਖ ਦੁੱਧ ਖਪਤਕਾਰਾਂ ਵੱਲੋਂ ਲਿਆਂਦੇ ਘਰਾਂ ਵਿਚ ਵਰਤੇ ਜਾਣ ਵਾਲੇ ਦੁੱਧ ਦੇ ਕਈ ਨਮੂਨੇ ਟੈਸਟ ਕੀਤੇ ਅਤੇ ਮੌਕੇ 'ਤੇ ਨਤੀਜੇ ਦੱਸੇ ਗਏ । ਇਸ ਕੈਂਪ ਵਿਚ ਖਪਤਕਾਰਾਂ ਨੂੰ ਸਾਫ ਦੁੱਧ ਦੀ ਪਰਖ ਕਰਨ ਦੇ ਤਰੀਕੇ ਅਤੇ ਸਮੇਂ ਸਮੇਂ ਦੁੱਧ ਦੀ ਪਰਖ ਕਰਵਾਉਂਦੇ ਰਹਿਣ ਸਬੰਧੀ ਪ੍ਰੇਰਿਤ ਕੀਤਾ ਗਿਆ । ਕੈਂਪ ਦੌਰਾਨ ਕੁੱਲ 24 ਸੈਂਪਲ ਟੈਸਟ ਕੀਤੇ ਗਏ ਜਿਸ ਵਿਚ 7 ਸੈਂਪਲਾਂ ਵਿਚ ਵਾਧੂ ਪਾਣੀ ਦੀ ਮਾਤਰਾ ਪਾਈ ਗਈ ਅਤੇ ਕੋਈ ਹਾਨੀਕਾਰਕ ਤੱਤ ਨਹੀਂ ਪਾਇਆ ਗਿਆ।

# ਡਿਊਟੀ ਦੌਰਾਨ ਸਮਰਪਣ ਦਿਖਾਉਣ ਬਦਲੇ ਕ੍ਰਮਚਾਰੀਆਂ ਦਾ ਸੁਰੱਖਿਆ ਪੁਰਸਕਾਰ ਨਾਲ ਸਨਮਾਨ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਫ਼ਿਰੋਜ਼ਪੁਰ ਮੰਡਲ 'ਚ ਸਤੰਬਰ ਤੇ ਅਕਤੂਬਰ ਮਹੀਨੇ ਦੌਰਾਨ ਸੁਰੱਖਿਅਤ ਰੇਲ ਸੰਚਾਲਨ ਵਿੱਚ ਯੋਗਦਾਨ ਪਾਉਣ ਵਾਲੇ 16 ਰੇਲ ਕ੍ਰਮਚਾਰੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਕੰਮ ਲਈ ਸਲਾਹਿਆ ਗਿਆ ਅਤੇ ਆਪਣੀ ਸੂਝ-ਬੂਝ ਅਤੇ




ਤਤਪਰਤਾ ਨਾਲ ਰੇਲ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਨੂੰ ਸੁਰੱਖਿਆ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ। ਲਖਬੀਰ ਸਿੰਘ ਟਰੈਕ ਮੇਨਟੇਨਰ-999, ਹਰਕੇਸ਼ ਮੀਣਾ ਟਰੇਨ ਮੈਨੇਜਰ, ਧਰਮ ਸਿੰਘ ਮੀਣਾ ਟਰੇਨ ਮੈਨੇਜਰ, ਪਿੰਟੂ ਕੁਮਾਰ ਕਾਂਟੇਵਾਲਾ, ਰਮੇਸ਼ ਚੰਦਰ ਮੀਣਾ ਕਾਂਟੇਵਾਲਾ, ਕਰਨਵੀਰ ਸਿੰਘ ਟੀਟੀਆਈ, ਅਰਪਿਤ ਕੁਮਾਰ ਟੀਟੀਆਈ, ਰਮੇਸ਼ ਚੰਦ ਮੀਨਾ ਟੈਕਨੀਸ਼ੀਅਨ-99, ਪ੍ਰਵੀਨ ਕੁਮਾਰ ਸਟੇਸ਼ਨ ਮਾਸਟਰ, ਸੰਜੀਵ ਕੁਮਾਰ ਲੋਕੋਪਾਇਲਟ, ਸਤੀਸ਼ ਕੁਮਾਰ ਟੈਕਨੀਸ਼ੀਅਨ-9, ਲਲਿਤ ਕੁਮਾਰ ਸ਼ਰਮਾ ਟਰੇਨ ਮੈਨੇਜਰ, ਗਗਨਦੀਪ ਸਟੇਸ਼ਨ ਮਾਸਟਰ, ਆਦਿਤਿਆ ਕੁਮਾਰ ਟੈਕਨੀਸ਼ੀਅਨ-99, ਅੰਕੁਰ ਢਾਕਾ ਸਟੇਸ਼ਨ ਮਾਸਟਰ ਤੇ ਨਵੀਨ ਕੁਮਾਰ ਗੇਟਮੈਨ ਨੂੰ ਟਰੇਨਾਂ ਦੇ ਸੁਰੱਖਿਅਤ ਸੰਚਾਲਨ, ਪਟੜੀਆਂ ਦੀ ਦੇਖਭਾਲ ਤੇ ਯਾਤਰੀਆਂ ਦੀ ਸੁਰੱਖਿਆ ਵਿੱਚ ਸ਼ਾਨਦਾਰ ਯੋਗਦਾਨ ਲਈ ਸਨਮਾਨਤ ਕੀਤਾ ਗਿਆ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਕਿਹਾ ਕਿ ਇਹ ਸਨਮਾਨ ਇਨ੍ਹਾਂ ਕ੍ਰਮਚਾਰੀਆਂ ਦੇ ਚੰਗੇ ਕੰਮ ਤੇ ਉਨ੍ਹਾਂ ਨੂੰ ਪ੍ਰੋਤਸਾਹਨ ਦੇਣ ਲਈ ਹੈ। ਇਸ ਤੋਂ ਪ੍ਰੇਰਤ ਹੋ ਕੇ ਮੰਡਲ ਦੇ ਹੋਰ ਕ੍ਰਮਚਾਰੀ ਵੀ ਪ੍ਰੇਰਤ ਹੋਣਗੇ ਤੇ ਚੌਕਸੀ ਨਾਲ ਡਿਊਟੀ ਦੀ ਪਾਲਣਾ ਕਰਨਗੇ। ਇਸੇ ਤਰ੍ਹਾਂ ਭਵਿੱਖ ਵਿਚ ਵੀ ਫ਼ਿਰੋਜ਼ਪੁਰ ਮੰਡਲ ਵਿੱਚ ਸੁਰੱਖਿਆ ਮਾਪਦੰਡਾਂ ਨੂੰ ਬਣਾਈ ਰੱਖਣ ਦੀ ਦਿਸ਼ਾ 'ਚ ਯਤਨ ਜਾਰੀ ਰਹਿਣਗੇ।



# ਪਵਿੱਤਰ ਸ਼ਹਿਰਾਂ ਦਾ ਦਰਜਾ ਦੇਣਾ ਇਤਿਹਾਸਕ ਕਦਮ : ਇੰਦਰਜੀਤ ਸਿੰਘ ਸੰਧੂ

**ਸਨੌਰ (ਰਾਜਿੰਦਰ ਸਿੰਘ ਥਿੰਦ)**- ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਵਲੋਂ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਅਤੇ ਤਲਵੰਡੀ ਸਾਬੋ ਨੂੰ ਪੰਜਾਬ ਵਿਧਾਨ ਸਭਾ ਵਿਚ ਪਵਿੱਤਰ ਸ਼ਹਿਰਾਂ ਦਾ ਦਰਜਾ ਦੇਣ ਦੇ ਫ਼ੈਸਲੇ ਦਾ ਸਵਾਗਤ ਕਰਦੇ ਹੋਏ ਸਟੇਟ ਕੰਟੇਨਰ ਤੇ ਵੇਅਰ ਇੰਦਰਜੀਤ ਸਿੰਘ ਸੰਧੂ ਵਾਇਸ ਚੇਅਰਮੈਨ ਪੰਜਾਬ ਹਾਊਸਿੰਗ ਕਾਰਪੋਰੇਸ਼ਨ ਲਿਮਟਿਡ ਨੇ ਇਸ ਨੂੰ ਬਹੁਤ ਵੱਡਾ ਤੇ ਇਤਿਹਾਸਕ ਕਦਮ ਕਰਾਰ ਦਿੱਤਾ ਹੈ । ਸ. ਸੰਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਜਿੱਥੇ ਇਕ ਪਾਸੇ ਲੋਕ ਭਲਾਈ ਅਤੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਹੈ, ਉੱਥੇ ਹੀ ਧਾਰਮਿਕ ਮੁੱਦਿਆਂ ਸੰਬੰਧੀ ਵੀ ਗੰਭੀਰਤਾ ਨਾਲ ਨਵੀਆਂ ਪਿਰਤਾਂ ਪਾਈਆਂ ਹਨ।ਤਿੰਨਾਂ ਸ਼ਹਿਰਾਂ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇ ਕੇ ਸਰਕਾਰ ਨੇ ਇੱਥੇ ਨਸ਼ਾ ਅਤੇ ਮੀਟ-ਸ਼ਰਾਬ ਦੀ ਵਿਕਰੀ 'ਤੇ ਪਾਬੰਦੀ ਲਗਾ ਕੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਕੀਤੀ ਹੈ।ਉਨ੍ਹਾਂ ਨੇ ਕਿਹਾ ਕਿ ਇਹ ਕਦਮ ਸਿੱਖ ਪੰਥ ਦੀ ਆਸਥਾ, ਸੰਸਕਾਰਾਂ ਅਤੇ ਪਵਿੱਤਰ ਇਤਿਹਾਸ ਪ੍ਰਤੀ ਸਰਕਾਰ ਦੀ ਸੱਚੀ ਭਾਵਨਾ ਨੂੰ ਦਰਸਾਉਂਦਾ ਹੈ ।ਲੋਕ ਇਸ ਫ਼ੈਸਲੇ ਨੂੰ ਲੈ ਕੇ ਬਹੁਤ ਭਾਵਕ ਅਤੇ ਖ਼ੁਸ਼ ਹਨ।

# ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਬਨੇਗਾ ਦੀ ਪ੍ਰਾਪਤੀ ਤੇ ਓ ਪੀ ਐੱਸ ਸਕੀਮ ਦੀ ਪ੍ਰਾਪਤੀ ਲਈ ਸੈਮੀਨਾਰ

**ਜਲਾਲਾਬਾਦ (ਜੰਗੀਰ ਕੌਰ, ਜੀਤ ਕੁਮਾਰ, ਬਲਵਿੰਦਰ ਸਿੰਘ, ਰਣਬੀਰ ਕੌਰ ਢਾਬਾਂ)**- ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ( ਏ ਆਈ ਐਸ ਐਫ) ਸਰਬ ਭਾਰਤ ਨੌਜਵਾਨ ਸਭਾ ( ਏ ਆਈ ਵਾਈ ਐਫ ) ਵੱਲੋਂ ਗ਼ਦਰ ਪਾਰਟੀ ਦੇ ਜਰਨੈਲ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ 'ਬਨੇਗਾ ਦੀ ਪ੍ਰਾਪਤੀ' ਅਤੇ 'ਓ ਪੀ ਐਸ' ਸਕੀਮ ਨੂੰ ਲਾਗੂ ਕਰਵਾਉਣ ਲਈ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦੀ ਪ੍ਰਧਾਨਗੀ ਸੋਨਾ ਧੂੰਨਕੀਆਂ, ਗੁਰਪ੍ਰੀਤ ਕੌਰ ਅਰਾਈਂਆ ਵਾਲਾ ਅਤੇ ਹਰਪ੍ਰੀਤ ਸਿੰਘ ਭੰਬਾਵੱਟੂ ਨੇ ਕੀਤੀ। ਇਸ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਸਾਥੀ ਚਰਨਜੀਤ ਛਾਂਗਾਰਾਏ ਅਤੇ ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਸੂਬਾ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਨੇ ਕਿਹਾ ਕਿ ਗ਼ਦਰ ਪਾਰਟੀ ਦੇ ਜਰਨੈਲ ਸ਼ਹੀਦ ਕਰਤਾਰ ਸਿੰਘ ਸਰਾਭਾ ਅੱਜ ਵੀ ਦੇਸ਼ ਦੀ ਜਵਾਨੀ ਲਈ ਰਾਹ ਦਸੇਰਾ ਹੈ। ਉਹਨਾਂ ਕਿਹਾ ਕਿ ਜਿਸ ਤਰ੍ਹਾਂ ਮੌਜੂਦਾ ਦੌਰ ਵਿੱਚ ਸਥਾਨਕ



ਪੱਧਰ ਤੋਂ ਲੈ ਕੇ ਕੌਮਾਂਤਰੀ ਪੱਧਰ ਤੱਕ ਵਿੱਤੀ ਸਰਮਾਇਆ ਆਪਣੀ ਧੌਂਸ ਵਿਖਾਉਣ ਲਈ ਮਨੁੱਖਤਾ ਨੂੰ ਹਰ ਤਰ੍ਹਾਂ ਦਾ ਤਸ਼ੱਦਦ ਢਾਹ ਕੇ ਦਰੜ ਰਿਹਾ ਹੈ, ਉਸ ਦਾ ਮੁਕਾਬਲਾ ਸ਼ਹੀਦ ਕਰਤਾਰ ਸਿੰਘ ਸਰਾਭਾ ਵਰਗੇ ਗਦਰੀਆਂ ਦੇ ਫ਼ਲਸਫ਼ੇ ਤੋਂ ਰੋਸ਼ਨੀ ਲੈ ਕੇ ਹੀ ਕੀਤਾ ਜਾ ਸਕਦਾ ਹੈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਦੇਸ਼ ਦੀ ਬੇਰੁਜ਼ਗਾਰ ਜਵਾਨੀ ਅੱਜ ਰੁਜ਼ਗਾਰ ਪ੍ਰਾਪਤੀ ਲਈ ਸੰਘਰਸ਼ ਕਰ ਰਹੀ ਹੈ ਅਤੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ 'ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ' (ਬਨੇਗਾ) ਨੂੰ ਪਾਸ ਕਰਵਾਉਣ ਲਈ ਰੁਜ਼ਗਾਰ ਮੰਗਦੀਆਂ ਧਿਰਾਂ ਅਤੇ ਉਹਨਾਂ ਦੇ ਮਾਪਿਆਂ ਨੂੰ ਲਾਮਬੰਦ ਕਰ ਰਹੀ ਹੈ ਅਤੇ ਇਹ ਲਾਮਬੰਦੀ ਨੌਕਰੀ ਲੱਗਣ ਤੋਂ ਬਾਅਦ ਪੱਕੀ ਪੈਨਸ਼ਨ ਸਕੀਮ ਲਾਗੂ ਕਰਵਾਉਣ ਲਈ ਵੀ ਸੰਘਰਸ਼ ਜਾਰੀ ਰੱਖੇਗੀ। ਆਗੂਆਂ ਨੇ ਇਹ ਵੀ ਕਿਹਾ ਕਿ ਸੇਵਾ ਮੁਕਤੀ ਤੋਂ ਬਾਅਦ ਬੁਢਾਪੇ ਲਈ ਪੈਨਸ਼ਨ ਹਰ ਇਕ ਮੁਲਾਜ਼ਮ ਦਾ ਮੁੱਢਲਾ ਅਧਿਕਾਰ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬ ਭਾਰਤ ਨੌਜਵਾਨ ਸਭਾ ਦੇ ਬਲਾਕ ਮੀਤ ਪ੍ਰਧਾਨ ਸੋਨਾ ਧੂੰਨਕੀਆਂ, ਸੰਦੀਪ ਜੋਧਾ, ਰਾਜਵਿੰਦਰ ਨਿਓਲਾ, ਯੂਥ ਕਲੱਬ ਚੱਕ ਖੀਵਾ ਦੇ ਪ੍ਰਧਾਨ ਰਾਜ ਸਿੰਘ ਖੀਵਾ, ਸਕੱਤਰ ਸੁਰਜੀਤ ਸਿੰਘ, ਹਰਚਰਨ ਪਾਲੀਵਾਲਾ, ਈਸ਼ਾ ਅਰਾਈਆਂ ਵਾਲਾ ਅਤੇ ਪਰਮਜੀਤ ਸੋਹਣਾ ਸਾਂਦੜ ਨੇ ਵੀ ਸੰਬੋਧਨ ਕੀਤਾ।

# ਭਾਜਪਾ ਦੇਸ਼ ਲਈ ਵੱਡਾ ਖਤਰਾ : ਕਾਂਗਰਸ ਆਗੂ

**ਜਗਰਾਉਂ (ਸੰਜੀਵ ਅਰੋੜਾ)**- ਬੁੱਧਵਾਰ ਨੂੰ ਹਲਕਾ ਇੰਚਾਰਜ ਜਗਤਾਰ ਸਿੰਘ ਜੱਗਾ ਹਿੱਸੋਵਾਲ ਸਾਬਕਾ ਵਿਧਾਇਕ ਦੇ ਗ੍ਰਹਿ ਵਿਖੇ 'ਆਓ ਸਾਰੇ ਮਿਲ ਕੇ ਲੋਕਤੰਤਰ ਨੂੰ ਬਚਾਈਏ' ਤਹਿਤ ਕਾਂਗਰਸ ਪਾਰਟੀ ਦੀ ਅਹਿਮ ਮੀਟਿੰਗ ਹੋਈ, ਜਿਸ 'ਚ ਹਲਕਾ ਦਾਖਾ ਦੇ ਇੰਚਾਰਜ ਕੈਪਟਨ ਸੰਦੀਪ ਸੰਧੂ, ਜ਼ਿਲ੍ਹਾ ਦਿਹਾਤੀ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ, ਬਲਾਕ ਦਿਹਾਤੀ ਪ੍ਰਧਾਨ ਨਵਦੀਪ ਸਿੰਘ ਗਰੇਵਾਲ ਤੇ ਬਲਾਕ ਸ਼ਹਿਰੀ ਪ੍ਰਧਾਨ ਹਰਪ੍ਰੀਤ ਸਿੰਘ ਧਾਲੀਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਦੌਰਾਨ ਪਾਰਟੀ ਹਾਈਕਮਾਂਡ ਨੇ ਵਰਕਰਾਂ ਨੂੰ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ ਕਮਰਕੱਸੇ ਕਸਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜੱਗਾ ਹਿੱਸੋਵਾਲ, ਕੈਪਟਨ ਸੰਦੀਪ ਸੰਧੂ ਤੇ ਮੇਜਰ ਮੁੱਲਾਂਪੁਰ ਨੇ ਕਿਹਾ ਕਿ ਸ੍ਰੀ ਰਾਹੁਲ ਗਾਂਧੀ ਵੱਲੋਂ ਦੇਸ਼ ਭਰ 'ਚ ਲੋਕਤੰਤਰ ਨੂੰ ਬਚਾਉਣ ਲਈ, ਇਕ ਬਹੁਤ ਵੱਡੀ ਮੁਹਿੰਮ ਚਲਾਈ ਹੋਈ ਹੈ, ਜਿਸ ਦਾ ਪੂਰੇ ਦੇਸ਼ ਅੰਦਰ ਅਸਰ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਲੋਕਤੰਤਰ ਲਈ ਵੱਡਾ ਖਤਰਾ ਬਣਦੀ ਜਾ ਰਹੀ ਹੈ, ਜਿਸ ਨੂੰ ਬਚਾਉਣ ਲਈ ਤੁਹਾਡੇ ਵੱਡੇ ਸਾਥ ਦੀ ਲੋੜ ਹੈ। ਇਸ ਮੌਕੇ ਉਨ੍ਹਾਂ ਵਰਕਰਾਂ ਨੂੰ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ ਤਿਆਰ ਰਹਿਣ ਲਈ



**● ਲੋਕਤੰਤਰ ਬਚਾਉਣ ਨੂੰ ਲੈ ਕੇ ਕਾਂਗਰਸ ਪਾਰਟੀ ਨੇ ਕੀਤੀ ਮੀਟਿੰਗ**

ਆਖਿਆ । ਇਸ ਮੌਕੇ ਰਾਜੇਸ਼ਇੰਦਰ ਸਿੰਘ ਸਿੱਧੂ, ਸਰਪੰਚ ਗੁਰਚਰਨ ਸਿੰਘ ਗਾਲਿਬ ਕਲਾਂ, ਬਿਕਰਮ ਸਿੰਘ ਬਾਜਵਾ ਇੰਚਾਰਜ ਸਾਹਨੇਵਾਲ, ਲਖਵਿੰਦਰ ਸਿੰਘ, ਸਰਪੰਚ ਗੁਰਪ੍ਰੀਤ ਸਿੰਘ ਗਾਲਿਬ ਖੁਰਦ, ਭਜਨ ਸਵੱਦੀ, ਗੋਪਾਲ ਸ਼ਰਮਾ, ਕੌਂਸਲਰ ਅਮਨ ਕਪੂਰ ਬੌਬੀ, ਕੌਂਸਲਰ ਵਿਕਰਮ ਜੱਸੀ, ਸਾਬਕਾ ਸਰਪੰਚ ਸਰਜੀਤ ਸਿੰਘ ਸ਼ੇਰਪੁਰ ਕਲਾਂ, ਸਾਬਕਾ ਸਰਪੰਚ ਇਕਬਾਲ ਸਿੰਘ, ਉਤਮ ਸਿੰਘ ਰਸੂਲਪੁਰ, ਸੁੱਖੀ ਬਰਸਾਲ, ਦਵਿੰਦਰ ਚਾਹਲ, ਸਾਬਕਾ ਸਰਪੰਚ ਦਰਸ਼ਨ ਸਿੰਘ, ਕੁਲਵੰਤ ਸਿੰਘ ਡਾਂਗੀਆਂ, ਸਰਪੰਚ ਗੁਰਬਖਸ਼ ਸਿੰਘ, ਸਾਬਕਾ ਸਰਪੰਚ ਨਿਰਮਲ ਸਿੰਘ, ਸਾਬਕਾ ਸਰਪੰਚ ਸ਼ੇਰ ਸਿੰਘ, ਸਾਬਕਾ ਸਰਪੰਚ ਜਤਿੰਦਰਪਾਲ ਸਿੰਘ, ਸਾਬਕਾ ਸਰਪੰਚ ਅਮਨਦੀਪ ਸਿੰਘ, ਕੌਂਸਲਰ ਜਰਨੈਲ ਸਿੰਘ ਲੋਹਟ, ਮੇਜਰ ਸਿੰਘ ਕਾਉਂਕੇ ਕਲਾਂ, ਗੁਰਮੇਲ ਸਿੰਘ ਸਾਬਕਾ ਸਰਪੰਚ, ਡਾ: ਗੁਰਪ੍ਰੀਤ ਸਿੰਘ, ਬਿੱਲੂ ਗਿੱਦੜਵਿੰਡੀ, ਸਵਰਨ ਸਿੰਘ ਰਾਮਗੜ੍ਹ, ਮਨਜਿੰਦਰ ਸਿੰਘ ਡੱਲਾ, ਕੌਂਸਲਰ ਮੇਸ਼ੀ ਸਹੋਤਾ, ਸਰਪੰਚ ਲਾਲੀ ਅਲੀਗੜ੍ਹ, ਗੁਰਸ਼ਰਨ ਸਿੰਘ ਕੋਠੇ ਸ਼ੇਰਜੰਗ, ਬਿੱਟੂ ਕੋਠੇ ਹਰੀ ਸਿੰਘ, ਕੁਲਦੀਪ ਸਿੰਘ ਕੋਠੇ ਸ਼ੇਰਜੰਗ, ਪ੍ਰੇਮ ਰਸੂਲਪੁਰ, ਸਿਮਰਨ ਮੱਲ੍ਹਾ ਤੇ ਦਰਸ਼ਨ ਚੀਮਾ ਆਦਿ ਹਾਜ਼ਰ ਸਨ।

# ਮਾਤਾ ਗੁਜਰੀ ਸਕੂਲ ਵੱਲੋਂ ਨੈਸ਼ਨਲ ਕਾਮਰਸ ਕੁਵਿਜ਼ ਦਾ ਸ਼ਾਨਦਾਰ ਪ੍ਰਦਰਸ਼ਨ



**ਦੇਵੀਗੜ੍ਹ (ਰਾਜਿੰਦਰ ਥਿੰਦ)**- ਜੀ.ਐਨ. ਗਰਲਜ਼ ਕਾਲਜ, ਪਟਿਆਲਾ ਵੱਲੋਂ ਆਯੋਜਿਤ ਨੈਸ਼ਨਲ ਕਾਮਰਸ ਕਵਿਜ਼ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ।ਇਸ ਰਾਸ਼ਟਰੀ ਪੱਧਰੀ ਮੁਕਾਬਲੇ ਵਿੱਚ ਕੁੱਲ 18 ਸਕੂਲਾਂ ਨੇ ਭਾਗ ਲਿਆ। ਮਾਤਾ ਗੁਜਰੀ ਸਕੂਲ ਦੀ ਕਵਿਜ਼ ਟੀਮ ਨੇ ਆਪਣੇ ਉਤਕ੍ਰਿਸ਼ਟ ਗਿਆਨ ਅਤੇ ਤੇਜ਼ੀ ਨਾਲ ਜਵਾਬ ਦੇਣ ਦੀ ਸਮਰੱਥਾ ਦੇ ਆਧਾਰ 'ਤੇ ਸਭ ਦਾ ਮਨ ਮੋਹ ਲਿਆ ਅਤੇ ?5,000 ਦੀ ਨਕਦ ਰਕਮ, ਟ੍ਰੌਫੀਆਂ ਅਤੇ ਸਰਟੀਫਿਕੇਟ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ।ਸਕੂਲ ਦੇ ਨਿਰਦੇਸ਼ਕ ਭੁਪਿੰਦਰ ਸਿੰਘ, ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਮਮਤਾ ਮੱਕੜ ਅਤੇ ਕਾਮਰਸ ਵਿਭਾਗ ਦੀਆਂ ਅਧਿਆਪਾਂ ਅਮਨਦੀਪ ਕੌਰ ਅਤੇ ਜਸਪ੍ਰੀਤ ਕੌਰ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਹਾਰਦਿਕ ਵਧਾਈਆਂ ਦਿੱਤੀਆਂ ਅਤੇ ਭਵਿੱਖ ਵਿੱਚ ਹੋਰ ਤਰੱਕੀ ਕਰਨ ਦੀ ਕਾਮਨਾ ਕੀਤੀ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜਾਂ ਦੀ ਨਿਯੁਕਤੀ

**ਚੰਡੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**— ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਜਿਲਾ ਪਟਿਆਲਾ ਦੇ 3 ਹਲਕਾ ਇੰਚਾਰਜਾਂ, ਜਿਲਾ ਸੰਗਰੂਰ ਦੇ ਧੂਰੀ ਹਲਕੇ ਅਤੇ ਜਿਲਾ ਮੋਗਾ ਦੇ ਨਿਹਾਲ ਸਿੰਘ ਵਾਲਾ ਹਲਕੇ ਦੇ ਹਲਕਾ ਇੰਚਾਰਜਾਂ ਦਾ ਐਲਾਨ ਕਰ ਦਿੱਤਾ ਹੈ ।ਇਸ ਦੇ ਨਾਲ ਹੀ ਜਿਲਾ ਪਟਿਆਲਾ ਦੇ ਹਲਕਾ ਸਨੌਰ ਵਿੱਚ ਪਾਰਟੀ ਦੇ ਕੰਮਕਾਜ ਨੂੰ ਬੇਹਤਰ ਤਰੀਕੇ ਨਾਲ ਚਲਾਉਣ ਲਈ 4 ਮੈਂਬਰੀ ਕਮੇਟੀ ਦਾ ਐਲਾਨ ਕੀਤਾ ਹੈ। ਬੁੱਧਵਾਰ ਨੂੰ ਪਾਰਟੀ ਦੇ ਮੁੱਖ ਦਫ਼ਤਰ ਤੋਂ ਜਾਰੀ ਇੱਕ ਬਿਆਨ ਵਿੱਚ ਬਾਦਲ ਨੇ ਦੱਸਿਆ ਕਿ ਸ. ਸੁਰਜੀਤ ਸਿੰਘ ਗੜ੍ਹੀ ਮੈਂਬਰ ਐਸ.ਜੀ.ਪੀ.ਸੀ ਹਲਕਾ ਰਾਜਪੁਰਾ, ਯੂਥ ਅਕਾਲੀ ਦਲ ਦੇ ਪ੍ਰਧਾਨ ਸ. ਸਰਬਜੀਤ ਸਿੰਘ ਝਿੰਜਰ ਹਲਕਾ ਘਨੌਰ, ਸ. ਜਗਮੀਤ ਸਿੰਘ ਹਰਿਆਊ ਹਲਕਾ ਸਮਾਣਾ ਦੇ ਹਲਕਾ ਇੰਚਾਰਜ ਹੋਣਗੇ। ਸ. ਰਣਜੀਤ ਸਿੰਘ ਰੰਧਾਵਾ ਕਾਤਰੋਂ ਜਿਲਾ ਸੰਗਰੂਰ ਦੇ ਹਲਕਾ ਧੂਰੀ ਦੇ ਹਲਕਾ ਇੰਚਾਰਜ ਹੋਣਗੇ



ਅਤੇ ਸ. ਰਾਜਵਿੰਦਰ ਸਿੰਘ ਧਰਮਕੋਟ ਜਿਲਾ ਮੋਗਾ ਦੇ ਹਲਕਾ ਨਿਹਾਲ ਸਿੰਘ ਵਾਲਾ ਐਸ.ਸੀ ਦੇ ਹਲਕਾ ਇੰਚਾਰਜ ਹੋਣਗੇ। ਉਹਨਾਂ ਦੱਸਿਆ ਕਿ ਜਿਲਾ ਪਟਿਆਲਾ ਦੇ ਹਲਕਾ ਸਨੌਰ ਵਿੱਚ ਪਾਰਟੀ ਦੇ ਕੰਮਕਾਜ ਨੂੰ ਸੁਚਾਰੂ ਤਰੀਕੇ ਨਾਲ ਚਲਾਉਣ ਲਈ 4 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਸ. ਕ੍ਰਿਸ਼ਨ ਸਿੰਘ ਕੰਬੋਜ, ਸ. ਫੌਜਇੰਦਰ ਸਿੰਘ ਮੁਖਮੈਲਪੁਰ, ਸ. ਰਜਿੰਦਰ ਸਿੰਘ ਵਿਰਕ ਅਤੇ ਸ. ਜਸਪਾਲ ਸਿੰਘ ਬਿੱਟੂ ਚੱਠਾ ਦੇ ਨਾਮ ਸ਼ਾਮਲ ਹਨ। ਉਹਨਾਂ ਦੱਸਿਆ ਕਿ ਸ਼੍ਰੀ ਐਨ. ਕੇ. ਸ਼ਰਮਾ ਨੂੰ ਆ ਰਹੀਆਂ ਬਲਾਕ ਸੰਮਤੀ ਅਤੇ ਜਿਲਾ ਪ੍ਰੀਸ਼ਦ ਦੀਆਂ ਚੋਣਾਂ ਲਈ ਜਿਲਾ ਪਟਿਆਲਾ ਅਤੇ ਜਿਲਾ ਮੋਹਾਲੀ ਦੇ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ ਅਤੇ ਉਹ ਬਲਾਕ ਸੰਮਤੀ ਅਤੇ ਜਿਲਾ ਪ੍ਰੀਸ਼ਦ ਦੀਆਂ ਚੋਣਾਂ ਦੇ ਉਮੀਦਵਾਰਾਂ ਦੀ ਚੋਣ ਕਰਕੇ ਮੁੱਖ ਦਫਤਰ ਨੂੰ ਭੇਜਣਗੇ ਅਤੇ ਦੋਹਾਂ ਜਿਲਿਆਂ ਵਿੱਚ ਚੋਣ ਮੁਹਿੰਮ ਨੂੰ ਚਲਾਉਣਗੇ।ਇਸੇ ਤਰਾਂ ਬਲਾਕ ਸੰਮਤੀ ਅਤੇ ਜਿਲਾ ਪ੍ਰੀਸ਼ਦ ਦੀਆਂ ਚੋਣਾਂ ਲਈ ਸ੍ਰੀ ਕਮਲ ਚੇਤਲੀ ਨੂੰ ਜਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ ਅਤੇ ਸ. ਰਣਜੀਤ ਸਿੰਘ ਢਿੱਲੋਂ ਸਾਬਕਾ ਵਿਧਾਇਕ ਹਲਕਾ ਦਾਖਾ ਅਤੇ ਹਲਕਾ ਗਿੱਲ ਐਸ.ਸੀ ਦੇ ਅਬਜ਼ਜ਼ਰਵਰ ਹੋਣਗੇ ਜਿਸ ਵਿੱਚ ਉਹ ਸਥਾਨਕ ਆਗੂਆਂ ਨਾਲ ਸਲਾਹ ਮਸ਼ਵਰਾ ਕਰਕੇ ਬਲਾਕ ਸੰਮਤੀ ਅਤੇ ਜਿਲਾ ਪ੍ਰੀਸ਼ਦ ਦੇ ਉਮੀਦਵਾਰਾਂ ਦੀ ਚੋਣ ਕਰਨਗੇ ਤੇ ਚੋਣ ਮੁਹਿੰਮ ਨੂੰ ਚਲਾਉਣਗੇ।

# ਬਲੌਸਮਜ਼ ਕਾਨਵੈਂਟ ਸਕੂਲ ਦਾ ਗੁਰਕੀਰਤ ਸਿੰਘ ਭੁੱਲਰ ਰਾਈਫ਼ਲ ਸ਼ੂਟਿੰਗ 'ਚ ਅੱਵਲ

**ਜਗਰਾਉਂ (ਅਮਿਤ ਖੰਨਾ)**- ਬੀਤੇ ਦਿਨੀਂ ਬਲੌਸਮਜ਼ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਿਟੀ ਯੂਨੀਵਰਸਿਟੀ ਵਿਖੇ ਐਨ.ਸੀ.ਸੀ ਦੇ ਦਸ ਦਿਨਾ ਕੈਂਪ ਦੌਰਾਨ ਬਹੁਤ ਸਾਰੀਆਂ ਗਤੀਵਿਧੀਆਂ ਵਿੱਚ ਭਾਗ ਲਿਆ। ਜਿਸ ਤਹਿਤ ਪੱਚੀ ਮੀਟਰ ਰਾਈਫ਼ਲ ਸ਼ੂਟਿੰਗ ਵਿੱਚ ਦੋ ਸੌ ਬੱਚਿਆਂ ਨੂੰ ਪਛਾੜਦੇ ਗੁਰਕੀਰਤ ਸਿੰਘ ਭੁੱਲਰ ਨੇ ਆਪਣੇ ਪੱਕੇ ਨਿਸ਼ਾਨੇ ਦੀ ਕਲਾ ਦਿਖਾਉਂਦੇ ਹੋਏ ਪਹਿਲਾ




ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਏ.ਐਨ.ਓ ਮਿ. ਅਮਨਦੀਪ ਸਿੰਘ ਉਸ ਦੇ ਮਾਪਿਆਂ ਅਤੇ ਬੱਚੇ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅਜਿਹੇ ਪਲੇਟਫਾਰਮ ਹੀ ਸਾਨੂੰ ਅੱਗੇ ਵਧਣ ਦੇ ਮੌਕੇ ਦਿੰਦੇ ਹਨ। ਇਹ ਬੱਚਾ ਬਾਕੀ ਵਿਦਿਆਰਥੀਆਂ ਲਈ ਪ੍ਰੇਰਨਾ ਸ੍ਰੋਤ ਹੈ। ਇਸ ਮੌਕੇ ਸਕੂਲ ਦੇ ਪ੍ਰੈਜੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਬੱਚੇ ਨੂੰ ਵਧਾਈ ਦਿੱਤੀ।

# ਬਰਨਾਲਾ ਵਾਸੀਆਂ ਲਈ ਵਰਦਾਨ ਬਣਿਆ ਟਰਾਈਡੈਂਟ ਦਾ ਮੈਗਾ ਮੈਡੀਕਲ ਕੈਂਪ

**ਬਰਨਾਲਾ (ਰਾਜਿੰਦਰ ਬਰਾੜ)**- ਟਰਾਈਡੈਂਟ ਗਰੁੱਪ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਇੱਕ ਹੋਰ ਮੀਲ ਪੱਥਰ ਸਥਾਪਿਤ ਕਰਦਿਆਂ ਫਰੀ ਮੈਗਾ ਮੈਡੀਕਲ ਕੈਂਪ 2025 ਦੇ ਪੰਜਵੇਂ ਪੜਾਅ ਦੀ ਸ਼ਾਨਦਾਰ ਸ਼ੁਰੂਆਤ ਕੀਤੀ ਗਈ। 29 ਅਕਤੂਬਰ ਤੋਂ ਚੱਲ ਰਹੀ ਇਸ ਸਿਹਤ ਲਹਿਰ ਨੇ ਅੱਜ ਫਿਰ ਬਰਨਾਲਾ ਵਾਸੀਆਂ ਨੂੰ ਵੱਡੀ ਰਾਹਤ ਦਿੱਤੀ, ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਮਰੀਜ਼ਾਂ ਨੇ ਸੀ.ਐੱਮ.ਸੀ. ਲੁਧਿਆਣਾ ਦੇ ਮਾਹਰ ਡਾਕਟਰਾਂ ਤੋਂ ਆਪਣਾ ਇਲਾਜ ਕਰਵਾਇਆ। ਇਸ ਕੈਂਪ ਦੀ ਸਭ ਤੋਂ ਵੱਡੀ ਖਾਸੀਅਤ ਇਹ ਰਹੀ ਕਿ ਆਮ ਲੋਕਾਂ ਨੂੰ ਵੱਡੇ ਸ਼ਹਿਰਾਂ ਦੇ ਮਹਿੰਗੇ ਹਸਪਤਾਲਾਂ ਵਿੱਚ ਜਾਣ ਦੀ ਬਜਾਏ, ਆਪਣੇ ਸ਼ਹਿਰ ਵਿੱਚ ਹੀ ਉੱਚ ਪੱਧਰੀ ਸਿਹਤ ਸਹੂਲਤਾਂ ਮੁਫ਼ਤ ਵਿੱਚ ਮਿਲੀਆਂ। ਕੈਂਪ ਦੌਰਾਨ ਅੱਖਾਂ, ਦੰਦਾਂ, ਚਮੜੀ, ਨੱਕ, ਕੰਨ ਅਤੇ ਮਹਿਲਾ ਰੋਗਾਂ ਦੇ 16 ਤੋਂ ਵੱਧ ਮਾਹਰ ਡਾਕਟਰ ਸੇਵਾਵਾਂ ਦੇ ਰਹੇ ਹਨ। ਮਰੀਜ਼ਾਂ ਲਈ ਮੁਫ਼ਤ ਮੋਤੀਆਬਿੰਦ ਆਪ੍ਰੇਸ਼ਨ, ਦੰਦਾਂ ਦੀ ਸਕੇਲਿੰਗ/ਫਿਲਿੰਗ, ਈ.ਸੀ.ਜੀ. ਅਤੇ ਐਕਸ-ਰੇ ਵਰਗੇ ਮਹਿੰਗੇ ਟੈਸਟ ਬਿਲਕੁਲ ਮੁਫ਼ਤ ਕੀਤੇ ਗਏ।ਲੋੜਵੰਦਾਂ ਨੂੰ ਮੌਕੇ 'ਤੇ ਹੀ ਮੁਫ਼ਤ ਦਵਾਈਆਂ ਅਤੇ ਚਸ਼ਮੇ ਵੀ ਦਿੱਤੇ ਜਾ ਰਹੇ ਹਨ। ਕੈਂਪ ਇੰਚਾਰਜ ਪਵਨ ਸਿੰਗਲਾ, ਚਰਨਜੀਤ ਸਿੰਘ, ਜਗਰਾਜ ਪੰਡੋਰੀ, ਰੁਪਿੰਦਰ ਕੌਰ ਅਤੇ ਗੁਰਵਿੰਦਰ ਕੌਰ ਸਮੇਤ ਸਮੁੱਚੀ ਟੀਮ ਵੱਲੋਂ ਬਜ਼ੁਰਗਾਂ ਅਤੇ ਮਰੀਜ਼ਾਂ ਦਾ ਹੱਥ ਫੜ ਕੇ ਉਨ੍ਹਾਂ ਨੂੰ ਡਾਕਟਰਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਮਰੀਜ਼ਾਂ ਲਈ ਚਾਹ-ਪਾਣੀ ਅਤੇ ਰਜਿਸਟ੍ਰੇਸ਼ਨ ਦਾ ਸੁਚੱਜਾ ਪ੍ਰਬੰਧ ਹੈ।ਕੈਂਪ ਵਿੱਚ ਪਹੁੰਚੇ ਮਰੀਜ਼ਾਂ ਨੇ ਟਰਾਈਡੈਂਟ ਗਰੁੱਪ ਦੇ ਸੰਸਥਾਪਕ ਅਤੇ ਰਾਜ ਸਭਾ ਮੈਂਬਰ ਪਦਮਸ਼੍ਰੀ ਰਜਿੰਦਰ ਗੁਪਤਾ, ਸੀ.ਐੱਸ.ਆਰ ਹੈੱਡ ਮੈਡਮ ਮਧੂ ਗੁਪਤਾ ਅਤੇ ਸੀ.ਐਕਸ.ਓ ਅਭਿਸ਼ੇਕ ਗੁਪਤਾ ਦਾ ਇਸ ਮਹਾਨ ਉਪਰਾਲੇ ਲਈ ਤਹਿ ਦਿਲੋਂ ਧੰਨਵਾਦ ਕਰਦਿਆਂ ਦੁਆਵਾਂ ਦਿੱਤੀਆਂ।ਕੈਂਪ 'ਚ ਪਿੰਡ ਪੱਤੀ ਸੇਖਵਾਂ ਤੋਂ ਪੁੱਜੀਆਂ ਪਰਮਜੀਤ ਕੌਰ ਅਤੇ ਮਲਕੀਤ ਕੌਰ ਨੇ ਕਿਹਾ ਕਿ ਇਸ ਨੇਕ ਉਪਰਾਲੇ ਲਈ ਟਰਾਈਡੈਂਟ ਗਰੁੱਪ ਦੀ ਜਿੰਨੀ ਤਾਰੀਫ਼ ਕੀਤੀ ਜਾਵੇ ਘੱਟ ਹੈ। ਕੈਂਪ 'ਚ ਇਲਾਜ਼ ਲਈ ਪੁੱਜੇ ਬਜ਼ੁਰਗ ਬਲਵੀਰ ਸਿੰਘ ਵਾਸੀ ਬਰਨਾਲਾ ਨੇ ਦੱਸਿਆ ਕਿ ਉਸਨੇ ਗੁਆਂਢ 'ਚੋਂ ਟਰਾਈਡੈਂਟ ਗਰੁੱਪ ਵੱਲੋਂ ਲਗਾਏ ਜਾ ਰਹੇ ਇਸ ਕੈਂਪ ਬਾਰੇ ਸੁਣਿਆ ਸੀ। ਜਿਸ ਕਾਰਨ ਉਸ ਨੇ ਅੱਜ ਇੱਥੇ ਪਹੁੰਚਦਿਆਂ ਆਪਣੇ ਜੋੜਾਂ ਦੇ ਦਰਦ ਸਬੰਧੀ ਚੈੱਕਅੱਪ ਕਰਵਾਇਆ ਤੇ ਮੁਫ਼ਤ 'ਚ ਦਵਾਈਆਂ ਵੀ ਪ੍ਰਾਪਤ ਕੀਤੀਆਂ। ਪਿੰਡ ਸੰਘੇੜਾ ਤੋਂ ਪੁੱਜੇ ਗੁਰਮੇਲ ਸਿੰਘ ਨੇ ਦੱਸਿਆ ਕਿ ਉਸ ਨੂੰ ਅੱਖਾਂ ਦੀ ਸਮੱਸਿਆ ਹੈ ਤੇ ਇਸ ਕੈਂਪ 'ਚ ਉਨ੍ਹਾਂ ਨੂੰ ਮਾਹਿਰ ਡਾਕਟਰਾਂ ਨੇ ਉੱਚ ਪੱਧਰੀ ਇਲਾਜ ਮੁਹੱਈਆ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਸੀ.ਐੱਮ.ਸੀ. ਵਰਗੇ ਵੱਡੇ ਹਸਪਤਾਲਾਂ ਤੱਕ ਪਹੁੰਚ ਕਰਨਾ ਹਰ ਇਕ ਦੇ ਵਸ ਦੀ ਗੱਲ ਨਹੀਂ ਹੁੰਦੀ, ਪਰ ਟਰਾਈਡੈਂਟ ਗਰੁੱਪ ਨੇ ਇਹ ਸਹੂਲਤਾਂ ਸਾਨੂੰ ਸਾਡੇ ਆਪਣੇ ਸ਼ਹਿਰ 'ਚ ਹੀ ਮੁਹੱਈਆ ਕਰਵਾ ਦਿੱਤੀਆਂ, ਉਹ ਵੀ ਬਿਲਕੁਲ ਮੁਫ਼ਤ 'ਚ। ਜਿਸ ਦੇ ਲਈ ਟਰਾਈਡੈਂਟ ਗਰੁੱਪ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ।



# ਡੀ ਐੱਸ ਪੀ ਜਗਜੀਤ ਸਿੰਘ ਨੂੰ ਸਦਮਾ, ਮਾਤਾ ਦਾ ਦਿਹਾਂਤ

**ਜਗਰਾਉਂ (ਸੰਜੀਵ ਅਰੋੜਾ)**- ਲੁਧਿਆਣਾ ਸੈਂਟਰਲ ਜੇਲ੍ਹ ਦੇ ਡੀ. ਐਸ. ਪੀ. ਜਗਜੀਤ ਸਿੰਘ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਸਰਦਾਰਨੀ ਸੁਖਵਿੰਦਰ ਕੌਰ ਪਤਨੀ ਰਾਮਪਾਲ ਸਿੰਘ ਅਚਾਨਕ ਅਕਾਲ ਚਲਾਣਾ ਕਰ ਗਏ। ਇਸ ਦੁੱਖ ਦੀ ਘੜੀ 'ਚ ਪਰਿਵਾਰ ਨਾਲ ਵੱਖ - ਵੱਖ ਰਾਜਨੀਤੀ ਪਾਰਟੀ ਦੇ ਆਗੂਆਂ,



ਸਮਾਜ ਸੇਵੀ ਜੱਥੇਬੰਦੀਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਡੀ. ਐਸ. ਪੀ. ਜਗਜੀਤ ਸਿੰਘ ਨੇ ਦੱਸਿਆ ਕਿ ਸਵ: ਮਾਤਾ ਸੁਖਵਿੰਦਰ ਕੌਰ ਨਮਿੱਤ ਰੱਖੇ ਸ੍ਰੀ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 2 ਦਸੰਬਰ ਦਿਨ ਮੰਗਲਵਾਰ ਨੂੰ ਗੁਰਦੁਆਰਾ ਸਾਹਿਬ ਜੋਹਲਾ ਰੋਡ, ਰਾਏਕੋਟ ਵਿਖੇ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਸੀਨੀਅਰ ਡਵੀਜਨ ਯਾਂਤ੍ਰਿਕ ਇੰਜੀਨੀਅਰ (ਕੈ ਤੇ ਮੈ) ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ ਮੰਗ ਹੈ । ਬੋਲੀਦਾਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਪ੍ਰਸਤਾਵ ਦੁਵਾਰਾ ਟੈਂਡਰਾ ਦੇ ਲਈ ਮਾਨਯ ਨਹੀਂ ਹੈ ਅਤੇ ਇਸ ਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸ ਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ ਤੇ ਆਦਿ ਤੋਂ ਭੁਗਤਾਨ ਕਰ ਸਕਦੇ ਹਨ । ਡਿਮਾਂਡ ਡਰਾਫਟ, ਬੈਂਕਰਸ ਚੇਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਟੈਂਡਰ ਪ੍ਰਕਾਰ | ਬੋਲੀ ਪ੍ਰਣਾਲੀ | ਟੈਂਡਰਾ ਅਪਲੋਡ ਕਰਨ ਦੀ ਮਿਤੀ/ਸਮਾਂ | ਬੋਲੀ ਸਮਾਪਤ ਮਿਤੀ/ਸਮਾਂ | ਬੋਲੀ ਖੁਲਣ ਦੀ ਮਿਤੀ/ਸਮਾਂ |
|---|---|---|---|---|
| ਖੁਲੀ | ਇਕ ਪੈਕੇਟ ਪ੍ਰਣਾਲੀ | 26.11.2025 ਵਕਤ 15.00 ਵਜੇ | 18.12.2025 ਵਕਤ 15.00 ਵਜੇ | 18.12.2025 ਵਕਤ 15.05 ਵਜੇ |

| ਲ.ਨੰ: | ਟੈਂਡਰ ਨੰ: | ਟੈਂਡਰਾ ਦਾ ਵੇਰਵਾ | | | | |
|---|---|---|---|---|---|---|
| 1 | 11-2025-CCTV-LHB | ਐਲਐਚਬੀ ਕੋਚਾਂ ਵਿਚ ਸਥਾਪਿਤ ਸੀਸੀਟੀਵੀ ਪ੍ਰਣਾਲੀਆਂ ਦੇ ਪੂਰਾ ਸਲਾਨਾ ਰੱਖ-ਰੱਖਾਵ ਅਨੁਬੰਧ (CAMC) ਦਾ ਕੰਮ, ਜੋ ਫ਼ਿਰੋਜ਼ਪੁਰ (Firozpur) ਅਤੇ ਅੰਮ੍ਰਿਤਸਰ (Amritsar) ਸਥਿਤ C&W ਡਿਪੋ ਦੇ ਲਈ 12 ਮਹੀਨੇ ਦੇ ਸਮੇਂ ਦੇ ਲਈ । | | | | |
| | | ਵਿਗਿਆਪਨ ਮੁਲ | ਟੈਂਡਰ ਪੱਤਰ ਦਾ ਮੁਲ | ਬਿਆਨਾ ਰਾਸ਼ੀ | ਕੰਮ ਸਮਾਂ | ਕੰਮ ਪੂਰਾ ਕਰਨ ਦਾ ਸਮਾਂ |
| | | Rs. 8,60,134.80/- | 0.00 | 17200 | 45 Days | 12 ਮਹੀਨੇ |
| | ਕੰਮ ਦੀ ਪੂਰੀ ਜਾਣਕਾਰੀ ਦੇ ਲਈ www.ireps.gov.in ਉਤੇ ਲਾਗ ਆਨ ਕਰੋ । | | | | | |

3663/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

27- Nov - Page - 7.qxd 11/26/2025 9:35 PM Page 1



# ਮਿੱਡ ਡੇਅ ਮੀਲ ਕੁੱਕ, ਚੌਕੀਦਾਰਾਂ ਦੀਆਂ ਮੰਗਾਂ ਪ੍ਰਵਾਨ ਨਾ ਕੀਤੀਆਂ ਤਾਂ ਮੋਹਾਲੀ ਕੀਤੀ ਜਾਵੇਗੀ ਰੈਲੀ : ਚਿੰਡਾਲੀਆ



ਮੋਗਾ (ਇਕਬਾਲ ਸਿੰਘ ਖਹਿਰਾ) ਮਿੱਡ ਡੇਅ ਮੀਲ ਕੁੱਕ ਯੂਨੀਅਨ ਜ਼ਿਲ੍ਹਾ ਮੋਗਾ ਦੇ ਬਲਾਕ-1 ਤੇ 2 ਦੀ ਮੀਟਿੰਗ ਸੂਬਾ ਪ੍ਰਧਾਨ ਕਰਮਚੰਦ ਚਿੰਡਾਲੀਆ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਵਿਜੇ ਧੀਰ ਐਡਵੋਕੇਟ, ਮਾਲਵੇ ਦੇ ਸੀਨੀਅਰ ਮਜ਼ਦੂਰ ਆਗੂ ਅਤੇ ਕ੍ਰਾਂਤੀਕਾਰੀ ਕੌਂਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਸ਼ਰਮਾ ਨੇ ਵੀ ਭਾਗ ਲਿਆ। ਮੀਟਿੰਗ ਨੂੰ ਸੰਬੋਧਿਤ ਕਰਦੇ ਹੋਏ ਸੂਬਾ ਪ੍ਰਧਾਨ ਕਰਮਚੰਦ ਚਿੰਡਾਲੀਆ ਨੇ ਪੰਜਾਬ ਸਰਕਾਰ ਤੇ ਦੋਸ਼ ਲਾਇਆ ਕਿ ਨਵੇਂ ਸੰਨ 2023 ਵਿੱਚ ਸਫ਼ਾਈ ਸੇਵਕ ਚੌਕੀਦਾਰਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਤੋਂ ਟਾਲ-ਮਟੋਲ ਕਰ ਰਹੀ ਹੈ।ਹੋਏ ਟਾਕ ਮੀਟਿੰਗਾਂ ਵਿੱਚ ਵੀ ਕੁਝ ਨਹੀਂ ਨਿਕਲ ਰਿਹਾ। ਵਿੱਤ ਮੰਤਰੀ ਡਾ. ਹਰਪਾਲ ਸਿੰਘ ਚੀਮਾ ਜੀ ਨਾਲ ਟੇਬਲ ਟਾਕ ਮੀਟਿੰਗ ਵੀ ਕੀਤੀ ਗਈ, ਜਿਸ ਵਿੱਚ ਅਵੀ ਦੱਤਾ ਮਿਡਲ ਸੈਕਟਰੀ ਸਿੱਖਿਆ ਵਿਭਾਗ ਨੇ ਵੀ ਸ਼ਮੂਲਿਅਤ ਕੀਤੀ ਸੀ ਪਰ ਮਿੱਡ-ਡੇ-ਮੀਲ ਕੁੱਕਾਂ ਦੀਆਂ ਹੱਕੀ ਮੰਗਾਂ ਤੇ ਤਨਖਾਹ ਵਿੱਚ ਵਾਧਾ ਕਰਨ ਲਈ ਕੋਈ ਗੱਲਬਾਤ ਨਹੀਂ ਕੀਤੀ।ਜੇਕਰ ਸਫ਼ਾਈ ਸੇਵਕ ਚੌਕੀਦਾਰ ਮਿੱਡ-ਡੇ-ਮੀਲ ਕੁੱਕਾਂ ਦੀਆਂ ਮੰਗਾਂ ਨੂੰ ਜਲਦ ਲਾਗੂ ਕਰਕੇ ਨੋਟੀਫਿਕੇਸ਼ਨ ਨਾ ਕੀਤਾ ਗਿਆ ਤਾਂ ਇਹ ਜਥੇਬੰਦੀ 44538 ਕੁੱਕ ਤੇ 12335 ਦਰਜਾ ਚਾਰ ਕਰਮਚਾਰੀ ਇੱਕ ਸਾਂਝਾ ਇੱਕਠ ਕਰਕੇ ਮੋਹਾਲੀ ਦੇ ਦਫ਼ਤਰਾਂ ਦੇ ਸਾਹਮਣੇ ਬਹੁਤ ਭਾਰਾ ਮੁਜ਼ਾਹਰਾ ਕੀਤਾ ਜਾਵੇਗਾ। ਵਿਜੇ ਧੀਰ ਤੇ ਪ੍ਰਵੀਨ ਸ਼ਰਮਾ ਨੇ ਦੱਸਿਆ ਕਿ ਜੇਕਰ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਅਸੀਂ ਉਸ ਵਿੱਚ ਪੂਰਾ ਸਾਥ ਦੇਵਾਂਗੇ।

# ਨਜਾਇਜ਼ ਤੌਰ 'ਤੇ ਖੋਲ੍ਹਿਆ ਠੇਕਾ ਬੰਦ ਕਰਾਉਣ ਦੀ ਮੰਗ



ਲਹਿਰਾਗਾਗਾ (ਰੀਤਵਾਲ) ਪਿੰਡ ਢੀਂਡਸਾ ਵਿਖੇ ਸ਼ਰਾਬ ਦੇ ਠੇਕੇਦਾਰਾਂ ਵੱਲੋਂ ਪਿੰਡ ਵਿੱਚ ਕੀਤੀ ਜਾ ਰਹੀ ਗੁੰਡਾਗਰਦੀ ਸਬੰਧੀ ਇਕੱਠ ਹੋਇਆ, ਜਿਸ ਵਿੱਚ ਪਿੰਡ ਦੀ ਸਮੂਹ ਪੰਚਾਇਤ ਦੇ ਸਰਪੰਚ ਤਜਿੰਦਰਪਾਲ ਸਿੰਘ, ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਇਕਾਈ ਪ੍ਰਧਾਨ ਚਮਕੌਰ ਸਿੰਘ, ਭਾਰਤੀ ਕਿਸਾਨ ਯੂਨੀਅਨ ਉਗਰਾਹਾ ਦੇ ਪ੍ਰਧਾਨ ਇਕਾਈ ਰਾਮਦੇਵ, ਸ਼ਹੀਦ ਕਰਤਾਰ ਸਿੰਘ ਸਰਾਭਾ ਸਪੋਰਟਸ ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ, ਢੀਂਡਸਾ ਲਾਇਬ੍ਰੇਰੀ ਕਮੇਟੀ ਦੇ ਪ੍ਰਧਾਨ ਜਸਪਾਲ ਸਿੰਘ, ਪੰਜਾਬ ਖੇਤ ਮਜ਼ਦੂਰ ਜਥੇਬੰਦੀ ਦੇ ਇਕਾਈ ਪ੍ਰਧਾਨ ਲੀਲਾ ਸਿੰਘ, ਸਾਬਕਾ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦਾ ਇਕੱਠ ਹੋਇਆ, ਜਿਸ ਵਿੱਚੋਂ 40 ਮੈਂਬਰਾਂ ਦੀ ਕਮੇਟੀ ਵੀ ਬਣਾਈ ਗਈ। ਫ਼ੈਸਲਾ ਕੀਤਾ ਗਿਆ ਕਿ ਪਿੰਡ ਵਿੱਚ ਖੁੱਲ੍ਹੇ ਹੋਏ ਨਜਾਇਜ਼ ਸ਼ਰਾਬ ਦੇ ਠੇਕੇ ਨੂੰ ਬੰਦ ਕਰਵਾਇਆ ਜਾਵੇ।ਆਗੂਆਂ ਨੇ ਕਿਹਾ ਕਿ ਇੱਕ ਪਾਸੇ ਤੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਤਹਿਤ ਮੁਹਿੰਮ ਚਲਾਈ ਜਾ ਰਹੀ ਹੈ, ਪਰ ਦੂਜੇ ਪਾਸੇ ਠੇਕੇਦਾਰ ਵੱਲੋਂ ਗੁੰਡਾਗਰਦੀ ਨਾਲ ਸਾਡੇ ਪਿੰਡ ਵਿੱਚ ਨਜਾਇਜ਼ ਤੌਰ 'ਤੇ ਖੋਲ੍ਹੇ ਠੇਕੇ ਸ਼ਰਾਬ ਆਹੀ ਨੌਜਵਾਨਾਂ ਦੀਆਂ ਜ਼ਿੰਦਗੀਆਂ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ।ਇਸ ਸ਼ਰਾਬ ਦੇ ਠੇਕੇ ਉੱਤੇ ਨਸ਼ੇੜੀ ਲੋਕਾਂ ਦੀ ਭੀੜ ਲੱਗਦੀ ਹੈ। ਸਮੂਹ ਪਿੰਡ ਨੇ ਫ਼ੈਸਲਾ ਕੀਤਾ ਕਿ ਇਸ ਨਜਾਇਜ਼ ਨਸ਼ੇ ਦੀ ਵਿਕਰੀ 'ਤੇ ਰੋਕ ਲਾਈ ਜਾਵੇ। ਦਵਿੰਦਰਦੀਪ ਸਿੰਘ ਬੰਟੀ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਜੇਕਰ 29 ਨਵੰਬਰ ਤੋਂ ਪਹਿਲਾਂ-ਪਹਿਲਾਂ ਠੇਕੇਦਾਰਾਂ ਵਿਰੁੱਧ ਪ੍ਰਸ਼ਾਸਨ ਨੇ ਕਾਰਵਾਈ ਨਾਂ ਕੀਤੀ ਤਾਂ ਥਾਣਾ ਮੂਣਕ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਦਿੱਤਾ ਜਾਵੇਗਾ ਤਾਂ ਜੁ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਇਆ ਜਾਵੇ।

# ਹੈਰੋਇਨ ਦਾ ਸੇਵਨ ਕਰਨ ਵਾਲੇ 4 ਗ੍ਰਿਫ਼ਤਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਜ਼ਿਲ੍ਹਾ ਫ਼ਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਵੱਖ-ਵੱਖ ਥਾਵਾਂ ਤੋਂ 9 ਗ੍ਰਾਮ ਹੈਰੋਇਨ ਤੇ ਹੈਰੋਇਨ ਦਾ ਸੇਵਨ ਕਰਨ ਵਾਲੇ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ਼ ਵੱਖ-ਵੱਖ ਥਾਣਿਆਂ 'ਚ ਮਾਮਲੇ ਦਰਜ ਕੀਤੇ ਹਨ। ਕੈਂਟ ਫ਼ਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਚੌਂਕ ਚੁੰਗੀ ਨੰਬਰ 7 ਫਿਰੋਜ਼ਪੁਰ ਕੈਂਟ ਪਾਸ ਮੌਜੂਦ ਸੀ ਤਾਂ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਰਮੇਸ਼ ਉਰਫ ਮੁਸਤਫਾ ਵਾਸੀ ਖਟੀਕ ਮੰਡੀ, ਗਵਾਲ ਟੋਲੀ ਫਿਰੋਜ਼ਪੁਰ ਕੈਂਟ ਜੋ ਹੈਰੋਇਨ ਪੀਣ ਤੇ ਵੇਚਣ ਦਾ ਆਦਿ ਹੈ, ਜੋ ਹੁਣ ਵੀ ਕਿਸੇ ਤੋਂ ਹੈਰੋਇਨ ਲਿਆ ਕੇ ਸ਼ਮਸ਼ਾਨਘਾਟ ਰੋਡ 'ਤੇ ਝਾੜੀਆਂ ਪਾਸ ਹੈਰੋਇਨ ਲੈ ਕੇ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਛਾਪੇਮਾਰੀ ਦੌਰਾਨ ਉਕਤ ਦੋਸ਼ੀਅਨ ਕੋਲੋਂ 3 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਆਰਿਫ ਕੇ ਪੁਲਿਸ ਦੇ ਐੱਸਐੱਚਓ ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਆਰਿਫ ਕੇ ਦੀ ਦਾਣਾ ਮੰਡੀ ਪਾਸ ਪੁੱਜੀ ਤਾਂ ਦਾਣਾ ਮੰਡੀ 'ਚ ਬਣੇ ਕਮਰੇ ਵਿਚ ਇਕ ਮੋਨਾ ਨੌਜਵਾਨ ਰਣਜੀਤ ਸਿੰਘ ਉਰਫ ਰਾਣਾ ਪੁੱਤਰ ਮੁੱਚਾ ਸਿੰਘ ਵਾਸੀ ਬਸਤੀ ਰਾਮ ਲਾਲ ਬੈਠਾ ਵਿਖਾਈ ਦਿੱਤਾ, ਜੋ ਕੋਈ ਨਸ਼ੀਲੀ ਵਸਤੂ ਸੁੰਘ ਰਿਹਾ ਸੀ, ਉਸ ਕੋਲੋਂ 1 ਗ੍ਰਾਮ ਹੈਰੋਇਨ, 1 ਲਾਈਟਰ, ਇਕ ਪੰਨੀ ਬਰਾਮਦ ਕੀਤੀ ਹੈ। ਥਾਣਾ ਕੁੱਲਗੜ੍ਹੀ ਪੁਲਿਸ ਦੇ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ 24 ਨਵੰਬਰ ਨੂੰ ਪੁਲਸ ਪਾਰਟੀ ਨੇ ਦੌਰਾਨੇ ਗਸ਼ਤ ਪੁਲਸ ਇਕ ਮੋਨੇ ਨੌਜਵਾਨ ਜਸਪਾਲ ਉਰਫ ਜੱਸਾ ਪੁੱਤਰ ਸ਼ੀਲੂ ਵਾਸੀ ਰੁਕਣਸ਼ਾਹ ਵਾਲਾ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ, ਜਿਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਤਲਵੰਡੀ ਭਾਈ ਪੁਲਿਸ ਦੇ ਇੰਸਪੈਕਟਰ ਗੁਰਜੰਟ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਬਰਾਏ ਗਸ਼ਤ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਦੋਸ਼ੀ ਗੁਰਮੀਤ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਵਾੜਾ ਜਵਾਹਰ ਸਿੰਘ ਵਾਲਾ ਹੈਰੋਇਨ ਪੀਣ ਦਾ ਆਦੀ ਹੈ, ਜੋ ਹੁਣ ਵੀ ਹੈਰੋਇਨ ਦਾ ਸੇਵਨ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਕਾਬੂ ਕਰਕੇ ਉਸ ਕੋਲੋਂ 1 ਲਾਈਟਰ, 1 ਪੰਨੀ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ਼ ਮਾਮਲੇ ਦਰਜ ਕਰ ਲਏ ਗਏ ਹਨ।

## COURT NOTICE

(U/o 5 Rule 20 CPC)
In the Court of Gurkirat Singh
Civil Judge (Junior Division), Amritsar
CNR No. PBAS02-000539-2025
Next Date:- 22-12-2025
Bank of India, having branch office at Village and Post Office, Chabba, Tehsil and District Amritsar, Punjab
Vs.
(1) MANJIT SINGH S/o Sardool Singh R/o Village and Post office Sangna, Behak, Near Bhatha, Tehsil and District Amritsar... etc.
CS RECOVERY
Publication Issued To :-
1 MANJIT SINGH S/o Sardool Singh resident of Village and Post Office Sangna, Behak Near Bhatha, Tehsil and Distt. Amritsar, PUNJAB
2. GURSEWAK SINGH S/O JASBIR SINGH resident of Village and Post office Sangna, Behak near Bhatha, Tehsil and Distt. Amritsar, PUNJAB
In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 22-12-2025 at 10:00 a.m.
For details logon to https://highcourtchd.gov.in/?trs=district_notice& district=Amritsar
Civil Judge (Junior Division) Amritsar
Dated, this day of 24-11-2025

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**
ਬਿਨੈਕਾਰ ਦਾ ਨਾਮ : ਬਲਵਿੰਦਰ ਕੁਮਾਰ ਪਿਤਾ/ਪਤੀ ਦਾ ਨਾਮ : ਮੰਸ਼ਾ ਰਾਮ
ਪਤਾ: Vpo Randhawa Masandan Jalandhar, Tehsil-Jalandhar-2/ District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਭਰਾ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : ਸੁਖਵਿੰਦਰ ਪਾਲ ਪੱਕਾ ਪਤਾ: Vpo Randhawa Masandan Jalandhar, Jalandhar-2, Jalandhar, Punjab
ਉਮਰ/ਜਨਮ ਮਿਤੀ : 37 (05-11-1988)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 26-11-2025 ਨੂੰ ਜਾਰੀ ਹੋਇਆ।
ਨੰਬਰ 97/ਨੰਬਰ/ਰੀਡਰ ਮਿਤੀ 26-11-2025 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਕੋਰਟ ਨੋਟਿਸ- ਜ਼ਿਲ੍ਹਾ ਮੈਰਿਜ ਅਫਸਰ, ਜਲੰਧਰ V/S ਆਮ ਜਨਤਾ



**ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**
ਬਿਨੈਕਾਰ ਦਾ ਨਾਮ: ਜਸਪਾਲ ਸਿੰਘ, ਪਿਤਾ/ਪਤੀ ਦਾ ਨਾਮ: ਗੁਰਦੇਵ ਸਿੰਘ ਪਤਾ : Ali Chak Jalandhar, Village - Ali Chak / Tehsil - Jalandhar-2 / District -Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ:- ਨਾਮ: ਦਿਲਰਾਜ ਸਿੰਘ, ਪੱਕਾ ਪਤਾ: Ali Chak Jalandhar, Ali Chak Jalandhar-2, Jalandhar, Punjab ਵਿਦੇਸ਼ੀ ਪਤਾ: CANDELA ALLA C DA CANCSTRELLO N 16 DI SEGUITO DENOMINATO LOCATORE ITALY / ਕੈਂਡੇਲਾ ਅੱਲਾ ਸੀ ਡੀਏ ਕੈਨਕਸਟ੍ਰੇਲੋ ਐਨ 16 ਡੀ ਸੇਗੁਇਟੋ ਡੈਨੋਮੀਨਾਟੋ ਲੋਕਾਟੋਰ ਇਟਲੀ / ਉਮਰ/ ਜਨਮ ਮਿਤੀ: 23-(22/07/2002)
ਬਿਨੈਕਾਰ ਨੇ ਕਿਹਾ ਹੈ ਕਿ ਉਸ ਦਾ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼(ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 20.11.2025 ਨੂੰ ਜਾਰੀ ਹੋਇਆ।
ਜ਼ਿਲ੍ਹਾ ਮੈਰਿਜ ਅਫਸਰ, ਜਲੰਧਰ, ਪੰਜਾਬ, ਭਾਰਤ
96/ ਨੰਬਰ / ਰੀਡਰ ਮਿਤੀ: 20.11.2025

## ਕੋਰਟ ਨੋਟਿਸ



ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ V/S ਆਮ ਜਨਤਾ
ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।
ਬਿਨੈਕਾਰ ਦਾ ਨਾਮ: ਅਮਰੀਕ ਸਿੰਘ
ਪਿਤਾ/ਪਤੀ ਦਾ ਨਾਮ: ਸਰਦੂਲ ਸਿੰਘ
ਪਤਾ : 13/1177 MOHALA JASWANT SINGH WALA TARN TARAN GALI MEHAR SINGH WALI ward no 13 Tarn-Taran, Tehsil - Tarn Taran /District - Tarn Taran, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ:- ਨਾਮ: ਕਰਨ ਸਿੰਘ, ਪੱਕਾ ਪਤਾ: GALI MEHAR SINGH WALI WARD NO 13 MOHALLA JASWANT SINGH TARN TARAN, Tarn Taran, Tarn Taran, Punjab, ਵਿਦੇਸ਼ੀ ਪਤਾ : HUNGARY CITY BUDA PEST / ਹੰਗਰੀ ਸਿਟੀ ਬੁਡਾ ਪੇਸਟ, ਉਮਰ/ਜਨਮ ਮਿਤੀ: 28-(25/02/1997)
ਬਿਨੈਕਾਰ ਨੇ ਕਿਹਾ ਹੈ ਕਿ ਉਸ ਦੇ ਪੁੱਤਰ ਦਾ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ। ਇਹ ਇਸ਼ਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 26 -11-2025 ਨੂੰ ਜਾਰੀ ਹੋਇਆ।
ਸਹੀ/- ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ।
ਨੰਬਰ:M.A/MC-1/289-291
ਮਿਤੀ: 26/11/2025

## COURT NOTICE

(U/o 5 Rule 20 CPC)
In The Court of
Sh. Amandeep Singh
Civil Judge (Senior Division), Tarn Taran
Next Date, Purpose of case, Orders and Judgments as well as other case information is available on http://districts.ecourts.gov.in
CNR No. PBTT02-000438-2025
Next Date:-24-12-2025
Bank Of India
Vs.
M/S Bittu Ustad Bhangra Academy
Publication Issued To:
1. M/S Bittu Ustad Bhangra Academy Through its Sole Proprietor Sh. Mukhtar Singh S/o Sawaran Singh, Near Deep Karyana, Kazikot Road, Tarn Taran
2. Mukhtar Singh
Father :- Sawaran Singh
Sole Proprietor, M/S Bittu Ustad Bhangra Academy, Near Deep Karyana, Kazikot Road, Tarn Taran
In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 24-12-2025 at 10:00 a.m.
For details logon to https://highcourtchd.gov.in/?trs=district_notice&district=Tarn Taran
Civil Judge (Senior Division) Tarn Taran
Dated, this day of 20-11-2025

## COURT NOTICE

(U/o 5 Rule 20 CPC)
In the Court of
Ms. Upasna Goyal
Civil Judge (Junior Division), Ludhiana
CNR No. PBLD02-013132-2024
Next Date :- 20-12-2025
Mohd Guddu
Vs.
Vijay Kumar
Publication Issued To:
Subha Singh
Father :- Jodh Singh
R/o Peeru Banda Mohalla, Near Alpine Wood Public School, Ludhiana.
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 20-12-2025 at 10:00 a.m.
For details logon to https://highcourtchd.gov.in/?mod=district_notice&district=mogacourt
Civil Judge (Junior Division) Ludhiana
Dated, this day of 24-11-2025

## ਪਬਲਿਕ ਨੋਟਿਸ

ਸੂਚਿਤ ਕੀਤਾ ਜਾਂਦਾ ਹੈ ਕਿ ਮੇਰੇ ਪਲਾਟ ਦੀ ਪੁਰਾਣੀ ਰਜਿਸਟਰੀ ਪ੍ਰਾਈਵੇਟ ਨੰ. 11, ਜਿਸਦੀ ਲੰਬਾਈ 50 ਫੁੱਟ, ਚੌੜਾਈ 30 ਫੁੱਟ, ਕੁੱਲ ਰਕਬਾ 166.66 ਵਰਗ ਗਜ ਖਸਰਾ ਨੰ. 81//2/1 ਮਿੰਨ, ਖਾਤਾ ਖਤਨੀ ਨੰ. 1669/2150 ਵਾਕਿਆ ਰਕਬਾ ਗੁਮਟਾਲਾ ਸਬ ਅਰਬਨ ਆਬਾਦੀ ਗੁਰੂ ਅਮਰਦਾਸ ਐਵੀਨਿਊ, ਤਹਿਸੀਲ ਵਾ ਜਿਲਾ ਅੰਮ੍ਰਿਤਸਰ ਦੀ ਰਜਿਸਟਰੀ ਜੋ ਕਿ ਰਣਬੀਰ ਸਿੰਘ ਪੁੱਤਰ ਸਤੋਖ ਸਿੰਘ ਅਤੇ ਗੁਰਵਿੰਦਰ ਸਿੰਘ ਪੁੱਤਰ ਬੂਟਾ ਸਿੰਘ ਦੇ ਨਾਮ ਤੇ ਹੈ ਜਿਸ ਦਾ ਵਸੀਕਾ ਨੰ. 6660 ਜਾਇਦ ਬਹੀ, ਜਿਲਦ ਨੰ. 3383, ਸਫਾ ਨੰਬਰ 1112 ਮਿਤੀ 4-8-2008 ਹੈ ਮਿਤੀ 02-11 2025 ਨੂੰ ਸੁਲਤਾਨਵਿੰਡ ਗੇਟ ਵਿਖੇ ਕਿਧਰੇ ਡਿੱਗ ਗਈ ਹੈ। ਜਿਸ ਦੀ ਮੈਂ ਪੁਲਿਸ ਸ਼ਿਕਾਇਤ ਪੁਲਿਸ ਸਟੇਸ਼ਨ ਬੀ ਡਿਵੀਜ਼ਨ ਅੰਮ੍ਰਿਤਸਰ ਵਿਖੇ ਰੋਜ਼ ਨਾਮਚਾ ਨੰ. 045 ਮਿਤੀ 14-11-2025 ਦੇ ਅਧੀਨ ਦਰਜ ਕਰਵਾਈ ਹੈ। ਜੇਕਰ ਕਿਸੇ ਨੂੰ ਮਿਲੇ ਤਾਂ ਮੇਰੇ ਪਤੇ ਤੇ ਸੂਚਿਤ ਕਰੇ ਪੂਜਾ ਪਤਨੀ ਸੰਜੀਵ ਕੁਮਾਰ ਵਾਸੀ 866 ਗਲੀ ਨਲਕੇ ਵਾਲੀ, ਨਜ਼ਦੀਕ ਜੋੜਾ ਪਿੱਪਲ ਅੰਮ੍ਰਿਤਸਰ। ਮੋਬਾਈਲ 94175-03435.

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਕਬਜ਼ਾ ਨੋਟਿਸ

[ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (1) ਅਧੀਨ ]

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਿਟਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 21 ਜਨਵਰੀ 2025 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਸ੍ਰੀ ਸ਼ਿਫੂ ਗੋਇਲ ਪੁੱਤਰ ਸ੍ਰੀ ਜੈ ਚੰਦ ਰਾਓ ਵਾਸੀ ਮਕਾਨ ਨੰ. 145 ਬੀ, ਵਾਰਡ ਨੰ. 2, ਫਰੈਂਡਜ਼ ਕਲੋਨੀ, ਮੋਗਾ, ਪੰਜਾਬ-142001 (ਕਰਜ਼ਦਾਰ) 2. ਸ੍ਰੀਮਤੀ ਰੀਨਾ ਗੋਇਲ ਪਤਨੀ ਸ੍ਰੀ ਸ਼ਿਫੂ ਗੋਇਲ ਵਾਸੀ ਮਕਾਨ ਨੰ. 145, ਵਾਰਡ ਨੰ. 2, ਫਰੈਂਡਜ਼ ਕਲੋਨੀ, ਮੋਗਾ, ਪੰਜਾਬ-142001 (ਕਰਜ਼ਦਾਰ) ਅਤੇ ਗਰੰਟਰ ਸ੍ਰੀ ਮਾਨਵ ਬਾਂਸਲ ਪੁੱਤਰ ਸ੍ਰੀ ਪ੍ਰਦੀਪ ਬਾਂਸਲ ਵਾਸੀ ਮਕਾਨ ਨੰ. 145, ਵਾਰਡ ਨੰ. 2, ਫਰੈਂਡਜ਼ ਕਲੋਨੀ, ਮੋਗਾ, ਪੰਜਾਬ-142001, (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਨੋਟਿਸ 'ਚ ਦਰਸਾਈ ਮਿਤੀ 01.01.2025 ਤੋਂ ਬਕਾਇਆ ਰਾਸ਼ੀ ਰੁਪਏ 25,43,708.40/- (ਪੱਚੀ ਲੱਖ ਤਰਤਾਲੀ ਹਜ਼ਾਰ ਸੱਤ ਸੌ ਅੱਠ ਰੁਪਏ ਅਤੇ ਚਾਲੀ ਪੈਸੇ ਕੇਵਲ) 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ 24 ਨਵੰਬਰ 2025 ਨੂੰ ਕਬਜ਼ਾ ਲੈ ਲਿਆ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਮਿਤੀ 01.01.2025 ਨੂੰ ਬਕਾਇਆ ਰਕਮ ਰੁਪਏ 25,43,708.40/- (ਪੱਚੀ ਲੱਖ ਤਰਤਾਲੀ ਹਜ਼ਾਰ ਸੱਤ ਸੌ ਅੱਠ ਰੁਪਏ ਅਤੇ ਚਾਲੀ ਪੈਸੇ ਕੇਵਲ) ਸਮੇਤ ਭਵਿੱਖੀ ਵਿਆਜ ਅਤੇ (ਵਸੂਲੀ ਜੇਕਰ ਕੋਈ ਹੈ, ਘਟਾ ਕੇ) ਅਦਾਇਗੀ ਦਾ ਵਿਸ਼ਾ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2021-22/2/1/2026 ਮਿਤੀ 26.08.2021 ਅਨੁਸਾਰ ਸ੍ਰੀਮਤੀ ਰੀਨਾ ਗੋਇਲ ਪਤਨੀ ਸ੍ਰੀ ਸ਼ਿਫੂ ਗੋਇਲ ਦੀ ਮਲਕੀਅਤ ਜਾਇਦਾਦ ਰਕਬਾ 5 ਮਰਲੇ 5 ਸਰਸਾਈ, ਮੋਗਾ ਮਹਿਲਾ ਸਿੰਘ-I ਵਿਖੇ ਸਥਿਤ, ਤਹਿਸੀਲ ਮੋਗਾ, ਜ਼ਿਲ੍ਹਾ ਮੋਗਾ ਨਾਲ ਸੰਬੰਧਤ ਸਭ ਕੁੱਝ।

ਮਿਤੀ : 24.11.2025 (ਅਧਿਕਾਰਤ ਅਫ਼ਸਰ)
ਸਥਾਨ : ਮੋਗਾ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਿਟਡ

## COURT NOTICE

(U/o 5 Rule 20 CPC)
In the Court of Gurkirat Singh
Civil Judge (Junior Division), Amritsar
CNR No. PBAS02-001006-2025
Next Date:- 16-12-2025
Gulzar Singh S/O Bir Singh R/o 1185, Sandhu Colony, Majitha Road, Tehsil and Distt. Amritsar
Vs.
Kulwant Singh S/o Joginder Singh R/o 1052, Near Geja Ret Bajriwala, Sandhu Colony, Majitha Road, Amritsar Also Resident of 88 Ft. Road Near Bhapa High School, Majitha Road, Asr. etc.
CS PINJ
Publication Issued To:
Kulwant Singh S/o Joginder Singh, R/o 1052 Near Geja Ret Bajriwala, Sandhu Colony, Majitha Road also resident of 88 ft. Road near Bhapa High School, Majitha Road, Amritsar, PUNJAB
In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 16-12-2025 at 10:00 a.m.
For details logon to https://highcourtchd.gov.in/?trs=district_notice&district=Amritsar
Civil Judge ( Junior Division), Amritsar
Dated, this day of 24-11-2025

## COURT NOTICE

(U/o 5 Rule 20 CPC)
In the Court of
Ms. Amanpreet Kaur
Civil Judge Junior Division-10, Patiala
CNR No. PBPT02-001683-2024
Next Date :- 12-12-2025
Amandeep Singh
Vs
Satwinder Singh
Publication Issued To :-
Kanwaljit Kaur
Spouse : Harinderjeet Singh S/o Jaspal Singh
Father : Late Joginder Singh S/o Assa Singh R/o Ajrawar, Distt. Patiala.
In above titled case, the defendant(s)/ respondent(s) could not be served. It is ordered that defendant(s) /respondent(s) should appear in person or through counsel on 12-12-2025 at 10:00 a.m.
For details logon to https://highcourtchd.gov.in/?mod=district_notice&district=Patiala.
Civil Judge Junior Division-10, Patiala.
Dated, this day of 26-11-2025

# ਕਲਾਸੀਫਾਈਡ ਇਸ਼ਤਿਹਾਰ

## ਨਾਂਅ ਦੀ ਬਦਲੀ

ਮੈਂ, ਦਲਵੀਰ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਛੀਨੀਵਾਲ ਕਲਾਂ (ਬਰਨਾਲਾ) ਨੇ ਆਪਣਾ ਨਾਂਅ ਬਦਲ ਕੇ ਸਿੰਘ ਦਲਵੀਰ ਰੱਖ ਲਿਆ ਹੈ। ਸਬੰਧਤ ਨੋਟ ਕਰਨ।

## Change of Name

I, Army No. 4485076F Rank Hav. Sukhwinder Singh S/o Naranjan Singh R/o VPO. Kandhali Naurangpur, Teh. Dasuya (Hoshiarpur) Punjab have changed my name from Sukhvinder Singh to Sukhwinder Singh. Please note.

I, Lakhwinder Kaur W/o Amrit Pal Singh R/o Village Pandori Lubana, PO Pandori Waraich, Amritsar have declare that my daughter Deepnoor Kaur. Deepnoor is her Given and Kaur is her Surname

I, Lakhwinder Kaur W/o Amrit Pal Singh R/o Village Pandori Lubana, PO Pandori Waraich, Amritsar have declare that my son Jaikirat Singh. Jaikirat is his Given name and Singh is his Surname.

I, Lakhwinder Kaur W/o Amrit Pal Singh R/o Village Pandori Lubana, PO Pandori Waraich, Amritsar have declare that Lakhwinder is my Given name and Kaur is my Surname

I, Monika Sanjay Bhatia wife of Sanjay Bhatia resident of 34, Holy City Orchard, Gumtala Bye Pass, Amritsar have changed my name from Monika Sanjay Bhatia to Monika Bhatia concerned may please be noted.

I, Simranjit Singh S/o Charanjit Singh VPO Kaleke Tehsil Baba Bakala Distt Amritsar have declare that Simranjit is my Given name and Singh is my Surname

I, Jasdev Singh S/o Baldev Singh Chohan R/o B-165 Ranjit Avenue Amritsar have changed my name to Jasdev Singh Chohan

I Jasmin Kaur Chauhan W/o Jasdev Singh Chohan R/o B-165 Ranjit Avenue Amritsar have changed my name to Jasmin Kaur Chohan

I, Mandeep Singh S/o Satpal Singh R/o H.No.100. Gali No.2, Max Ashiana Enclave, Near Jahandpeer Dargah Khandwala, Amritsar has declared that Singh is my Surname and Mandeep is my Given Name. All Please Note.

I, Manjit Singh S/o Harbhajan Singh, R/o H.No. 29/A, Near Guru Amardass Public School Junior Branch, Guru Gobind Singh Nagar, Jalandhar have changed my name from Manjit Singh Kalra to Manjit Singh.

I, Ajay Paul S/o Mahinder Singh R/o H.No. R-3, Amrik Nagar, Jalandhar-144004, Punjab have changed my name from Ajay Paul to Ajay Pal. All concerned please note.

I, Zabeeulla S/O Mir Sanaulla, R/o #6 Type 4 ITBP Force Campus, Near Old Airport Chowk, Behlana, Dist; Chandigarh, Chandigarh-160003. I have changed the name of my minor Son Syed Umar Sanaulla aged about 15 Years and He shall hereafter be known as Areeb Syed.

I, Ranjit Singh s/o Baldev Singh r/o Vill. Khun Khun Khurd, Po. Khudda, Tehsil Dasuya, Distt. Hoshiarpur-144305, Punjab have changed my name to Singh Ranjit. All Please Note.

I, Binder Kumar s/o Joginder Pal r/o Nangal Purdil, Khambra, Jalandhar, Punjab, India declare that my given name is Binder and in which Kumar is my surname. All Please Note.

I, Prabhjot Singh s/o Sukhwinder Singh R/o Vill. Chananpur, Po. Jamsher Khas, Distt.Jalandhar, Punjab have changed my name from Prabhjot Singh to Singh Prabhjot (Surname as Singh) All Please Note.

## Change of Name

I, Jobanpreet s/o Sarabjit Singh r/o Bhullar Bet, Kapurthala, Punjab have changed my name from Jobanpreet to Jobanpreet Singh (Surname as Singh) All Please Note.

I, Ranbir Singh Bhatia S/o S. Nanak Singh Bhatia R/o 2059, Adda Mehatpur, Near PNB, Nakodar, Distt. Jalandhar, Punjab have changed my name from Ranbir Singh Bhatia to Ranbir Singh. All Please Note.

I, Sonia D/o Ved Parkash W/o Hemant Kumar R/o Near Thakur Mandir, Village Alamgir, VTC Kalasanghian, PO. Kala Sanghian, Sub District Kapurthala, Distt. Kapurthala have changed my name from Sonia to Namita Sharma. All Please Note.

I, Hemant S/o Raj Kumar R/o Alamgir, VTC Kalasanghian, PO. Kala Sanghian, Sub District Kapurthala, Distt. Kapurthala have changed my name from Hemant to Hemant Kumar Sharma. All Please Note.

I, Kamaljeet Kaur W/o Bhan Singh. R/o Village Balra, Tehsil/Distt Gurdaspur, Punjab, India. Have changed my name from Kamaljeet Kaur to Kamaljit Kaur.

I, Mohinder Pal S/o Tara Chand R/o 17/157 Mohan Nagar Verka Amritsar have changed my name to Mohindarpal.

I. Manikaran S/o Balwinder Singh R/o Village Khun Khun Kalan, PS. Tanda (Hoshiarpur) Punjab have changed my name to Mani Karan. All concerned please note.

I, Rapinder Kaur W/o Harjinder Singh R/o Village Chattowal, PO. Rajpur Gahot, Distt. Hoshiarpur, Punjab Have changed my name to Rupinder Kaur. All concerned please note.

## ਆਮ ਸੂਚਨਾ

ਮੈਂ ਰਜਨੀ ਸ਼ਰਮਾ ਪਤਨੀ ਅਨੁਜ ਸ਼ਰਮਾ, ਵਾਸੀ ਸ਼ਰਮਾ ਟਿੰਬਰ ਸਟੋਰ, ਤ੍ਰਿਮੋ ਰੋਡ, ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰੇ ਸਕੂਲ ਦੇ ਡਾਕੂਮੈਂਟਾਂ ਵਿਚ ਮੇਰੀ ਮਾਤਾ ਦਾ ਨਾਂਅ ਸਵਰਨਕਾਂਤਾ, ਜੋ ਕਿ ਗਲਤ ਹੈ। ਮੇਰੀ ਮਾਤਾ ਦਾ ਨਾਂਅ ਸਵਰਨ ਕਾਂਤਾ, ਜੋ ਕਿ ਸਹੀ ਹੈ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਏ ਪੀ 29/566 ਜੋ ਕਿ ਸੁੰਦਰ ਸਿੰਘ ਪੁੱਤਰ ਜਗਤ ਸਿੰਘ, ਵਾਸੀ ਸੈਦੋਕੇ ਦੇ ਨਾਂਅ ਪਰ ਪੀ ਐੱਸ ਪੀ ਸੀ ਐੱਲ ਸ/ਡ ਪੱਤੋ ਹੀਰਾ ਸਿੰਘ ਵਿਖੇ ਚੱਲ ਰਿਹਾ ਹੈ, ਜੋ ਕਿ ਸੁਖਦੇਵ ਕੌਰ ਪਤਨੀ ਬੰਤ ਸਿੰਘ, ਵਾਸੀ ਸੈਦੋਕੇ ਵੱਲੋਂ ਇਹ ਕੁਨੈਕਸ਼ਨ ਆਪਣੇ ਨਾਂਅ ਪਰ ਤਬਦੀਲ ਕਰਵਾਉਣ ਸੰਬੰਧੀ ਅਰਜ਼ੀ ਪੇਸ਼ ਕੀਤੀ ਗਈ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿਚ ਪੀ ਐੱਸ ਪੀ ਸੀ ਐੱਲ ਸ/ਡ ਪੱਤੋ ਹੀਰਾ ਸਿੰਘ ਵਿਖੇ ਇਤਰਾਜ਼ ਦਰਜ ਕਰਵਾ ਸਕਦਾ ਹੈ। ਇਸ ਤੋਂ ਬਾਅਦ ਕੀਤਾ ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ ਅਤੇ ਕੁਨੈਕਸ਼ਨ ਅਰਜ਼ੀਕਰਤਾ ਦੇ ਨਾਂਅ ਪਰ ਬਦਲੀ ਕਰ ਦਿੱਤਾ ਜਾਵੇਗਾ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 09/654 ਦਵਿੰਦਰ ਸਿੰਘ ਪੁੱਤਰ ਅਜੀਤ ਸਿੰਘ, ਵਾਸੀ ਬਾਠ ਕਲਾਂ ਤੋਂ ਨਾਂਅ ਬਦਲੀ ਕਰਕੇ ਬਲਜਿੰਦਰ ਸਿੰਘ ਪੁੱਤਰ ਲਛਮਣ ਸਿੰਘ ਪਿੰਡ ਬਾਠ ਕਲਾਂ (ਰਕਬਾ ਬਾਲੋਕੀ ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਲਿਖਤੀ ਦਰਜ ਕਰਵਾ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ J52AP091161J 10 ਐਚ. ਪੀ. ਜੋ ਕਿ ਅਜਮੇਰ ਸਿੰਘ ਪੁੱਤਰ ਸ. ਫੁੰਮਣ ਸਿੰਘ ਵਾਸੀ ਨੰਗਲ ਮਾਝਾਂ ਦੇ ਨਾਂਅ ਤੇ ਪਿੰਡ ਭਗਵਾਨਪੁਰ ਦੇ ਨਾਮ ਤੇ ਹਦਬਸਤ ਨੰਬਰ 80 ਖਸਰਾ ਨੰ. 25//12/1 ਤੇ ਚੱਲ ਰਹੀ ਹੈ ਦਾ ਨਾਂਅ ਤਬਦੀਲ ਕਰਕੇ ਹਰਦੀਪ ਸਿੰਘ ਸਰਾ ਪੁੱਤਰ ਵੀਰਇੰਦਰ ਸਿੰਘ ਸਰਾ ਵਾਸੀ ਮਕਾਨ ਨੰ. ਡਬਲਯੂ-401, ਜਲੰਧਰ ਹਾਈਟਸ-1, ਜਲੰਧਰ ਦੇ ਨਾਂਅ ਤੇ ਕਰਨੀ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਆਪਣਾ ਇਤਰਾਜ 15 ਦਿਨਾਂ ਦੇ ਅੰਦਰ-ਅੰਦਰ ਐਸ. ਡੀ. ਓ., ਚਹੇੜੂ ਜੀ ਨੂੰ ਦਰਜ ਕਰਵਾਉ। ਕੋਈ ਇਤਰਾਜ਼ ਨਾਂ ਹੋਣ ਦੀ ਸਥਿਤੀ ਵਿੱਚ ਇਹ ਨਾਂਅ ਦੀ ਤਬਦੀਲੀ ਬਿਨਾਂ ਕਿਸੇ ਨੋਟਿਸ ਕਰ ਦਿੱਤੀ ਜਾਵੇਗੀ।

## ਬੇਦਖਲੀ ਨੋਟਿਸ

ਮੈਂ, ਅਮਰੀਕ ਸਿੰਘ ਪੁੱਤਰ ਸ਼੍ਰੀ ਚੰਨਣ ਸਿੰਘ ਵਾਸੀ ਪਿੰਡ ਘੁੱਗ ਡਾਕਖਾਨਾ ਸੁਦਾਨਾਂ ਤਹਿਸੀਲ ਆਦਮਪੁਰ ਜਿਲ੍ਹਾਂ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਗੁਰਜੀਤ ਸਿੰਘ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਸ ਨੂੰ ਆਪਣੀਂ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਜਗੀਰ ਸਿੰਘ ਪੁੱਤਰ ਸ੍ਰ. ਗੁਰਮੇਜ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਕੋਟ ਮਹਿਤਾਬ, ਤਹਿ. ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਦੋ ਲੜਕੇ ਗੋਤਮ ਸਿੰਘ ਅਤੇ ਦੀਪਕ ਸਿੰਘ ਜੋ ਕਿ ਮੇਰੇ ਕਹਿਣੇ,ਸੁਨਣੇ ਤੋਂ ਬਾਹਰ ਹਨ, ਮਾੜੀ ਸੰਗਤ ਵਿੱਚ ਪੈ ਗਏ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਚੱਲ,ਅਚੱਲ ਜਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ ਹੈ।

ਮੈਂ ਅਜੈ ਤਿਵਾੜੀ ਪੁੱਤਰ ਗੋਨੂਰ ਤਿਵਾੜੀ ਵਾਸੀ ਖਲਵਾੜਾ ਗੇਟ, ਨੇੜੇ ਗੁਗਾਮਾੜੀ, ਫਗਵਾੜਾ, ਜਿਲਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਮੁਸਕਾਨ ਜਿਸ ਨੇ ਆਪਣੀ ਮਰਜੀ ਨਾਲ ਮੇਰੀ ਤੇ ਪਰਿਵਾਰ ਦੀ ਸਹਿਮਤੀ ਬਿਨਾਂ ਵਿਆਹ ਕਰਵਾ ਲਿਆ ਹੈ ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ਮੇਰੀ ਅਤੇ ਸਾਡੇ ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ। ਸਬੰਧਤ ਨੋਟ ਕਰਨ।

ਅਸੀਂ, ਪਾਰਸ ਨਾਥ ਪੁੱਤਰ ਭਗਵਾਨ ਪ੍ਰਸਾਦ ਅਤੇ ਸ਼ੀਲਾ ਦੇਵੀ ਪਤਨੀ ਪਾਰਸ ਨਾਥ ਵਾਸੀ ਮਕਾਨ ਨੰ: 110, ਗਲੀ ਨੰ: 3, ਨੈਸ਼ਨਲ ਪਾਰਕ, ਮਕਸੂਦਾਂ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੰਦੀਪ ਕੁਮਾਰ ਅਤੇ ਉਸ ਦੀ ਪਤਨੀ ਪੂਜਾ ਰਾਣੀ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ ਬਲਬੀਰ ਕੁਮਾਰ ਪੁੱਤਰ ਮਦਨ ਲਾਲ ਅਤੇ ਆਸ਼ਾ ਦੇਵੀ ਪਤਨੀ ਬਲਬੀਰ ਕੁਮਾਰ ਵਾਸੀ ਮਕਾਨ ਨੰਬਰ 237, ਕੂਚਾ ਸਦੀਕ ਪਹਿਲਵਾਨ, ਜੋੜਾ ਪਿੱਪਲ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਅਵੀ ਪਨਸੋਤਰਾ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਸਾਰੀ ਜਮੀਨ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਸ਼ੀਲੋ ਪਤਨੀ ਲੇਟ ਸ਼ਿੰਦਰ ਸਿੰਘ, ਵਾਸੀ ਪਿੰਡ ਰਾਮੇ, ਡਾਕਘਰ ਬਾਹਮਣੀਆਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144702 ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮਨਦੀਪ ਸਿੰਘ, ਉਸ ਦੀ ਪਤਨੀ ਕੁਲਵੰਤ ਕੌਰ ਅਤੇ ਉਨ੍ਹਾਂ ਦੀ ਬੇਟੀ ਨਿਮਰਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਮਿਲਖਾ ਸਿੰਘ ਪੁੱਤਰ ਗਿਆਨ ਸਿੰਘ, ਵਾਸੀ ਪਿੰਡ ਭੁੱਲਰ ਹੰਸ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਜੀਤ ਸਿੰਘ ਅਤੇ ਉਸ ਦੀ ਪਤਨੀ ਖੁਸ਼ੀ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੁਖਦੇਵ ਸਿੰਘ ਪੁੱਤਰ ਕਪੂਰ ਸਿੰਘ, ਵਾਸੀ ਮਕਾਨ ਨੰ. 405, ਫਕੀਰ ਸਿੰਘ ਕਾਲੋਨੀ, ਅੰਨਗੜ੍ਹ, ਗੇਟ ਹਕੀਮਾਂ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰੋਬਿਨਜੀਤ ਸਿੰਘ, ਜੋ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦਾ ਹਾਂ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਪਰਮਜੀਤ ਕੌਰ ਪਤਨੀ ਗੁਰਦੀਪ ਲਾਲ, ਵਾਸੀ ਗੋਪਾਲ ਸ਼ਾਹ ਰੋਡ, ਮੁਹੱਲਾ ਇਸਲਾਮਾਬਾਦ, ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਪੁੱਤਰ ਸੁਸ਼ੀਲ ਕੁਮਾਰ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਕਸ਼ਮੀਰ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਪਿੰਡ ਭੈਣੀ ਬਾਂਗਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਨੇ ਆਪਣੇ ਲੜਕੇ ਗੁਰਪ੍ਰੀਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ।

## ਬੇਦਖਲੀ ਨੋਟਿਸ

ਮੈਂ ਰਾਮ ਪਰਤਾਪ ਪੁੱਤਰ ਮਾਧੋ ਰਾਮ ਵਾਸੀ ਮਕਾਨ ਨੰਬਰ 666 , ਗਲੀ ਨੰਬਰ 8 , ਏਕਤਾ ਨਗਰ ਡਾਕਖਾਨਾ ਚੁਗਿੱਠੀ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਉਦਿਤ ਕੁਮਾਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਜਿਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਜੋ ਕੋਈ ਵੀ ਇਸ ਦੇ ਨਾਲ ਕਿਸੇ ਤਰਾਂ ਦਾ ਕੋਈ ਲੈਣ ਦੇਣ ਕਰਦਾ ਹੈ ਤਾਂ ਉਸਦੀ ਜਿੰਮੇਵਾਰੀ ਉਸਦੀ ਖੁਦ ਦੀ ਹੋਵੇਗੀ । ਸੰਬੰਧਤ ਨੋਟ ਕਰਨ।

ਮੈਂ, ਸੁਖਦੇਵ ਸਿੰਘ ਪੁੱਤਰ ਲੇਟ ਪੂਰਨ ਸਿੰਘ ਵਾਸੀ ਮਕਾਨ ਨੰਬਰ ਬੀ-30/17, ਗੁਲਾਬ ਦੇਵੀ ਅਸਪਤਾਲ ਰੋਡ, ਆਰਿਆ ਨਗਰ, ਜਲੰਧਰ-1, ਜ਼ਿਲ੍ਹਾ ਜਲੰਧਰ, ਪੰਜਾਬ-144008 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅੰਮ੍ਰਿਤਪਾਲ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਬਸੰਤ ਕੌਰ ਪਤਨੀ ਲੇਟ ਸ੍ਰੀ ਪੂਰਨ ਸਿੰਘ ਵਾਸੀ ਪਿੰਡ ਪ੍ਰਤਾਪਗੜ੍ਹ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਗੁਰਮੁੱਖ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਸੁਨੀਲ ਕੁਮਾਰ ਪੁੱਤਰ ਰਾਮ ਪ੍ਰਕਾਸ਼ ਵਾਸੀ ਵਾਸੀ ਮਕਾਨ ਨੰ: ਐਫ ਐਮ: 60, ਮਾਡਲ ਹਾਊਸ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਲਵਲੀਨ ਅਰੋੜਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਨਿਰਮਲ ਕੌਰ ਪਤਨੀ ਸੋਮ ਨਾਥ ਵਾਸੀ ਮਕਾਨ ਨੰ. 141, ਨੂਰਪੁਰ ਕਾਲੋਨੀ, ਰੇਰੂ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਸੁਨੀਤਾ ਪਤਨੀ ਜਤਿੰਦਰ ਕੁਮਾਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸ਼ਕੁੰਤਲਾ ਪਤਨੀ ਰਾਮ ਸੇਵਕ ਵਾਸੀ ਮਕਾਨ ਨੰ. ਸੀ-270, ਰਹਿਮਾਨਪੁਰ ਰੋਡ, ਦੀਪ ਨਗਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਪ੍ਰਿੰਸ ਕੁਮਾਰ ਅਤੇ ਉਸਦੀ ਪਤਨੀ ਪ੍ਰਿਅੰਕਾ ਅਨੁਰਾਗੀ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਮਹਿੰਦਰ ਪਾਲ ਪੁੱਤਰ ਸ੍ਰੀ ਚਮਨ ਲਾਲ, ਵਾਸੀ ਮੁਹੱਲਾ ਤਲਵਾੜ, ਟਾਂਡਾ, ਤਹਿ. ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਕੁਮਾਰ ਉਰਫ ਸੋਨੂੰ ਅਤੇ ਇਸ ਦੀ ਪਤਨੀ ਰਾਵੀ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ, ਜਿਸ ਕਰਕੇ ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਕਿਸੇ ਤਰ੍ਹਾਂ ਦਾ ਲੈਣ-ਦੇਣ, ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਬਾਕੀ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਰਜੇਸ਼ ਕੁਮਾਰ ਪੁੱਤਰ ਨਿਹਾਲ ਚੰਦ, ਵਾਸੀ ਮਕਾਨ ਨੰ: 1945/2, ਗਲੀ ਨਵਾਬ ਵਾਲੀ, ਬਾਜ਼ਾਰ ਬਕਰਵਾਨਾ, ਸ਼ੇਰਾਂ ਵਾਲਾ ਗੇਟ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਗੌਰਵ ਅਤੇ ਉਸ ਦੀ ਪਤਨੀ ਗੰਗਾ ਨੂੰ ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਇਨ੍ਹਾਂ ਨੂੰ ਅਤੇ ਇਨ੍ਹਾਂ ਦੇ ਹੋਣ ਵਾਲੇ ਬੱਚਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## PUBLIC NOTICE

I, Amarjot Singh S/o Subhash Singh. R/o Village Rattowal. PO. Babri Nangal, Distt. Gurdaspur, Punjab, India. Declare that my given name as Amarjot and my Surname as Singh.

I, Paramjeet Singh S/o Sukhdev Singh. R/o Village Dera Tung, PO. Saidowal Kalan. Gurdaspur-143530. Punjab, India Declare that my given name as Paramjeet and my Surname as Singh.

I, Sukhdev Raj S/O Ajit Raj R/o Village Thanewal, PO. Babehali, Tehsil/Distt. Gurdaspur, Pin- 143530, Punjab, India. Declare that my given name as Sukhdev and My Surname as Raj.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## YES BANK

ਰਜਿਸਟਰਡ ਕਾਰਪੋਰੇਟ ਦਫਤਰ : ਯੈੱਸ ਬੈਂਕ ਹਾਊਸ, ਆਫ ਵੈੱਸਟਰਨ ਐੱਕਸਪ੍ਰੈੱਸ ਹਾਈਵੇ, ਸਾਂਤਾਕਰੂਜ਼ (ਈਸਟ), ਮੁੰਬਈ-400055, ਭਾਰਤ
ਵੈੱਬਸਾਈਟ : website : www.yesbank.in
Email : comminications@yesbank.in, CIN : L65190MH2003PLC143249

### ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ) ਗਰੰਟਰ/(ਗਰੰਟਰਾਂ)/ਗਿਰਵੀਕਾਰ (ਗਿਰਵੀਕਾਰਾਂ), ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਇਹੀ ਜਾਣਕਾਰੀ ਦਿੱਤੀ ਗਈ ਹੈ।

| ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦਾ ਨਾਂਅ ਖਾਤਾ ਨੰ: ਅਤੇ ਕਰਜ਼ੇ ਦੀ ਕਿਸਮ | ਸਕਿਉਰਡ ਐੱਸਟ ਦਾ ਵੇਰਵਾ | ਏ) ਐੱਨ ਪੀ ਏ ਦੀ ਮਿਤੀ , ਬੀ) ਨੋਟਿਸ ਦੀ ਮਿਤੀ ਸੀ) 13(2) ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|
| 1. ਮੈਸਰਜ਼ ਸਿੱਧ ਮੋਬਾਇਲ ਹੱਟ (ਕਰਜ਼ਦਾਰ) ਰਾਹੀਂ ਇਸ ਦੇ ਮਾਲਕ ਸ੍ਰੀ ਸੁਖਪਿੰਦਰ ਸਿੰਘ, ਪਤਾ : ਦੁਕਾਨ ਨੰ: 1, ਵਿਵੇਕ ਨਗਰ, ਜਲੰਧਰ, ਪੰਜਾਬ-144004 2. ਸੁਖਪਿੰਦਰ ਸਿੰਘ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਪੁੱਤਰ ਵੀਰ ਬਹਾਦਰ ਸਿੰਘ, ਪਤਾ : ਮਕਾਨ # 191, ਨਿਊ ਬਲਦੇਵ ਨਗਰ, ਜਲੰਧਰ-1, ਪੰਜਾਬ -144004 3. ਸ੍ਰੀਮਤੀ ਜਸਵਿੰਦਰ ਕੌਰ ਪਤਨੀ ਸ੍ਰੀ ਵੀਰ ਬਹਾਦਰ ਸਿੰਘ ਪਤਾ : ਮਕਾਨ # 191, ਨਿਊ ਬਲਦੇਵ ਨਗਰ, ਜਲੰਧਰ-1, ਪੰਜਾਬ-144004. ਖਾਤਾ ਨੰ: ਐੱਮ ਓ ਆਰ 007100994613 ਅਤੇ ਐੱਮ ਓ ਆਰ 007101379623, ਕਰਜ਼ੇ ਦੀ ਕਿਸਮ : ਸਕਿਉਰਡ ਬਿਜ਼ਨਸ ਕਰਜ਼ਾ ਸਹੂਲਤਾਂ | ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਜੋ ਕਿ ਨਿਰਮਤ ਮਕਾਨ ਕੁੱਲ ਰਕਬਾ 6 ਮਰਲੇ 81 ਵਰਗ ਫੁੱਟ, ਖੱਤਾ # 3375/3943, ਖਸਰਾ # 10616, 10617, ਜਮ੍ਹਾਂਬੰਦੀ ਸਾਲ 2009-10, ਬਲਦੇਵ ਨਗਰ ਜਲੰਧਰ-1 ਜਲੰਧਰ ਪੰਜਾਬ 144004 ਵਿਖੇ ਸਥਿਤ, ਹੱਦਾਂ :- ਪੂਰਬ : ਮਕਾਨ # 192 ਜਸਵਿੰਦਰ ਕੌਰ, ਪੱਛਮ : ਮਕਾਨ # 190 ਛੋਟੂ ਰਾਮ, ਦੱਖਣ : ਮਕਾਨ # 179 ਇਕਬਾਲ ਸਿੰਘ, ਸ੍ਰੀ ਸੁਖਪਿੰਦਰ ਸਿੰਘ ਪੁੱਤਰ ਵੀਰ ਬਹਾਦਰ ਸਿੰਘ ਦੀ ਮਲਕੀਅਤ। | ਏ) 02/11/2025 ਬੀ) 21-11-2025 ਸੀ) 21.11.2025 ਨੂੰ ਰੁ: 47,91,351.54/- (ਸੰਤਾਲੀ ਲੱਖ ਇਕਾਨਵੇਂ ਹਜ਼ਾਰ ਤਿੰਨ ਸੌ ਇਕਵੰਜਾ ਰੁਪਏ ਅਤੇ ਚੌਰੰਜਾ ਪੈਸੇ ਕੇਵਲ) |

ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ ਜਨਤਕ ਨਿਲਾਮੀ ਵਿਕਰੀ ਦੀ ਮਿਤੀ ਤੋਂ ਪਹਿਲਾਂ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 27.11.2025 ਸਥਾਨ : ਪੰਜਾਬ ਸਹੀ/- (ਅਧਿਕਾਰਤ ਅਫਸਰ) ਯੈੱਸ ਬੈਂਕ ਲਿਮਟਿਡ

## Punjab National Bank

Branch Office:- Basti Jodhewal, DISTT. LUDHIANA

### ਵਿਕਰੀ ਦੀ ਜਾਣਕਾਰੀ ਹਿੱਤ ਕਰਜ਼ਦਾਰ ਨੂੰ ਨੋਟਿਸ (30 ਦਿਨਾ ਨੋਟਿਸ)

ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦਾ ਰੂਲ 8 (6)

ਸੇਵਾ 'ਚ 13.11.2025

| | |
|---|---|
| ਕਰਜ਼ਦਾਰ/ਰਹਿਣਕਾਰ :- ਸ੍ਰੀ ਰਾਕੇਸ਼ ਕੁਮਾਰ ਪੁੱਤਰ ਸ੍ਰੀ ਦੇਵੀ ਦਾਸ # ਪਲਾਟ ਨੰ. 69, ਲਕਸ਼ਮੀ ਕਾਲੋਨੀ, ਕੈਲਾਸ਼ ਨਗਰ ਰੋਡ, ਬਸਤੀ ਜੋਧੇਵਾਲ, ਲੁਧਿਆਣਾ। | (2) ਕਰਜ਼ਦਾਰ :- ਸ੍ਰੀਮਤੀ ਨੀਨਾ ਰਾਣੀ ਪਤਨੀ ਸ੍ਰੀ ਰਾਕੇਸ਼ ਕੁਮਾਰ # ਪਲਾਟ ਨੰ. 69, ਲਕਸ਼ਮੀ ਕਾਲੋਨੀ, ਕੈਲਾਸ਼ ਨਗਰ ਰੋਡ, ਬਸਤੀ ਜੋਧੇਵਾਲ, ਲੁਧਿਆਣਾ। |

ਸ੍ਰੀਮਾਨ/ਸ੍ਰੀਮਤੀ

**ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ, 2002 ਦੇ ਸੈਕਸ਼ਨ 13(8) ਅਧੀਨ ਰਜਿਸਟਰਡ ਨੋਟਿਸ**

ਤੁਹਾਨੂੰ ਪੱਤਰ ਹਾਸਲ ਕਰਨ ਵਾਲਿਆਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੇਠਾਂ ਦਰਸਾਈਆਂ ਚੱਲ/ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਪੀ ਐੱਨ ਬੀ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਨੇ ਸੰਕੇਤਕ/ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ, ਪੰਜਾਬ ਨੈਸ਼ਨਲ ਬੈਂਕ ਸਕਿਉਰਡ ਕ੍ਰੈਡਿਟਰ ਦੀ (1) ਕਰਜ਼ਦਾਰ/ਰਹਿਣਕਾਰ ਸ੍ਰੀ ਰਾਕੇਸ਼ ਕੁਮਾਰ ਪੁੱਤਰ ਸ੍ਰੀ ਦੇਵੀ ਦਾਸ # ਪਲਾਟ ਨੰ. 69, ਲਕਸ਼ਮੀ ਕਾਲੋਨੀ, ਕੈਲਾਸ਼ ਨਗਰ ਰੋਡ, ਬਸਤੀ ਜੋਧੇਵਾਲ, ਲੁਧਿਆਣਾ (2) (ਕਰਜ਼ਦਾਰ) : ਸ੍ਰੀਮਤੀ ਨੀਨਾ ਰਾਣੀ ਪਤਨੀ ਸ੍ਰੀ ਰਾਕੇਸ਼ ਕੁਮਾਰ # ਪਲਾਟ ਨੰ. 69, ਲਕਸ਼ਮੀ ਕਾਲੋਨੀ, ਕੈਲਾਸ਼ ਨਗਰ ਰੋਡ, ਬਸਤੀ ਜੋਧੇਵਾਲ, ਲੁਧਿਆਣਾ ਨੂੰ 13.09.2023 ਨੂੰ ਬਕਾਇਆ ਰਕਮ ਰੁਪਏ 9,59,357.48 (ਨੌਂ ਲੱਖ ਉਨਾਹਠ ਹਜ਼ਾਰ ਤਿੰਨ ਸੌ ਸਤਵੰਜਾ ਰੁਪਏ ਅਤੇ ਅਠਤਾਲੀ ਪੈਸੇ ਕੇਵਲ) ਸਮੇਤ ਮੁਕੰਮਲ ਅਦਾਇਗੀ ਤੱਕ ਭਵਿੱਖੀ ਵਿਆਜ, ਲਾਗਤਾਂ ਜਮ੍ਹਾਂ ਹੋਰ ਵਿਆਜ ਅਤੇ ਹੋਰ ਚਾਰਜਿਜ਼ ਮਨਫੀ ਵਸੂਲੀ (ਜੇਕਰ ਕੋਈ ਹੈ) ਸਰਫੇਸੀ ਐਕਟ ਦੇ ਸੈਕਸ਼ਨ 13 (2) ਤਹਿਤ 13.09.2023 ਨੂੰ ਜਾਰੀ ਡਿਮਾਂਡ ਨੋਟਿਸ ਅਨੁਸਾਰ ਵਸੂਲੀ ਲਈ "ਜਿਵੇਂ ਹੈ", 'ਜਿੱਥੇ ਹੈ' 'ਜਿਵੇਂ ਹੈ ਜੋ ਹੈ' ਅਤੇ 'ਉੱਥੇ ਜੋ ਵੀ ਹੈ' ਦੇ ਅਧਾਰ'ਤੇ ਵਿਕਰੀ ਕੀਤੀ ਜਾਵੇਗੀ।

ਬੈਨਾਮਾ ਵਸੀਕਾ ਨੰ. 438 ਮਿਤੀ 04.04.2013 ਅਨੁਸਾਰ ਸ੍ਰੀ ਰਾਕੇਸ਼ ਕੁਮਾਰ ਪੁੱਤਰ ਸ੍ਰੀ ਦੇਵੀ ਦਾਸ ਦੇ ਨਾਂਅ ਰਿਹਾਇਸ਼ੀ ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ ਰਕਬਾ 76.60 ਵਰਗ ਗਜ਼, ਪਲਾਟ ਨੰ. 69 ਮਿਨ, ਖਸਰਾ ਨੰ. 82-62-80/1-77/1-81/1-63/1, ਖੱਤਾ ਨੰ. 700/802, ਜਮ੍ਹਾਂਬੰਦੀ ਸਾਲ 2008-09, ਹਦਬਸਤ ਨੰ. 166, ਪਿੰਡ ਗਹਿਲੇਵਾਲ, ਅਬਾਦੀ ਲਕਸ਼ਮੀ ਕਾਲੋਨੀ ਵਿਖੇ ਸਥਿਤ, ਨੇੜੇ ਰਾਧਾ ਸਵਾਮੀ ਸਤਿਸੰਗ ਘਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗਲੀ, ਪੱਛਮ : ਗੁਆਂਢ, ਉੱਤਰ : ਗੁਆਂਢ, ਦੱਖਣ : ਗੁਆਂਢ।

ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸਰਫੇਸੀ ਐਕਟ ਦੇ ਸੈਕਸ਼ਨ 13(8) ਅਨੁਸਾਰ ਤੁਸੀਂ ਉਕਤ ਸਕਿਉਰਡ ਐੱਸਟ ਸਾਰੇ ਬਕਾਏ ਦੀ ਅਦਾਇਗੀ ਕਰਕੇ 30 ਦਿਨਾਂ ਦੇ ਅੰਦਰ ਪੁਨਰਗ੍ਰਹਿਣ ਕਰ ਸਕਦੇ ਹੋ। ਉਕਤ ਸੈਕਸ਼ਨ 13 ਦੇ ਸਬ-ਸੈਕਸ਼ਨ 8 ਹੇਠ ਅਨੁਸਾਰ ਹੈ :-

"ਜਿੱਥੇ ਸਕਿਉਰਡ ਕ੍ਰੈਡਿਟਰ ਦੀ ਬਕਾਇਆ ਸਾਰੀ ਰਕਮ ਸਮੇਤ ਉਸ ਦੀਆਂ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚਿਆਂ ਦੇ ਸਕਿਉਰਡ ਕ੍ਰੈਡਿਟਰ ਨੂੰ ਜਨਤਕ ਨਿਲਾਮੀ ਨੋਟਿਸ ਜਾਂ ਕੁਟੇਸ਼ਨਾਂ ਦਾ ਸੱਦਾ ਦੇਣ ਜਾਂ ਜਨਤਾ ਤੋਂ ਟੈਂਡਰ ਸੱਦਣ ਜਾਂ ਲੀਜ਼ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ, ਇਕਰਾਰਨਾਮਾ ਜਾਂ ਸਕਿਉਰਡ ਐੱਸਟਸ ਦੀ ਵਿਕਰੀ ਤੋਂ ਪਹਿਲਾਂ ਸਕਿਉਰਡ ਕ੍ਰੈਡਿਟਰ ਨੂੰ ਜਮ੍ਹਾਂ ਕਰਵਾ ਦਿੱਤੇ ਜਾਣ।

(I) ਸਕਿਉਰਡ ਕ੍ਰੈਡਿਟਰ ਵੱਲੋਂ ਸਕਿਉਰਡ ਐੱਸਟਸ ਲੀਜ਼, ਇਕਰਾਰਨਾਮੇ ਜਾਣਕਾਰੀ ਰਾਹੀਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ

(ii) ਜੇਕਰ ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼ ਜਾਂ ਇਕਰਾਰਨਾਮੇ ਰਾਹੀਂ ਸਕਿਉਰਡ ਐੱਸਟਸ ਸੰਬੰਧੀ ਸਬ-ਸੈਕਸ਼ਨ ਹੇਠ ਰਕਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕੋਈ ਕਦਮ ਉਠਾਇਆ ਜਾ ਚੁੱਕਿਆ ਹੋਵੇਗਾ, ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼, ਇਕਰਾਰਨਾਮੇ ਜਾਂ ਵਿਕਰੀ ਰਾਹੀਂ ਅਗਲਾ ਕੋਈ ਕਦਮ ਨਹੀਂ ਚੁੱਕਿਆ ਜਾਵੇਗਾ।"

ਤੁਹਾਨੂੰ ਪੱਤਰ ਪ੍ਰਾਪਤ ਕਰਤਾ ਨੂੰ ਰੂਲਜ਼ 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੇ ਸੈਕਸ਼ਨ 13(8) ਦੀ ਪਾਲਣਾ 'ਚ 30 ਦਿਨਾਂ ਦੇ ਅੰਦਰ 13.09.2023 ਨੂੰ ਮੌਜੂਦਾ ਬਕਾਇਆ ਰਕਮ ਰੁਪਏ 9,59,357.48 (ਨੌਂ ਲੱਖ ਉਨਾਹਠ ਹਜ਼ਾਰ ਤਿੰਨ ਸੌ ਸਤਵੰਜਾ ਰੁਪਏ ਅਤੇ ਅਠਤਾਲੀ ਪੈਸੇ ਕੇਵਲ) ਸਮੇਤ ਅਗਲੇ ਵਿਆਜ, ਲਾਗਤ ਅਤੇ ਚਾਰਜਿਜ਼ ਅਦਾ ਕਰਕੇ ਉਕਤ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ, ਅਸਫਲ ਰਹਿਣ 'ਤੇ ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਡ ਐੱਸਟਸ ਦੀ ਨਿਲਾਮੀ ਰੱਖ ਦਿੱਤੀ ਜਾਵੇਗੀ ਅਤੇ ਵਿਕਰੀ ਨੋਟਿਸ ਦੀ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 9 (1) ਦੀ ਪਾਲਣਾ 'ਚ ਵਿਕਰੀ ਨੋਟਿਸ ਦੀ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।

ਮਿਤੀ : 13.11.2025 ਅਧਿਕਾਰਤ ਅਫਸਰ,
ਸਥਾਨ : ਲੁਧਿਆਣਾ ਪੰਜਾਬ ਨੈਸ਼ਨਲ ਬੈਂਕ ਸਕਿਉਰਡ ਕ੍ਰੈਡਿਟਰ

## ਨੋਟਿਸ

"ਦੀ ਬਾਜਵਾ ਕਲਾਂ ਕੋਆਪ੍ਰੇਟਿਵ ਐਗਰੀਕਲਚਰ ਮਲਟੀਪਰਪਸ ਸੁਸਾਇਟੀ ਲਿਮ: ਬਾਜਵਾਂ ਕਲਾਂ" ਦੇ ਸਾਰੇ ਹਿੱਸੇਦਾਰਾਂ/ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਵਾਏ ਜਾਣ ਲਈ ਸਭਾ ਦੇ ਸਕੱਤਰ ਵੱਲੋਂ ਹਲਕਾ ਨਿਰੀਖਕ ਸ/ਸ ਕੰਗ ਖੁਰਦ ਰਾਹੀਂ ਜ਼ੋਨ ਲਿਸਟਾਂ ਇਸ ਦਫ਼ਤਰ ਨੂੰ ਪ੍ਰਵਾਨਗੀ ਲਈ ਭੇਜੀਆਂ ਗਈਆਂ ਹਨ, ਜੋ ਕਿ ਸਭਾ ਦੇ ਦਫ਼ਤਰ ਅਤੇ ਨਿਮਨਹਸਤਾਖਰ ਦੇ ਦਫ਼ਤਰ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਦੇਖੀਆਂ ਜਾ ਸਕਦੀਆਂ ਹਨ। ਇਹਨਾਂ ਦੀ ਪ੍ਰਵਾਨਗੀ ਬਾਰੇ ਕਿਸੇ ਵੀ ਮੈਂਬਰ/ ਹਿੱਸੇਦਾਰ ਨੂੰ ਜੇ ਕੋਈ ਇਤਰਾਜ਼ ਹੋਵੇ ਜਾਂ ਲਿਸਟ ਵਿੱਚ ਨਾਂਅ ਸ਼ਾਮਲ ਨਾ ਕੀਤਾ ਹੋਵੇ ਤਾਂ ਇਸ ਸੰਬੰਧੀ ਉਹ ਆਪਣਾ ਇਤਰਾਜ਼ ਮਿਤੀ 15.12.2025 ਤੱਕ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਸ਼ਾਹਕੋਟ ਦੇ ਦਫ਼ਤਰ ਵਿੱਚ ਦੇ ਸਕਦੇ ਹਨ। ਇਨ੍ਹਾਂ ਇਤਰਾਜ਼ਾਂ ਦੀ ਸੁਣਵਾਈ ਮਿਤੀ 16.12.2025 ਨੂੰ ਸਵੇਰੇ 11.00. ਵਜੇ ਨਿਮਨਹਸਤਾਖਰ ਦੇ ਦਫਤਰ ਵਿਖੇ ਕੀਤੀ ਜਾਵੇਗੀ।ਸੁਣਵਾਈ ਸਮੇਂ ਹਾਜ਼ਰ ਹੋ ਕੇ ਆਪਣਾ ਪੱਖ/ਸਬੂਤ ਪੇਸ਼ ਕੀਤਾ ਜਾਵੇ, ਇਸ ਉਪਰੰਤ ਜ਼ੋਨਾਂ ਦੀ ਪ੍ਰਵਾਨਗੀ ਦੇ ਦਿੱਤੀ ਜਾਵੇਗੀ।

ਸਹੀ/- (ਗਗਨਦੀਪ ਸਿੰਘ) ਪੀ.ਸੀ.ਐੱਸ. 2 ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਸ਼ਾਹਕੋਟ।

## ਪਬਲਿਕ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੂਜਾ ਬੱਧਨੀ ਕਲਾਂ ਤਹਿ: ਨਿਹਾਲ ਸਿੰਘ ਵਾਲਾ ਵਾ ਜ਼ਿਲ੍ਹਾ ਮੋਗਾ।

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਸ੍ਰੀ ਹਰਪਾਲ ਸਿੰਘ ਉਰਫ ਪਾਲ ਸਿੰਘ ਪੁੱਤਰ ਸਰਬਨ ਸਿੰਘ ਪੁੱਤਰ ਗੁਲਜਾਰਾ ਸਿੰਘ, ਵਾਸੀ ਪਿੰਡ ਲੋਪੋ ਤਹਿ: ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ ਨੇ ਦਰਖਾਸਤ ਰਾਹੀਂ ਬੇਨਤੀ ਕੀਤੀ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਪਿੰਡ ਲੋਪੋ ਪੱਤੀ ਹੇਮੂ ਖੇਵਟ ਨੰਬਰ 415 ਜਮ੍ਹਾਂਬੰਦੀ ਸਾਲ 2021-2022 ਵਿੱਚ ਪਾਲ ਸਿੰਘ ਪੁੱਤਰ ਸਰਬਨ ਸਿੰਘ ਪੁੱਤਰ ਗੁਲਜਾਰਾ ਸਿੰਘ ਦਰਜ ਹੈ ਅਤੇ ਬਾਕੀ ਦੇ ਦਸਤਾਵੇਜ਼ਾਂ (ਆਧਾਰ ਕਾਰਡ, ਪੈਨ ਕਾਰਡ ਆਦਿ) ਵਿੱਚ ਹਰਪਾਲ ਸਿੰਘ ਪੁੱਤਰ ਸਰਬਨ ਸਿੰਘ ਪੁੱਤਰ ਗੁਲਜਾਰਾ ਸਿੰਘ ਹੈ। ਇਹ ਦੋਵੇਂ ਨਾਂਅ ਇਕ ਹੀ ਵਿਅਕਤੀ ਹਰਪਾਲ ਸਿੰਘ ਉਰਫ ਪਾਲ ਸਿੰਘ ਪੁੱਤਰ ਸਰਬਨ ਸਿੰਘ ਪੁੱਤਰ ਗੁਲਜਾਰਾ ਸਿੰਘ ਦੇ ਹਨ।ਉਕਤ ਤੱਥਾਂ ਸੰਬੰਧੀ ਪ੍ਰਾਰਥੀ ਨੇ ਆਪਣਾ ਹਲਫੀਆ ਬਿਆਨ ਅਤੇ ਪਿੰਡ ਵੱਲੋਂ ਤਸਦੀਕ ਸਰਟੀਫਿਕੇਟ ਵੀ ਪੇਸ਼ ਕੀਤਾ ਹੈ।ਪ੍ਰਾਰਥੀ ਨੇ ਪੰਜਾਬ ਸਰਕਾਰ ਦੇ ਮੀਮੋ ਨੰ: 25/78/2012-ਭਮ-2/12445-71 ਚੰਡੀਗੜ੍ਹ ਮਿਤੀ 26/07/2013 ਦੇ ਹਵਾਲੇ ਮੁਤਾਬਿਕ ਮਾਲ ਰਿਕਾਰਡ ਵਿੱਚ ਨਾਂਅ ਤਬਦੀਲ ਕਰਵਾਉਣਾ ਹੈ। ਜੇਕਰ ਕਿਸੇ ਵਿਅਕਤੀ ਨੂੰ ਮਾਲ ਰਿਕਾਰਡ ਵਿੱਚ ਉਕਤ ਨਾਂਅ ਦੀ ਦਰੁਸਤੀ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਇਸ ਦਫਤਰ ਵਿੱਚ ਆਪਣਾ ਇਤਰਾਜ਼ ਲਿਖਤੀ ਰੂਪ ਵਿੱਚ ਇਸ ਇਸ਼ਤਿਹਾਰ ਦੇ ਜਾਰੀ ਹੋਣ ਦੇ 10 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਸਮਾਂ ਬੀਤਣ ਤੋਂ ਬਾਅਦ ਕਿਸੇ ਦਾ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਨੋਟਿਸ ਮੇਰੀ ਅਦਾਲਤੀ ਮੋਹਰ ਅਤੇ ਹਸਤਾਖਰ ਹੇਠ ਜਾਰੀ ਕੀਤਾ ਗਿਆ ਹੈ।

ਸਹੀ/- ਸਹਾਇਕ ਕੁਲੈਕਟਰ ਦਰਜਾ-2 ਬੱਧਨੀ ਕਲਾਂ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ
ਨੰਬਰ : 487 ਮਿਤੀ : 26/11/2025

27-Nov-PAGE--8.qxd 11/26/2025 10:22 PM Page 1



# ਬਿਜਲੀ ਕਾਮਿਆਂ ਨੇ ਲੇਬਰ ਕਾਨੂੰਨ ਤੇ ਬਿਜਲੀ ਬਿੱਲ 2025 ਦੇ ਖਰੜੇ ਦੀਆਂ ਕਾਪੀਆਂ ਸਾੜੀਆਂ



ਖਰੜ (ਹਰਨਾਮ ਸਿੰਘ ਡੱਲਾ)

ਕੁਰਾਲੀ ਅਤੇ ਖਰੜ ਡਿਵੀਜ਼ਨ ਦੇ ਬਿਜਲੀ ਕਾਮਿਆਂ ਵੱਲੋਂ ਖਰੜ ਡਿਵੀਜ਼ਨ ਵਿਖੇ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਸੁਖਵਿੰਦਰ ਸਿੰਘ ਦੁੱਮਣਾ ਮੈਂਬਰ ਜੁਆਇੰਟ ਫੋਰਮ ਪੰਜਾਬ, ਬਲਵਿੰਦਰ ਰੜਿਆਲਾ ਪ੍ਰਧਾਨ ਟੀ ਐੱਸ ਯੂ ਡਿਵੀਜ਼ਨ ਖਰੜ, ਸੁਰਿੰਦਰ ਕੁਮਾਰ ਸ਼ਰਮਾ ਪ੍ਰਧਾਨ ਟੀਐਸਯੂ ਡਿਵੀਜ਼ਨ ਕੁਰਾਲੀ, ਬਲਜਿੰਦਰ ਸਿੰਘ ਡਿਵੀਜ਼ਨ ਸੈਕਟਰੀ ਕੁਰਾਲੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਜ਼ਦੂਰ/ਮੁਲਾਜ਼ਮ ਵਿਰੋਧੀ 4 ਲੇਬਰ ਕੋਡ 21 ਨਵੰਬਰ ਤੋਂ ਧੱਕੇ ਨਾਲ ਲਾਗੂ ਕਰ ਦਿੱਤੇ ਹਨ ਜਿਸ ਨਾਲ ਸਾਡੇ ਸਾਰੇ ਹੱਕ ਹਕੂਕ ਖਤਰੇ ਵਿੱਚ ਪੈ ਗਏ ਹਨ। ਪਾਰਲੀਮੈਂਟ ਦੇ ਸਰਦ ਰੁੱਤ ਸੈਸ਼ਨ ਵਿੱਚ ਬਿਜਲੀ ਸੋਧ ਬਿੱਲ 2025 ਲਿਆ ਕੇ ਪਾਸ ਕਰਵਾਉਣ ਦੀ ਮੋਦੀ ਸਰਕਾਰ ਨੇ ਤਿਆਰੀ ਕੀਤੀ ਹੋਈ ਹੈ, ਜਿਸ ਨਾਲ ਬਿਜਲੀ ਮਹਿਕਮੇ ਦੀ ਹੋਂਦ ਖਤਰੇ ਵਿੱਚ ਆ ਜਾਵੇਗੀ। ਇਸੇ ਤਰ੍ਹਾਂ ਸਰਕਾਰ ਮੁਲਾਜ਼ਮ ਅਤੇ ਪੈਨਸ਼ਨਰ ਮਸਲਿਆਂ ਨੂੰ ਦਰਕਿਨਾਰ ਕਰਕੇ ਅਤੇ ਸਾਰੇ ਨਿਯਮ ਕਾਨੂੰਨਾਂ ਦੀ ਪ੍ਰਵਾਹ ਕੀਤੇ ਬਗੈਰ ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਲਈ ਪੱਬਾਂ ਭਾਰ ਹੋਈ ਪਈ ਹੈ। ਜਿਸ ਦੇ ਵਿਰੋਧ ਵਿੱਚ ਸਮੁੱਚੇ ਪੰਜਾਬ ਦੇ ਉਪ ਮੰਡਲ /ਮੰਡਲ ਦਫਤਰਾਂ ਅੱਗੇ ਇਹਨਾਂ ਸਾਰੇ ਲੋਕ, ਮੁਲਾਜ਼ਮ,ਕਿਸਾਨ ਤੇ ਮਜ਼ਦੂਰ ਵਿਰੋਧੀ ਕਾਨੂੰਨਾਂ ਅਤੇ ਜਾਇਦਾਦਾਂ ਵੇਚਣ ਦੇ ਵਿਰੋਧ ਵਜੋਂ ਇਹਨਾਂ ਕਾਲੇ ਕਾਨੂੰਨਾਂ ਅਤੇ ਬਿਜਲੀ ਬਿੱਲ 2025 ਦੇ ਖਰੜੇ ਦੀਆਂ ਕਾਪੀਆਂ ਸਾੜੀਆਂ ਜਾ ਰਹੀਆਂ ਹਨ। ਇਸ ਮੌਕੇ ਇਕੱਤਰ ਹੋਏ ਬਿਜਲੀ ਕਾਮਿਆਂ ਵੱਲੋਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਰੋਸ ਪ੍ਰਦਰਸ਼ਨ ਵਿੱਚ ਯੋਗਰਾਜ ਸਿੰਘ ਪ੍ਰਧਾਨ, ਸ਼ੇਰ ਸਿੰਘ ਪ੍ਰਧਾਨ, ਗੁਲਜ਼ਾਰ ਸਿੰਘ ਪ੍ਰਧਾਨ, ਜਰਨੈਲ ਸਿੰਘ ਪ੍ਰਧਾਨ, ਗੁਰਪ੍ਰੀਤ ਸਿੰਘ, ਗੋਪੀ ਚੰਦ, ਮਨਦੀਪ ਰੱਤੂ, ਸਤਬੀਰ ਸਿੰਘ ਜੇ ਈ, ਜਤਿੰਦਰ ਸਿੰਘ ਜੇ ਈ ਸਮੇਤ ਵੱਡੀ ਗਿਣਤੀ ਵਿੱਚ ਬਿਜਲੀ ਕਾਮੇ ਸ਼ਾਮਿਲ ਹੋਏ।

# ਚਾਰ ਲੇਬਰ ਕੋਡ ਲੈ ਡੁੱਬਣਗੇ : ਵਿਨੋਦ ਚੁੱਘ



ਡੇਰਾ ਬੱਸੀ (ਵਿਨੈ ਕੁਮਾਰ ਜੈਨ)

ਬਿਹਾਰ ਚੋਣਾਂ ਵਿੱਚ ਜਿੱਤ ਮਿਲਣ ਤੋਂ ਬਾਅਦ ਹੰਕਾਰੀ ਹੋਈ ਕੇਂਦਰ ਦੀ ਮੋਦੀ ਸਰਕਾਰ ਲਗਾਤਾਰ ਮਜ਼ਦੂਰਾਂ ਦੇ ਹੱਕਾਂ 'ਤੇ ਹਮਲੇ ਕਰ ਰਹੀ ਹੈ। ਮਜ਼ਦੂਰਾਂ ਦੇ ਅਧਿਕਾਰਾਂ ਦਾ ਘਾਣ ਕਰਨ ਵਾਲੇ ਇਹ ਚਾਰ ਲੇਬਰ ਕੋਡ ਅਸਲ ਵਿੱਚ ਮਜ਼ਦੂਰ ਜਮਾਤ ਨਾਲ ਕੀਤਾ ਗਿਆ ਡਬਲ ਧੋਖਾ ਹੈ।ਇਹ ਕਾਲੇ ਕਾਨੂੰਨਾਂ ਦਾ ਭੁਗਤਾਨ ਮੋਦੀ ਸਰਕਾਰ ਨੂੰ ਆਉਣ ਵਾਲੇ ਸਮੇਂ ਵਿੱਚ ਕਰਨਾ ਪਵੇਗਾ।ਇਨ੍ਹਾਂ ਤਿੱਖੇ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਏਟਕ (ਏ ਆਈ ਟੀ ਯੂ ਸੀ) ਦੇ ਸੂਬਾ ਮੀਤ ਪ੍ਰਧਾਨ ਸਾਥੀ ਵਿਨੋਦ ਚੁੱਘ ਨੇ ਅੱਜ ਇੱਥੇ ਜਾਰੀ ਇੱਕ ਰੋਸ ਭਰਪੂਰ ਪ੍ਰੈਸ ਬਿਆਨ ਵਿੱਚ ਕੀਤਾ।ਸ੍ਰੀ ਚੁੱਘ ਨੇ ਕਿਹਾ ਕਿ ਲੇਬਰ ਕੋਡ ਜਾਰੀ ਕਰਨ ਦਾ ਤਰੀਕਾ ਵੀ ਪੂਰੀ ਤਰ੍ਹਾਂ ਗੈਰ-ਕਾਨੂੰਨੀ ਹੈ।ਕਿਸੇ ਵੀ ਵੱਡੇ ਕਿਰਤ ਸੁਧਾਰ ਤੋਂ ਪਹਿਲਾਂ ਅੰਤਰਰਾਸ਼ਟਰੀ ਕਿਰਤ ਸੰਗਠਨ (ਆਈ ਐਲ ਓ) ਦੇ ਨਿਯਮਾਂ ਅਨੁਸਾਰ ਸਰਕਾਰ, ਮਾਲਕਾਂ ਅਤੇ ਮਜ਼ਦੂਰਾਂ ਦੀ ਤ੍ਰੈ-ਪੱਖੀ ਮੀਟਿੰਗ ਬੁਲਾਉਣੀ ਜ਼ਰੂਰੀ ਹੁੰਦੀ ਹੈ, ਪਰ ਮੋਦੀ ਸਰਕਾਰ ਨੇ ਪਿਛਲੇ 15 ਸਾਲਾਂ ਤੋਂ ਅਜਿਹੀ ਕੋਈ ਮੀਟਿੰਗ ਨਹੀਂ ਸੱਦੀ। ਸਰਕਾਰ ਨੇ ਲੋਕਤੰਤਰੀ ਢੰਗ ਦੀ ਪੂਰੀ ਤਰ੍ਹਾਂ ਅਣਦੇਖੀ ਕੀਤੀ ਹੈ।ਸਰਕਾਰ ਨੇ 'ਫਿਕਸ ਟਰਮ ਇੰਪਲਾਇਮੈਂਟ' (ਮਿਆਦੀ ਰੁਜ਼ਗਾਰ) ਨੂੰ ਕਾਨੂੰਨੀ ਜਾਮਾ ਪਹਿਨਾ ਦਿੱਤਾ।ਇਸ ਕਾਨੂੰਨ ਰਾਹੀਂ ਪੱਕੀ ਨੌਕਰੀ ਦਾ ਭੋਗ ਪੈ ਗਿਆ ਅਤੇ ਮਾਲਕ ਨੂੰ ਮਜ਼ਦੂਰ ਨੂੰ ਨੌਕਰੀ ਤੋਂ ਕੱਢਣ ਦੀ ਪੂਰੀ ਖੁੱਲ੍ਹ ਮਿਲ ਗਈ।ਸਭ ਤੋਂ ਵੱਡੀ ਧੱਕੇਸ਼ਾਹੀ ਇਹ ਕਿ ਨੌਕਰੀ ਤੋਂ ਕੱਢੇ ਜਾਣ 'ਤੇ ਮਜ਼ਦੂਰ ਆਪਣੀ ਸ਼ਿਕਾਇਤ ਲਈ ਲੇਬਰ ਕੋਰਟ ਦਾ ਦਰਵਾਜ਼ਾ ਵੀ ਨਹੀਂ ਖੜਕਾ ਸਕਦਾ।ਵਿਨੋਦ ਚੁੱਘ ਨੇ ਚੇਤਾਵਨੀ ਦਿੱਤੀ ਕਿ ਸਰਕਾਰ ਟੀਵੀ ਚੈਨਲਾਂ 'ਤੇ ਸਿਰਫ਼ ਪੁਰਾਣੇ ਕਾਨੂੰਨਾਂ ਵਿੱਚ ਦਰਜ ਓਵਰਟਾਈਮ ਅਤੇ ਸਮਾਜਿਕ ਸੁਰੱਖਿਆ ਵਰਗੀਆਂ ਸਹੂਲਤਾਂ ਗਿਣਾ ਕੇ ਮਜ਼ਦੂਰਾਂ ਨੂੰ ਗੁੰਮਰਾਹ ਕਰ ਰਹੀ ਹੈ, ਜਦਕਿ ਅਸਲ ਨੁਕਸਾਨ ਨੂੰ ਛੁਪਾਇਆ ਜਾ ਰਿਹਾ ਹੈ।ਅੰਤ ਵਿੱਚ ਏਟਕ ਆਗੂ ਨੇ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਤੁਰੰਤ ਇਹਨਾਂ 4 ਲੇਬਰ ਕੋਡਾਂ ਨੂੰ ਵਾਪਸ ਲੈਣ ਦੀ ਪੁਰਜ਼ੋਰ ਮੰਗ ਕੀਤੀ।ਉਨ੍ਹਾਂ ਐਲਾਨ ਕੀਤਾ ਕਿ ਮਜ਼ਦੂਰ ਜਮਾਤ ਸਰਕਾਰ ਦੀ ਇਸ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕਰੇਗੀ ਅਤੇ ਇਹ ਮਜ਼ਦੂਰ ਵਿਰੋਧੀ ਫੈਸਲੇ ਹੀ ਆਉਣ ਵਾਲੇ ਸਮੇਂ ਵਿੱਚ ਮੋਦੀ ਸਰਕਾਰ ਦੇ ਪਤਨ ਦਾ ਕਾਰਨ ਬਣਨਗੇ।

# ਇਫਟੂ ਨੇ ਲੇਬਰ ਕੋਡ ਦੀਆਂ ਕਾਪੀਆਂ ਸਾੜੀਆਂ



ਬੰਗਾ (ਅਵਤਾਰ ਕਲੇਰ)

ਭੱਠਾ ਵਰਕਰ ਯੂਨੀਅਨ (ਇਫਟੂ) ਨੇ ਪਿੰਡ ਪੱਲੀਆਂ ਕਲਾਂ ਦੇ ਭੱਠੇ ਉੱਤੇ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਲੇਬਰ ਕੋਡ ਦੀਆਂ ਕਾਪੀਆਂ ਸਾੜੀਆਂ। ਇਸ ਮੌਕੇ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਸਕੱਤਰ ਅਵਤਾਰ ਸਿੰਘ ਤਾਰੀ, ਭੱਠਾ ਵਰਕਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਰੱਕੜ ਨੇ ਕਿਹਾ ਕਿ ਚਾਰ ਕਿਰਤ ਕੋਡ ਲਾਗੂ ਕਰਕੇ ਮੋਦੀ ਸਰਕਾਰ ਨੇ ਸਮੁੱਚੇ ਮਜ਼ਦੂਰ ਵਰਗ ਉੱਤੇ ਵੱਡਾ ਹੱਲਾ ਬੋਲਿਆ ਹੈ ਜਿਸ ਦਾ ਮਜ਼ਦੂਰ ਜਮਾਤ ਹਰ ਹਾਲਤ ਵਿੱਚ ਕਰੜਾ ਜਵਾਬ ਦੇਵੇਗੀ। ਉਹਨਾਂ ਕਿਹਾ ਕਿ ਕਈ ਰਾਜ ਸਰਕਾਰਾਂ ਨੇ ਕੋਡਾਂ ਦੇ ਵਿਰੋਧ ਕਾਰਨ ਅਜੇ ਤੱਕ ਨਿਯਮ ਤਿਆਰ ਨਹੀਂ ਕੀਤੇ। ਪਰ ਮੋਦੀ ਸਰਕਾਰ ਨੂੰ ਮਜ਼ਦੂਰ ਵਰਗ ਦੇ ਕਿਸੇ ਵੀ ਅਧਿਕਾਰ ਦੀ ਦਲੀਲ ਦੀ ਕੋਈ ਪਰਵਾਹ ਨਹੀਂ।ਕੌੜੀ ਸੱਚਾਈ ਇਹ ਹੈ ਕਿ ਭਾਰਤ ਦੀ ਮਜ਼ਦੂਰੀ ਸ਼ਕਤੀ ਦੀ ਬਹੁਤ ਵੱਡੀ ਗਿਣਤੀ ਗੈਰ-ਸੰਗਠਤ ਖੇਤਰ ਵਿੱਚ ਹੈ ਅਤੇ ਮੁਲਕ ਵਿਚ ਜ਼ਿਆਦਾਤਰ ਨੌਕਰੀਆਂ ਅਸਥਾਈ ਹਨ। ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦੇ ਕਠਿਨ ਮੁਹਿੰਮ ਨਾਲ ਹਾਸਲ ਕੀਤੇ ਅਧਿਕਾਰਾਂ 'ਤੇ ਸਿੱਧੇ ਹਮਲੇ ਕੀਤੇ ਜਾ ਰਹੇ ਹਨ ਅਤੇ ਇਹ ਕਾਰਪੋਰੇਟ ਹਮਲਿਆਂ ਨੂੰ ਹੋਰ ਬੇਲਗਾਮ ਕਰਨਗੇ। ਇਸ ਮੌਕੇ ਮਹਿੰਦਰ, ਬਿਕਰਮ, ਕਾਂਸ਼ੀ ਰਾਮ,ਅਤੇ ਜਸਬੀਰ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਮਹਿੰਦਰ, ਸੰਜਾ, ਮੁਖੀ, ਸਰੋਜ, ਓਮਕਾਰੀ,ਅਮਿਤ ਅਤੇ ਪਿੰਡ ਭੱਠਾ ਮਜ਼ਦੂਰ ਵੀ ਹਾਜ਼ਰ ਸਨ।

# ਸਰਤਾਜ ਬਿੱਟਾ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)

ਆਮ ਆਦਮੀ ਪਾਰਟੀ ਦੀ ਪੰਜਾਬ ਵਿੱਚ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਲੋਕ ਰੋਜ਼ਾਨਾ ਅਕਾਲੀ ਦਲ ਅਤੇ ਕਾਂਗਰਸ ਨੂੰ ਛੱਡ ਕੇ 'ਆਪ' ਵਿੱਚ ਲਗਾਤਾਰ ਸ਼ਮੂਲੀਅਤ ਕਰ ਰਹੇ ਹਨ ਜਿਸ ਦੀ ਮਿਸਾਲ ਨਕੋਦਰ ਹਲਕੇ ਵਿੱਚ ਵਿਧਾਇਕ ਇੰਦਰਜੀਤ ਕੌਰ ਮਾਨ ਦੀ ਅਗਵਾਈ ਵਿੱਚ ਲੋਕ ਭਰੋਸਾ ਪ੍ਰਗਟ ਕਰ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਵਾਈਸ ਪ੍ਰਧਾਨ ਐਸ. ਸੀ ਵਿੰਗ (ਦੋਅਬਾ) ਸਰਤਾਜ ਬਿੱਟਾ ਵਾਸੀ ਪਿੰਡ ਹੇਰਾਂ ਅਕਾਲੀ ਦਲ ਛੱਡ ਕੇ ਆਮ ਆਦਮੀ ਪਾਰਟੀ ਦੇ ਵਿੱਚ ਸ਼ਾਮਿਲ ਹੋਏ। ਉਨ੍ਹਾਂ ਨਾਲ ਪਰਮਜੀਤ ਪੰਮਾ, ਸ਼ਸ਼ੀ ਕੁਮਾਰ, ਸੁਲੱਖਣ ਸਿੰਘ ਪੰਨੂ, ਮਨਜੀਤ ਸਿੰਘ ਸੂਬੇਦਾਰ, ਅਸ਼ਵਨੀ ਕੁਮਾਰ, ਬੀਬੀ ਕੁਲਵਿੰਦਰ ਕੌਰ, ਸੁਖਵਿੰਦਰ ਕੌਰ,ਕੁਲਦੀਪ ਕੌਰ, ਜਸਵਿੰਦਰ ਕੌਰ ਬੇਬੀ, ਮਨਜੀਤ ਕੌਰ ਗੋਗੀ, ਕੁਲਵਿੰਦਰ,ਮਿੰਦੋ, ਮੀਨਾ, ਰਾਜਵਿੰਦਰ ਕੌਰ, ਸਰੋਜ ਰਾਣੀ, ਜਸਵੀਰ ਕੌਰ ਸਮੇਤ ਹੋਰ ਪਰਿਵਾਰ 'ਆਪ' ਵਿੱਚ ਸ਼ਾਮਲ ਹੋਏ, ਜਿਹਨਾਂ ਨੂੰ ਬੀਬੀ ਮਾਨ ਨੇ ਜੀ ਆਇਆ ਆਖਿਆ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਤੇ ਮਨੋਜ ਸਿੰਘ ਬੈਂਸ, ਬਲਾਕ ਪ੍ਰਧਾਨ ਸੋਨੀ ਗਿੱਲ, ਪਿੰਡ ਕੋਟਲਾ ਜੰਗਾ, ਸਰਪੰਚ ਜਸਪਾਲ ਸਿੰਘ ਹੁੰਦਲ ਬਲਾਕ ਪ੍ਰਧਾਨ ਸੁਰਿੰਦਰ ਸਿੰਘ ਉੱਗੀ, ਹਰਨੇਕ ਸਿੰਘ ਅਤੇ ਹੋਰ ਪਾਰਟੀ ਵਰਕਰ ਮੌਕੇ 'ਤੇ ਹਾਜ਼ਰ ਸਨ।

# ਨਵ-ਜੰਮੇ ਦੀ ਦੇਖਭਾਲ ਸੰਬੰਧੀ ਔਰਤਾਂ ਨੂੰ ਕੀਤਾ ਜਾਗਰੂਕ





ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)

ਕਾਰਜਕਾਰੀ ਸਿਵਲ ਸਰਜਨ ਹੁਸ਼ਿਆਰਪੁਰ ਡਾ.ਸੀਮਾ ਗਰਗ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਬੱਚਿਆਂ ਦੇ ਮਾਹਿਰ ਡਾਕਟਰ ਕੁਲਵੰਤ ਰਾਏ ਦੀ ਯੋਗ ਅਗਵਾਈ ਹੇਠ ਸੀ ਐਚ ਸੀ ਹਾਰਟਾ ਬੱਡਲਾ ਵਿਖੇ ਨਵਜਾਤ ਸ਼ਿਸ਼ੂ ਹਫ਼ਤਾ ਮਨਾਇਆ ਗਿਆ। ਇਸ ਹਫ਼ਤੇ ਦਾ ਮੁੱਖ ਮਕਸਦ ਨਵਜਾਤ ਬੱਚਿਆਂ ਦੀ ਸਿਹਤ ਦੀ ਸੰਭਾਲ, ਜਨਮ ਤੋਂ ਬਾਅਦ ਦੀ ਸੁਰੱਖਿਅਤ ਦੇਖਭਾਲ ਅਤੇ ਮਾਵਾਂ ਵਿੱਚ ਜਾਗਰੂਕਤਾ ਫੈਲਾਉਣਾ ਸੀ।

ਇਸ ਮੌਕੇ ਡਾ.ਬੱਚਿਆਂ ਦੇ ਮਾਹਿਰ ਡਾਕਟਰ ਕੁਲਵੰਤ ਰਾਏ ਨੇ ਕਿਹਾ ਕਿ ਨਵਜਾਤ ਬੱਚੇ ਦੀ ਪਹਿਲੀ 28 ਦਿਨਾਂ ਦੀ ਉਮਰ ਸਭ ਤੋਂ ਸੰਵੇਦਨਸ਼ੀਲ ਹੁੰਦੀ ਹੈ, ਇਸ ਲਈ ਇਸ ਸਮੇਂ ਦੌਰਾਨ ਸਹੀ ਦੇਖਭਾਲ ਅਤੇ ਜ਼ਰੂਰੀ ਟੀਕਾਕਰਣ ਬਹੁਤ ਲਾਜ਼ਮੀ ਹੈ। ਉਨਾਂ ਨਵਜਾਤ ਬੱਚੇ ਦੀ ਦੇਖਭਾਲ ਸੰਬੰਧੀ ਕੁੱਝ ਵਿਸ਼ੇਸ਼ ਗੱਲਾਂ ਬਾਰੇ ਦੱਸਦਿਆਂ ਕਿਹਾ ਕਿ ਜਨਮ ਤੋਂ ਤੁਰੰਤ ਬੱਚੇ ਨੂੰ ਮਾਂ ਦਾ ਪਹਿਲਾ ਪੀਲਾ ਦੁੱਧ (ਕੋਲੋਸਟ੍ਰਮ) ਜ਼ਰੂਰ ਦਿਵਾਇਆ ਜਾਵੇ ਕਿਉਂਕਿ ਮਾਂ ਦੇ ਪਹਿਲੇ ਗਾੜ੍ਹੇ ਦੁੱਧ ਵਿੱਚ ਨਵ-ਜੰਮੇ ਬੱਚੇ ਲਈ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਸਾਰੇ ਜ਼ਰੂਰੀ ਤੱਤ ਮੌਜੂਦ ਹੁੰਦੇ ਹਨ ਜੋ ਬੱਚੇ ਨੂੰ ਕਈ ਬੀਮਾਰੀਆਂ ਤੋਂ ਬੱਚਾ ਕੇ ਰੱਖਦਾ ਹੈ। ਉਨਾਂ ਕਿਹਾ ਕਿ ਪਹਿਲੇ ਛੇ ਮਹੀਨਿਆਂ ਤੱਕ ਕੇਵਲ ਮਾਂ ਦਾ ਦੁੱਧ ਹੀ ਨਵ-ਜੰਮੇ ਬੱਚੇ ਲਈ ਪੂਰਾ ਭੋਜਨ ਹੈ। ਉਨਾਂ ਕਿਹਾ ਕਿ ਬੱਚੇ ਦੀ ਸਾਫ਼-ਸੁਥਰਾਈ, ਨਹਾਉਣ, ਤਾਪਮਾਨ ਅਤੇ ਸੰਕਰਮਣ ਤੋਂ ਬਚਾਅ 'ਤੇ ਖਾਸ ਧਿਆਨ ਦਿੱਤਾ ਜਾਵੇ ਅਤੇ ਬੱਚੇ ਦੀ ਸਿਹਤ ਸੁਰੱਖਿਆ ਸੰਬੰਧੀ ਸਮੇਂ-ਸਮੇਂ ਤੇ ਟੀਕਾਕਰਣ ਕਰਵਾਇਆ ਜਾਵੇ ਜੋ ਕਿ ਸਾਰੀਆਂ ਸਰਕਾਰੀ ਸਿਹਤ ਸੰਸਥਾਂਵਾਂ ਵਿੱਚ ਮੁਫਤ ਕੀਤਾ ਜਾਂਦਾ ਹੈ। ਕਿਸੇ ਵੀ ਤਰ੍ਹਾਂ ਦੀ ਬਿਮਾਰੀ ਦੇ ਚਿੰਨ੍ਹ ਦਿਸਣ 'ਤੇ ਤੁਰੰਤ ਡਾਕਟਰੀ ਸਲਾਹ ਲਈ ਜਾਵੇ।ਉਨ੍ਹਾਂ ਕਿਹਾ ਕਿ ਇਸ ਬਦਲ ਰਹੇ ਮੌਸਮ ਭਾਵ ਸਰਦੀਆਂ ਵਿੱਚ ਨਵ-ਜੰਮੇ ਬੱਚਿਆਂ ਨੂੰ ਨਮੂਨੀਆ ਵਰਗੀ ਖਤਰਨਾਕ ਬੀਮਾਰੀ ਤੋਂ ਬਚਾਉਣ ਲਈ ਵਿਸ਼ੇਸ਼ ਧਿਆਨ ਦੀ ਲੋੜ ਹੈ ਅਤੇ ਇਸ ਪ੍ਰਤੀ ਜਾਗਰੂਕ ਹੋਣਾ ਲਾਜ਼ਮੀ ਹੈ। ਉਨਾਂ ਦੱਸਿਆ ਕਿ ਇਸ ਹਫ਼ਤੇ ਤਹਿਤ ਆਂਗਨਵਾੜੀ ਕੇਂਦਰਾਂ, ਸਬ-ਸੈਂਟਰਾਂ, ਪ੍ਰਾਇਮਰੀ ਹੈਲਥ ਸੈਂਟਰਾਂ ਅਤੇ ਕਮਿਊਨਿਟੀ ਹੈਲਥ ਸੈਂਟਰਾਂ 'ਤੇ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਗਈਆਂ। ਮਾਵਾਂ ਅਤੇ ਗਰਭਵਤੀ ਔਰਤਾਂ ਲਈ ਜਾਗਰੂਕਤਾ ਲੈਕਚਰ, ਸਵਾਲ-ਜਵਾਬ ਸੈਸ਼ਨ ਅਤੇ ਬੱਚਿਆਂ ਦੀ ਸਿਹਤ ਜਾਂਚ ਕੀਤੀ ਗਈ। ਅੰਤ ਵਿੱਚ ਡਾ.ਕੁਲਵੰਤ ਰਾਏ ਨੇ ਅਪੀਲ ਕੀਤੀ ਕਿ ਸਾਰੇ ਮਾਤਾ-ਪਿਤਾ ਬੱਚਿਆਂ ਦੀ ਸਿਹਤ ਨੂੰ ਪ੍ਰਾਥਮਿਕਤਾ ਦੇਣ ਅਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਲਾਭ ਲੈਣ।

# ਜੱਫਲ ਝਿੰਗੜ ਦੀ ਪੰਚਾਇਤ ਕਾਂਗਰਸ ਛੱਡ ਕੇ 'ਆਪ' ਚ ਸ਼ਾਮਲ



ਆਦਮਪੁਰ, (ਪਰਮਜੀਤ ਸਿੰਘ)

ਪਿੰਡ ਜੱਫਲ ਝਿੰਗੜ ਦੀ ਸਮੂਹ ਪੰਚਾਇਤ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦੀ ਅਗਵਾਈ 'ਚ ਕਾਂਗਰਸ ਛੱਡ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਈ।ਸਰਪੰਚ ਸੁਖਦੀਪ ਕੌਰ, ਰਸ਼ਪਾਲ ਸਿੰਘ, ਪੰਚ ਮੋਹਣ ਲਾਲ, ਮਦਨ ਲਾਲ, ਪੰ. ਕਮਲਜੀਤ ਸਿੰਘ, ਪੰ. ਅਵਤਾਰ ਸਿੰਘ, ਪੰ. ਜਸਵੀਰ ਸਿੰਘ ਪਿੰਡ ਦੇ ਕਈ ਪਰਵਾਰਾਂ ਦੇ ਕੋਨੇ-ਕੋਨੇ ਨੂੰ ਹਲਕਾ ਇੰਚਾਰਜ ਪਵਨ ਟੀਨੂੰ ਵੱਲੋਂ ਪਾਰਟੀ 'ਚ ਸ਼ਾਮਲ ਕਰ ਕੇ ਸਵਾਗਤ ਕਰਾਇਆ ਗਿਆ। ਉਨ੍ਹਾਂ ਕਿਹਾ ਕਿ ਪਿੰਡ ਜੱਫਲ ਝਿੰਗੜ ਦੀ ਸਮੂਹ ਪੰਚਾਇਤ ਨੂੰ ਪਾਰਟੀ 'ਚ ਬਦਲਦਾ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਸੁਖਵੀਰ ਸਿੰਘ ਸਿੱਧੂ ਅਲਾਵਲਪੁਰ, ਹਲਕਾ ਕੋਆਰਡੀਨੇਟਰ ਐੱਸ ਸੀ ਵਿੰਗ ਅਮਰੀਕ ਲਾਲ ਬਲਾਕ ਪ੍ਰਧਾਨ,ਤਰਲੋਚਨ ਸਿੰਘ ਸਰਪੰਚ ਦੋਲੀਕੇ, ਮਲਕੀਤ ਸਿੰਘ, ਜਸਕਰਨ ਸਿੰਘ, ਹਰਕੀਤ ਸਿੰਘ ਨਿੱਝਰ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ, ਅਮਨਦੀਪ ਸਿੰਘ ਮਾਹੀ, ਹਲਕਾ ਕੁਆਰਡੀਨੇਟਰ ਸੋਸ਼ਲ ਮੀਡਿਆ ਵਿੰਗ, ਪਾਰਟੀ ਵਰਕਰ ਤੇ ਹੋਰ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ : ਡੀ ਐੱਸ ਪੀ ਬਲਾਚੌਰ ਜਸਪ੍ਰੀਤ ਸਿੰਘ ਵੱਲੋਂ ਨਾਕਾ ਲਾ ਕੇ ਗੱਡੀਆਂ ਦੀ ਤਲਾਸ਼ੀ

ਬਲਾਚੌਰ( ਜਸਵਿੰਦਰ ਬੈਂਸ)

ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋ ਨਸ਼ਿਆ ਦੇ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ 'ਯੁੱਧ ਨਸ਼ਿਆ ਵਿਰੁੱਧ' ਤਹਿਤ ਮਾਨਯੋਗ ਤੁਸ਼ਾਰ ਗੁਪਤਾ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਡੀ ਐੱਸ ਪੀ ਬਲਾਚੌਰ, ਜਸਪ੍ਰੀਤ ਸਿੰਘ ਇਹਨਾਂ ਦੇ ਨਾਲ ਐੱਸ ਐੱਚ ਓ ਸਿਟੀ ਬਲਾਚੌਰ ਰਾਜ ਪਰਵਿੰਦਰ ਕੌਰ ਵੱਲੋਂ ਕੰਗਣਾ ਪੁਲ ਦੇ ਕੋਲ ਵਿਸ਼ੇਸ਼ ਨਾਕਾਬੰਦੀ ਕਰਕੇ ਗੱਡੀਆਂ ਦੀ ਚੈਕਿੰਗ ਕੀਤੀ ਗਈ। ਇਸ ਕਾਰਵਾਈ ਦਾ ਮੁੱਖ ਮਕਸਦ ਇਲਾਕੇ ਵਿੱਚੋਂ ਨਸ਼ਾ ਤਸਕਰੀ ਨੂੰ ਰੋਕਣਾ ਅਤੇ ਕਾਨੂੰਨ ਵਿਵਸਥਾ ਨੂੰ ਬਰਕਰਾਰ ਰੱਖਣਾ ਡੀ ਐੱਸ ਪੀ ਜਸਪ੍ਰੀਤ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਬਲਾਚੌਰ ਦੇ ਮੁੱਖ ਰਸਤਿਆਂ 'ਤੇ ਸਪੈਸ਼ਲ ਨਾਕਾ ਲਗਾ ਕੇ ਨਾਕੇ ਦੌਰਾਨ ਹਰ ਆਉਣ-ਜਾਣ ਵਾਲੀ ਗੱਡੀ ਨੂੰ ਰੋਕ ਕੇ ਉਸ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ। ਪੁਲਸ ਟੀਮ ਨੇ ਸ਼ੱਕੀ ਵਾਹਨਾਂ ਅਤੇ ਵਿਅਕਤੀਆਂ ਦੀ ਨਸ਼ਾ ਵਿਰੋਧੀ ਤਲਾਸ਼ੀ ਵੀ ਲਈ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਨਸ਼ੀਲੀ ਸਮੱਗਰੀ ਦੀ ਤਸਕਰੀ ਨੂੰ ਰੋਕਿਆ ਜਾ ਸਕੇ। ਡੀ ਐੱਸ ਪੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਚੈਕਿੰਗ ਨਾ ਸਿਰਫ ਨਸ਼ਿਆਂ ਨੂੰ ਰੋਕਣ ਲਈ ਹੈ, ਬਲਕਿ ਆਮ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵੀ ਜ਼ਰੂਰੀ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰਾਂ ਜਾਂ ਕਿਸੇ ਵੀ ਗ਼ੈਰ-ਕਾਨੂੰਨੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ। ?ਇਸ ਵਿਸ਼ੇਸ਼ ਮੁਹਿੰਮ ਨਾਲ ਇਲਾਕੇ ਵਿੱਚ ਨਸ਼ਾ ਤਸਕਰਾਂ ਨੂੰ ਸਖ਼ਤ ਸੁਨੇਹਾ ਜਾਵੇਗਾ ਪੁਲਿਸ ਕਿਸੇ ਵੀ ਕੀਮਤ 'ਤੇ ਗ਼ੈਰ-ਕਾਨੂੰਨੀ ਕੰਮਾਂ ਨੂੰ ਬਰਦਾਸ਼ਤ ਨਹੀਂ ਕਰੇਗੀ ਅਤੇ ਇਹੋ ਜਿਹੀਆਂ ਚੈਕਿੰਗਾਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆ। ?ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਪੁਲਿਸ ਦਾ ਸਹਿਯੋਗ ਕਰਨ ਅਤੇ ਨਸ਼ੇ ਨਾਲ ਸਬੰਧਤ ਕਿਸੇ ਵੀ ਜਾਣਕਾਰੀ ਨੂੰ ਤੁਰੰਤ ਪੁਲਿਸ ਨਾਲ ਸਾਂਝਾ ਕਰਨ ਤਾਂ ਜੋ ਸਮਾਜ ਨੂੰ ਨਸ਼ਾ ਮੁਕਤ ਕੀਤਾ ਜਾ ਸਕੇ। ਇਹ ਵਿਸ਼ੇਸ਼ ਨਾਕੇ ਅਤੇ ਚੈਕਿੰਗ ਅਗਲੇ ਦਿਨਾਂ ਵਿੱਚ ਵੀ ਜਾਰੀ ਰਹਿਣਗੇ।



# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਅੱਜ

ਮੋਹਾਲੀ, (ਗੁਰਜੀਤ ਬਿੱਲਾ)-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਅਤੇ ਮਾਡਲ ਕਰੀਅਰ ਸੈਂਟਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਮਿਤੀ 27 ਨਵੰਬਰ, ਦਿਨ ਵੀਰਵਾਰ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਤੀਸਰੀ ਮੰਜ਼ਿਲ, ਕਮਰਾ ਨੰ: 461, ਸੈਕਟਰ-76, ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ। ਜਿਸ ਦਾ ਸਮਾਂ ਸਵੇਰੇ 10:00 ਵਜੇ ਤੋਂ ਸ਼ਾਮ 1 ਵਜੇ ਤੱਕ ਹੋਵੇਗਾ।

ਡੀ.ਬੀ.ਈ.ਈ. ਐਸ.ਏ.ਐਸ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਤਹਿਤ ਮਿਤੀ 27-11-2025 (ਵੀਰਵਾਰ) ਨੂੰ ਪਲੇਸਮੈਂਟ ਕੈਂਪ ਆਯੋਜਨ ਕੀਤਾ ਜਾਣਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕੈਂਪ ਵਿੱਚ ਟੇਰਾਸਿਸ ਟੈਕਨੋਲੋਜੀਜ਼ ਲਿਮਿਟਡ (ਪੰਜਾਬ ਸੇਵਾ ਕੇਂਦਰ), ਪੇਅਟੀਐਮ, ਆਦਿਤਿਆ ਬਿਰਲਾ ਕੈਪਿਟਲ ਅਤੇ ਯੈਲੋਸਟੋਨ ਐਕਸ.ਪੀ.ਐਸ ਵੱਲੋਂ ਡੇਟਾ ਕੰਪਿਊਟਰ ਓਪਰੇਟਰ (ਸਿਰਫ ਮੇਲ), ਫੀਲਡ ਸੇਲਜ਼ ਐਗਜ਼ਿਕਿਊਟਿਵਜ਼ (ਪੇਟੀਅਮ ਸਾਊਂਡਬਾਕਸ, ਕਿਊ ਆਰ ਸਕੈਨਰ, ਈ ਡੀ ਸੀ), ਸੇਲਜ਼ ਐਗਜ਼ਿਕਿਊਟਿਵ (ਸਿਰਫ ਪੁਲਿੰਗ) ਅਤੇ ਟੈਲੀ ਕਾਲਰਜ਼ ਦੀਆਂ ਆਸਾਮੀਆਂ ਲਈ ਭਰਤੀ ਕੀਤੀ ਜਾਵੇਗੀ। ਇਸ ਦੇ ਨਾਲ ਹੀ ਟੇਰਾਸਿਸ ਟੈਕਨੋਲੋਜੀਜ਼ ਲਿਮਿਟੇਡ (ਪੰਜਾਬ ਸੇਵਾ ਕੇਂਦਰ) ਦੀਆਂ ਆਸਾਮੀਆਂ ਲਈ ਕੰਪਿਊਟਰ ਕੋਰਸ ਟਾਈਪਿੰਗ ਸਪੀਡ ਘੱਟੋ ਘੱਟ 30 ਸ਼ਬਦ ਪ੍ਰਤੀ ਮਿੰਟ ਅੰਗਰੇਜ਼ੀ ਲੋੜੀਂਦੀ ਹੈ। ਭਰਤੀ ਕੀਤੇ ਗਏ ਪ੍ਰਾਰਥੀਆਂ ਦੀ ਤਨਖਾਹ ਕੰਪਨੀ ਅਨੁਸਾਰ (11000/- ਤੋਂ 26000/-) ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਜਿਲ੍ਹਾ ਐੱਸ ਏ ਐੱਸ ਨਗਰ ਹੋਵੇਗਾ।ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਲੜਕੇ ਅਤੇ ਲੜਕੀਆਂ ਭਾਗ ਲੈ ਸਕਦੇ ਹਨ। ਪ੍ਰਾਰਥੀਆਂ ਦੀ ਉਮਰ 18 ਤੋਂ 45 ਸਾਲ ਤੱਕ ਹੋਵੇਗੀ ਅਤੇ ਘੱਟੋ ਘੱਟ ਯੋਗਤਾ 10ਵੀਂ, 12ਵੀਂ ਅਤੇ ਗਰੈਜੂਏਸ਼ਨ ਪਾਸ ਲੋੜੀਂਦੀ ਹੈ।

# 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਖ਼ੂਨਦਾਨ ਕੈਂਪ ਲਗਾਇਆ

ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)

ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹਾਦਤ ਪੁਰਬ ਨੂੰ ਸਮਰਪਿਤ ਸਵੈ-ਇੱਛੁਕ ਖ਼ੂਨਦਾਨ ਕੈਂਪ ਦਾ ਉਦਘਾਟਨ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਵਲੋਂ ਖੁਦ ਖ਼ੂਨਦਾਨ ਕਰਕੇ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਬੀ ਡੀ ਸੀ ਬਲੱਡ ਸੈਂਟਰ ਤੋਂ ਦਿਨ-ਰਾਤ ਹੋ ਰਹੀ ਸੇਵਾ ਦੀ ਜਾਣਕਾਰੀ ਹਾਸਲ ਕੀਤੀ ਅਤੇ ਲੋੜਵੰਦਾਂ ਨੂੰ ਸਹੂਲਤਾਂ ਦੇਣ ਦੀਆਂ ਸੰਭਾਵਨਾਵਾਂ ਬਾਰੇ ਤਜ਼ਵੀਜਾਂ ਵੀ ਸੁਣੀਆਂ। ਉਨ੍ਹਾਂ ਕਿਹਾ ਕਿ ਬੀ ਡੀ ਸੀ ਵੱਲੋਂ ਸ਼ਤਾਬਦੀ ਪੁਰਬ 'ਤੇ ਖ਼ੂਨਦਾਨ ਕੈਂਪ ਲਾ ਕੇ ਨੇਕ ਕਾਰਜ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਨੂੰ ਖ਼ੂਨਦਾਨ ਬਾਰੇ ਆਪਣੇ ਮਨਾਂ ਵਿੱਚ ਡਰ ਅਤੇ ਵਹਿਮ ਨਹੀਂ ਰੱਖਣੇ ਚਾਹੀਦੇ ਕਿਉਂਕਿ ਇਹ ਪੁੰਨ ਵਾਲਾ ਕਾਰਜ ਕਰਨ ਨਾਲ਼ ਕੋਈ ਕਮਜ਼ੋਰੀ ਨਹੀਂ ਆਉਂਦੀ ਸਗੋਂ ਖ਼ੂਨਦਾਨੀ ਦੇ ਬਹੁਤ ਸਾਰੇ ਜ਼ਰੂਰੀ ਟੈਸਟ ਵੀ ਹੋ ਜਾਂਦੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮਹਾਨ ਗੁਰੂਆਂ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਮਨੁੱਖਤਾ ਦੀ ਭਲਾਈ ਦੇ ਕਾਰਜ ਕਰਨੇ ਸਮੇਂ ਦੀ ਮੁੱਖ ਮੰਗ ਹੈ ਜਿਸ ਨਾਲ ਸਮਾਜ ਅਤੇ ਲੋਕਾਂ ਦੀ ਹੋਰ ਬੇਹਤਰੀ ਯਕੀਨੀ ਬਣਾਈ ਜਾ ਸਕਦੀ ਹੈ। ਇਸ ਤੋਂ ਪਹਿਲਾਂ ਮਾ: ਨਰਿੰਦਰ ਸਿੰਘ ਭਾਰਟਾ ਵਲੋਂ ਅਰਦਾਸ ਕਰਨ ਉਪਰੰਤ ਸ਼ਤਾਬਦੀ ਪੁਰਬ ਨੂੰ ਸਮਰਪਿਤ ਸਵੈ-ਇੱਛੁਕ ਖ਼ੂਨਦਾਨ ਕੈਂਪ ਆਰੰਭ ਕੀਤਾ ਗਿਆ। ਕੈਂਪ ਵਿੱਚ 58 ਖ਼ੂਨਦਾਨੀਆਂ ਨੇ ਸਵੈ ਇੱਛੁੱਕ ਤੌਰ 'ਤੇ ਖ਼ੂਨਦਾਨ ਕੀਤਾ। ਇਸ ਮੌਕੇ ਪ੍ਰਧਾਨ ਐਸ.ਕੇ.ਸਰੀਨ, ਮੀਤ ਪ੍ਰਧਾਨ ਜੀ.ਐਸ.ਤੂਰ, ਸਕੱਤਰ ਜੇ.ਐਸ.ਗਿੱਦਾ, ਵਿੱਤ ਸਕੱਤਰ ਪ੍ਰਵੇਸ਼ ਕੁਮਾਰ, ਬੀ.ਟੀ.ਓ. ਡਾ.ਅਜੇ ਬੱਗਾ, ਸੁਰਿੰਦਰ ਕੌਰ ਤੂਰ, ਮਾ.ਨਰਿੰਦਰ ਸਿੰਘ ਭਾਰਟਾ, ਭੁਪਿੰਦਰ ਸਿੰਘ ਟਰਾਂਸਪੋਰਟਰ, ਰੇਖਾ ਜੈਨ, ਡਾ.ਸੁੱਖਵਿੰਦਰ ਨਾਗਰਾ, ਯੁਵਰਾਜ ਕਾਲ੍ਹੀਆ, ਮੈਨੇਜਰ ਮਨਮੀਤ ਸਿੰਘ , ਗੁਰਚਰਨ ਸਿੰਘ ਹੈਪੀ,ਨਾਨਕ ਸਿੰਘ, ਖ਼ੂਨਦਾਨੀ ਅਤੇ ਬੀ ਡੀ ਸੀ ਸਟਾਫ ਹਾਜਰ ਰਿਹਾ। ਇਸ ਦੌਰਾਨ ਵਲੋਂ ਡਿਪਟੀ ਕਮਿਸ਼ਨਰ ਨੂੰ ਯਾਦਗਾਰੀ ਚਿੰਨ੍ਹ ਵੀ ਭੇਟ ਕੀਤਾ ਗਿਆ।



# ਵੱਡੀ ਗਿਣਤੀ 'ਚ ਸੰਗਤਾਂ ਗੜ੍ਹਸ਼ੰਕਰ ਤੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂਧਾਮਾਂ ਦੇ ਦਰਸ਼ਨਾਂ ਲਈ ਗਈਆਂ : ਜੈ ਕ੍ਰਿਸ਼ਨ ਸਿੰਘ ਰੌੜੀ



ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)

ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਲਾਸਾਨੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋ ਰਹੇ ਸ਼ਹੀਦੀ ਸਮਾਗਮਾਂ ਵਿੱਚ ਸ਼ਮੂਲੀਅਤ ਲਈ ਹਲਕਾ ਗੜ੍ਹਸ਼ੰਕਰ ਤੋਂ 20 ਬੱਸਾਂ ਸੰਗਤਾਂ ਸਮੇਤ ਸ੍ਰੀ ਆਨੰਦਪੁਰ ਸਾਹਿਬ ਲਈ ਗਈਆਂ। ਇਸ ਮੌਕੇ ਡਿਪਟੀ ਸਪੀਕਰ ਅਤੇ ਹਲਕਾ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪ੍ਰਮਾਤਮਾ ਅੱਗੇ ਅਰਦਾਸ ਕਰਕੇ ਸੰਗਤਾਂ ਦੇ ਜਥਿਆਂ ਨੂੰ ਦਰਸ਼ਨਾਂ ਲਈ ਰਵਾਨਾ ਕੀਤਾ। ਡਿਪਟੀ ਸਪੀਕਰ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਵੱਡੇ ਪੱਧਰ 'ਤੇ ਸਮਾਗਮ ਕਰਵਾਏ ਗਏ ਹਨ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਹੋਈਆਂ। ਇਸ ਮੌਕੇ ਵੱਖ-ਵੱਖ ਪਿੰਡਾਂ ਤੋਂ ਇਕੱਠੀਆਂ ਹੋਈਆਂ ਸੰਗਤਾਂ ਅਤੇ ਪੰਚਾਇਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# 19 ਘੰਟੇ ਪਹਿਲਾਂ ਟੁੱਟੇ ਦੰਦ ਡਾਕਟਰ ਨੇ ਦੁਬਾਰਾ ਜੋੜ ਕੇ ਦਿਖਾਇਆ ਕਰਿਸ਼ਮਾ



ਮਾਹਿਲਪੁਰ (ਸ਼ਫ਼ਰੀ)

ਸਰਕਾਰੀ ਹਸਪਤਾਲਾਂ ਤੋਂ ਲੋਕਾਂ ਨੇ ਮਹਿੰਗੇ ਤੋਂ ਮਹਿੰਗੇ ਪ੍ਰਾਈਵੇਟ ਹਸਪਤਾਲਾਂ ਵੱਲ ਮੁੱਖ ਮੋੜ ਲਿਆ ਹੈ। ਸਿਵਲ ਹਸਪਤਾਲ ਮਾਹਿਲਪੁਰ ਵਿੱਚ ਦੰਦਾਂ ਦੇ ਮੈਡੀਕਲ ਅਫ਼ਸਰ (ਡੈਂਟਲ)ਡਾਕਟਰ ਰਜਤ ਆਦੀਆ ਨੇ ਲੋਕਾਂ ਦੀ ਇਸ ਗਲਤ ਸੋਚ ਨੂੰ ਕ੍ਰਿਸ਼ਮੇ ਵਿਚ ਬਦਲ ਦਿੱਤਾ ਜਦੋਂ ਇਕ ਬੱਚੇ ਦੇ ਉਪਰਾਲੇ ਮੋਹਰਲੇ ਦੋਵੇਂ ਦੰਦ ਨਿਕਲ ਜਾਣ ਤੋਂ 19 ਘੰਟੇ ਬਾਅਦ ਦੁਬਾਰਾ ਜੋੜ ਦਿੱਤੇ। ਤੀਸਰੀ ਜਮਾਤ ਵਿਚ ਪੜ੍ਹਦੇ ਮੇਹਰਵਾਨ ਸਿੰਘ ਦੀ ਮਾਤਾ ਹਰਜਿੰਦਰ ਕੌਰ ਨੇ ਦੱਸਿਆ ਕਿ ਮੈਂ ਸ਼ਾਮ ਨੂੰ ਆਪਣੀ ਐਕਟਿਵਾ ਤੇ ਬੇਟੇ ਨੂੰ ਰਾਮਪੁਰ ਸੈਣੀਆਂ ਤੋਂ ਮਾਹਿਲਪੁਰ ਪੁਰ ਟਿਊਸ਼ਨ ਤੇ ਛੱਡਣ ਜਾ ਰਹੀ ਸੀ।ਅਚਾਨਕ ਮੇਰਾ ਬੇਟਾ ਜੋ ਅਕਾਲ ਅਕੈਡਮੀ ਖੇੜਾ ਵਿਖੇ ਤੀਸਰੀ ਜਮਾਤ ਵਿਚ ਪੜ੍ਹਦਾ ਹੈ, ਮੇਰੀ ਐਕਟਿਵਾ ਤੋਂ ਡਿੱਗ ਪਿਆ ਤੇ ਉਸਦੇ ਉਪਰਲੇ ਮੋਹਰਲੇ ਦੋਵੇਂ ਦੰਦ ਨਿਕਲ ਗਏ । ਅਸੀਂ ਘਰ ਵਾਪਸ ਆ ਗਏ।ਦੂਸਰੇ ਦਿਨ ਅਸੀਂ ਦੋਵੇਂ ਦੰਦ ਘਰ ਰੱਖ ਕੇ ਸਿਵਲ ਹਸਪਤਾਲ ਮਾਹਿਲਪੁਰ ਦੰਦਾਂ ਦੇ ਡਾਕਟਰ ਕੋਲ ਚਲੇ ਗਏ। ਦੰਦਾਂ ਦੇ ਡਾਕਟਰ ਆਦੀਆ ਨੇ ਸਾਨੂੰ ਨਿਕਲੇ ਹੋਏ ਦੰਦ ਘਰੋਂ ਲਿਆਉਣ ਵਾਸਤੇ ਕਿਹਾ ਜਦਕਿ ਦੋਵੇਂ ਦੰਦ ਨਿਕਲਿਆਂ ਨੂੰ 19 ਘੰਟੇ ਹੋ ਗਏ ਸਨ ਪਰ ਫੇਰ ਵੀ ਡਾਕਟਰ ਨੇ ਦੋਵੇਂ ਦੰਦ ਦੋਬਾਰਾ ਜੋੜ ਦਿਤੇ।ਜਦੋਂ ਇਸ ਵਾਰੇ ਡਾਕਟਰ ਰਜਤ ਆਦੀਆ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਇਹ ਦੰਦ ਦੁਬਾਰਾ ਜੋੜਨ ਦਾ ਕੋਈ ਖ਼ਰਚਾ ਨਹੀਂ ਹੋਇਆ, ਮਾਹਿਲਪੁਰ ਹਸਪਤਾਲ ਵਿਚ ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਂਦੀਆਂ ਹਨ। ਉਹਨਾਂ ਕਿਹਾ ਕਿ ਬੱਚਿਆਂ ਦੇ ਮੂੰਹ ਦੀਆਂ ਸੱਟਾਂ ਦੀ ਮੈਨੇਜਮੈਂਟ, ਮੂੰਹ ਦੇ ਕੈਂਸਰ ਦੀ ਸਕਰੀਨਿੰਗ, ਮੂੰਹ ਦੀ ਮਾਈਨਰ ਸਰਜਰੀਜ਼ , ਦੰਦਾਂ ਦੀ ਭਰਾਈ ਅਤੇ ਦੰਦਾਂ ਦੀ ਸਫਾਈ ਆਦਿ ਬਿਲਕੁਲ ਮੁਫ਼ਤ ਕੀਤੀ ਜਾਂਦੀ ਹੈ। ਇਲਾਕੇ ਵਿਚ 19 ਘੰਟੇ ਬਾਅਦ ਦੁਬਾਰਾ ਦੰਦ ਜੋੜਨ ਤੇ ਡਾਕਟਰ ਆਦੀਆ ਦੀ ਸ਼ਲਾਘਾ ਅਤੇ ਕਾਫੀ ਚਰਚਾ ਹੋ ਰਹੀ ਹੈ।

# ਰਾਸ਼ਟਰ ਨੂੰ ਮਜ਼ਬੂਤ ਤੇ ਸਸ਼ਕਤ ਕਰਨਾ ਹੀ ਸੰਵਿਧਾਨ ਦੀ ਮੂਲ ਭਾਵਨਾ : ਸੈਣੀ

ਚੰਡੀਗੜ੍ਹ, (ਕ੍ਰਿਸ਼ਨ ਗਰਗ)-ਸੰਵਿਧਾਨ ਦਿਵਸ ਦੇ ਮੌਕੇ 'ਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਬੁੱਧਵਾਰ ਨੂੰ ਹਰਿਆਣਾ ਵਿਧਾਨਸਭਾ ਪਹੁੰਚੇ ਅਤੇ ਉਥੇ ਆਯੋਜਿਤ ਪ੍ਰੋਗਰਾਮ ਵਿੱਚ ਸ਼ਾਮਲ ਹੋ ਕੇ ਸੂਬੇ ਵਾਸਿਆਂ ਨੂੰ ਸੰਵਿਧਾਨ ਦਿਵਸ ਦੀ ਦਿਲੋਂ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਅਸੀ ਸਾਰਿਆਂ ਲਈ ਮਾਣ ਦਾ ਦਿਨ ਹੈ ਕਿਉਂਕਿ ਭਾਰਤੀ ਸੰਵਿਧਾਨ ਨੇ ਦੇਸ਼ ਦੇ ਹਰੇਕ ਨਾਗਰਿਕ ਨੂੰ ਬਰਾਬਰ ਮੌਕੇ, ਨਿਆਂ ਅਤੇ ਗਰਿਮਾ ਨਾਲ ਅੱਗੇ ਵਧਣ ਦਾ ਅਧਿਕਾਰ ਪ੍ਰਦਾਨ ਕੀਤਾ ਹੈ।ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਰਾਸ਼ਟਰ ਨੂੰ ਮਜਬੂਤ, ਸਸ਼ਕਤ ਅਤੇ ਇੱਕਜੁਟ ਕਰਨਾ ਹੀ ਸੰਵਿਧਾਨ ਦੀ ਮੂਲ ਭਾਵਨਾ ਹੈ।ਇਸੇ ਸੰਕਲਪ ਨਾਲ ਹਰਿਆਣਾ ਸਰਕਾਰ ਸਮਾਜ ਦੇ ਹਰੇਕ ਵਰਗ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ।ਪ੍ਰੋਗਰਾਮ ਦੌਰਾਨ ਵਿਧਾਨਸਭਾ ਸਪੀਕਰ ਹਰਵਿੰਦਰ ਕਲਿਆਣ, ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਣ ਲਾਲ ਪੰਵਾਰ, ਸਿੱਖਿਆ ਮੰਤਰੀ ਮਹਿਪਾਲ ਢਾਂਡਾ, ਮਾਲਿਆ ਮੰਤਰੀ ਵਿਪੁਲ ਗੋਇਲ, ਖੁਰਾਕ ਅਪਲਾਈ ਰਾਜ ਮੰਤਰੀ ਰਾਜੇਸ਼ ਨਾਗਰ ਸਮੇਤ ਕਈ ਵਿਧਾਇਕ, ਅਧਿਕਾਰੀ ਅਤੇ ਕਰਮਚਾਰੀ ਮੌਜੂਦ ਰਹੇ।

# ਕਿਸਾਨ ਆਗੂ ਐਡਵੋਕੇਟ ਰਜਿੰਦਰ ਸਿੰਘ ਦੀ ਭੈਣ ਦਾ ਅੰਤਮ ਸੰਸਕਾਰ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)



ਕਿਸਾਨ ਆਗੂ ਅਤੇ ਐਡਵੋਕੇਟ ਰਜਿੰਦਰ ਸਿੰਘ ਰਾਣਾ ਦੇ ਵੱਡੇ ਭੈਣ ਕੁਲਵੰਤ ਕੌਰ ਜੋ ਬੀਤੇ ਦਿਨੀਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ , ਜਿਹਨਾਂ ਦਾ ਅੰਤਿਮ ਸੰਸਕਾਰ ਕਪੂਰਥਲਾ ਵਿਖੇ ਕੀਤਾ ਗਿਆ। ਮਾਤਾ ਕੁਲਵੰਤ ਕੌਰ ਨੂੰ ਹਰਪ੍ਰੀਤ ਸਿੰਘ ਉਹਨਾਂ ਦੇ ਬੇਟੇ ਨੇ ਅੱਗਨ ਭੇਟ ਕੀਤੀ ।ਉਨ੍ਹਾਂ ਦੇ ਅੰਤਿਮ ਸੰਸਕਾਰ ਮੌਕੇ ਵੱਖ-ਵੱਖ ਸਮਾਜ ਸੇਵੀ ਜਥੇਬੰਦੀਆਂ,ਸਾਹਿਤ ਸਭਾਵਾਂ ਅਤੇ ਰਾਜਨੀਤਕ ਆਗੂਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਰਜਿੰਦਰ ਸਿੰਘ ਰਾਣਾ ਤੇ ਪਰਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਗਿਆ। ਉਹਨਾਂ ਦੀ ਅੰਤਿਮ ਯਾਤਰਾ ਮੌਕੇ ਸਯੁੰਕਤ ਕਿਸਾਨ ਮੋਰਚੇ ਦੇ ਆਗੂ ਰਛਪਾਲ ਸਿੰਘ, ਨਰਿੰਦਰ ਸਿੰਘ ਸੋਨੀਆ ਸਰਪ੍ਰਸਤ ਸਾਹਿਤ ਸਭਾ,ਸਾਹਿਤ ਸਭਾ ਦੇ ਪ੍ਰਧਾਨ ਡਾਕਟਰ ਸਵਰਨ ਸਿੰਘ, ਮਾਸਟਰ ਸੁੱਚਾ ਸਿੰਘ ਮਿਰਜ਼ਾਪੁਰ, ਮੁਕੰਦ ਸਿੰਘ ਭੁਲਾਣਾ, ਪਰਸਨ ਲਾਲ ਭੋਲਾ, ਬਲਵਿੰਦਰ ਸਿੰਘ ਧਾਲੀਵਾਲ, ਡਾਕਟਰ ਮੇਹਰ ਚੰਦ ਸਿੱਧੂ, ਕਾਮਰੇਡ ਜਸਵੀਰ ਸਿੰਘ ਭੁੱਲਥ, ਲਖਵਿੰਦਰ ਸਿੰਘ ਪੰਮਾ, ਸੀਤਲ ਸਿੰਘ ਐਡਵੋਕੇਟ, ਨਿਰਮਲ ਸਿੰਘ, ਡਾਕਟਰ ਸਵਰਨ ਸਿੰਘ, ਸਰਵਨ ਸਿੰਘ ਮੈਨੇਜਰ, ਪ੍ਰੋ ਲਖਬੀਰ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ, ਰਿਸ਼ਤੇਦਾਰ ਹਾਜ਼ਰ ਸਨ।

# ਅਮਨਪ੍ਰੀਤ ਮਲਟੀਸਪੈਸ਼ਲਿਟੀ ਹਸਪਤਾਲ ਨੇ ਫਟੀ ਅੰਤੜੀ ਵਾਲੇ ਮਰੀਜ਼ ਦੀ ਜਾਨ ਬਚਾਈ



ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)

ਨਾਭ ਤੋਂ ਮਾਨਤਾ ਪ੍ਰਾਪਤ ਕਪੂਰਥਲਾ ਜ਼ਿਲ੍ਹੇ ਦਾ ਇੱਕੋ ਇੱਕ ਉੱਚ ਪੱਧਰੀ ਸਿਹਤ ਸਹੂਲਤਾਂ ਨਾਲ ਲੈਸ ਸੁਲਤਾਨਪੁਰ ਲੋਧੀ ਸਥਿਤ ਅਮਨਪ੍ਰੀਤ ਮਲਟੀਸਪੈਸ਼ਲਿਟੀ ਹਸਪਤਾਲ ਵੱਲੋਂ ਐਮਰਜੈਂਸੀ ਹਾਲਤਾਂ ਵਿੱਚ ਆਏ ਮਰੀਜ਼ ਨੂੰ ਤਰੁੰਤ ਇਲਾਜ ਪ੍ਰਦਾਨ ਕਰਦਿਆਂ ਉਸ ਨੂੰ ਨਵਾਂ ਜੀਵਨ ਦਿੱਤਾ ਹੈ। ਇਸ ਇਸ ਸਬੰਧੀ ਜਾਣਕਾਰੀ ਦਿੰਦਿਆਂ ਅਮਨਪ੍ਰੀਤ ਮਲਟੀ ਸਪੈਸ਼ਲਿਟੀ ਹਸਪਤਾਲ ਦੇ ਗੋਲਡ ਮੈਡਲਿਸਟ ਡਾਕਟਰ ਅਮਨਪ੍ਰੀਤ ਸਿੰਘ ਨੇ ਦੱਸਿਆ ਕਿ ਸਾਈਂ ਦਾਸ ਪੁੱਤਰ ਜਲਾਲੂਦੀਨ ਪਿੰਡ ਗੋਇੰਦਵਾਲ ਸਾਹਿਬ ਜਿਸ ਦੀ ਕਿ ਪੇਟ ਵਿੱਚ ਅੰਤੜੀ ਫਟੀ ਹੋਈ ਸੀ ਅਤੇ ਪੇਟ ਵਿੱਚ ਵੱਡੀ ਮਾਤਰਾ ਜ਼ਹਿਰ ਫੈਲ ਗਈ ਸੀ ।ਉਹ ਪੂਰੀ ਤਰ੍ਹਾਂ ਬੇਹੋਸ਼ ਸੀ ਅਤੇ ਇਸ ਨੂੰ ਸਾਹ ਲੈਣ ਵਿੱਚ ਤਕਲੀਫ ਹੋ ਰਹੀ ਸੀ, ਜੇਕਰ ਉਸਦਾ ਕੁਝ ਦੇਰ ਤੱਕ ਇਲਾਜ ਨਾ ਆਰੰਭ ਕੀਤਾ ਜਾਂਦਾ ਤਾਂ ਉਸ ਲਈ ਜਾਨ ਲੇਵਾ ਸਾਬਤ ਹੋ ਸਕਦਾ ਸੀ। ਹਸਪਤਾਲ ਦੇ ਡਾਕਟਰਾਂ ਦੀ ਟੀਮ ਨੇ ਤੁਰੰਤ ਉਸ ਨੂੰ ਉੱਚ ਪੱਧਰ ਦਾ ਇਲਾਜ ਦਿੰਦਿਆਂ ਉਸ ਦਾ ਸਫਲ ਆਪਰੇਸ਼ਨ ਕਰਕੇ ਉਸ ਦੀ ਜਾਨ ਬਚਾਈ। ਉਨ੍ਹਾਂ ਦੱਸਿਆ ਕਿ ਅਜਿਹੇ ਹਾਲਤਾਂ ਵਿੱਚ ਮਰੀਜ਼ ਨੂੰ ਤਰੁੰਤ ਉੱਚ ਪੱਧਰ ਦੇ ਇਲਾਜ ਦੀ ਲੋੜ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਅਮਨਪ੍ਰੀਤ ਮਲਟੀਸਪੈਸ਼ਲਿਟੀ ਹਸਪਤਾਲ ਵਿੱਚ ਐਮਰਜੈਂਸੀ ਹਾਲਤਾਂ ਵਿੱਚ ਮਰੀਜ਼ ਦਾ ਇਲਾਜ ਕਰਨ ਲਈ ਡਾਕਟਰਾਂ ਦੀ ਮਾਹਿਰ ਟੀਮ ਹੈ। ਇਸ ਮੌਕੇ ਹਸਪਤਾਲ ਦੇ ਚੇਅਰਮੈਨ ਹੈੱਡਮਾਸਟਰ ਸੁਰਜਨ ਸਿੰਘ ਸੈਦਪੁਰ ਨੇ ਦੱਸਿਆ ਕਿ ਇਸ ਇਲਾਕੇ ਦੇ ਮਰੀਜ਼ਾਂ ਨੂੰ ਹੁਣ ਇਲਾਜ ਕਰਵਾਉਣਾ ਲਈ ਜਲੰਧਰ ਅਤੇ ਲੁਧਿਆਣਾ ਜਾਣ ਦੀ ਲੋੜ ਨਹੀਂ ਹੈ। ਉਨ੍ਹਾਂ ਤੋਂ ਵਧੀਆ ਅਤੇ ਸਸਤੇ ਰੇਟਾਂ ਵਿੱਚ ਇਲਾਜ ਹੁਣ ਸੁਲਤਾਨਪੁਰ ਲੋਧੀ ਦੇ ਅਮਨਪ੍ਰੀਤ ਮਲਟੀਸਪੈਸ਼ਲਿਟੀ ਹਸਪਤਾਲ ਵਿੱਚ ਮੌਜੂਦ ਹੈ।ਇਸ ਮੌਕੇ ਡਾਕਟਰ ਕੀਰਤਨ ਕੌਰ, ਡਾਕਟਰ ਸੁਸ਼ਾਂਤ ਸ਼ਰਮਾ, ਮੈਨੇਜਰ ਅਮਨਦੀਪ ਕੌਰ, ਮਨਿੰਦਰ ਕੌਰ ,ਰਮਨਦੀਪ ਕੌਰ, ਰਾਜਵੀਰ ਕੌਰ, ਹਰਮਨ ,ਮਨਪ੍ਰੀਤ ,ਜਸਬੀਰ ਸਿੰਘ ਗੁਰਪ੍ਰੀਤ ਸਿੰਘ, ਸੰਦੀਪ ਸਿੰਘ

# 57ਵਾਂ ਸਾਲਾਨਾ ਜੋੜ ਮੇਲਾ 9 ਨੂੰ

ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)-ਜੇਜੋਂ ਦੋਆਬਾ-ਗੜ੍ਹਸ਼ੰਕਰ ਮੁੱਖ ਮਾਰਗ ਤੇ ਪੈਂਦੇ ਪਿੰਡ ਮਹਿਦੂਦ ਵਿਖੇ ਸਥਿਤ



ਡੇਰਾ ਸੰਤਪੁਰੀ ਸੰਤ ਬਾਬਾ ਰਾਂਝੂ ਦਾਸ ਮਹਾਰਾਜ ਜੀ ਵਿਖੇ ਸ੍ਰੀਮਾਨ 108 ਸੰਤ ਬਾਬਾ ਰਾਂਝੂ ਦਾਸ ਮਹਾਰਾਜ ਜੀ ਦੀ ਯਾਦ ਵਿੱਚ 57ਵਾਂ ਸਾਲਾਨਾ ਜੋੜ ਮੇਲਾ 9 ਦਸੰਬਰ ਦਿਨ ਮੰਗਲਵਾਰ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਸ਼੍ਰੀਮਾਨ 108 ਸੰਤ ਬਾਬਾ ਸਤਿਨਾਮ ਦਾਸ ਨੇ ਦੱਸਿਆ ਕਿ 7 ਦਸੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ। 8 ਦਸੰਬਰ ਨੂੰ ਰਾਤੀ ਰੈਣ ਸਵਾਈ ਕੀਰਤਨ ਹੋਵੇਗਾ। ਉਸ ਤੋਂ ਬਾਅਦ 9 ਦਸੰਬਰ ਦਿਨ ਮੰਗਲਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਠੀਕ ਸਮੇਂ ਤੇ ਪੈਣਗੇ। ਇਸ ਤੋਂ ਬਾਅਦ 10 ਤੋਂ 2 ਵਜੇ ਤੱਕ ਕੀਰਤਨ ਦਰਬਾਰ ਹੋਵੇਗਾ, ਜਿਸ ਵਿੱਚ ਪਹੁੰਚ ਰਹੇ ਸੰਤ ਮਹਾਂਪੁਰਸ਼ ਸੰਗਤਾਂ ਨਾਲ ਧਾਰਮਿਕ ਪ੍ਰਵਚਨ ਕਰਨਗੇ। ਗੁਰੂ ਕਾ ਲੰਗਰ ਅਤੁੱਟ ਚੱਲੇਗਾ। ਇਸ ਮੌਕੇ ਉਹਨਾਂ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

# ਰੇਸ਼ਮ ਸਿੰਘ ਪੱਪੀ ਅਕਾਲੀ ਦਲ ਅੰਮ੍ਰਿਤਸਰ 'ਚ ਸ਼ਾਮਲ



ਫਗਵਾੜਾ, (ਜਸਵਿੰਦਰ ਢੱਡਾ)

ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਮਹਾਰਾਜ, ਭਾਈ ਸਾਹਿਬ ਭਾਈ ਸਤੀ ਦਾਸ ਜੀ, ਭਾਈ ਸਾਹਿਬ ਭਾਈ ਮਤੀ ਦਾਸ ਜੀ, ਭਾਈ ਸਾਹਿਬ ਭਾਈ ਦਿਆਲਾ ਜੀ ਦੇ 350 ਸਾਲਾ ਮਹਾਨ ਸ਼ਹੀਦੀ ਸ਼ਤਾਬਦੀ ਦੇ ਮੌਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਹਲਕਾ ਫਗਵਾੜਾ ਦੇ ਸਾਬਕਾ ਸ਼ਹਿਰੀ ਪ੍ਰਧਾਨ ਰੇਸ਼ਮ ਸਿੰਘ ਪੱਪੀ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਜਿਨ੍ਹਾਂ ਨੂੰ ਜੱਥੇਦਾਰ ਰਜਿੰਦਰ ਸਿੰਘ ਫੌਜੀ ਅਤੇ ਬੀਬੀ ਸੁਖਜੀਤ ਕੌਰ ਭਬਿਆਣਾ ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ ਦੀ ਅਗਵਾਈ ਹੇਠ ਪਾਰਟੀ ਪ੍ਰਧਾਨ ਸ੍ਰ ਸਿਮਰਨਜੀਤ ਸਿੰਘ ਮਾਨ ਨੇ ਪਾਰਟੀ ਦਾ ਬੈਚ ਲਗਾਕੇ ਪਾਰਟੀ ਵਿੱਚ ਸ਼ਾਮਲ ਕੀਤਾ। ਪੱਪੀ ਨੇ ਸ੍ਰ. ਮਾਨ ਤੇ ਜੱਥੇ ਫੌਜੀ ਸਮੇਤ ਪਾਰਟੀ ਨੂੰ ਭਰੋਸਾ ਦਿਵਾਇਆ ਕਿ ਉਹ ਅੱਗੇ ਤੋਂ ਇਹੋ ਜਿਹਾ ਕਦਮ ਕਦੇ ਵੀ ਨਹੀਂ ਉਠਾਉਣਗੇ ਜਿਸ ਨਾਲ ਪਾਰਟੀ ਦਾ ਨੁਕਸਾਨ ਹੋਵੇ, ਅਤੇ ਹਮੇਸ਼ਾ ਇਮਾਨਦਾਰੀ ਅਤੇ ਤਨਦੇਹੀ ਨਾਲ ਪਾਰਟੀ ਪ੍ਰਤੀ ਵਫ਼ਾਦਾਰੀ ਨਾਲ ਕੰਮ ਕਰਨਗੇ। ਇਸ ਮੌਕੇ ਜੱਥੇਦਾਰ ਰਜਿੰਦਰ ਸਿੰਘ ਫੌਜੀ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਪਾਰਟੀ ਪ੍ਰਧਾਨ ਸ੍ਰ ਸਿਮਰਨਜੀਤ ਸਿੰਘ ਮਾਨ, ਗੁਰਜੰਟ ਸਿੰਘ ਕੱਟੂ, ਨੂੰ ਆਪਣੇ ਗ੍ਰਹਿ ਨਿਵਾਸ ਸਥਾਨ ਪਿੰਡ ਨੌਗਸ਼ਹਪੁਰ ਵਿਖੇ ਪਹੁੰਚਣ ਤੇ ਜੀ ਆਇਆਂ ਆਖਿਆ ਤੇ ਧੰਨਵਾਦ ਕੀਤਾ। ਹੋਰਨਾਂ ਤੋਂ ਇਲਾਵਾ ਬੀਬੀ ਸੁਖਜੀਤ ਕੌਰ ਭਬਿਆਣਾ ਜ਼ਿਲ੍ਹਾ ਕਪੂਰਥਲਾ ਪ੍ਰਧਾਨ ਇਸਤਰੀ ਵਿੰਗ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸ੍ਰ ਰੇਸ਼ਮ ਸਿੰਘ ਪੱਪੀ, ਗੁਰਪ੍ਰੀਤ ਸਿੰਘ, ਗੁਰਦਿਆਲ ਸਿੰਘ ਮਾਨਾਂਵਾਲੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਅਤੇ ਪਾਰਟੀ ਵਰਕਰ ਹਾਜ਼ਰ ਸਨ।

# ਇੰਦਰ ਲਾਲ ਗਰੋਵਰ ਨੇ ਅੱਖਾਂ ਦਾਨ ਕਰਕੇ ਦੋ ਨੇਤਰਹੀਣਾਂ ਨੂੰ ਦਿੱਤੀ ਰੌਸ਼ਨੀ

ਡੇਰਾਬਸੀ (ਵਿਨੈ ਕੁਮਾਰ ਜੈਨ)-ਪ੍ਰਸਿੱਧ ਸਮਾਜ ਸੇਵੀ 82 ਸਾਲਾ ਇੰਦਰ ਲਾਲ ਗਰੋਵਰ ਪੁੱਤਰ ਹਵੇਲੀ ਰਾਮ ਨਿਵਾਸੀ ਅਨਾਜ ਮੰਡੀ ਡੇਰਾਬਸੀ ਮਰਨ ਤੋਂ ਬਾਅਦ ਆਪਣੀਆਂ ਅੱਖਾਂ ਦਾਨ ਕਰਕੇ ਦੋ ਅੰਨ੍ਹਿਆਂ ਦੀ ਜ਼ਿੰਦਗੀ ਵਿੱਚ ਰੌਸ਼ਨੀ ਲਿਆ ਗਏ। ਇੰਦਰ ਲਾਲ ਗਰੋਵਰ ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸਨ।



ਭਾਰਤ ਵਿਕਾਸ ਪਰਿਸ਼ਦ ਵਿਵੇਕਾਨੰਦ ਸ਼ਾਖਾ ਡੇਰਾਬਸੀ ਦੇ ਉਪ-ਪ੍ਰਧਾਨ ਨਿਤਿਨ ਜਿੰਦਲ ਨੇ ਦੱਸਿਆ ਕਿ ਇਹ ਨੇਤ੍ਰ ਦਾਨ ਦੀ ਪ੍ਰਕਿਰਿਆ ਪੀ ਜੀ ਆਈ ਦੇ ਡਾਕਟਰਾਂ ਦੁਆਰਾ ਕੀਤੀ ਗਈ। ਸ੍ਰੀ ਇੰਦਰ ਲਾਲ ਗਰੋਵਰ ਆਪਣੇ ਪਿੱਛੇ ਦੋ ਪੁੱਤਰਾਂ ਅਤੇ ਤਿੰਨ ਧੀਆਂ ਸਮੇਤ ਭਰਪੂਰ ਪਰਵਾਰ ਛੱਡ ਗਏ ਹਨ।

ਨਿਤਿਨ ਜਿੰਦਲ ਨੇ ਦੱਸਿਆ ਕਿ ਵਿਵੇਕਾਨੰਦ ਬ੍ਰਾਂਚ ਵੱਲੋਂ ਹੁਣ ਤੱਕ 7 ਨੇਤ੍ਰਦਾਨ ਕਰਵਾਏ ਗਏ ਹਨ, ਜਿਨ੍ਹਾਂ ਨਾਲ 14 ਲੋਕਾਂ ਦੀ ਹਨ੍ਹੇਰੇ ਭਰੀ ਜ਼ਿੰਦਗੀ ਵਿੱਚ ਰੌਸ਼ਨੀ ਆਈ ਹੈ। ਉਸ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨੇਤ੍ਰਦਾਨ ਬਾਰੇ ਆਪਣੇ ਆਲੇ ਦੁਆਲੇ ਜਾਗਰੂਕਤਾ ਫੈਲਾਉਣ, ਤਾਂ ਜੋ ਹੋਰ ਹਨ੍ਹੇਰੇ ਵਿੱਚ ਜੀਵਨ ਬਤੀਤ ਕਰ ਰਹੇ ਲੋਕਾਂ ਦੀ ਜ਼ਿੰਦਗੀ ਚਮਕ ਸਕੇ।

# ਸੜਕ ਹਾਦਸੇ 'ਚ ਇਕ ਦੀ ਮੌਤ, ਇਕ ਗੰਭੀਰ ਜਖਮੀ



**ਮਾਹਿਲਪੁਰ (ਸਫ਼ਰੀ)** ਹੁਸ਼ਿਆਰਪੁਰ ਚੰਡੀਗੜ੍ਹ ਮੁੱਖ ਮਾਰਗ 'ਤੇ ਪੈਂਦੇ ਪਿੰਡ ਬੱਡੋਆਣ ਸਰਦੁੱਲਾਪੁਰ ਨਜ਼ਦੀਕ ਦੋ ਟਰੈਕਟਰ ਟਰਾਲੀਆਂ ਵਿਚਕਾਰ ਹੋਏ ਭਿਆਨਕ ਹਾਦਸੇ ਵਿੱਚ ਇਕ ਟਰੈਕਟਰ ਚਾਲਕ ਹਲਾਕ ਅਤੇ ਇਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਥਾਣਾ ਮਾਹਿਲਪੁਰ ਦੀ ਪੁਲਸ ਨੇ ਲਾਸ਼ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਬ ਇੰਸਪੈਕਟਰ ਦਿਲਬਾਗ ਸਿੰਘ ਨੇ ਦੱਸਿਆ ਕਿ ਹਰਜਿੰਦਰ ਸਿੰਘ ਪੁੱਤਰ ਮੋਹਣ ਸਿੰਘ (41) ਵਾਸੀ ਮੌਤੀਆਂ ਥਾਣਾ ਚੱਬੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਆਪਣੇ ਸਾਥੀ ਇੰਦਰਜੀਤ ਪੁਤਰ ਮੇਜਰ ਪਿੰਡ ਕੋਟ ਫਤੂਹੀ ਥਾਣਾ ਮਾਹਿਲਪੁਰ, ਮਾਹਿਲਪੁਰ ਤੋਂ ਗੜ੍ਹਸ਼ੰਕਰ ਵੱਲ ਪੀ ਬੀ 2 ਏ 9534 ਪਾਵਰ ਟਰੈਕ ਟਰੈਕਟਰ ਟਰਾਲੀ ਤੇ ਜਾ ਰਹੇ ਸਨ। ਪਿੰਡ ਬੱਡੋਆਣ ਸਰਦੁੱਲਾਪੁਰ ਪਟਰੋਲ ਪੰਪ ਨਜ਼ਦੀਕ ਪਿਛਿਓਂ ਆ ਰਹੇ ਇਕ ਟਰੈਕਟਰ ਟਰਾਲੀ ਸੋਨਾਲੀਕਾ ਪੀ ਬੀ 07- ਬੀ -2-1728 ਜਿਸ ਨੂੰ ਅਸ਼ੋਕ ਕੁਮਾਰ ਪੁਤਰ ਬੱਗਾ ਸਿੰਘ ਵਾਸੀ ਰਾਮਪੁਰ ਬਿਲੜੋਂ ਥਾਣਾ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਨਾਲ ਟਕਰਾਉਣ ਤੇ ਭਿਆਨਕ ਹਾਦਸਾ ਵਾਪਰ ਗਿਆ।ਇਸ ਭਿਅਨਕ ਹਾਦਸੇ ਵਿੱਚ ਹਰਜਿੰਦਰ ਸਿੰਘ ਪੁੱਤਰ ਮੋਹਣ ਸਿੰਘ ਵਾਸੀ ਮੌਤੀਆਂ ਨੂੰ ਹਸਪਤਾਲ ਲਿਜਾਂਦੇ ਰਸਤੇ ਵਿਚ ਮੌਤ ਹੋ ਗਈ ਤੇ ਇੰਦਰਜੀਤ ਸਿੰਘ ਨੂੰ ਸਿਵਲ ਹਸਪਤਾਲ ਹੁਸ਼ਿਆਰਪੁਰ ਭੇਜ ਦਿਤਾ ਗਿਆ ਹੈ। ਥਾਣਾ ਮਾਹਿਲਪੁਰ ਦੇ ਸਬ ਇੰਸਪੈਕਟਰ ਦਿਲਬਾਗ ਸਿੰਘ ਨੇ ਦੱਸਿਆ ਕਿ ਹਾਦਸਾ ਐਨਾ ਭਿਆਨਕ ਸੀ ਕਿ ਇਕ ਟਰੈਕਟਰ ਦੇ ਦੋ ਟੁਕੜੇ ਹੋ ਗਏ। ਥਾਣਾ ਮਾਹਿਲਪੁਰ ਦੀ ਪੁਲਸ ਨੇ ਲਾਸ਼ ਅਤੇ ਟਰੈਕਟਰ ਟਰਾਲੀਆਂ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਰਣਬੀਰ ਸਿੰਘ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਜਲੰਧਰ (ਨ ਜ ਸ)**-ਦਰਬਾਰਾ ਸਿੰਘ ਸਾਬਕਾ ਸਰਪੰਚ ਮਾੜੀਮੇਘਾ ਦੇ ਪੁੱਤਰ ਰਣਬੀਰ ਸਿੰਘ ਦੀ ਬੇਵਕਤੀ ਮੌਤ 'ਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਗਹਿਰਾ ਦੁੱਖ ਪ੍ਰਗਟ ਕੀਤਾ ਤੇ ਪਰਵਾਰ ਨਾਲ ਅਫਸੋਸ ਜ਼ਾਹਰ ਕੀਤਾ ਹੈ। ਮਾੜੀਮੇਘਾ ਨੇ ਦੱਸਿਆ ਕਿ ਰਣਬੀਰ ਸਿੰਘ ਸੀ ਪੀ ਆਈ ਦੇ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਤਰਨਤਾਰਨ ਜ਼ਿਲ੍ਹੇ ਦੇ ਪ੍ਰਧਾਨ ਕਾਮਰੇਡ ਪੂਰਨ ਸਿੰਘ ਮਾੜੀਮੇਘਾ ਦਾ ਭਤੀਜਾ ਹੈ। ਹੋਣਹਾਰ ਲੜਕਾ ਰਣਬੀਰ ਸਿੰਘ ਪੰਜਾਬ ਪੁਲਸ ਵਿੱਚ ਹੈਡ ਕਾਂਸਟੇਬਲ ਸੀ। ਕਮਿਊਨਿਸਟ ਪਾਰਟੀ ਵਾਸਤੇ ਮਾਣ ਵਾਲੀ ਗੱਲ ਹੈ ਕਿ ਰਣਬੀਰ ਸਿੰਘ ਦੇ ਪਿਤਾ ਦਰਬਾਰਾ ਸਿੰਘ ਪਿੰਡ ਮਾੜੀਮੇਘਾ ਦੇ ਸਰਬ ਸੰਮਤੀ ਨਾਲ ਸਰਪੰਚ ਬਣੇ ਸਨ। ਇੰਨ੍ਹਾਂ ਦੀ ਸਰਪੰਚੀ ਵੇਲੇ ਪਿੰਡ ਦਾ ਬਹੁਤ ਵਿਕਾਸ ਹੋਇਆ ਸੀ।



# ਲਾਲੜੂ-ਹੰਡੇਸਰਾ ਸੜਕ ਦੇ ਨਵੀਨੀਕਰਨ ਦੇ ਕੰਮ ਦੀ ਵਿਧਾਇਕ ਨੇ ਕਰਵਾਈ ਸ਼ੁਰੂਆਤ

**ਲਾਲੜੂ (ਵਿਨੈ ਕੁਮਾਰ ਜੈਨ)**
ਐਮ ਐਲ ਏ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ-ਹੰਡੇਸਰਾ ਸੜਕ ਦੇ ਨਵੀਨੀਕਰਨ ਅਤੇ ਅਪਗਰੇਡੇਸ਼ਨ ਕੰਮ ਦੀ ਸ਼ੁਰੂਆਤ ਕੀਤੀ ਗਈ। ਇਸ



ਕੰਮ 'ਤੇ 9.03 ਕਰੋੜ ਰੁਪਏ ਦਾ ਅਨੁਮਾਨਤ ਖਰਚ ਆਵੇਗਾ।ਐਮ ਐਲ ਏ ਕੁਲਜੀਤ ਸਿੰਘ ਰੰਧਾਵਾ ਨੇ ਦੱਸਿਆ ਕਿ ਇਹ ਸੜਕ ਬਣਾਉਣ ਤੋਂ ਬਾਅਦ ਪੂਰੇ ਪੰਜ ਸਾਲ ਲਈ, ਸਬੰਧਤ ਠੇਕੇਦਾਰ ਵੱਲੋਂ ਹੀ ਇਸ ਦੀ ਸਾਂਭ ਸੰਭਾਲ ਕੀਤੀ ਜਾਵੇਗੀ। ਉਹਨੇ ਦੱਸਿਆ ਕਿ ਉਕਤ 9.3 ਕਰੋੜ ਰੁਪਏ ਵਿੱਚ 8.28 ਕਰੋੜ ਰੁਪਏ ਸੜਕ ਦੇ ਨਵੀਨੀਕਰਨ ਲਈ ਅਤੇ 74.89 ਲੱਖ ਰੁਪਏ ਪੰਜ ਸਾਲ ਦੀ ਸਾਂਭ ਸੰਭਾਲ ਦੇ ਸ਼ਾਮਿਲ ਹਨ।ਉਨ੍ਹਾਂ ਇਸ ਮੌਕੇ ਆਖਿਆ ਕਿ 15 ਕਿਲੋਮੀਟਰ ਲੰਬੀ ਇਸ ਸੜਕ ਦੇ ਨਵੀਨੀਕਰਨ ਅਤੇ ਅਪਗਰੇਡੇਸ਼ਨ ਬਾਅਦ ਇਸ ਸੜਕ ਤੇ ਪੈਂਦੇ ਪਿੰਡਾਂ ਦੇ ਲੋਕਾਂ ਨੂੰ ਸੁਖਦ ਅਤੇ ਸੁਰੱਖਿਅਤ ਆਵਾਜਾਈ ਦੀ ਸਹੂਲਤ ਮਿਲੇਗੀ। ਉਨ੍ਹਾਂ ਅੱਗੇ ਕਿਹਾ ਕਿ ਇਸ ਕੰਮ ਨੂੰ 9 ਮਹੀਨੇ ਦੇ ਵਿੱਚ ਮੁਕੰਮਲ ਕੀਤਾ ਜਾਵੇਗਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਡੇਰਾਬੱਸੀ ਹਲਕੇ ਦੀਆਂ ਲਗਭਗ ਸਾਰੀਆਂ ਪ੍ਰਮੁੱਖ ਸੜਕਾਂ ਦੀ ਰਿਪੇਅਰ ਲਈ ਪ੍ਰਵਾਨਗੀ ਦੇ ਦਿੱਤੀ ਗਈ ਹੈ, ਜਿਸ ਨਾਲ ਲਿੰਕ ਸੜਕਾਂ ਦੀ ਨੁਹਾਰ ਬਦਲ ਜਾਵੇਗੀ ਅਤੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ। ਇਸ ਮੌਕੇ ਪਾਰਟੀ ਦੇ ਸਰਪੰਚ ਪੰਚ,ਬਲਾਕ ਪ੍ਰਧਾਨ ਸਮੇਤ ਪਾਰਟੀ ਦੀ ਸਮੁੱਚੀ ਟੀਮ ਤੇ ਸਥਾਨਕ ਪਿੰਡਾਂ ਦੇ ਵਾਸੀ ਹਾਜ਼ਰ ਹੋਏ।

## ਵੈਸਕੁਲਰ ਹੈਲਥ ਵਿਸ਼ੇ 'ਤੇ ਸੈਮੀਨਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਐਲਾਇਡ ਐਂਡ ਹੈਲਥ ਕੇਅਰ ਸਾਇੰਸਜ਼ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਹਰਿੰਦਰ ਸਿੰਘ ਗਿੱਲ, ਡੀਨ ਡਾ. ਅਤੁਲ ਖਜੂਰੀਆ ਅਤੇ ਵਿਭਾਗ ਪ੍ਰਭਾਰੀ ਡਾ. ਸੁਖਮੀਤ ਕੌਰ ਬੇਦੀ ਦੇ ਸਹਿਯੋਗ ਨਾਲ ਕੇਅਰ ਆਫ਼ ਵੈਸਕੁਲਰ ਹੈਲਥ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਵਿੱਚ ਮੁੱਖ ਵਕਤਾ ਡਾ. ਸ਼ਬਜੋਤ ਕੌਰ ਢਿੱਲੋਂ, ਸੀਨੀਅਰ ਕਲੀਨਿਕਲ ਆਫ਼ਿਸਰ (ਵੈਸਕੁਲਰ ਸਰਜਰੀ), ਨੇ ਬੀ ਐੱਸ ਸੀ (ਐਮ ਐਲ ਐਸ) ਅਤੇ ਬੀ ਏ ਓ ਟੀ ਟੀ ਦੇ ਵਿਦਿਆਰਥੀਆਂ ਨਾਲ ਵੈਸਕੁਲਰ ਹੈਲਥ ਦੀ ਦੇਖਭਾਲ, ਇਸ ਦੀ ਮਹੱਤਤਾ ਅਤੇ ਆਮ ਸਮੱਸਿਆਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਡਾ. ਸੁਖਮੀਤ ਬੇਦੀ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਸੈਮੀਨਾਰ ਵਿਦਿਆਰਥੀਆਂ ਨੂੰ ਵੈਸਕੁਲਰ ਸਿਸਟਮ ਨਾਲ ਜੁੜੀਆਂ ਜਟਿਲਤਾਵਾਂ ਦੀ ਗਹਿਰਾਈ ਨਾਲ ਸਮਝ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਹੈਲਥ ਸੈਕਟਰ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਲਈ ਵੈਸਕੁਲਰ ਹੈਲਥ ਵਰਗੇ ਵਿਸ਼ਿਆਂ ਦੀ ਵਿਗਿਆਨਕ ਜਾਣਕਾਰੀ ਬਹੁਤ ਲਾਜ਼ਮੀ ਹੈ।ਇਸ ਮੌਕੇ ਪ੍ਰੋ. ਪੂਜਾ ਸਮਿਆਲ, ਪ੍ਰੋ. ਆਸ਼ਿਸ਼, ਪ੍ਰੋ. ਦਿਲਾਵਰ, ਪ੍ਰੋ. ਪ੍ਰਭਦੀਪ, ਪ੍ਰੋ. ਅਦਿਤੀ, ਨਵਨੀਤ ਸਮੇਤ ਵਿਦਿਆਰਥੀ ਮੌਜੂਦ ਸਨ।



## 350ਵੇਂ ਸ਼ਹੀਦੀ ਦਿਹਾੜੇ ਮੌਕੇ ਸਮਾਗਮ ਆਯੋਜਿਤ



**ਅੱਡਾ ਸਰਾ (ਜਸਵੀਰ ਕਾਜਲ)**- ਬੀ ਐਨ ਡੀ ਸਕੂਲ ਕੰਧਾਲਾ ਜੱਟਾਂ ਵਿਖੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਵੇਂ ਸ਼ਹੀਦੀ ਦਿਹਾੜੇ ਤੇ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ ਅਤੇ ਗੁਰੂ ਜੀ ਦੀ ਲਸਾਨੀ ਸਹਾਦਤ ਨੂੰ ਯਾਦ ਕੀਤਾ ਅਤੇ ਸਾਰਿਆਂ ਨੇ ਕੋਟੀ ਕੋਟੀ ਪ੍ਰਣਾਮ ਕੀਤਾ। ਇਸ ਮੌਕੇ ਪ੍ਰਿੰਸੀਪਲ ਸ੍ਰੀ ਜੈ ਕਿਸ਼ਨ ਮਹਿਤਾ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਹੱਕ ਸੱਚ ਅਤੇ ਧਰਮ ਦੀ ਰਾਖੀ ਲਈ ਬੇਮਿਸਾਲ ਕੁਰਬਾਨੀ ਦਿੱਤੀ। ਉਨ੍ਹਾਂ ਦੀ ਇਸ ਕੁਰਬਾਨੀ ਨੂੰ ਯੁਗਾਂ ਯੁਗਾਂ ਤਕ ਯਾਦ ਕੀਤਾ ਜਾਵੇਗਾ। ਇਸ ਮੌਕੇ ਇੰਜੀ. ਅਨਿਲ ਮਹਿਤਾ, ਅਮਿਤ ਕੁਮਾਰ, ਗੁਰਮੇਲ ਸਿੰਘ, ਪਰਮਜੀਤ ਕੌਰ, ਮਨਦੀਪ ਕੌਰ, ਕੋਮਲਦੀਪ ਕੌਰ, ਜਸਵੀਰ ਕੌਰ ਰ, ਅਮਨਜੀਤ ਕੌਰ, ਰਾਜਵਿੰਦਰ ਕੌਰ, ਤੋ ਇਲਾਵਾ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਸ਼ਹੀਦੀ ਦਿਵਸ 'ਤੇ ਹਰਿਆਣਾ ਦੇ ਮੁੱਖ ਮੰਤਰੀ ਨੇ ਨਿਭਾਈ ਪਵਿੱਤਰ ਪਾਲਕੀ ਸੇਵਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਕੁਰੂਕਸ਼ੇਤਰ ਦੀ ਪਾਵਨ ਧਰਤੀ 'ਤੇ ਆਯੋਜਿਤ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਰਾਜ ਪੱਧਰੀ ਸਮਾਰੋਹ ਵਿੱਚ ਇੱਕ ਇਤਿਹਾਸਕ ਅਤੇ ਭਾਵਨਾਤਮਕ ਦ੍ਰਿਸ਼ ਦੇਖਣ ਨੂੰ ਮਿਲਿਆ, ਜਦੋਂ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਖੁਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਿਰ 'ਤੇ ਚੁੱਕ ਕੇ ਮੁੱਖ ਮੰਚ ਤੱਕ ਲੈ ਜਾਣ ਦੀ ਪਵਿੱਤਰ ਪਾਲਕੀ ਸੇਵਾ ਨਿਭਾਈ। ਪਜ ਪਿਆਰਿਆਂ ਦੀ ਅਗਵਾਈ ਹੇਠ 'ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੀ ਗੂੰਜ ਦੇ ਵਿੱਚ ਸੰਗਤ ਨੇ ਨਿਮਰਤਾ ਅਤੇ ਭਗਤੀ ਨਾਲ ਭਰੇ ਇਸ ਲੰਮ੍ਹੇ ਦਾ ਸਵਾਗਤ ਕੀਤਾ।ਮੁੱਖ ਮੰਤਰੀ ਵੱਲੋਂ ਨਿਭਾਈ ਗਈ ਇਹ ਸੇਵਾ ਸਿੱਖ ਪਰੰਪਰਾ ਵਿੱਚ ਬਹੁਤ ਸਨਮਾਨ ਅਤੇ ਸਮਰਪਣ ਦਾ ਪ੍ਰਤੀਕ ਮੰਨਿਆ ਜਾਂਦਾ ਹੈ।

## ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ ਵੱਲੋਂ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਕੀਰਤਨ ਦੀ ਸੇਵਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਪੁਰਬ ਨੂੰ ਸਮਰਪਿਤ ਵੱਡੇ ਪੱਧਰ ਤੇ ਧਾਰਮਿਕ ਸਮਾਗਮ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਹਨ। ਇਨ੍ਹਾਂ ਸਮਾਗਮਾਂ ਵਿੱਚ ਜਿੱਥੇ ਪੰਜਾਬ ਅਤੇ ਪੰਜਾਬ ਤੋਂ ਬਾਹਰਲੇ ਸੂਬਿਆਂ ਦੀਆਂ ਵੱਖ ਵੱਖ ਸੇਵਾ ਸੋਸਾਇਟੀਆਂ ਹਿੱਸਾ ਲੈ ਰਹੀਆਂ ਹਨ ਉੱਥੇ ਹੀ ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ ਮੁੰਡੀ ਖਰੜ (ਮੋਹਾਲੀ) ਦੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਡਾ. ਪ੍ਰਭਜੋਤ ਕੌਰ ਸਮੇਤ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਕੀਰਤਨ ਸੇਵਾ ਦੀ ਹਾਜ਼ਰੀ ਲਵਾਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਡਾਕਟਰ ਪ੍ਰਭਜੋਤ ਕੌਰ ਅਤੇ ਸੁਸਾਇਟੀ ਦੇ ਵਾਈਸ ਪ੍ਰਿੰਸੀਪਲ ਹਰਵੀਰ ਸਿੰਘ ਨੇ ਦੱਸਿਆ ਕਿ ਗੁਰਮਤਿ ਪ੍ਰਸਾਰ ਸੇਵਾ ਸੁਸਾਇਟੀ 1997 ਵਿੱਚ ਕੁਝ ਸੇਵਾ ਮੁਕਤ ਅਧਿਕਾਰੀਆਂ ਵੱਲੋਂ ਸਥਾਪਿਤ ਕੀਤੀ ਗਈ ਸੀ ਜਿਸ ਦਾ ਮੁੱਖ ਉਦੇਸ਼ ਬੱਚਿਆਂ ਨੂੰ ਗੁਰਮਤਿ ਦੇ ਧਾਰਨੀ ਬਣਾਉਣਾ ਅਤੇ ਚੰਗੇ ਪੜ੍ਹੇ ਲਿਖੇ ਪ੍ਰਚਾਰਕ ਸਿੱਖ ਪੰਥ ਨੂੰ ਦੇਣਾ ਹੈ। ਉਨ੍ਹਾਂ ਦੱਸਿਆ ਕਿ ਸੁਸਾਇਟੀ ਦੇ ਵਿਦਿਆਰਥੀਆਂ ਨੂੰ ਗੁਰਮਤਿ ਮਰਿਆਦਾ ਅਨੁਸਾਰ ਤਾਂਤੀ ਸਾਜਾਂ ਨਾਲ ਕੀਰਤਨ ਕਰਨ ਦੀ ਸਿਖਲਾਈ ਦਿੱਤੀ ਜਾਂਦੀ ਹੈ। ਸਿਖਲਾਈ ਦੇ ਨਾਲ ਨਾਲ ਬੀ ਏ ਤੱਕ ਦੀ ਪੜ੍ਹਾਈ ਵੀ ਕਰਵਾਈ ਜਾਂਦੀ ਹੈ। ਇਸ ਮੌਕੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਨੇ ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਡਾਕਟਰ ਪ੍ਰਭਜੋਤ ਕੌਰ ਦੀ ਅਗਵਾਈ ਹੇਠ ਸੁਸਾਇਟੀ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਕੀਰਤਨ ਅਤੇ ਕਥਾ ਦੀ ਸਿਖਲਾਈ ਦਿੱਤੀ ਜਾ ਰਹੀ ਹੈ ਜੋ ਕਿ ਬੇਹੱਦ ਸ਼ਲਾਘਾਯੋਗ ਹੈ ਕਿਉਂਕਿ ਅੱਜ ਦੇ ਸਮੇਂ ਆਪਣੇ ਬੱਚਿਆਂ ਨੂੰ ਸੰਭਾਲਣ ਦੀ ਬਹੁਤ ਜਿਆਦਾ ਲੋੜ ਹੈ।



## 'ਰਾਸ਼ਟਰੀ ਗਰੋਥ ਮੋਨੀਟਰਿੰਗ' ਪਹਿਲ ਲਈ ਇਨੋਸੈਂਟ ਹਾਰਟਸ ਗਰੁੱਪ ਦੀ ਚੋਣ

**ਜਲੰਧਰ (ਸ਼ੈਲੀ ਐਲਬਰਟ)**- ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੁਆਰਾ ਚਲਾਏ ਜਾ ਰਹੇ 'ਦਿਸ਼ਾ ਐਨ ਇਨੀਸ਼ੀਏਟਿਵ' ਦੇ ਤਹਿਤ ਇੰਨੋਸੈਂਟ ਹਾਰਟਸ ਗਰੁੱਪ ਆਫ਼ ਸਕੂਲਾਂ ਦੇ ਵਿਦਿਆਰਥੀਆਂ ਨੂੰ ਰਾਸ਼ਟਰੀ ਗਰੋਥ ਮੋਨੀਟਰਿੰਗ ਪਹਿਲਕਦਮੀ ਵਿੱਚ ਹਿੱਸਾ ਲੈਣ ਲਈ ਚੁਣਿਆ ਗਿਆ ਹੈ। ਇਸ ਪ੍ਰੋਗਰਾਮ ਲਈ ਦੇਸ਼ ਭਰ ਦੇ ਸਿਰਫ਼ ਦਸ ਪ੍ਰਮੁੱਖ ਸ਼ਹਿਰੀ ਸਕੂਲਾਂ ਨੂੰ ਚੁਣਿਆ ਗਿਆ ਹੈ। ਜਲੰਧਰ ਅਤੇ ਦੇਹਰਾਦੂਨ ਉੱਤਰੀ ਭਾਰਤ ਦੇ ਦੋ ਪ੍ਰਮੁੱਖ ਕੇਂਦਰ ਹਨ ਅਤੇ ਇੰਨੋਸੈਂਟ ਹਾਰਟਸ ਗਰੁੱਪ ਨੂੰ ਮੁੱਖ ਤੌਰ 'ਤੇ ਜਲੰਧਰ ਤੋਂ ਚੁਣਿਆ ਗਿਆ ਹੈ। ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਹੀਰਾਬਾਈ ਕਾਵਸਜੀ ਜਹਾਂਗੀਰ ਮੈਡੀਕਲ ਇੰਸਟੀਚਿਊਟ, ਪੁਣੇ ਜੋ ਵਿਕਾਸ ਖੋਜ ਵਿੱਚ ਵਿਸ਼ਵਵਿਆਪੀ ਆਗੂਆਂ ਵਿੱਚੋਂ ਇੱਕ ਹੈ ਦੇ ਮਾਹਰਾਂ ਦੀ ਇੱਕ ਟੀਮ, ਐਂਡੋਕਿਡਸ ਗ੍ਰੋਥ ਕਲੀਨਿਕ, ਜਲੰਧਰ ਦੇ ਮਾਹਰਾਂ ਦੇ ਨਾਲ ਇਹਨਾਂ ਦਿਨਾਂ ਵਿੱਚ ਇਨੋਸੈਂਟ ਹਾਰਟਸ ਸਕੂਲ ਦਾ ਦੌਰਾ ਕਰ ਰਹੀ ਹੈ। ਇਸ ਸਮੇਂ ਦੌਰਾਨ ਟੀਮ ਵਿਦਿਆਰਥੀਆਂ ਦੀ ਉਚਾਈ, ਭਾਰ ਅਤੇ ਸਿਰ ਦੇ ਘੇਰੇ ਨੂੰ ਸਹੀ ਢੰਗ ਨਾਲ ਮਾਪ ਰਹੀ ਹੈ। ਇਸ ਵਿਸ਼ੇ 'ਤੇ ਬੋਲਦੇ ਹੋਏ ਡਾ. ਸੌਰਭ ਉੱਪਲ ਨੇ ਦੱਸਿਆ ਕਿ ਗਰੋਥ ਮੋਨੀਟਰਿੰਗ ਇੱਕ ਸਰਲ ਪਰ ਬਹੁਤ ਪ੍ਰਭਾਵਸ਼ਾਲੀ ਸਾਧਨ ਹੈ ਜੋ ਬੱਚੇ ਦੀ ਸਮੁੱਚੀ ਸਿਹਤ, ਪੋਸ਼ਣ ਅਤੇ ਵਿਕਾਸ ਬਾਰੇ ਸਹੀ ਜਾਣਕਾਰੀ ਪ੍ਰਦਾਨ ਕਰਦਾ ਹੈ। ਇਹ ਪ੍ਰੋਗਰਾਮ ਨਾ ਸਿਰਫ਼ ਦੇਸ਼ ਦੇ ਸਿਹਤ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗਾ ਬਲਕਿ ਹਰੇਕ ਬੱਚੇ ਦੀ ਵਿਅਕਤੀਗਤ ਸਿਹਤ ਵਿੱਚ ਵੀ ਯੋਗਦਾਨ ਪਾਵੇਗਾ। ਵਿਸ਼ਵ-ਪ੍ਰਸਿੱਧ ਬਾਲ ਚਿਕਿਤਸਾ ਐਂਡੋਕਰੀਨੋਲੋਜਿਸਟ ਡਾ. ਅਨੁਰਾਧਾ ਅਤੇ ਭਾਰਤ ਵਿੱਚ ਵਿਆਪਕ ਖੋਜ ਅਤੇ ਵਿਕਾਸ ਦੇ ਕਾਰਨ ਰਾਸ਼ਟਰੀ ਪੱਧਰ 'ਤੇ ਭਾਰਤ ਦੀ ਨੁਮਾਇੰਦਗੀ ਕਰਨ ਵਾਲੇ ਡਾ. ਵਮਨ ਖਾਡਿਲਕਰ ਦਾ ਧੰਨਵਾਦ ਕਰਦੇ ਹਾਂ ਜਿਹਨਾਂ ਦੇ ਸਮਰਥਨ ਰਾਹੀਂ ਇੰਨੋਸੈਂਟ ਹਾਰਟਸ ਦੇ ਵਿਦਿਆਰਥੀ ਦੇਸ਼ ਲਈ ਅਜਿਹੀ ਅਰਥਪੂਰਨ ਪਹਿਲਕਦਮੀ ਦਾ ਹਿੱਸਾ ਬਣ ਰਹੇ ਹਨ।



## ਸੰਗੀਤ ਅਕੈਡਮੀ ਦਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੰਗੀਤ ਅਤੇ ਗੁਰਮਤਿ ਪੜ੍ਹਾਈ ਲਈ ਸੰਤ ਬਾਬਾ ਸਰਵਣ ਦਾਸ ਜੀ ਸਲੇਮਟਾਬਰੀ (ਲੁਧਿਆਣਾ) ਵੱਲੋਂ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਮਾਧੋਪੁਰ ਨੇੜੇ ਭੋਗਪੁਰ ਵਿਖੇ ਮਨਮੌਜੀ ਸੰਗੀਤ ਅਕੈਡਮੀ ਦਾ ਉਦਘਾਟਨ ਆਪਣੇ ਕਰ ਕਮਲਾਂ ਨਾਲ ਕੀਤਾ। ਇਸ ਮੌਕੇ ਲੈਕਚਰਾਰ ਕਿਰਤੀ ਸਿੰਘ, ਰਿਟਾਇਰਡ ਵੀ ਪੀ ਈ ਓ ਸੂਰਤੀ ਲਾਲ, ਰਿਟਾਇਰਡ ਵੀ ਪੀ ਈ ਓ ਰਾਜਕੁਮਾਰ, ਵੀ ਪੀ ਈ ਓ ਜਸਵਿੰਦਰ ਬਾਂਸਲ, ਸਨੰਦਨ ਕੁਮਾਰ ਮਿਊਜ਼ਿਕ ਟੀਚਰ, ਮਾਸਟਰ ਪ੍ਰਭਜੀਤ ਬਾਂਸਲ, ਹਰਜਾਪ, ਮਾਸਟਰ ਰਾਜ ਕੁਮਾਰ ਅਤੇ ਇਲਾਕੇ ਦੀਆਂ ਸੰਗਤਾਂ ਹਾਜਰ ਸਨ। ਇਸ ਮੌਕੇ ਸੰਤ ਸਰਵਣ ਦਾਸ ਜੀ ਨੇ ਦੱਸਿਆ ਕਿ ਸਕੂਲਾਂ, ਕਾਲਿਜਾਂ ਦੀ ਉਚੇਰੀ ਚੰਗੀ ਸਿੱਖਿਆ ਦੇ ਨਾਲ ਨਾਲ ਬੱਚਿਆਂ, ਵਿਦਿਆਰਥੀਆਂ ਨੂੰ ਸੰਗੀਤ ਅਤੇ ਗੁਰਮਤਿ ਸਿੱਖਿਆ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਮਨਮੌਜੀ ਸੰਗੀਤ ਅਕੈਡਮੀ ਵਲੋਂ ਸੰਗੀਤ ਦੇ ਮਾਹਿਰ ਪ੍ਰੋਫੈਸਰ, ਮਾਸਟਰ ਵਿਦਿਆਰਥੀਆਂ ਨੂੰ ਸੰਗੀਤ ਨਾਲ ਜੋੜਨਗੇ ਅਤੇ ਗੁਰਮਤਿ ਦੀ ਪੜ੍ਹਾਈ ਵੀ ਕਰਵਾਉਣਗੇ।




# ਗੌਰਮਿੰਟ ਟੀਚਰਜ਼ ਯੂਨੀਅਨ ਦੀ ਮੀਟਿੰਗ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਕਦੇ ਸਮਾਂ ਹੁੰਦਾ ਸੀ ਜਦੋਂ ਪੰਜਾਬ ਦੇ ਮੁਲਾਜ਼ਮ ਭਾਰਤ ਦੇ ਦੂਜੇ ਸੂਬਿਆਂ ਦੇ ਮੁਲਾਜ਼ਮਾਂ ਦੇ ਮੁਕਾਬਲੇ ਜਿਆਦਾ ਤਨਖਾਹ ਲੈਂਦੇ ਸਨ।ਪਰ ਵੱਧ ਤਾਂ ਦੂਰ ਦੀ ਗੱਲ ਹੈ ਜੋ ਮਿਲ ਰਿਹਾ ਹੈ ਉਹ ਵੀ ਖੋਇਆ ਜਾ ਰਿਹਾ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੌਰਮਿੰਟ ਟੀਚਰ ਯੂਨੀਅਨ ਬਲਾਕ ਕੋਟ ਫਤੂਹੀ ਦੇ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਉਂਕਾਰ ਸਿੰਘ ਅਤੇ ਵਿੱਤ ਸਕੱਤਰ ਹਰਮਨੋਜ ਕੁਮਾਰ ਨੇ ਅੱਡਾ ਈਸਪੁਰ ਵਿਖੇ ਇੱਕ ਅਹਿਮ ਮੀਟਿੰਗ ਵਿੱਚ ਕੀਤਾ। ਆਗੂਆਂ ਨੇ ਕਿਹਾ 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜਮਾਂ 5994 ਅਤੇ 6635 ਈ ਟੀ ਟੀ ਅਧਿਆਪਕਾਂ 3704 ਅਤੇ 4161 ਬੀ. ਐਂਡ ਅਧਿਆਪਕਾਂ ਅਤੇ 873 ਡੀ ਪੀ ਈ ਅਧਿਆਪਕਾਂ ਤੇ ਪੰਜਾਬ ਸਕੇਲ ਲਾਗੂ ਕਰਨ ਦੀ ਬਜਾਏ ਸਰਕਾਰ ਨੇ ਕੇਂਦਰੀ ਤਨਖਾਹ ਕਮਿਸ਼ਨ ਜਬਰੀ ਥੋਪ ਕੇ ਮੁਲਾਜ਼ਮਾਂ ਨਾਲ ਧੱਕਾ ਕੀਤਾ ਹੈ।ਉਕਤ ਪ੍ਰਭਾਵਿਤ ਕੈਟੇਗਰੀ ਅਧਿਆਪਕਾਂ ਨੇ ਪੰਜਾਬ ਦਾ ਤਨਖਾਹ ਸਕੇਲ ਲੈਣ ਲਈ ਮਾਣਯੋਗ ਹਾਈਕੋਰਟ ਦਾ ਰੁੱਖ ਕੀਤਾ ਅਤੇ ਫੈਸਲਾ ਹੱਕ ਵਿੱਚ ਹੋਣ ਉਪਰੰਤ ਵੀ ਵਿੱਤ ਵਿਭਾਗ ਵਲੋਂ ਕਈ ਪ੍ਰਕਾਰ ਦੀਆਂ ਅੜਚਨਾਂ ਪੈਦਾ ਕਰ ਰਿਹਾ ਹੈ।ਆਗੂਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਬਿਨਾਂ ਕਿਸੇ ਭੇਦਭਾਵ ਦੇ ਉਕਤ ਕੈਟਾਗਿਰੀ ਅਧਿਆਪਕਾਂ ਅਤੇ ਹੋਰ ਸਾਰੇ ਮੁਲਾਜ਼ਮਾਂ ਨੂੰ ਪੰਜਾਬ ਸਕੇਲ ਦੇ ਕੇ ਉਹਨਾਂ ਨਾਲ ਨਿਆਂ ਕਰੇ। ਇਸ ਮੌਕੇ ਕਰਮਵੀਰ ਸਿੰਘ, ਜਤਿੰਦਰ ਕੁਮਾਰ, ਅਜੇ ਕੁਮਾਰ, ਕੰਚਨ, ਲਵਦੀਪ ਕੌਰ, ਅਮਰਜੀਤ ਸਿੰਘ, ਬਖਤਾਵਰ ਸਿੰਘ, ਅਭਿਸ਼ੇਕ ਗਰਗ, ਸਤਿਗੁਰ ਸਿੰਘ, ਪਵਨਦੀਪ ਸਿੰਘ, ਨਰੇਸ਼ ਕੁਮਾਰ, ਸਿਮਰਨ ਸਿੰਘ, ਗੁਰਪ੍ਰੀਤ ਸਿੰਘ, ਮੱਖਣ ਸਿੰਘ, ਦਵਿੰਦਰ ਕੁਮਾਰ, ਹਰਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਜ਼ੀਰਕਪੁਰ-ਢਕੋਲੀ ਰੋਡ ਨਵੀਨੀਕਰਨ ਦੇ ਕੰਮ ਦੀ ਵਿਧਾਇਕ ਰੰਧਾਵਾ ਨੇ ਕਰਵਾਈ ਸ਼ੁਰੂਆਤ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਜ਼ੀਰਕਪੁਰ ਤੋਂ ਢਕੋਲੀ ਤੱਕ ਜਾਂਦੇ ਕੇ ਏਰੀਆ ਰੋਡ ਦੇ ਨਵੀਨੀਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਹ ਸੜਕ 1.85 ਕਿਲੋਮੀਟਰ ਲੰਬੀ ਹੈ ਅਤੇ ਇਸਦੇ ਨਵੀਨੀਕਰਨ ਤੇ 2 ਕਰੋੜ 86 ਲੱਖ 32 ਹਜ਼ਾਰ ਰੁਪਏ ਦੀ ਲਾਗਤ ਆਵੇਗੀ। ਇਸ ਯੋਜਨਾ ਦਾ ਮੁੱਖ ਉਦੇਸ਼ ਹਲਕੇ ਵਿੱਚ ਆਵਾਜਾਈ ਸੁਵਿਧਾਵਾਂ ਨੂੰ ਬਿਹਤਰ ਕਰਨਾ, ਆਮ ਜਨਤਾ ਨੂੰ ਸੁਖਦਾਇਕ ਤੇ ਸੁਰੱਖਿਅਤ ਸਫਰ ਮੁਹੱਈਆ ਕਰਵਾਉਣਾ ਅਤੇ ਖੇਤਰ ਦਾ ਆਰਥਿਕ ਤੇ ਸਾਧਨਾਂ ਵਾਲਾ ਵਿਕਾਸ ਤੇਜ਼ ਕਰਨਾ ਹੈ। ਨਵੀਂ ਬਣ ਰਹੀ ਇਹ ਸੜਕ ਜ਼ੀਰਕਪੁਰ-ਢਕੋਲੀ ਆਵਾਜਾਈ ਦੇ ਮਹੱਤਵਪੂਰ ਰੂਟ ਨੂੰ ਹੋਰ ਵੀ ਸੁਚਾਰੂ ਬਣਾਉਣ ਵਿੱਚ ਯੋਗਦਾਨ ਪਾਏਗੀ। ਇਸ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ, ਸਥਾਨਕ ਵਰਕਰਾਂ ਅਤੇ ਆਗੂਆਂ ਨੇ ਵੀ ਸ਼ਿਰਕਤ ਕੀਤੀ। ਇਹਦੇ ਨਾਲ ਹੀ ਐਸ ਡੀ ਓ ਲੋਕ ਨਿਰਮਾਣ ਵਿਭਾਗ ਅਤੇ ਹੋਰ ਅਧਿਕਾਰੀ ਵੀ ਮੌਜੂਦ ਰਹੇ, ਜਿਨ੍ਹਾਂ ਨੇ ਇਸ ਪ੍ਰੋਜੈਕਟ ਦੀ ਤਕਨੀਕੀ ਜਾਣਕਾਰੀ ਅਤੇ ਕਾਰਜ ਪਲਾਨ ਸਾਂਝੇ ਕੀਤੇ।ਹਾਜ਼ਰ ਲੋਕਾਂ ਵੱਲੋਂ ਹਲਕਾ ਵਿਧਾਇਕ ਅਤੇ ਸਰਕਾਰ ਦੇ ਇਸ ਯਤਨ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ।



## ਕਬਾੜ ਸਮਾਨ 'ਚ ਜਮ੍ਹਾਂ ਪਾਣੀ ਹਫ਼ਤੇ 'ਚ ਇਕ ਵਾਰ ਜ਼ਰੂਰ ਸੁਕਾਇਆ ਜਾਵੇ : ਐਸ ਐਮ ਓ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸੀ ਐਚ ਸੀ. ਬੀਨੇਵਾਲ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ.ਨਿਰਮਲ ਕੁਮਾਰ ਨੇ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਦੱਸਿਆ ਕਿ ਡੇਂਗੂ ਇਕ ਵਾਇਰਲ ਬਿਮਾਰੀ ਹੈ ਜੋ ਕਿ ਏਡੀਜ ਮੱਛਰ ਦੇ ਕੱਟਣ ਨਾਲ ਫੈਲਦੀ ਹੈ। ਇਹ ਮੱਛਰ ਦਿਨ ਵੇਲੇ ਕਟੱਦਾ ਹੈ ਅਤੇ ਇਹ ਰੁਕੇ ਹੋਏ ਸਾਫ ਪਾਣੀ ਵਿੱਚ ਹੀ ਪੈਦਾ ਹੁੰਦਾ ਹੈ।ਪਿੰਡ ਬੀਨੈਵਾਲ ਸੀਨੀਅਰ ਮੈਡੀਕਲ ਅਫਸਰ ਡਾ.ਨਿਰਮਲ ਕੁਮਾਰ ,ਨੇ ਕਿਹਾ ਕਿ ਡੇਂਗੂ, ਮਲੇਰੀਆ ਤੇ ਚਿਕਨਗੁਣੀਆ ਦੇ ਲੱਛਣਾਂ ਤੇ ਬਚਾਅ ਸਬੰਧੀ ਉਨ੍ਹਾਂ ਦੱਸਿਆ ਕਿ ਸਾਨੂੰ ਆਪਣੇ ਆਲੇ-ਦੁਆਲੇ ਦੀ ਸਾਫ਼-ਸਫ਼ਾਈ ਦਾ ਖਾਸ ਖਿਆਲ ਰੱਖਣਾ ਚਾਹੀਦਾ ਹੈ। ਗਮਲਿਆਂ, ਫਰਿਜਾਂ ਦੀਆਂ ਟਰੇਆਂ, ਪੁਰਾਣੇ ਟਾਇਰਾਂ, ਛੱਤਾਂ 'ਤੇ ਪਏ ਕਬਾੜ ਸਮਾਨ ਆਦਿ 'ਚ ਪਾਣੀ ਨਾ ਜਮ੍ਹਾਂ ਹੋਣ ਦਿੱਤਾ ਜਾਵੇ। ਉਨ੍ਹਾਂ ਦੱਸਿਆ ਕਿ ਡੇਂਗੂ ਬੁਖਾਰ ਮਾਦਾ ਏਡੀਜ ਏਜਿਪਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਸ ਤੋਂ ਬਚਾਅ ਲਈ ਅਪਣੇ ਸਰੀਰ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖਣਾ ਚਾਹੀਦਾ ਹੈ, ਰਾਤ ਨੂੰ ਸੌਣ ਸਮੇਂ ਮੱਛਰਦਾਨੀ ਤੇ ਮੱਛਰ ਭਜਾਉਣ ਵਾਲੀਆਂ ਕਰੀਮਾ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਡੇਂਗੂ ਬੁਖਾਰ ਦਾ ਟੈਸਟ ਅਤੇ ਇਲਾਜ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਚ ਮੁਫਤ ਕੀਤਾ ਜਾਂਦਾ ਹੈ।



## ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਅਸੈਂਬਲੀ ਕਰਵਾਈ

**ਬਲਾਚੌਰ (ਜਸਵਿੰਦਰ ਬੈਂਸ)**- ਐੱਮ ਆਰ ਸਿਟੀ ਪਬਲਿਕ ਸਕੂਲ, ਬਲਾਚੌਰ ਦਾ ਪਰਿਸਰ ਰੱਬੀ ਰੰਗਤ ਨਾਲ ਰੰਗਿਆ ਹੋਇਆ ਸੀ, ਜਦੋਂ ਸਾਰੇ ਸਕੂਲ ਪਰਿਵਾਰ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾਂ ਸਰਬੋਤਮ ਸ਼ਹਾਦਤ ਨੂੰ ਸਮਰਪਿਤ ਸਪੈਸ਼ਲ ਅਸੈਂਬਲੀ ਵਿੱਚ ਹਿੱਸਾ ਲਿਆ। ਸਵੇਰ ਦੀ ਸਭਾ ਦੀ ਸ਼ੁਰੂਆਤ ਸ਼ਬਦ ਗਿਆਨ ਨਾਲ ਹੋਈ, ਜਿਸ ਨੇ ਪੂਰਾ ਮਾਹੌਲ ਸ਼ਾਤੀ ਅਤੇ ਭਗਤੀ ਨਾਲ ਭਰ ਦਿੱਤਾ। ਵਿਦਿਆਰਥੀਆਂ ਨੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ-ਹਿੰਮਤ, ਦਇਆ, ਨਿਮਰਤਾ ਅਤੇ ਨਿਰਭਉਤਾ ਨੂੰ ਉੱਚੀ ਸੋਚ ਅਤੇ ਦਿਲੋਂ ਉੱਠੀਆਂ ਵਿਚਾਰਾਂ ਰਾਹੀਂ ਜੀਵੰਤ ਕੀਤਾ। ਇਕ ਪੰਜਾਬੀ ਵਿਆਖਿਆਨ ਨੇ ਮਨੁੱਖਤਾ ਅਤੇ ਧਾਰਮਿਕ ਆਜ਼ਾਦੀ ਲਈ ਗੁਰੂ ਜੀ ਦੀ ਬੇਮਿਸਾਲ ਕੁਰਬਾਨੀ ਨੂੰ ਰੋਸ਼ਨ ਕੀਤਾ। ਇਹ ਸਭਾ ਇਕ ਆਤਮਿਕ ਅਨੁਭਵ ਸੀ, ਜੋ 'ਤਿਆਗ ਤੇ ਧਰਮ ਦੀ ਜਿੱਤ' ਦੇ ਸੰਦੇਸ਼ ਨਾਲ ਗੂੰਜ ਰਿਹਾ ਸੀ। ਸਕੂਲ ਪ੍ਰਿੰਸੀਪਲ ਰਿਤੂ ਬਤਰਾ ਨੇ ਸਭ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਲਈ ਕਿਹਾ।



# ਮੇਜਰ ਮਨਦੀਪ ਸਿੰਘ ਦੀ ਚੌਥੀ ਬਰਸੀ ਮੌਕੇ 7 ਦਸੰਬਰ ਨੂੰ ਲਗਾਇਆ ਜਾਵੇਗਾ ਅੱਖਾਂ ਦਾ ਮੁਫਤ ਜਾਂਚ ਕੈਂਪ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸ਼ਹੀਦ ਮੇਜਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਵੱਲੋਂ ਮੇਜਰ ਮਨਦੀਪ ਸਿੰਘ ਦੀ ਚੌਥੀ ਬਰਸੀ 7 ਦਸੰਬਰ ਨੂੰ ਮਨਾਈ ਜਾ ਰਹੀ ਹੈ। ਮੇਜਰ ਮਨਦੀਪ ਸਿੰਘ ਵੈਲਫੇਅਰ ਸੋਸਾਇਟੀ ਵੱਲੋਂ ਕੈਂਪ ਸਬੰਧੀ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਦੌਰਾਨ ਮੇਜਰ ਮਨਦੀਪ ਸਿੰਘ ਦੇ ਪਿਤਾ ਅਤੇ ਸੁਸਾਇਟੀ ਦੇ ਪ੍ਰਧਾਨ ਦਿਲਬਾਗ ਸਿੰਘ ਸੇਵਾ ਮੁਕਤ ਜ਼ਿਲ੍ਹਾ ਸਿੱਖਿਆ ਅਫਸਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 7 ਦਸੰਬਰ ਦਿਨ ਐਤਵਾਰ ਨੂੰ ਸ਼ਹੀਦ ਦੀ ਯਾਦ ਵਿੱਚ ਅੱਖਾਂ ਦੇ ਮਾਹਿਰ ਰਿਟਾਇਰ ਸਿਵਲ ਸਰਜਨ ਡਾਕਟਰ ਦਵਿੰਦਰ ਸਿੰਘ ਢਾਂਡਾ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਮੁਫਤ ਵਿੱਚ ਜਾਂਚ ਕੀਤੀ ਜਾਵੇਗੀ ਅਤੇ ਲੋੜਮੰਦ ਮਰੀਜ਼ਾਂ ਦੇ ਲੈਂਜ਼ ਵਾਲੇ ਆਪਰੇਸ਼ਨ ਮੁਫਤ ਵਿੱਚ ਕੀਤੇ ਜਾਣਗੇ। ਇਸ ਤੋਂ ਇਲਾਵਾ ਮਰੀਜ਼ਾਂ ਨੂੰ ਐਨਕਾ ਅਤੇ ਦਵਾਈਆਂ ਵੀ ਮੁਫਤ ਵਿੱਚ ਦਿੱਤੀਆਂ ਜਾਣਗੀਆਂ। ਸੁਸਾਇਟੀ ਪ੍ਰਧਾਨ ਦਿਲਬਾਗ ਸਿੰਘ ਵੱਲੋਂ ਸ਼ਹਿਰ ਵਾਸੀਆਂ ਨੂੰ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਬੇਨਤੀ ਕੀਤੀ ਗਈ ਹੈ। ਕੈਂਪ ਵਾਲੇ ਦਿਨ ਚਾਹ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਸੋਸਾਇਟੀ ਪ੍ਰਧਾਨ ਦਿਲਬਾਗ ਸਿੰਘ, ਹਰਬੰਸ ਕੌਰ (ਸ਼ਹੀਦ ਦੇ ਮਾਤਾ) ਉਪ ਪ੍ਰਧਾਨ ਅਵਤਾਰ ਸਿੰਘ, ਸਕੱਤਰ ਤਰਸੇਮ ਪਠਲਾਵਾ, ਵਿਤ ਸਕੱਤਰ ਸਤਵਿੰਦਰ ਸਿੰਘ, ਸਲਾਹਕਾਰ ਐਡਵੋਕੇਟ ਹਰਮੇਸ਼ ਸੁਮਨ, ਮੈਂਬਰ ਬਲਵੀਰ ਕੁਮਾਰ, ਅਮਰਜੀਤ ਸਿੰਘ, ਜਸਪਾਲ ਸਿੰਘ, ਗਗਨਦੀਪ ਸਿੰਘ, ਡਾਕਟਰ ਪ੍ਰਭ ਸਿਮਰਨ ਕੌਰ, ਜੀਵਨ ਸਿੰਘ, ਮਨਜੀਤ ਕੌਰ, ਮਹਿੰਦਰ ਸਿੰਘ ਐਸ.ਐਚ.ਓ,ਮੁੱਖ ਆਦਿ ਹਾਜ਼ਰ ਸਨ।



## ਸਿਵਤਾਰ ਸਿੰਘ ਅਟਵਾਲ ਨਮਿਤ ਅਤਿਮ ਅਰਦਾਸ 4 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਬੀ ਕੇ ਯੂ ਕਾਦੀਆਂ ਗਰੁੱਪ ਬਲਾਕ ਨੂਰਮਹਿਲ ਦੇ ਪ੍ਰਧਾਨ ਬੂਟਾ ਸਿੰਘ ਅਟਵਾਲ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਦਾਦਾ ਸਿਵਤਾਰ ਸਿੰਘ ਅਟਵਾਲ ਦੀ ਕੁਝ ਸਮਾਂ ਬਿਮਾਰ ਰਹਿਣ ਪਿੱਛੋਂ ਅਚਾਨਕ ਮੌਤ ਹੋ ਗਈ। ਸਿਵਤਾਰ ਸਿੰਘ 88 ਵਰ੍ਹਿਆਂ ਦੇ ਸਨ। ਸਵ. ਸਿਵਤਾਰ ਸਿੰਘ ਦਾ ਸੰਸਕਾਰ ਉਨਾਂ ਦੇ ਜੱਦੀ ਪਿੰਡ ਤਲਵਣ ਵਿਖੇ ਕੀਤਾ ਗਿਆ। ਉਨਾਂ ਦੀ ਅੰਤਿਮ ਅਰਦਾਸ ਉਨ੍ਹਾਂ ਦੇ ਜੱਦੀ ਪਿੰਡ ਤਲਵਣ ਵਿਖੇ 4 ਦਸੰਬਰ ਨੂੰ ਦੁਪਹਿਰ ਬਾਅਦ ਹੋਵੇਗੀ। ਇਸ ਮੌਕੇ ਸਵ. ਸਿਵਤਾਰ ਸਿੰਘ ਦੇ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹਰਮੀਤ ਸਿੰਘ ਕਾਦੀਆ ਸੂਬਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਕਾਦੀਆ , ਜਲੰਧਰ ਦੇ ਪ੍ਰਧਾਨ ਅਮਰੀਕ ਸਿੰਘ ਭਾਗ ਸਿੰਘ ਪੁਰ, ਜਨ-ਸਕੱਤਰ ਕਮਲਜੀਤ ਸਿੰਘ,ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਲੇਹਲ ਕਲਾਂ, ਨਵਾਂ ਸ਼ਹਿਰ ਦੇ ਪ੍ਰਧਾਨ ਸੁੱਖਵਿੰਦਰ ਸਿੰਘ ਬੱਲੋਵਾਲ, ਫਿਲੌਰ ਬਲਾਕ ਦੇ ਪ੍ਰਧਾਨ ਹਰਜੀਤ ਸਿੰਘ ਮੰਡੀ, ਤਜਿੰਦਰ ਸਿੰਘ ਜੌਹਲ ਬਾਈ, ਬਲਵਿੰਦਰਪਾਲ ਸਿੰਘ ਮੀਤ ਪ੍ਰਧਾਨ ਬਲਾਕ ਨੂਰਮਹਿਲ, ਕਾਂਗਰਸ ਦੇ ਹਲਕਾ ਇੰਚਾਰਜ ਡਾਕਟਰ ਨਵਜੋਤ ਸਿੰਘ ਦਾਹੀਆ ਆਦਿ ਨੇ ਵੀ ਦੁੱਖ ਪ੍ਰਗਟਾਵਾ ਕੀਤਾ।



# ਸਾਲਾਨਾ ਇਨਾਮ ਵੰਡ ਸਮਾਗਮ ਕਰਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਮ ਵਿਖੇ ਸਾਲਾਨਾ ਇਨਾਮ ਵੰਡ ਸਮਾਗਮ ਕਰਾਇਆ ਗਿਆ ਜਿਸ ਵਿੱਚ ਤਰਸੇਮ ਪਾਲ ਸਿੰਘ ਮਿਨਹਾਸ ਕਨੇਡਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉੱਘੇ ਸਮਾਜ ਸੇਵੀ ਹਰੀ ਸਿੰਘ ਜਸਵਾਲ, ਪਰਵਿੰਦਰ ਸਿੰਘ ਸਰਪੰਚ ਭਾਮ , ਸੁਨੀਲ ਕੁਮਾਰ , ਹਰਦੀਪ ਸਿੰਘ, ਦਲਵੀਰ ਸਿੰਘ ,ਗੁਰਪ੍ਰੀਤ ਸਿੰਘ, ਪਰਮਜੀਤ ਸਿੰਘ , ਦਲਵੀਰ ਸਿੰਘ, ਅਮਰਜੀਤ ਸਿੰਘ, ਨਿਰਮਲ ਸਿੰਘ ,ਸਤਨਾਮ ਸਿੰਘ, ਭੁਪਿੰਦਰ ਸਿੰਘ ,ਮਨਦੀਪ ਸਿੰਘ , ਮਨਜੀਤ ਕੌਰ , ਜਸਵਿੰਦਰ ਕੌਰ , ਪਤਵੰਤੇ ਸੱਜਣਾ ਨੇ ਭਾਗ ਲਿਆ। ਇਸ ਮੌਕੇ ਪਹਿਲੇ ਦੂਜੇ ਤੀਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਹਰੀ ਸਿੰਘ ਜਸਵਾਲ ਨੇ 30 ਹਜ਼ਾਰ ਦੇ ਨਕਦ ਇਨਾਮ ਤੇ ਟਰਾਫੀਆਂ ਤਕਸੀਮ ਕੀਤੇ। ਇਸ ਮੌਕੇ ਤਰਸੇਮਪਾਲ ਸਿੰਘ ਮਿਨਹਾਸ ਨੇ ਸਾਰੇ ਸਟਾਫ ਮੈਂਬਰਜ਼ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ।ਇਸ ਮੌਕੇ ਤੇ ਪਰਮਿੰਦਰਜੀਤ ਸਿੰਘ, ਨਰਿੰਦਰ ਕੌਰ, ਹਰਜਿੰਦਰ ਕੌਰ, ਡਿੰਪਲ ਰਾਜਾ, ਜਸਵਿੰਦਰ ਸਿੰਘ, ਤੇਜਿੰਦਰ ਕੌਰ, ਪਰਸ਼ੋਤਮ ਲਾਲ, ਹਰਦੀਪ ਸਿੰਘ, ਮਨਜੀਤ ਕੁਮਾਰ, ਗੁਲਸ਼ਨ ਕੁਮਾਰ, ਹਰੀਸ਼ ਪੁਰੀ, ਗੁਰਨਾਮ ਸਿੰਘ, ਵਿਨੋਦ ਕੁਮਾਰ, ਗਗਨਦੀਪ ਕੌਰ , ਸੰਦੀਪ ਕੌਰ ਆਦਿ ਵੀ ਮੌਜੂਦ ਸਨ।



## ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਵਿੱਚ ਬਲਾਚੌਰ ਪਬਲਿਕ ਸਕੂਲ ਵਿਖੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਸ਼ਰਧਾ ਅਤੇ ਸਤਿਕਾਰ ਸਹਿਤ ਕਰਵਾਇਆ ਗਿਆ। ਬੱਚਿਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਵਾਗਤ ਫੁੱਲਾਂ ਦੀ ਵਰਖਾ ਨਾਲ ਕੀਤਾ ਗਿਆ। ਉਪਰੰਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ ਪਾਇਆ ਗਿਆ। ਸਮਾਗਮ ਦੌਰਾਨ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਇਆ ਦਾਸ ਜੀ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਹੋਇਆਂ ਬੱਚਿਆਂ ਵੱਲੋਂ ਸ਼ਬਦ ਗਾਇਨ ਕੀਤੇ ਗਏ। ਉਸ ਤੋਂ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਐਚ ਪੀ ਸਿੰਘ, ਪ੍ਰਿੰਸੀਪਲ, ਵਿਜਿੰਦਰਾ ਸਿੰਘ ਵਾਈਸ ਚੇਅਰਮੈਨ, ਹਰਪ੍ਰੀਤ ਕੌਰ ਵਾਈਸ ਪ੍ਰਿੰਸੀਪਲ, ਪਰਮਜੀਤ ਸਹਿਗਲ, ਕਮਲੇਸ਼ ਸਹਿਗਲ, ਡਾ. ਸਤਿੰਦਰ ਪਾਲ, ਸੇਵਾ ਮੁਕਤ ਬ੍ਰਿਗੇਡੀਅਰ ਰਾਜ ਕੁਮਾਰ, ਸਤਨਾਮ ਸਿੰਘ ਐਸ ਪੀ ਪੰਜਾਬ ਪੁਲਸ, ਜੇ ਡੀ ਸ਼ਰਮਾ, ਅਮਿਤ ਬਾਗੀ ਅਤੇ ਹੋਰ ਵੱਖ ਵੱਖ ਸ਼ਖ਼ਸੀਅਤਾਂ ਹਾਜ਼ਰ ਸਨ।



## ਸੰਤ ਬਾਬਾ ਮੇਲਾ ਦਾਸ ਦੀ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀ ਸਮਾਗਮ ਭਲਕੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਨੜ੍ਹਡ ਵਿਖੇ ਸਤਿਗੁਰ ਬੰਦੀ ਛੋੜ ਈਸ਼ਰ ਦਾਸ ਸੱਤ ਸਾਹਿਬ ਡੇਰਾ ਪ੍ਰੇਮਪੁਰਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਬੇਲਾ ਦਾਸ ਜੀ ਦਾ ਬੀਤੀ ਦਿਨੀ ਦੇਹਾਂਤ ਹੋ ਗਿਆ ਸੀ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਸੰਤ ਸਮਾਜ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਸੰਤ ਬਾਬਾ ਬੇਲਾ ਦਾਸ ਜੀ ਦੇ ਭਰਾ ਮਨਜੀਤ ਸਿੰਘ, ਦਲਵਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ 28 ਨਵੰਬਰ ਨੂੰ ਸੰਤ ਬਾਬਾ ਬੇਲਾ ਦਾਸ ਦੀ ਆਤਮਿਕ ਸ਼ਾਂਤੀ ਲਈ ਈਸ਼ਰ ਦਾਸ ਬਾਣੀ ਜੀ ਦੇ ਪਾਠ ਦੇ ਭੋਗ ਪਾਏ ਜਾਣਗੇ। ਉਪਰੰਤ ਇਲਾਕੇ ਭਰ ਤੋਂ ਸੰਤ ਮਹਾਂਪੁਰਸ਼ ਰਾਗੀ ਜਥੇ ਗੁਰਬਾਣੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਉਹਨਾਂ ਦੱਸਿਆ ਕਿ ਸ਼ਰਧਾਂਜਲੀ ਸਮਾਗਮ ਦੌਰਾਨ ਇਲਾਕੇ ਭਰ ਤੋਂ ਸਾਧੂ ਸੰਤ ਮਹਾਂਪੁਰਸ਼ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀਆਂ ਭੇਟ ਕਰਨਗੇ। ਇਸ ਮੌਕੇ ਗੁਰੂ ਜੀ ਦੇ ਅਤੁੱਟ ਲੰਗਰ ਵਰਤਾਏ ਜਾਣਗੇ।

# ਖ਼ਾਲਸਾ ਕਾਲਜ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮੁਕਾਬਲੇ ਕਰਵਾਏ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**
ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਐਜੂਕੇਸ਼ਨ ਵਿਭਾਗ ਵਲੋਂ ਪੋਸਟਰ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿਚ ਹਿੱਸਾ ਲੈਂਦਿਆ ਐਜੂਕੇਸ਼ਨ ਵਿਭਾਗ ਦੇ ਵਿਦਿਆਰਥੀਆਂ ਨੇ ਪੋਸਟਰ ਅਤੇ ਸਲੋਗਨ ਰਾਈਟਿੰਗ ਦੇ ਮੁਕਾਬਲੇ ਦੁਆਰਾ ਗੁਰੂ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਬਾਖੂਬੀ ਪੇਸ਼ ਕੀਤਾ। ਪੋਸਟਰ ਮੇਕਿੰਗ ਦੇ ਮੁਕਾਬਲੇ ਵਿਚ ਸਿਮਰਨ ਕੌਰ ਬੀ.ਐੱਸ.ਸੀ. ਬੀ.ਐੱਡ. ਚੌਥਾ ਸਾਲ ਨੇ ਪਹਿਲਾ ਸਥਾਨ, ਅੰਕਿਤਾ ਅਤੇ ਤਾਨੀਆ ਬੀ.ਏ. ਬੀ.ਐੱਡ. ਭਾਗ ਪਹਿਲਾ ਨੇ ਦੂਜਾ ਸਥਾਨ, ਰਿਤਿਕਾ ਬੀ.ਐੱਸ.ਸੀ. ਬੀ.ਐੱਡ. ਭਾਗ ਦੂਜਾ ਅਤੇ ਗੁਰਿੰਦਰ ਕੌਰ ਬੀ.ਏ. ਬੀ.ਐੱਡ. ਭਾਗ ਪਹਿਲਾ ਨੇ ਤੀਜਾ ਸਥਾਨ ਹਾਸਿਲ ਕੀਤਾ। ਸਲੋਗਨ ਰਾਈਟਿੰਗ ਮੁਕਾਬਲੇ ਵਿਚ ਸਿਮਰਨ ਕੌਰ ਬੀ.ਐਸ.ਸੀ. ਬੀ.ਐੱਡ. ਭਾਗ ਚੌਥਾ ਅਤੇ ਨਵਰਾਜ ਬੀ.ਏ. ਬੀ.ਐੱਡ. ਨੇ ਤੀਜਾ ਸਾਲ ਨੇ ਪਹਿਲਾ ਸਥਾਨ, ਜਸ਼ਨਦੀਪ ਸਿੰਘ ਅਤੇ ਇੰਦਰਵੀਰ ਸਿੰਘ ਬੀ.ਏ. ਬੀ.ਐੱਡ. ਭਾਗ ਪਹਿਲਾ ਨੇ ਦੂਜਾ ਸਥਾਨ, ਅੰਕਿਤਾ ਸਿੰਘ ਅਤੇ ਹਿਮਾਸ਼ੂ ਧੀਮਾਨ ਬੀ.ਐੱਸ.ਸੀ. ਬੀ.ਐੱਡ. ਤੀਜਾ ਸਾਲ ਨੇ ਤੀਜਾ ਸਥਾਨ ਹਾਸਿਲ ਕੀਤਾ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਮੁਕਾਬਲੇ 'ਚ ਅਵੱਲ ਰਹੇ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਉਨ੍ਹਾਂ ਦੀ ਹੌਂਸਲਾ ਅਫ਼ਜਾਈ ਕੀਤੀ ਤੇ ਬਾਕੀ ਵਿਦਿਆਰਥੀਆਂ ਨੂੰ ਵੀ ਅਜਿਹੇ ਮੁਕਾਬਲਿਆਂ ਦਾ ਹਿੱਸਾ ਬਣਨ ਲਈ ਪ੍ਰੇਰਿਤ ਕੀਤਾ। ਡਾ. ਅਮਨਦੀਪ ਹੀਰਾ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੀ ਮਿਸਾਲ ਦੁਨੀਆਂ 'ਚ ਹੋਰ ਕਿਧਰੇ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਗੁਰੂ ਸਾਹਿਬ ਦੀ ਸ਼ਹਾਦਤ ਤੋਂ ਸੇਧ ਲੈਣ ਦੀ ਲੋੜ ਹੈ। ਇਸ ਮੌਕੇ ਪ੍ਰੋ. ਲਖਵਿੰਦਰਜੀਤ ਕੌਰ, ਡਾ. ਜਾਨਕੀ ਅਗਰਵਾਲ, ਡਾ. ਹਰਵਿੰਦਰ ਕੌਰ, ਵਿਭਾਗ ਮੁਖੀ ਪ੍ਰੋ. ਸੰਘਾ ਗੁਰਬਖਸ਼ ਕੌਰ, ਡਾ. ਨਰੇਸ਼ ਕੁਮਾਰੀ, ਪ੍ਰੋ. ਕਿਰਨਜੋਤ ਕੌਰ ਤੇ ਸਟਾਫ਼ ਹਾਜ਼ਰ ਸੀ।


# ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦੇ ਸੰਬੰਧ 'ਚ ਅਕਾਲੀ ਆਗੂਆਂ ਦੀ ਮੀਟਿੰਗ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**
ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਦੇ ਸੀਨੀਅਰ ਅਕਾਲੀ ਆਗੂਆਂ ਤੇ ਹਲਕਾ ਇੰਚਾਰਜ ਦੀ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਦੀ ਅਗਵਾਈ ਹੇਠ ਹੋਈ।ਇਸ ਮੌਕੇ ਤੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਜ਼ਿਲ੍ਹਾ ਪ੍ਰੀਸ਼ਦਾਂ ਅਤੇ ਬਲਾਕ ਸੰਮਤੀ ਚੋਣਾਂ ਪਾਰਟੀ ਦੇ ਚੋਣ ਨਿਸ਼ਾਨ ਤੱਕੜੀ ਤੇ ਲੜਨ ਦਾ ਫੈਸਲਾ ਲਿਆ ਗਿਆ ਉਸ ਦੀ ਇਨ ਬਿਨ ਬਾਲਣਾ ਕੀਤੀ ਜਾਵੇਗੀ ਅਤੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਸਾਰੀਆਂ ਹੀ ਜ਼ਿਲ੍ਹਾ ਪ੍ਰੀਸ਼ਦਾਂ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਲੜੇਗਾ। ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਪੂਰੀ ਤਰ੍ਹਾਂ ਮਜਬੂਤ ਹੈ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਤੇ ਬਲਾਕ ਸੰਮਤੀ ਚੋਣਾਂ ਵਿੱਚ ਸਾਰੀਆਂ ਸੀਟਾਂ ਤੇ ਚੋਣ ਲੜ ਕੇ ਇਹਨਾਂ ਚੋਣਾਂ ਵਿੱਚ ਵੱਡੀ ਪੱਧਰ ਤੇ ਜਿੱਤ ਪ੍ਰਾਪਤ ਕਰੇਗਾ। ਇਸ ਮੌਕੇ ਤੇ ਜਤਿੰਦਰ ਸਿੰਘ ਲਾਲੀ ਬਾਜਵਾ ਹਲਕਾ ਇੰਚਾਰਜ ਹੁਸ਼ਿਆਰਪੁਰ,ਅਰਵਿੰਦਰ ਸਿੰਘ ਰਸੂਲਪੁਰ ਹਲਕਾ ਇੰਚਾਰਜ ਟਾਂਡਾ ਉੜਮੁੜ,ਜਥੇਦਾਰ ਦੇਸ ਰਾਜ ਸਿੰਘ ਧੁੱਗਾ ਸਾਬਕਾ ਮੰਤਰੀ ਪੰਜਾਬ, ਸੰਜੀਵ ਤਲਵਾੜ ਹੁਸ਼ਿਆਰਪੁਰ, ਜਸ਼ਨ ਜ਼ਿਲ੍ਹਾ ਪ੍ਰਧਾਨ,ਐਸ ਓ ਆਈ, ਗੁਰਪ੍ਰੀਤ ਸਿੰਘ ਚੀਮਾ, ਭੁਪਿੰਦਰ ਸਿੰਘ ਨਿੱਲੂ, ਕਿਰਪਾਲ ਸਿੰਘ ਗੇਰਾ, ਲਖਵਿੰਦਰ ਸਿੰਘ ਟਿੰਮੀ , ਸਰਬਜੀਤ ਸਿੰਘ ਮੋਮੀ ਟਾਂਡਾ, ਕਮਲਜੀਤ ਸਿੰਘ ਤੁਲੀ, ਨਿਰਮਲ ਸਿੰਘ ਭੀਲੋਵਾਲ, ਸਤਨਾਮ ਸਿੰਘ ਬੰਟੀ, ਈਸ਼ਰ ਸਿੰਘ ਮੰਜਪੁਰ, ਸਤਵਿੰਦਰ ਸਿੰਘ ਪੰਡੋਰੀ, ਅਤਰ ਸਿੰਘ, ਨਵਦੀਪ ਸਿੰਘ ਹੈਪੀ, ਅੰਮ੍ਰਿਤਪਾਲ ਸਿੰਘ ਮੰਝਪੁਰ ਆਦਿ ਹੋਰ ਅਕਾਲੀ ਆਗੂ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਕੀਰਤਨ ਦਰਬਾਰ ਕਰਵਾਇਆ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਧੰਨ ਧੰਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਿਤ ਪਿੰਡ ਚੁਹੜ ਪੁਰ ਵਿੱਚ ਮਿੱਟੀ 22 ਅਤੇ 23 ਤਰੀਕ ਰਾਤ ਨੂੰ ਕੀਰਤਨ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਸੰਤ ਕਿਸ਼ਨ ਨਾਥ ਚਹੇੜੂ, ਬਾਬਾ ਕੇਵਲ ਸਿੰਘ ਖੁਰਾਲ ਗੜ੍ਹ, ਭਾਈ ਬਲਰਾਮ ਸਿੰਘ ਜੀ ਭਵਾਨੀਗੜ੍ਹ, ਸਾਈ ਪਿੱਪਲ ਸ਼ਾਹ ਜੀ ਭਰੋ ਮਜਾਰਾ, ਸੰਤ ਸੁਰਿੰਦਰ ਦਾਸ ਜੀ ਮੁੱਖ ਸੇਵਾਦਾਰ ਖੁਰਾਲਗੜ੍ਹ ਸੰਤ ਕਰਮ ਚੰਦ ਨੇ ਆਈਆਂ ਹੋਈਆਂ ਸੰਗਤਾਂ ਨੂੰ ਸਤਿਗੁਰਾਂ ਦੇ ਉਪਦੇਸ਼ਾਂ ਨੂੰ ਆਈ ਹੋਈ ਸੰਗਤ ਨਾਲ ਆਪਣੇ ਪ੍ਰਵਚਨਾਂ ਰਾਹੀਂ ਸਾਂਝਾ ਕੀਤਾ। ਇਸ ਤੋਂ ਬਾਅਦ ਨਿੱਕ, ਸਤੀਸ਼ ਕੁਮਾਰ ਲਾਲ ਅਤੇ ਪਰਵਿੰਦਰ ਸੂਦ ਰਿਟਾਇਰਡ ਕਾਨੂੰਗੋ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਕ੍ਰਾਂਤੀਕਾਰੀ ਜੀਵਨ ਤੇ ਚਾਨਣਾ ਪਾਇਆ। ਇਸ ਸਮੇਂ ਦੌਰਾਨ ਸ੍ਰੀ ਮਨਜੀਤ ਰਾਜੂ ਕੁਲਵਿੰਦਰ ਰਾਜੂ ਜਗਦੀਸ਼ ਸੁਮਨ ਗੰਗੜ ਪਿੰਡ ਚੁਹੜਪੁਰ ਦੀ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਹਿਬ ਸ੍ਰੀ ਕਾਸੀ ਰਾਮ ਸਮਾਜ ਭਲਾਈ ਸੁਸਾਇਟੀ ਦੇ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ।



27-NOV-PAGE-1.qxd 11/26/2025 10:12 PM Page 2



## ਪੁਲਸ ਨਾਲ ਗੈਂਗਸਟਰਾਂ ਦਾ ਹੋਇਆ ਮੁਕਾਬਲਾ, ਇੱਕ ਜ਼ਖ਼ਮੀ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਪੁਲਸ ਨਾਲ ਹੋਏ ਇੱਕ ਮੁਕਾਬਲੇ 'ਚ ਕਰੀਬ ਇਕ ਦਰਜਨ ਮਾਮਲਿਆਂ ਵਿਚ ਲੋੜੀਂਦੇ ਇਕ ਖ਼ਤਰਨਾਕ ਅਪਰਾਧੀ ਦੇ ਜ਼ਖ਼ਮੀ ਹੋਣ ਦੀ ਖ਼ਬਰ ਹੈ। ਐਸ.ਪੀ ਨਵਰੀਤ ਸਿੰਘ ਵਿਰਕ ਨੇ ਦੱਸਿਆ ਕਿ ਸ਼ਾਮ ਸਵਾ ਕੁ ਚਾਰ ਵਜੇ ਜਦੋਂ ਸੀ ਏ ਆਈ ਸਟਾਫ ਸੰਗਰੂਰ ਦੀ ਟੀਮ ਸਹਾਇਕ ਥਾਣੇਦਾਰ ਸੰਦੀਪ ਸਿੰਘ ਦੀ ਅਗਵਾਈ 'ਚ ਸੁਨਾਮ 'ਚ ਸ਼ਹੀਦ ਚੌਕ ਦੇ ਨਾਲ-ਨਾਲ ਬਣੀ ਸੜਕ 'ਤੇ ਗਸ਼ਤ ਕਰ ਰਹੀ ਸੀ ਤਾਂ ਸਾਹਮਣੇ ਤੋਂ ਇਕ ਬਿਨਾਂ ਨੰਬਰੀ ਮੋਟਰਸਾਈਕਲ 'ਤੇ ਸਵਾਰ ਇੱਕ ਵਿਅਕਤੀ ਆ ਰਿਹਾ ਸੀ, ਪਰ ਅਚਾਨਕ ਉਸ ਨੇ ਪੁਲਸ ਦੀ ਗੱਡੀ ਨੂੰ ਵੇਖ ਕੇ ਵਾਪਸ ਘੁਮਾਉਣ ਲੱਗਾ ਤਾਂ ਉਹ ਡਿੱਗ ਪਿਆ ਅਤੇ ਡਿੱਗਦੇ ਸਾਰ ਹੀ ਉਸ ਨੇ ਪੁਲਸ ਮੁਲਾਜ਼ਮਾਂ ਵੱਲ ਪਿਸਟਲ ਨਾਲ ਚਾਰ ਫਾਇਰ ਕੀਤੇ।ਜਿਨ੍ਹਾਂ 'ਚੋਂ ਇਕ ਫਾਇਰ ਪੁਲਸ ਦੀ ਗੱਡੀ ਵਿੱਚ ਲੱਗਾ।ਇਸ ਸਮੇਂ ਪੁਲਸ ਮੁਲਾਜ਼ਮਾਂ ਨੇ ਵੀ ਮੁਸਤੈਦੀ ਵਰਤਦਿਆਂ ਜਵਾਬੀ ਫਾਇਰ ਕੀਤੇ।ਜਿਨ੍ਹਾਂ 'ਚੋਂ ਇੱਕ ਫਾਇਰ ਦੋਸ਼ੀ ਦੀ ਲੱਤ 'ਚ ਲੱਗਾ, ਜਿਸ ਕਾਰਨ ਉਹ ਜ਼ਮੀਨ ਤੇ ਡਿੱਗ ਪਿਆ, ਜਿਸ ਤੋਂ ਪੁਲਸ ਮੁਲਾਜ਼ਮਾਂ ਵੱਲੋਂ ਉਸ ਨੂੰ ਕਾਬੂ ਕਰਕੇ ਸੁਨਾਮ ਸਿਵਲ ਹਸਪਤਾਲ ਵਿਖੇ ਇਲਾਜ ਲਈ ਦਾਖਲ ਕਰਾ ਦਿੱਤਾ ਗਿਆ। ਐਸ ਪੀ ਵਿਰਕ ਨੇ ਦੱਸਿਆ ਕਿ ਮੁੱਢਲੀ ਪੜਤਾਲ ਤੋਂ ਪਤਾ ਲੱਗਾ ਹੈ ਕਿ ਇਹ ਜ਼ਖ਼ਮੀ ਵਿਅਕਤੀ ਦਾ ਨਾਂਅ ਜਸਵਿੰਦਰ ਸਿੰਘ ਉਰਫ਼ ਜੱਸੀ, ਜੋ ਪਿੰਡ ਰੂਪਾਹੇੜੀ (ਸੰਗਰੂਰ) ਦਾ ਰਹਿਣ ਵਾਲਾ ਹੈ ਤੇ ਇਸ ਦੇ ਖਿਲਾਫ ਪਹਿਲਾਂ ਤੋਂ ਹੀ 11 ਅਪਰਾਧਕ ਮਾਮਲੇ ਦਰਜ ਹਨ। ਜਿਨ੍ਹਾਂ 'ਚੋਂ 8 ਸੰਗਰੂਰ, ਲੁਧਿਆਣਾ, ਪਟਿਆਲਾ ਤੇ ਮਲੇਰਕੋਟਲਾ ਵਿੱਚ ਇੱਕ-ਇੱਕ ਮਾਮਲਾ ਦਰਜ ਹੈ।ਉਨ੍ਹਾਂ ਕਿਹਾ ਕਿ ਇਹ ਵੀ ਪੜਤਾਲ ਕੀਤੀ ਜਾ ਰਹੀ ਹੈ ਕਿ ਇਹ ਦੋਸ਼ੀ ਕਿਸੇ ਗੈਂਗਸਟਰ ਗੈਂਗ ਨਾਲ ਤਾਂ ਨਹੀ ਜੁੜਿਆ ਹੋਇਆ।



## ਕੇਂਦਰ ਦਾ ਸੂਬੇ ਨਾਲ ਮਤਰੇਈ ਮਾਂ ਵਾਲਾ ਸਲੂਕ : ਭਗਵੰਤ ਮਾਨ

### 31,000 ਤੋਂ ਵੱਧ ਪਰਵਾਰਾਂ ਨੂੰ 377 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਵੰਡਣ ਦਾ ਅਮਲ ਸ਼ੁਰੂ

**ਡੇਰਾ ਬਾਬਾ ਨਾਨਕ/ਧਾਰੀਵਾਲ (ਰਮੇਸ਼ ਸ਼ਰਮਾ, ਮਨਦੀਪ ਸਿੰਘ ਵਿੱਕੀ)**- ਸੂਬੇ ਦੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਰਾਹਤ ਪ੍ਰਦਾਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬੁੱਧਵਾਰ ਨੂੰ 31,000 ਤੋਂ ਵੱਧ ਪਰਿਵਾਰਾਂ ਜਿਨ੍ਹਾਂ ਦੇ ਘਰ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ ਨੁਕਸਾਨੇ ਗਏ ਸਨ, ਨੂੰ ਮੁਆਵਜ਼ਾ ਵੰਡਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਿਆਨਕ ਹੜ੍ਹਾਂ ਕਾਰਨ ਪੰਜਾਬ ਦੇ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਹੈ ਅਤੇ ਪ੍ਰਭਾਵਿਤ ਪਰਿਵਾਰਾਂ ਦਾ ਦਰਦ ਬਿਆਨ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਹੜ੍ਹਾਂ ਦੌਰਾਨ ਕਿਸਾਨਾਂ ਨੂੰ ਹੋਏ ਫਸਲੀ ਨੁਕਸਾਨ ਲਈ 20,000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ੇ ਦੀ ਅਦਾਇਗੀ ਪਹਿਲਾਂ ਹੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਦੇਸ਼ ਦੀ ਕਿਸੇ ਵੀ ਸਰਕਾਰ ਵੱਲੋਂ ਦਿੱਤਾ ਗਿਆ ਸਭ ਤੋਂ ਵੱਧ ਫਸਲੀ ਮੁਆਵਜ਼ਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਵੱਲੋਂ ਘਰਾਂ ਦੇ ਨੁਕਸਾਨ ਲਈ ਇੱਕ ਵਿਆਪਕ ਪੁਨਰਵਾਸ ਪੈਕੇਜ ਵੀ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਪ੍ਰਭਾਵਿਤ ਪਰਿਵਾਰਾਂ ਨੂੰ ਪੂਰੀ ਤਰ੍ਹਾਂ ਨੁਕਸਾਨੇ ਗਏ ਘਰ ਲਈ 1.20 ਲੱਖ ਰੁਪਏ ਦਿੱਤੇ ਜਾ ਰਹੇ ਹਨ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਹੜ੍ਹਾਂ ਦੌਰਾਨ ਸੂਬੇ ਭਰ ਵਿੱਚ ਨੁਕਸਾਨੇ ਗਏ ਲਗਪਗ 30,000 ਘਰਾਂ ਵਿੱਚੋਂ 8,056 ਘਰ ਇਕੱਲੇ ਗੁਰਦਾਸਪੁਰ ਜ਼ਿਲ੍ਹੇ ਨਾਲ ਸਬੰਧਤ ਹਨ।ਮੁੱਖ ਮੰਤਰੀ ਨੇ ਕਿਹਾ ਕਿ ਪ੍ਰਭਾਵਿਤ ਪਰਿਵਾਰਾਂ ਨੂੰ 377 ਕਰੋੜ ਰੁਪਏ ਦਾ ਮੁਆਵਜ਼ਾ ਵੰਡਿਆ ਜਾ ਰਿਹਾ ਹੈ ਤਾਂ ਜੋ ਉਹ ਆਪਣੇ ਘਰ ਦੁਬਾਰਾ ਬਣਾ ਸਕਣ। ਉਨ੍ਹਾਂ ਅੱਗੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਘਰ ਦੀ ਮੁਰੰਮਤ ਲਈ ਹਰੇਕ ਯੋਗ ਪਰਿਵਾਰ ਨੂੰ ਪਹਿਲੀ ਕਿਸ਼ਤ ਵਜੋਂ 70,000 ਰੁਪਏ ਪਹਿਲਾਂ ਹੀ ਜਾਰੀ ਕਰ ਦਿੱਤੇ ਗਏ ਹਨ, ਜਦੋਂ ਕਿ ਬਾਕੀ ਰਾਸ਼ੀ ਦੋ ਵਾਧੂ ਕਿਸ਼ਤਾਂ ਵਿੱਚ ਵੰਡੀ ਜਾ ਰਹੀ ਹੈ। ਮਾਨ ਨੇ ਦੱਸਿਆ ਕਿ ਹੜ੍ਹਾਂ ਕਾਰਨ ਸੂਬੇ ਨੂੰ ਲਗਪਗ 13,500 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ।ਉਨ੍ਹਾਂ ਨੇ ਆਪਣੀ ਪੁਰਜ਼ੋਰ ਮੰਗ ਦੁਹਰਾਈ ਕਿ ਕੇਂਦਰ ਸਰਕਾਰ ਜਨਤਕ ਤੌਰ 'ਤੇ ਐਲਾਨੇ 1,600 ਕਰੋੜ ਰੁਪਏ ਦੇ ਰਾਹਤ ਪੈਕੇਜ ਨੂੰ ਤੁਰੰਤ ਜਾਰੀ ਕਰੇ।ਮੁੱਖ ਮੰਤਰੀ ਨੇ ਕਿਹਾ ਕਿ ਵਾਅਦਾ ਕੀਤੀ ਗਈ ਸਹਾਇਤਾ ਰਾਸ਼ੀ ਨੂੰ ਰੋਕਣਾ ਕੇਂਦਰ ਵੱਲੋਂ ਲੋਕਾਂ ਨਾਲ ਕੀਤਾ ਇੱਕ ਹੋਰ 'ਜੁਮਲਾ' ਹੈ। ਉਨ੍ਹਾਂ ਨੇ ਪੰਜਾਬ ਨਾਲ ਕੀਤੇ ਜਾ ਰਹੇ ਮਤਰੇਈ ਮਾਂ ਵਾਲੇ ਸਲੂਕ ਲਈ ਕੇਂਦਰ ਸਰਕਾਰ ਦੀ ਕੜੀ ਨਿੰਦਿਆ ਕੀਤੀ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ ਦਲ 'ਤੇ ਹਮਲਾ ਕਰਦਿਆਂ ਕਿਹਾ ਕਿ ਉਸ ਦਾ ਏਜੰਡਾ ਸਿਰਫ ਚਾਰ ਮੁੱਖ ਨੁਕਤਿਆਂ 'ਮੇਰਾ ਪੁੱਤਰ, ਮੇਰਾ ਭਤੀਜਾ, ਮੇਰਾ ਸਾਲਾ, ਮੇਰਾ ਜੀਜਾ' ਦੁਆਲੇ ਘੁੰਮਦਾ ਹੈ ਅਤੇ ਉਨ੍ਹਾਂ ਦਾ ਆਮ ਜਨਤਾ ਦੀ ਭਲਾਈ ਨਾਲ ਕੋਈ ਲੈਣਾ-ਦੇਣਾ ਨਹੀਂ ਹੈ।



## ਚੰਡੀਗੜ੍ਹ ਨੂੰ ਬਚਾਉਣ ਲਈ ਭਾਜਪਾ ਖ਼ਿਲਾਫ਼ ਧਰਨਾ ਲਾਵੇ ਬੀਬਾ ਜੈਇੰਦਰ ਕੌਰ : ਤੇਜਿੰਦਰ ਮਹਿਤਾ



**ਨਾਭਾ (ਵਰਿੰਦਰ ਵਰਮਾ)** ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਨੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪ੍ਰਸਤਾਵਿਤ 131ਵੀਂ ਸੰਵਿਧਾਨਕ ਸੋਧ ਬਿਲ ਨੂੰ ਚੰਡੀਗੜ੍ਹ ਨੂੰ ਪੰਜਾਬ ਤੋਂ ਖੋਹਣ ਦੀ ਸਿੱਧੀ ਤੇ ਖ਼ਤਰਨਾਕ ਤਿਆਰੀ ਕਰਾਰ ਦਿੰਦੇ ਹੋਏ ਇਸ ਦੀ ਤਿੱਖੀ ਨਿੰਦਾ ਕੀਤੀ ਹੈ।ਚੇਅਰਮੈਨ ਤੇਜਿੰਦਰ ਮਹਿਤਾ ਨੇ ਮੋਤੀ ਮਹਿਲ 'ਤੇ ਹਮਲਾ ਬੋਲਦਿਆਂ ਕਿਹਾ ਕਿ ਭਾਜਪਾ ਮਹਿਲਾ ਮੋਰਚਾ ਦੀ ਪ੍ਰਦੇਸ਼ ਪ੍ਰਧਾਨ ਅਤੇ ਕੈਪਟਨ ਅਮਰਿੰਦਰ ਸਿੰਘ ਦੀ ਧੀ ਬੀਬਾ ਜੈਇੰਦਰ ਕੌਰ ਜੋ ਚੰਡੀਗੜ੍ਹ ਵਿੱਚ ਪੰਜਾਬ ਸਰਕਾਰ ਖ਼ਿਲਾਫ਼ ਧਰਨਾ ਲਾ ਰਹੀ ਹੈ, ਉਹ ਹੁਣ ਆਪਣੇ ਪੰਜਾਬੀ ਹੋਣ ਦਾ ਸਬੂਤ ਦਿੰਦੇ ਹੋਏ ਚੰਡੀਗੜ੍ਹ ਬਚਾਉਣ ਲਈ ਕੇਂਦਰ ਦੀ ਭਾਜਪਾ ਪਾਰਟੀ ਸਰਕਾਰ ਖ਼ਿਲਾਫ਼ ਧਰਨਾ ਲਾਵੇ। ਸ੍ਰੀ ਤੇਜਿੰਦਰ ਮਹਿਤਾ ਨੇ ਕਿਹਾ ਕਿ ਮੋਤੀ ਮਹਿਲ ਹਮੇਸ਼ਾ ਸੱਤਾ ਵਿੱਚ ਰਹਿਣ ਦੇ ਜੁਗਾੜ ਲੱਗਿਆ ਰਹਿੰਦਾ ਹੈ।ਮਹਿਲ ਵਾਲਿਆਂ ਨੂੰ ਪੰਜਾਬ, ਪੰਜਾਬੀ, ਪੰਜਾਬੀਅਤ ਅਤੇ ਪੰਜਾਬ ਦੇ ਹੱਕਾਂ ਨਾਲ ਕੋਈ ਸਰੋਕਾਰ ਨਹੀਂ। ਉਨ੍ਹਾਂ ਨੇ ਕਿਹਾ ਕਿ ਚੰਡੀਗੜ੍ਹ ਪੰਜਾਬ ਦਾ ਸੀ, ਹੈ ਅਤੇ ਰਹੇਗਾ।131ਵੀਂ ਸੋਧ ਬਿਲ ਰਾਹੀਂ ਕਿਸੇ ਨੂੰ ਵੀ ਚੰਡੀਗੜ੍ਹ ਖੋਹਣ ਨਹੀਂ ਦਿੱਤਾ ਜਾਵੇਗਾ।ਚੇਅਰਮੈਨ ਮਹਿਤਾ ਨੇ ਕਿਹਾ ਕਿ ਇਹ ਬਿਲ ਸਿਰਫ਼ ਪ੍ਰਸ਼ਾਸਨਿਕ ਸੋਧ ਨਹੀਂ, ਇਹ ਪੰਜਾਬ ਦੇ ਹੱਕਾਂ ਉੱਤੇ ਸਭ ਤੋਂ ਵੱਡਾ ਸੰਵਿਧਾਨਕ ਹਮਲਾ ਹੈ।ਭਾਜਪਾ ਸਰਕਾਰ ਚੰਡੀਗੜ੍ਹ ਨੂੰ ਕੇਂਦਰ ਦੇ ਪੂਰੇ ਕਬਜ਼ੇ ਹੇਠ ਲਿਆਉਣ ਲਈ ਰਸਤਾ ਸਾਫ਼ ਕਰ ਰਹੀ ਹੈ, ਜਿਸ ਨਾਲ ਪੰਜਾਬ ਦੇ ਇਤਿਹਾਸਕ ਅਤੇ ਕਾਨੂੰਨੀ ਦਾਅਵੇ ਨੂੰ ਕਮਜ਼ੋਰ ਕੀਤਾ ਜਾ ਸਕੇ।ਚੰਡੀਗੜ੍ਹ ਸਿਰਫ਼ ਇੱਕ ਸ਼ਹਿਰ ਨਹੀਂ, ਇਹ ਪੰਜਾਬ ਦੀ ਪਛਾਣ, ਪੰਜਾਬ ਦਾ ਅਧਿਕਾਰ ਤੇ ਪੰਜਾਬ ਦੀ ਸੰਵਿਧਾਨਕ ਮਾਲਕੀ ਦਾ ਪ੍ਰਤੀਕ ਹੈ।

## ਹਡਾਣਾ ਨੇ ਭੁਨਰਹੇੜੀ ਬਲਾਕ ਦੇ ਹੜ੍ਹਾਂ ਦੌਰਾਨ ਨੁਕਸਾਨੇ ਗਏ 34 ਘਰਾਂ ਨੂੰ 51 ਲੱਖ ਦੇ ਅਲਾਟਮੈਂਟ ਪੱਤਰ ਵੰਡੇ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**- ਸਨੌਰ ਹਲਕੇ ਵਿੱਚ ਹੜ੍ਹਾਂ ਦੌਰਾਨ ਹੋਏ ਨੁਕਸਾਨ ਦੀ ਭਰਪਾਈ ਲਈ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਰਾਹਤ ਦੇ ਕਦਮ ਤੇਜ਼ ਕਰ ਦਿੱਤੇ ਗਏ ਹਨ। ਇਸ ਸਿਲਸਿਲੇ ਹੇਠ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਪਿੰਡ ਭੁਨਰਹੇੜੀ ਬਲਾਕ ਵਿੱਚ ਹੜ੍ਹਾਂ ਤੇ ਬਰਸਾਤਾਂ ਦੌਰਾਨ ਨੁਕਸਾਨੇ 34 ਘਰਾਂ ਦੇ ਪਰਵਾਰਾਂ ਨੂੰ 51 ਲੱਖ ਰੁਪਏ ਦੇ ਅਲਾਟਮੈਂਟ ਪੱਤਰ ਵੰਡੇ। ਇਹ 1.50 ਲੱਖ ਪ੍ਰਤੀ ਘਰ ਮਿਲਣ ਵਾਲੀ ਰਕਮ ਪੂਰੀ ਤਰ੍ਹਾਂ ਘਰਾਂ ਦੀ ਮੁਰੰਮਤ ਅਤੇ ਮੁੜ ਨਿਰਮਾਣ ਲਈ ਜਾਰੀ ਕੀਤੀ ਗਈ ਹੈ। ਇਸ ਮੌਕੇ ਬਲਾਕ ਭੁਨਰਹੇੜੀ ਦੇ ਬੀ ਡੀ ਪੀ ਓ ਸੰਦੀਪ ਸਿੰਘ ਅਤੇ ਹੋਰ ਅਧਿਕਾਰੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਰਣਜੋਧ ਹਡਾਣਾ ਨੇ ਦੱਸਿਆ ਕਿ ਸਰਕਾਰ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਹੜ੍ਹਾਂ ਤੇ ਬਰਸਾਤਾਂ ਦੌਰਾਨ ਹੋਏ ਨੁਕਸਾਨ ਦੀ ਪੂਰੀ ਰਿਪੋਰਟ ਤਿਆਰ ਕਰਵਾਈ ਗਈ ਸੀ ਅਤੇ ਤਸਦੀਕ ਤੋਂ ਬਾਅਦ ਇਹ ਮਦਦ ਜਾਰੀ ਕੀਤੀ ਗਈ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਜਿੱਥੇ ਜਿੱਥੇ ਹੜ੍ਹਾਂ ਨੇ ਨੁਕਸਾਨ ਕੀਤਾ ਹੈ, ਉਥੇ ਹਲਕਾ ਪ੍ਰਸ਼ਾਸਨ ਅਤੇ ਸਰਕਾਰ ਮਿਲ ਕੇ ਤੇਜ਼ੀ ਨਾਲ ਰਾਹਤ ਦੇ ਕੰਮ ਕਰ ਰਹੇ ਹਨ।ਉਨ੍ਹਾਂ ਨੇ ਇਹ ਵੀ ਕਿਹਾ ਕਿ ਮਾਨ ਸਰਕਾਰ ਨੇ ਕਦੇ ਵੀ ਕਾਗਜ਼ੀ ਘੋਸ਼ਣਾਵਾਂ ਨਹੀਂ ਕੀਤੀਆਂ, ਸਗੋਂ ਹਰ ਵਾਅਦਾ ਜ਼ਮੀਨ ਹਕੀਕਤ ਨਾਲ ਪੂਰਾ ਕੀਤਾ ਹੈ। ਅਲਾਟਮੈਂਟ ਪੱਤਰ ਲੈਣ ਆਏ ਪੀੜਤ ਪਰਵਾਰਾਂ ਨੇ ਰਣਜੋਧ ਹਡਾਣਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਹੜ੍ਹਾਂ ਦੇ ਸਮੇਂ ਜਿਵੇਂ ਹਲਕਾ ਇੰਚਾਰਜ ਨੇ ਹਰ ਪਿੰਡ ਵਿੱਚ ਖੁਦ ਜਾ ਕੇ ਹਾਲਾਤ ਵੇਖੇ ਸਨ, ਉਸੇ ਤਰ੍ਹਾਂ ਅੱਜ ਮਦਦ ਜਾਰੀ ਕਰਕੇ ਉਹਨਾਂ ਨੇ ਸਾਬਤ ਕੀਤਾ ਹੈ ਕਿ ਉਹ ਲੋਕਾਂ ਲਈ ਸੱਚਮੁੱਚ ਖੜ੍ਹੇ ਹਨ।ਹਡਾਣਾ ਨੇ ਕਿਹਾ ਕਿ ਅਗਲੇ ਸਮੇਂ ਵਿੱਚ ਇਸ ਤਰ੍ਹਾਂ ਦੀ ਸਥਿਤੀ ਤੋਂ ਬਚਣ ਲਈ ਟਾਂਗਰੀ ਨਦੀ ਅਤੇ ਹੋਰ ਡਰੇਨੇਜ ਪ੍ਰਣਾਲੀ ਨੂੰ ਮਜ਼ਬੂਤ ਕਰਨ ਦੇ ਪ੍ਰੋਜੈਕਟਾਂ ਨੂੰ ਵੀ ਤੇਜ਼ ਕੀਤਾ ਜਾ ਰਿਹਾ ਹੈ, ਤਾਂ ਜੋ ਹੜ੍ਹਾਂ ਵਾਲੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

## ਗਿੱਦੜਬਾਹਾ ਤੇ ਮੁਕਤਸਰ ਸਾਹਿਬ ਦੇ 39 ਮੈਡੀਕਲ ਸਟੋਰਾਂ ਦੀ ਕੀਤੀ ਚੈਕਿੰਗ

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)** ਜ਼ਿਲ੍ਹਾ ਪੁਲਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ੍ਰੀ ਅਭਿਮੰਨਿਊ ਰਾਣਾ ਆਈ.ਪੀ.ਐਸ ਐਸ.ਐਸ.ਪੀ ਵੱਲੋਂ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਜ਼ਿਲ੍ਹਾ ਪੁਲਸ ਵੱਲੋਂ ਡਰੱਗ ਇੰਸਪੈਕਟਰਾਂ ਨਾਲ ਸਾਂਝੇ ਤੌਰ 'ਤੇ ਕਾਰਵਾਈ ਕਰਦੇ ਹੋਏ ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ ਤੇ ਗਿੱਦੜਬਾਹਾ ਵਿੱਚ 39 ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਹ ਮੁਹਿੰਮ ਜ਼ਿਲ੍ਹਾ ਦੇ ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ ਤੇ ਗਿੱਦੜਬਾਹਾ ਦੇ ਇਲਾਕਿਆਂ 'ਚ ਚਲਾਈ ਗਈ। ਸ੍ਰੀ ਨਵੀਨ ਕੁਮਾਰ ਸਿੰਘ ਡੀ.ਐਸ.ਪੀ ਤੇ ਸ੍ਰੀ ਅਰੁਣ ਮੁੰਡਨ ਡੀਐਸਪੀ (ਗਿੱਦੜਬਾਹਾ) ਮੁੱਖ ਅਫ਼ਸਰਾਂ ਥਾਣਾ ਤੋਂ ਇਲਾਵਾ 120 ਦੇ ਕਰੀਬ ਪੁਲਸ ਅਧਿਕਾਰੀ/ਕ੍ਰਮਚਾਰੀ ਤੇ ਸ੍ਰੀ ਰਮਨਦੀਪ ਗੁਪਤਾ ਡਰੱਗ ਇੰਸਪੈਕਟਰ ਦੀਆਂ ਟੀਮਾਂ ਨੇ ਭਾਗ ਲਿਆ। ਟੀਮਾਂ ਵੱਲੋਂ ਮੈਡੀਕਲ ਸਟੋਰਾਂ 'ਤੇ ਪਹੁੰਚ ਕੇ ਦਵਾਈਆਂ ਦੇ ਸਟਾਕ ਰਜਿਸਟਰ, ਪਰਚੀ ਲਿਖਤ, ਮਾਨਤਾ ਪ੍ਰਾਪਤ ਲਾਇਸੰਸ, ਵਿਸ਼ੇਸ਼ ਤੌਰ 'ਤੇ ਨਸ਼ੀਲੀਆਂ ਦਵਾਈਆਂ ਦੀ ਵਿਕਰੀ ਸੰਬੰਧੀ ਰਿਕਾਰਡ ਜਾਂਚਿਆ ਗਿਆ। ਚੈਕਿੰਗ ਟੀਮਾਂ ਨੇ ਕੁਝ ਥਾਂਵਾਂ 'ਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਦਵਾਈਆਂ ਦੇ ਨਮੂਨੇ ਵੀ ਉਠਾਏ।ਨਾਲ ਹੀ ਦਵਾਈਆਂ ਦੀ ਮਿਆਦ ਤੇ ਪੈਕਿੰਗ ਤੇ ਲਿਖੀ ਜਾਣਕਾਰੀ ਦੀ ਵੀ ਜਾਂਚ ਕੀਤੀ ਗਈ। ਇਹ ਚੈਕਿੰਗ ਸਿਰਫ਼ ਨਿਯਮਾਂ ਦੀ ਉਲੰਘਣਾ ਦੀ ਜਾਂਚ ਤੱਕ ਸੀਮਤ ਨਹੀਂ ਸੀ, ਸਗੋਂ ਇਸਦਾ ਮਕਸਦ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਉਪਲਬਧਤਾ 'ਤੇ ਨਿਗਰਾਨੀ ਰੱਖਣ ਦੇ ਨਾਲ-ਨਾਲ ਮੈਡੀਕਲ ਸਟੋਰਾਂ ਨੂੰ ਵੀ ਸੂਚਿਤ ਕਰਨਾ ਸੀ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਇਸ ਤਰ੍ਹਾਂ ਦੀਆਂ ਜਾਂਚਾਂ ਹੋਣਗੀਆਂ ਤੇ ਕਿਸੇ ਕਿਸਮ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।



## ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਖੁੰਬਾਂ ਦੇ ਸਿਹਤ ਲਾਭਾਂ 'ਤੇ ਵਿਸ਼ੇਸ਼ ਲੈਕਚਰ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਦੇ ਖੇਤੀਬਾੜੀ ਵਿਭਾਗ ਵੱਲੋਂ ਖੁੰਬਾਂ ਦੇ ਪੌਸ਼ਟਿਕ ਅਤੇ ਔਸ਼ਧੀ ਗੁਣਾਂ ਬਾਰੇ ਇੱਕ ਵਿਸ਼ੇਸ਼ ਵਿਦਵਤ ਲੈਕਚਰ ਆਯੋਜਿਤ ਕੀਤਾ ਗਿਆ। ਇਹ ਲੈਕਚਰ ਡਾ. ਬ੍ਰਿਜ ਲਾਲ ਅੱਤਰੀ ਨਿਰਦੇਸ਼ਕ ਖੁੰਬ ਅਨੁਸੰਧਾਨ ਨਿਰਦੇਸ਼ਾਲਾ ਸੋਲਨ ਵੱਲੋਂ ਪ੍ਰਸਤੁਤ ਕੀਤਾ ਗਿਆ। ਇਹ ਪ੍ਰੋਗਰਾਮ ਯੂਨੀਵਰਸਿਟੀ ਦੇ ਮਾਣਯੋਗ ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਸਨਮਾਨਤ ਹਾਜ਼ਰੀ ਵਿੱਚ ਆਯੋਜਿਤ ਕੀਤਾ ਗਿਆ। ਉਨ੍ਹਾਂ ਨੇ ਵਿਭਾਗ ਦੀ ਇਸ ਕੋਸ਼ਿਸ਼ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਖੁੰਬਾਂ ਦੀ ਖੇਤੀ ਟਿਕਾਊ ਖੇਤੀ ਲਈ ਮਹੱਤਵਪੂਰਨ ਯੋਗਦਾਨ ਪਾ ਸਕਦੀ ਹੈ। ਡਾ. ਅੱਤਰੀ ਨੇ ਵੱਖ-ਵੱਖ ਖਾਣਯੋਗ ਖੁੰਬਾਂ ਦੇ ਸਿਹਤ ਲਾਭਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੇਸ਼ ਵਿੱਚ ਖੁੰਬਾਂ ਦੀ ਖੇਤੀ ਦੇ ਵਧਦੇ ਵਿਸ਼ਾਲ ਖੇਤਰ, ਟਿਕਾਊ ਖੇਤੀ ਵਿੱਚ ਇਸ ਦੇ ਯੋਗਦਾਨ ਅਤੇ ਪਿੰਡ ਪੱਧਰ 'ਤੇ ਰੋਜ਼ਗਾਰ ਦੇ ਨਵੇਂ ਮੌਕਿਆਂ ਬਾਰੇ ਵੀ ਚਾਨਣਾ ਪਾਇਆ। ਇਸ ਮੌਕੇ ਖੇਤੀਬਾੜੀ ਫੈਕਲਟੀ ਦੇ ਡੀਨ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵੀ ਵਿਦਿਆਰਥੀਆਂ ਨੂੰ ਖੁੰਬ ਉਤਪਾਦਨ ਨਾਲ ਜੁੜੇ ਹੁਨਰਾਂ ਨੂੰ ਸਿੱਖਣ ਲਈ ਪ੍ਰੇਰਿਤ ਕੀਤਾ। ਇਹ ਸਮਾਗਮ ਡਾ. ਜਸਪ੍ਰੀਤ ਕੌਰ ਢਿੱਲੋਂ ਮੁਖੀ ਖੇਤੀਬਾੜੀ ਵਿਭਾਗ ਦੀ ਦਿਸ਼ਾ-ਨਿਰਦੇਸ਼ਾਂ ਹੇਠ ਆਯੋਜਿਤ ਕੀਤਾ ਗਿਆ। ਅੰਤ ਵਿੱਚ ਖੇਤੀਬਾੜੀ ਵਿਭਾਗ ਨੇ ਡਾ. ਅੱਤਰੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਵਿਗਿਆਨਕ ਸੋਚ ਵਿਕਸਿਤ ਕਰਨ ਅਤੇ ਖੁੰਬਾਂ ਦੀ ਖੇਤੀ ਵਿੱਚ ਨਵੇਂ ਰੁਝਾਨ ਅਪਨਾਉਣ ਲਈ ਪ੍ਰੇਰਿਤ ਕੀਤਾ।



## 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਅਕਾਲ ਅਕੈਡਮੀ ਮਨਾਲ (ਬਰਨਾਲਾ) ਵੱਲੋਂ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ। ਇਹ ਨਗਰ ਕੀਰਤਨ ਅਕਾਲ ਅਕੈਡਮੀ ਮਨਾਲ ਤੋਂ ਅਰਦਾਸ ਉਪਰੰਤ ਅਰੰਭ ਹੋ ਕੇ ਪਿੰਡ ਮਨਾਲ, ਕੁਰੜ, ਛਾਪਾ, ਮਿੱਠੇਵਾਲ, ਬਾਪਲਾ ਤੋਂ ਹੁੰਦੇ ਹੋਏ ਗੁਰਦੁਆਰਾ ਸੰਤ ਆਸ਼ਰਮ ਈਸ਼ਰਸਰ ਧਾਮ ਪਿੰਡ ਫਤਿਹਗੜ੍ਹ ਪੰਜਗਰਾਈਆਂ ਵਿਖੇ ਪਹੁੰਚਿਆ। ਹਰ ਪੜਾਅ ਉਪਰ ਸੰਗਤਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਅਤੇ ਵੱਖ ਵੱਖ ਸ਼ਖਸ਼ੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਕਾਲ ਅਕੈਡਮੀ ਦੇ ਬੱਚਿਆਂ ਵੱਲੋਂ ਸ਼ਬਦ ਕੀਰਤਨ, ਕਵੀਸ਼ਰੀਆਂ ਅਤੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਵੱਲੋਂ ਗਤਕੇ ਦੇ ਜੌਹਰ ਵਿਖਾ ਕੇ ਨਗਰ ਕੀਰਤਨ 'ਚ ਹਾਜ਼ਰੀ ਲਵਾਈ ਗਈ। ਇਲਾਕੇ ਵਿੱਚੋਂ ਵੱਖ-ਵੱਖ ਸੰਸਥਾਵਾਂ ਵੱਲੋਂ ਅਤੇ ਨਗਰ ਨਿਵਾਸੀ ਸੰਗਤਾਂ ਵੱਲੋਂ ਸ਼ਮੂਲੀਅਤ ਕਰਦਿਆਂ ਗੁਰੂ ਘਰਾਂ 'ਚ ਵੱਖ ਵੱਖ ਪ੍ਰਕਾਰ ਦੇ ਲੰਗਰਾਂ ਦਾ ਪ੍ਰਬੰਧ ਕੀਤਾ ਗਿਆ। ਪ੍ਰਿੰਸੀਪਲ ਅਰਸ਼ਪ੍ਰੀਤ ਕੌਰ ਨੇ ਸ੍ਰੀ ਗੁਰੂ ਬਹਾਦਰ ਸਾਹਿਬ ਜੀ ਦੇ ਜੀਵਨ ਸਬੰਧੀ ਚਾਨਣਾ ਪਾਇਆ। ਇਸ ਮਹਾਨ ਨਗਰ ਕੀਰਤਨ ਦੀ ਸਮਾਪਤੀ ਸੰਤ ਆਸ਼ਰਮ ਈਸ਼ਰਸਰ ਧਾਮ ਫਤਿਹਗੜ੍ਹ ਪੰਜਗਰਾਈਆਂ ਵਿਖੇ ਅਰਦਾਸ ਬੇਨਤੀ ਕਰਨ ਉਪਰੰਤ ਹੋਈ। ਇਸ ਮੌਕੇ ਸੁਖਮੀਤ ਸਿੰਘ, ਬੀਬੀ ਪਰਮਜੀਤ ਕੌਰ ਛਾਪਾ, ਬਾਬਾ ਭਗਤ ਸਿੰਘ ਕੁਰੜ, ਬਾਬਾ ਚਤਰ ਸਿੰਘ ਗੁਰਮਾ, ਸਮੂਹ ਸਟਾਫ ਮੈਂਬਰ, ਵਿਦਿਆਰਥੀਆਂ ਤੋਂ ਇਲਾਵਾ ਵੱਖ ਵੱਖ ਪਿੰਡਾਂ ਤੋਂ ਪਤਵੰਤੇ ਸੱਜਣਾਂ, ਸੰਗਤਾਂ ਨੇ ਸ਼ਮੂਲੀਅਤ ਕਰਦਿਆ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਅਤੇ ਸਮੂਹ ਮਹਾਨ ਸ਼ਹੀਦਾਂ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕੀਤਾ।



## ਪੰਜਾਬ ਯੂਨੀਵਰਸਿਟੀ ਤੋਂ ਬਾਅਦ ਹੁਣ ਚੰਡੀਗੜ੍ਹ 'ਤੇ ਡਾਕਾ ਮਾਰਨ ਦੀ ਕੋਸ਼ਿਸ਼ ਕਰ ਰਹੀ ਹੈ ਕੇਂਦਰ ਸਰਕਾਰ : ਸੰਨੀ ਗਿੱਲ

- **ਕਿਹਾ ਚੰਡੀਗੜ੍ਹ ਪੰਜਾਬ ਦਾ ਹੈ ਤੇ ਪੰਜਾਬ ਦਾ ਰਹੇਗਾ**



**ਮੋਗਾ (ਇਕਬਾਲ ਸਿੰਘ ਖਹਿਰ)**- ਪਹਿਲਾਂ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਖੋਹਣ ਦਾ ਯਤਨ ਕੀਤਾ ਗਿਆ ਤੇ ਹੁਣ ਚੰਡੀਗੜ੍ਹ ਨੂੰ ਸਥਾਈ ਕੇਂਦਰੀ ਪ੍ਰਦੇਸ਼ ਬਣਾ ਕੇ ਚੰਡੀਗੜ੍ਹ 'ਤੇ ਡਾਕਾ ਮਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਕਿ ਪੰਜਾਬ ਦੇ ਹੱਕਾਂ ਤੇ ਇੱਕ ਵੱਡਾ ਡਾਕਾ ਹੈ, ਪਰ ਚੰਡੀਗੜ੍ਹ ਨੂੰ ਸਥਾਈ ਕੇਂਦਰੀ ਪ੍ਰਦੇਸ਼ ਨਹੀਂ ਬਣਨ ਦਿੱਤਾ ਜਾਵੇਗਾ ਕਿਉਂਕਿ ਚੰਡੀਗੜ੍ਹ ਪੰਜਾਬ ਦੀ ਧਰਤੀ ਤੇ ਪੰਜਾਬ ਵੱਲੋਂ ਬਣਾਈ ਗਈ ਰਾਜਧਾਨੀ ਹੈ ਤੇ ਚੰਡੀਗੜ੍ਹ ਪੰਜਾਬ ਦਾ ਹੈ ਅਤੇ ਪੰਜਾਬ ਦਾ ਹੀ ਰਹੇਗਾ। ਕੇਂਦਰ ਸਰਕਾਰ ਦੀ ਇਸ ਕੋਝ ਨੀਤੀ ਦਾ ਸ਼੍ਰੋਮਣੀ ਅਕਾਲੀ ਦਲ ਡੱਟ ਕੇ ਵਿਰੋਧ ਕਰੇਗਾ ਅਤੇ ਪੰਜਾਬ ਦੇ ਲੋਕ ਵੀ ਇਸ ਲਈ ਵੱਡਾ ਸੰਘਰਸ਼ ਵਿੱਢਣਗੇ।ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸੰਸਦ ਦਾ ਸਰਦ ਰੁੱਤ ਅਜਲਾਸ ਹੋਣ ਜਾ ਰਿਹਾ ਹੈ, ਜਿਸ ਵਿੱਚ ਸੰਵਿਧਾਨ ਦਾ 131ਵਾਂ ਸੋਧ ਬਿੱਲ ਲਿਆਂਦਾ ਜਾ ਰਿਹਾ ਹੈ ਤੇ ਇਸ ਸੋਧ ਬਿੱਲ ਅਨੁਸਾਰ ਚੰਡੀਗੜ੍ਹ ਨੂੰ ਵੀ ਸੰਵਿਧਾਨ ਦੇ ਅਨੁਛੇਦ 240 ਦੇ ਦਾਇਰੇ ਵਿੱਚ ਲੈ ਆਵੇਗਾ ਤੇ ਉਸ ਦਾ ਦਰਜਾ ਵੀ ਦੂਰ ਦੁਰਾਡੇ ਕੇਂਦਰੀ ਸ਼ਾਸਤ ਪ੍ਰਦੇਸ਼ਾਂ ਵਾਲਾ ਹੋ ਜਾਵੇਗਾ, ਭਾਵ ਕਿ ਚੰਡੀਗੜ੍ਹ ਤੇ ਪੰਜਾਬ ਦਾ ਕੋਈ ਹੱਕ ਨਹੀਂ ਹੋਵੇਗਾ, ਪਰ ਪੰਜਾਬ ਦੇ ਲੋਕ ਅਜਿਹਾ ਹਰਗਿਜ਼ ਨਹੀਂ ਹੋਣ ਦੇਣਗੇ, ਚਾਹੇ ਕਿੱਡੀ ਵੀ ਲੜਾਈ ਲੜਨੀ ਪੈ ਜਾਵੇ।ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਜੇਕਰ ਇਹ ਸੋਧ ਬਿੱਲ ਪਾਸ ਹੋ ਗਿਆ ਤਾਂ ਇਹ ਪੰਜਾਬ ਦੇ ਹੱਕਾਂ ਤੇ ਇੱਕ ਸੰਵਿਧਾਨਕ ਹਮਲਾ ਹੋਵੇਗਾ ਤੇ ਇਸ ਹਮਲੇ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਇੱਕੋ ਇੱਕ ਖੇਤਰੀ ਪਾਰਟੀ ਹੈ, ਜਿਸ ਨੇ ਪੰਜਾਬ ਦੇ ਹੱਕਾਂ ਲਈ ਹਰੇਕ ਲੜਾਈ ਅੱਗੇ ਹੋ ਕੇ ਲੜੀ, ਚਾਹੇ ਪੰਜਾਬ ਦੇ ਪਾਣੀਆਂ ਦਾ ਮਸਲਾ ਹੋਵੇ ਜਾਂ ਪੰਜਾਬ ਦੇ ਹੋਰ ਹੱਕਾਂ ਦੀ ਗੱਲ ਹੋਵੇ ਅਤੇ ਹੁਣ ਵੀ ਸ਼੍ਰੋਮਣੀ ਅਕਾਲੀ ਦਲ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਇਹ ਲੜਾਈ ਲੜੇਗਾ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਚੋਣਾਂ ਦੀ ਤਿਆਰੀ ਨੂੰ ਲੈ ਕੇ ਮੀਟਿੰਗ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**- ਪੰਜਾਬ ਵਿੱਚ ਹੋਣ ਜਾ ਰਹੀਆਂ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਤਿਆਰੀਆਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਘੱਗਾ ਵਿਖੇ ਮੀਟਿੰਗ ਕੀਤੀ ਗਈ ਜਿਸ ਦੌਰਾਨ ਬਲਾਕ ਸੰਮਤੀ ਪਾਤੜਾਂ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਵੱਖ-ਵੱਖ ਜ਼ੋਨਾਂ ਤੋਂ ਉਮੀਦਵਾਰਾਂ ਨੂੰ ਲੈ ਕੇ ਚਰਚਾ ਕੀਤੀ ਗਈ। ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਾਬੂ ਕਬੀਰ ਦਾਸ ਦੀ ਅਗਵਾਈ ਵਿੱਚ ਕੀਤੀ ਗਈ ਇਸ ਮੀਟਿੰਗ ਵਿੱਚ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਕਾਲੀ ਆਗੂ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵਿੱਚ ਚੋਣਾਂ ਨੂੰ ਲੈ ਕੇ ਭਾਰੀ ਉਤਸ਼ਾਹ ਹੈ। ਉਹਨਾਂ ਕਿਹਾ ਕਿ ਸੂਬੇ ਦੀ ਸੱਤਾਧਾਰੀ ਆਮ ਆਦਮੀ ਪਾਰਟੀ ਨੇ ਤਰਨ ਤਰਨ ਦੀ ਜ਼ਿਮਨੀ ਚੋਣ ਪੁਲਸ ਦੀ ਧੱਕੇਸ਼ਾਹੀ ਨਾਲ ਜਿੱਤੀ ਹੈ ਜਦੋਂ ਕਿ ਸੂਬੇ ਦੇ ਲੋਕ ਭਗਵੰਤ ਮਾਨ ਦੀ ਸਰਕਾਰ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ। ਉਹਨਾਂ ਦਾਅਵਾ ਕੀਤਾ ਕਿ ਹਲਕਾ ਸ਼ੁਤਰਾਣਾ ਵਿੱਚ ਸ਼੍ਰੋਮਣੀ ਅਕਾਲੀ ਦਲ ਸਾਰੇ ਜ਼ੋਨਾਂ ਉੱਤੇ ਆਪਣੇ ਉਮੀਦਵਾਰ ਖੜੇ ਕਰਕੇ ਤੱਕੜੀ ਚੋਣ ਨਿਸ਼ਾਨ ਉੱਤੇ ਚੋਣ ਲੜੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਕਲ ਪ੍ਰਧਾਨ ਗਰਦੀਪ ਸਿੰਘ ਖਾਂਗ, ਪੀਏਡੀਬੀ ਪਾਤੜਾਂ ਦੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਮੌਲਵੀਵਾਲਾ, ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਮਹਿੰਦਰ ਸਿੰਘ ਲਾਲਵਾ, ਜੋਗਿੰਦਰ ਸਿੰਘ ਬਾਵਾ, ਜੀਤ ਸਿੰਘ ਘੱਗਾ, ਇੰਸਪੈਕਟਰ ਲਖਵਿੰਦਰ ਸਿੰਘ, ਕ੍ਰਿਸ਼ਨ ਦੁਗਾਲ, ਦਲਜੀਤ ਸਿੰਘ ਸਾਗਰਾ, ਰਣਜੀਤ ਸਿੰਘ ਸ਼ਾਹੀ, ਵਿਸ਼ਾਲ ਗੋਇਲ, ਅਜੈਬ ਸਿੰਘ ਮੱਲ੍ਹੀ, ਹਰਦੀਪ ਸਿੰਘ ਖਾਂਗ, ਸਰਜੀਤ ਸਿੰਘ, ਤੇਜਵੀਰ ਖਾਂਗ, ਹਨੀ ਸਿੱਧੂ, ਯਾਦਵਿੰਦਰ ਨਿਆਲ, ਅਮਨਦੀਪ ਘੱਗਾ ਅਤੇ ਬਲਦੇਵ ਚੀਮਾ ਆਦਿ ਹਾਜ਼ਰ ਸਨ।



...ਸਫ਼ਾ 3 ਦੇ ਬਾਕੀ

### ਲੇਬਰ ਕੋਡਾਂ ਖਿਲਾਫ਼ ਰੋਹ ਪ੍ਰਚੰਡ...



ਇੰਸਪੈਕਸ਼ਨ ਪ੍ਰਣਾਲੀ ਨੂੰ ਤੋੜ ਕੇ ਫੈਸਿਲੀਟੇਟਰ ਲਿਆਂਦੇ ਗਏ ਹਨ, ਜੋ ਸਿਰਫ਼ ਮਾਲਕਾਂ ਨੂੰ ਸੁਵਿਧਾ ਦੇਣ ਲਈ ਹਨ।ਉਦਯੋਗਿਕ ਸੰਹਿਤਾ ਵਿੱਚ 100 ਤੋਂ ਵਧਾ ਕੇ 300 ਕਰਮਚਾਰੀਆਂ ਦੀ ਸੀਮਾ ਕਰਨ ਨਾਲ 70 ਫੀਸਦੀ ਉਦਯੋਗ ਮਜ਼ਦੂਰੀ ਕਾਨੂੰਨਾਂ ਦੇ ਦਾਇਰੇ ਤੋਂ ਬਾਹਰ ਹੋ ਜਾਣਗੇ। ਫੈਕਟਰੀ ਐਕਟ ਵਿੱਚ ਤਬਦੀਲੀਆਂ ਨਾਲ ਵੀ ਵੱਡੀ ਗਿਣਤੀ ਮਜ਼ਦੂਰਾਂ ਨੂੰ ਕਾਨੂੰਨੀ ਸੁਰੱਖਿਆ ਤੋਂ ਵਾਂਝਾ ਕਰ ਦਿੱਤਾ ਜਾਵੇਗਾ।

ਐਕਸ਼ਨ ਦੌਰਾਨ ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਨਫ਼ਰਤ ਦੀ ਰਾਜਨੀਤੀ ਨੂੰ ਰੱਦ ਕਰਨ ਅਤੇ ਆਪਣੇ ਮੁੱਢਲੇ ਮੁੱਦਿਆਂ ਸਿੱਖਿਆ, ਸਿਹਤ, ਰਹਿਣ ਲਈ ਘਰ, ਸਾਫ਼ ਪੀਣਯੋਗ ਪਾਣੀ, ਸਫਾਈ, ਰੋਜ਼ਗਾਰ, ਇੱਜ਼ਤਯੋਗ ਮਜ਼ਦੂਰੀ, ਸਮਾਜਿਕ ਸੁਰੱਖਿਆ, ਬੁਢਾਪਾ ਪੈਨਸ਼ਨ ਅਤੇ ਸਰਕਾਰੀ ਸਰੋਤਾਂ ਦੀ ਰੱਖਿਆ ਲਈ ਸੰਘਰਸ਼ ਮਜ਼ਬੂਤ ਕਰਨ।ਦਿੱਲੀ ਦੇ ਜੰਤਰ-ਮੰਤਰ 'ਤੇ ਯੂਨੀਅਨਾਂ ਅਤੇ ਕਿਸਾਨ ਸੰਗਠਨਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਨੂੰ ਰਾਸ਼ਟਰੀ ਅਤੇ ਰਾਜ ਪੱਧਰੀ ਆਗੂਆਂ ਨੇ ਸੰਬੋਧਨ ਕੀਤਾ।

**ਲੁਧਿਆਣਾ (ਰੈਕਟਰ ਕਥੂਰੀਆ)**-ਯੂਨਾਈਟਿਡ ਫਰੰਟ ਆਫ ਟਰੇਡ ਯੂਨੀਅਨਜ਼ ਲੁਧਿਆਣਾ ਵੱਲੋਂ ਲੇਬਰ ਕੋਡਾਂ ਦੇ ਵਿਰੋਧ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ। ਮਜ਼ਦੂਰ ਵਿਰੋਧੀ ਕੋਡਾਂ ਦੇ ਇਕਤਰਫਾ ਲਾਗੂ ਕੀਤੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ ਅਤੇ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਡਿਪਟੀ ਕਮਿਸ਼ਨਰ ਰਾਹੀਂ ਸਪੁਰਦ ਕੀਤਾ ਗਿਆ। ਮੰਗ ਪੱਤਰ ਵਿੱਚ ਕਿਹਾ ਗਿਆ ਕਿ ਨੋਟੀਫਿਕੇਸ਼ਨ ਲੋਕਤਾਂਤਰਿਕ ਪ੍ਰਕਿਰਿਆ ਨੂੰ ਨਜ਼ਰਅੰਦਾਜ਼ ਕਰਦੇ ਹੋਏ ਵੈੱਲਫੇਅਰ ਸਟੇਟ ਦੇ ਸੁਭਾਅ 'ਤੇ ਹਮਲਾ ਹੈ। ਬੁਲਾਰਿਆਂ ਨੇ ਕਿਹਾ ਕਿ ਇਹਨਾਂ ਕੋਡਾਂ ਦੇ ਵਿਰੁੱਧ ਲਗਾਤਾਰ ਸੰਘਰਸ਼ ਜਾਰੀ ਰੱਖਿਆ ਜਾਏਗਾ ਤੇ ਇਸ ਨੂੰ ਹੋਰ ਤਿੱਖਾ ਕੀਤਾ ਜਾਏਗਾ। ਕਾਰਵਾਈ ਦੀ ਅਗਵਾਈ ਏਟਕ, ਇੰਟਕ, ਸੀਟੂ ਅਤੇ ਸੀ ਟੀ ਯੂ ਪੰਜਾਬ ਦੇ ਆਗੂਆਂ-ਐੱਮ.ਐੱਸ. ਭਾਟੀਆ, ਗੁਰਜੀਤ ਸਿੰਘ ਜਗਪਾਲ, ਜਗਦੀਸ਼ ਚੰਦ, ਵਿਜੇ ਕੁਮਾਰ, ਸਰਬਜੀਤ ਸਿੰਘ ਸਰਹਾਲੀ ਅਤੇ ਪਰਮਜੀਤ ਸਿੰਘ ਨੇ ਕੀਤੀ। ਕਈ ਹੋਰ ਯੂਨੀਅਨ ਆਗੂ ਵੀ ਮੌਜੂਦ ਸਨ।

**ਪਟਿਆਲਾ**—ਨਵਾਂ ਬੱਸ ਸਟੈਂਡ 'ਤੇ ਚਾਰ ਲੇਬਰ ਕੋਡਜ਼ ਨੂੰ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਵਿਰੋਧ ਵਿੱਚ ਏਟਕ, ਇੰਟਕ, ਐੱਸ ਸੀ, ਬੀ ਸੀ, ਸੀਟੂ, ਦਰਸ਼ਨ ਸਿੰਘ ਲੁਬਾਣਾ ਪ੍ਰਧਾਨ ਦਰਜਾ ਚਾਰ ਇੰਪਲਾਈਜ਼ ਅਤੇ ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਵੱਲੋਂ ਰੋਸ ਰੈਲੀ ਕੀਤੀ ਗਈ ਅਤੇ ਰੋਸ ਮਾਰਚ ਕਰਨ ਉਪਰੰਤ ਮੋਦੀ ਸਰਕਾਰ ਦਾ ਪੁਤਲਾ ਸਾੜਿਆ ਗਿਆ।

ਰੋਸ ਐਕਸ਼ਨ ਦੀ ਅਗਵਾਈ ਨਿਰਮਲ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਏਟਕ, ਗੁਰਜੀਤ ਸਿੰਘ ਇੰਟਕ, ਨਸੀਬ ਚੰਦ ਐੱਸ ਸੀ, ਬੀ ਸੀ, ਸੁੱਚਾ ਸਿੰਘ ਸੀਟੂ ਅਤੇ ਰਮੇਸ਼ ਕੁਮਾਰ ਭਾਈਚਾਰਾ ਯੂਨੀਅਨ ਏਟਕ ਕਰ ਰਹੇ ਸਨ।

ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਮੋਦੀ ਸਰਕਾਰ ਨੇ ਹਰ ਹਰਬਾ ਵਰਤ ਕੇ ਬਿਹਾਰ ਦੀਆਂ ਅਸੰਬਲੀ ਚੋਣਾਂ ਵਿੱਚ ਕਥਿਤ ਹੂੰਝਾ ਫੇਰ ਜਿੱਤ ਰਾਹੀਂ ਬਿਹਾਰ ਦਾ ਰਾਜਭਾਗ ਹਥਿਆਉਣ ਉਪਰੰਤ ਲੋਕ ਵਿਰੋਧੀ ਅਤੇ ਗਰੀਬ ਵਿਰੋਧੀ ਫੈਸਲੇ ਲੈਣ ਦੀ ਕਵਾਇਦ ਸ਼ੁਰੂ ਕੀਤੀ ਹੋਈ ਹੈ, ਜਿਸ ਤਹਿਤ ਮੋਦੀ ਸਰਕਾਰ ਵੱਲੋਂ ਕਰੋੜਾਂ ਕਿਰਤੀਆਂ ਦੀਆਂ ਸੇਵਾ ਹਾਲਤਾਂ ਬਦ ਤੋਂ ਬਦਤਰ ਬਣਾਉਣ ਲਈ ਮਜ਼ਦੂਰਾਂ ਦਾ ਆਰਥਿਕ ਸ਼ੋਸ਼ਣ ਕਰਨ ਲਈ ਅਤੇ ਜ਼ੁਬਾਨਬੰਦੀ ਕਰਨ ਲਈ 21 ਨਵੰਬਰ ਨੂੰ ਪੈਂਡਿੰਗ ਰੱਖੇ ਹੋਏ ਚਾਰ ਲੇਬਰ ਕੋਡਜ਼ ਲਾਗੂ ਕਰ ਦਿੱਤੇ ਹਨ।ਇਹਨਾਂ ਕੋਡਜ਼ ਵਿੱਚ ਜੋ ਵੀ ਵਰਕਰ ਪੱਖੀ ਮੁੱਦਾ ਹੋਣ ਦਾ ਢੰਡੋਰਾ ਪਿਟਿਆ ਗਿਆ ਹੈ, ਉਹ ਸਭ ਛਲਾਵੇ ਤੋਂ ਵੱਧ ਕੁਝ ਨਹੀਂ। ਇਹ ਕੋਡ ਵੱਡੇ ਪੱਧਰ 'ਤੇ ਵਰਕਰਾਂ ਦੇ ਹੱਕ-ਹਕੂਕ ਖਤਮ ਕਰ ਦੇਣਗੇ। ਟਰੇਡ ਯੂਨੀਅਨ ਆਗੂਆਂ ਨੇ ਕਿਹਾ ਕਿ ਇਨ੍ਹਾਂ ਲੇਬਰ ਕੋਡਜ਼ ਦਾ ਜ਼ਬਰਦਸਤ ਵਿਰੋਧ ਲਗਾਤਾਰ ਜਾਰੀ ਰੱਖਿਆ ਗਿਆ। ਇਸ ਐਕਸ਼ਨ ਵਿੱਚ ਦਰਸ਼ਨ ਸਿੰਘ ਲੁਬਾਣਾ ਦੀ ਅਗਵਾਈ ਵਿੱਚ ਦਰਜਾ ਚਾਰ ਕਰਮਚਾਰੀਆਂ ਅਤੇ ਬੈਂਕ ਇੰਪਲਾਈਜ਼ ਨੇ ਵੀ ਹਿੱਸਾ ਲਿਆ।

### ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ...

ਭਗਤ, ਕਰਮਜੀਤ ਸਿੰਘ ਪਟਿਆਲਾ, ਬਾਬਾ ਅਮਰਜੀਤ ਸਿੰਘ ਆਦਿ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਿਹਨਤਕਸ਼ ਜਮਾਤ ਦੇ ਹਿੱਤ ਸੁਰੱਖਿਅਤ ਰੱਖਣ ਵਾਲੇ 29 ਲੇਬਰ ਕੋਡ ਖਤਮ ਕਰਕੇ ਪੂੰਜੀਪਤੀਆਂ ਦੇ ਹਿੱਤ ਪੂਰਨ ਵਾਲੇ ਚਾਰ ਲੇਬਰ ਕੋਡ ਦੇਸ਼ ਵਿੱਚ ਲਾਗੂ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਕਿਰਤੀ ਲੋਕਾਂ ਦੀ ਲੁੱਟ ਕਰਨ ਦਾ ਰਾਹ ਪੱਧਰਾ ਕਰ ਦਿੱਤਾ ਹੈ। ਆਗੂਆਂ ਨੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਬਿਜਲੀ ਸੋਧ ਬਿੱਲ 2025 ਦਾ ਲੋਕ ਵਿਰੋਧੀ ਖਰੜਾ ਤਿਆਰ ਕਰਕੇ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਲਈ ਪਾਰਲੀਮੈਂਟ ਦੇ ਸਰਦ ਰੁੱਤ ਸੈਸ਼ਨ ਵਿੱਚ ਕਾਨੂੰਨ ਪਾਸ ਕਰਕੇ ਲੋਕ ਵਿਰੋਧੀ ਮਨਸੂਬਿਆਂ ਨੂੰ ਅੰਤਿਮ ਛੋਹਾਂ ਦੇ ਦੇਵੇਗੀ। ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਮਜ਼ਦੂਰ ਅਤੇ ਮੁਲਾਜ਼ਮ ਸੰਘਰਸ਼ਾਂ ਦੇ ਬਲਬੂਤੇ ਲਗਾਤਾਰ ਕਾਲੇ ਕਾਨੂੰਨਾਂ ਦਾ ਵਿਰੋਧ ਜਾਰੀ ਰੱਖਣਗੇ। ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਗੁਰਭੇਜ ਸਿੰਘ ਢਿੱਲੋਂ, ਕੁਲਵਿੰਦਰ ਸਿੰਘ ਢਿੱਲੋਂ, ਇੰਜੀ. ਹਰਮਨਦੀਪ, ਜਸਵੀਰ ਸਿੰਘ ਆਂਡਲੂ, ਬਲਜੀਤ ਸਿੰਘ ਮੋਦਲਾ, ਚਮਕੌਰ ਸਿੰਘ ਬੀਰਮੀ, ਦਲੀਪ ਕੁਮਾਰ, ਪੂਰਨ ਸਿੰਘ ਖਾਈ, ਗੁਰਪਿਆਰ ਸਿੰਘ, ਸੁਖਵਿੰਦਰ ਸਿੰਘ ਦੁਮਣਾ, ਪਵਨਪ੍ਰੀਤ ਸਿੰਘ ਆਦਿ ਨੇ ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਲਈ ਪਾਵਰਕਾਮ ਅਦਾਰੇ ਵਿੱਚ ਪੰਜਾਬ ਸਰਕਾਰ ਦੀ ਬੇਲੋੜੀ ਦਖਲ-ਅੰਦਾਜ਼ੀ ਦੀ ਤਿੱਖੀ ਨੁਕਤਾਚੀਨੀ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਅਤੇ ਬਿਜਲੀ ਮੰਤਰੀ ਨੂੰ ਚੇਤਾਵਨੀ ਭਰੇ ਲਹਿਜ਼ੇ ਵਿੱਚ ਕਿਹਾ ਕਿ ਇਸ ਸਨਅਤੀ ਅਦਾਰੇ ਨੂੰ ਆਪਣੀਆਂ ਰਾਜਸੀ ਲੋੜਾਂ ਲਈ ਵਰਤਣਾ ਤੁਰੰਤ ਬੰਦ ਕੀਤਾ ਜਾਵੇ।

ਅੱਜ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨੇ ਬਿਜਲੀ ਦਫਤਰਾਂ ਵਿੱਚ ਰੋਸ ਪ੍ਰਦਰਸ਼ਨ ਕਰਨ ਤੋਂ ਇਲਾਵਾ ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿੱਚ ਇਤਿਹਾਸਕ ਕਿਸਾਨੀ ਅੰਦੋਲਨ ਦੀ ਪੰਜਵੀਂ ਵਰ੍ਹੇਗੰਢ ਮੌਕੇ ਕੀਤੇ ਰੋਸ ਪ੍ਰਦਰਸ਼ਨ ਵਿੱਚ ਵੱਡੇ ਪੱਧਰ 'ਤੇ ਹਿੱਸਾ ਲੈ ਕੇ ਆਪਣੀ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ। ਆਗੂਆਂ ਨੇ ਕਿਹਾ ਕਿ ਹਾਕਮਾਂ ਦੇ ਲੋਕ ਵਿਰੋਧੀ ਮਨਸੂਬਿਆਂ ਵਿਰੁੱਧ ਵੱਡੀ ਲਾਮਬੰਦੀ ਲਈ 29 ਨਵੰਬਰ ਨੂੰ ਸ਼ਹੀਦ ਕਰਨੈਲ ਸਿੰਘ ਈਸੜੂ ਯਾਦਗਾਰੀ ਭਵਨ ਲੁਧਿਆਣਾ ਵਿਖੇ ਸੂਬਾ ਪੱਧਰੀ ਮੀਟਿੰਗ ਕਰਕੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

### ਲੋਕਾਂ ਲਈ ਕੀਤਾ ਕੰਮ ਹੀ ਸੱਚੇ ...

ਜਗਜੀਤ ਸਿੰਘ ਧੂੜਕੋਟ ਨੇ ਕਿਹਾ ਕਿ ਬਾਬਾ ਬਚਨ ਸਿੰਘ ਘੋਲੀਆ ਦੀ ਵਿਚਾਰਧਾਰਾ ਹੀ ਕਿਰਤ ਕਰਨ ਵਾਲੇ ਲੋਕਾਂ ਦਾ ਭਲਾ ਕਰ ਸਕਦੀ ਹੈ। ਇਸ ਲਈ ਸਾਡੇ ਲਈ ਕਮਿਊਨਿਸਟ ਵਿਚਾਰਧਾਰਾ ਨੂੰ ਫੈਲਾਉਣ ਦਾ ਪਵਿੱਤਰ ਕੰਮ ਕਰਨਾ ਬਹੁਤ ਜ਼ਰੂਰੀ ਹੈ।ਅੰਤ ਵਿੱਚ ਨੌਜਵਾਨ ਆਗੂ ਗੁਰਦਿੱਤ ਸਿੰਘ ਦੀਨਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸਟੇਜ ਦੀ ਕਾਰਵਾਈ ਬਲਾਕ ਸਕੱਤਰ ਗੁਰਮੀਤ ਸਿੰਘ ਵਾਂਦਰ ਨੇ ਨਿਭਾਈ।ਹੋਰਨਾਂ ਤੋਂ ਇਲਾਵਾ ਮਾਸਟਰ ਬਲਵਿੰਦਰ ਸਿੰਘ ਬੁੱਧ ਸਿੰਘ ਵਾਲ਼ਾ, ਨੌਜਵਾਨ ਆਗੂ ਕਰਮਵੀਰ ਕੌਰ ਬੱਧਨੀ, ਨਰੇਗਾ ਆਗੂ ਜਗਸੀਰ ਖੋਸਾ, ਡਾਕਟਰ ਇੰਦਰਵੀਰ ਗਿੱਲ, ਸਵਰਨ ਸਿੰਘ ਖੋਸਾ, ਸਿਕੰਦਰ ਸਿੰਘ ਮਧੇਕੇ, ਕੁਲਵੰਤ ਸਿੰਘ ਸਰਪੰਚ, ਬੂਟਾ ਸਿੰਘ ਰਾਊਕੇ, ਵਿਦਿਆਰਥੀ ਆਗੂ ਨਵਜੋਤ ਕੌਰ, ਸਵਰਾਜ ਖੋਸਾ, ਜਸਪ੍ਰੀਤ ਕੌਰ ਬੱਧਨੀ ਤੇ ਗੁਰਨਾਮ ਮਾਹਲਾ ਆਦਿ ਆਗੂ ਹਾਜ਼ਰ ਸਨ।

### ਅਮਨ ਅਰੋੜਾ ਨੇ ਸ਼ਹੀਦੀ ਸਮਾਗਮਾਂ...

ਇਸ 'ਤੇ ਸ਼ਾਸਨ ਕਰਨ ਦੇ ਯੋਗ ਨਾ ਹੁੰਦੇ। ਉਨ੍ਹਾ ਕਿਹਾ—ਜੇਕਰ ਤੁਸੀਂ ਨੌਵੇਂ ਗੁਰੂ ਜੀ ਦੇ ਫ਼ਲਸਫ਼ੇ ਦਾ ਸਿਰਫ਼ ਇੱਕ ਪੰਨਾ ਪੜ੍ਹਦੇ ਹੋ ਅਤੇ ਇਸ ਨੂੰ ਲਾਗੂ ਕਰਦੇ ਹੋ, ਤਾਂ ਨੂਹ ਅਤੇ ਮਨੀਪੁਰ ਵਰਗੇ ਦੁਖਾਂਤ ਕਦੇ ਨਾ ਵਾਪਰਦੇ, ਜਿਸ ਵਿੱਚ ਸੈਂਕੜੇ ਮਨੁੱਖੀ ਜਾਨਾਂ ਚਲੀਆਂ ਗਈਆਂ ਸਨ। ਭਾਜਪਾ ਦੀ 'ਛੋਟੀ ਮਾਨਸਿਕਤਾ' ਦੀ ਨਿੰਦਾ ਕਰਦੇ ਹੋਏ ਅਮਨ ਅਰੋੜਾ ਨੇ ਕਿਹਾ—ਉਨ੍ਹਾ ਦੀ ਗੈਰਹਾਜ਼ਰੀ ਬਹੁਤ ਕੁਝ ਬੋਲਦੀ ਹੈ। ਸਿੱਖ ਇਤਿਹਾਸ ਅਤੇ ਗੁਰੂ ਸਾਹਿਬ ਜੀ ਦੀ ਕੁਰਬਾਨੀ ਦਾ ਨਿਰਾਦਰ। ਭਾਜਪਾ ਨੂੰ ਆਤਮ-ਨਿਰੀਖਣ ਕਰਨਾ ਚਾਹੀਦਾ ਹੈ, ਨਫ਼ਰਤ ਨੂੰ ਸਾਫ਼ ਕਰਨਾ ਚਾਹੀਦਾ ਹੈ ਅਤੇ ਭਾਰਤ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਕਲਪਨਾ ਅਨੁਸਾਰ ਦੇਖਣਾ ਚਾਹੀਦਾ ਹੈ।

### ਕਿਸਾਨ ਅੰਦੋਲਨ ਦੀ ਪੰਜਵੀਂ ਵਰ੍ਹੇਗੰਢ...

ਵਿੱਚ ਵੀ ਝੋਨੇ ਦਾ ਝਾੜ ਔਸਤਨ 7 ਕੁਇੰਟਲ ਪ੍ਰਤੀ ਏਕੜ ਤੱਕ ਘੱਟ ਗਿਆ ਹੈ। ਇਸ ਲਈ 500 ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ। ਹਲਦੀ/ ਬੌਣਾ ਰੋਗ ਕਾਰਨ ਨੁਕਸਾਨੇ ਗਏ ਕਿਸਾਨਾਂ ਨੂੰ ਬਹੁਤ ਬੁਰੀ ਮਾਰ ਪਈ ਹੈ। ਉਨ੍ਹਾਂ ਨੂੰ 40 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ। ਦਿੱਲੀ ਅੰਦੋਲਨ ਦੀਆਂ ਰਹਿੰਦੀਆਂ ਮੰਗਾਂ ਅਤੇ ਸੰਘਰਸ਼ ਦੌਰਾਨ ਕਿਸਾਨਾਂ ਖਿਲਾਫ ਦਰਜ ਕੀਤੇ ਸਾਰੇ ਕੇਸ ਰੱਦ ਕੀਤੇ ਜਾਣ। 11 ਨਵੰਬਰ ਨੂੰ ਹੜ ਪੀੜਤਾਂ ਨੂੰ ਮਦਦ ਕਰਨ ਲਈ ਗਏ ਜਥੇ ਦੀ ਦੁਰਘਟਨਾ ਵਿੱਚ ਹਰਜੀਤ ਸਿੰਘ ਕੋਟਕਪੂਰਾ ਸਾਡੇ ਤੋਂ ਸਦੀਵੀ ਤੌਰ 'ਤੇ ਵਿਛੜ ਗਏ, ਜਦੋਂਕਿ ਬਲਵੰਤ ਸਿੰਘ ਨੰਗਲ ਜ਼ਖ਼ਮੀ ਹੋਏ ਸਨ।ਇਸ ਸੰਬੰਧੀ ਸੰਘਰਸ਼ ਚੱਲ ਰਿਹਾ। ਮ੍ਰਿਤਕ ਕਿਸਾਨ ਦੇ ਪਰਵਾਰ ਨੂੰ 10 ਲੱਖ ਮੁਆਵਜ਼ਾ ਅਤੇ ਪਰਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਦਿੱਤੀ ਜਾਵੇ।

## ਡਾ.ਜਸਵਿੰਦਰ ਸਿੰਘ ਨੇ ਸਿਵਲ ਸਰਜਨ ਵਜੋਂ ਅਹੁਦਾ ਸੰਭਾਲਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬ ਸਰਕਾਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਹੁਕਮਾਂ ਅਨੁਸਾਰ ਡਾ.ਜਸਵਿੰਦਰ ਸਿੰਘ ਨੇ ਜਿਲ੍ਹਾ ਪਟਿਆਲਾ ਵਿਖੇ ਬਤੌਰ ਸਿਵਲ ਸਰਜਨ ਆਪਣਾ ਅਹੁਦਾ ਸੰਭਾਲ ਲਿਆ ਹੈ। ਡਾ.ਜਸਵਿੰਦਰ ਸਿੰਘ ਐਮ.ਐਸ. ਜਨਰਲ ਸਰਜਨ ਹਨ, ਜੋ ਕਿ ਗੁਰਦਾਸਪੁਰ ਵਿਖੇ ਬਤੌਰ ਸਿਵਲ ਸਰਜਨ ਤੈਨਾਤ ਸਨ, ਨੂੰ ਬਦਲੀ ਕਰਨ ਉਪਰੰਤ ਬਤੌਰ ਸਿਵਲ ਸਰਜਨ ਪਟਿਆਲਾ ਲਗਾਇਆ ਗਿਆ ਹੈ। ਅਹੁਦਾ ਸੰਭਾਲਣ ਤੇ ਦਫਤਰ ਵਿਖੇ ਸਿਹਤ ਪ੍ਰੋਗਰਾਮ ਅਫਸਰਾਂ ਅਤੇ ਸਟਾਫ ਵੱਲੋਂ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਡਾ.ਜਸਵਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਿਹਤ ਵਿਭਾਗ ਵੱਲੋਂ ਜੋ ਜਿਮੇਂਵਾਰੀ ਉਹਨਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ।

## ਜਨਤਕ ਜਇਦਾਦਾਂ ਵੇਚਣ ਤੇ ਬਿਜਲੀ ਸੋਧ ਬਿੱਲ 2025 ਦਾ ਫ਼ੈਸਲਾ ਵਾਪਸ ਲਿਆ ਜਾਵੇ : ਲੋਕ ਮੋਰਚਾ ਪੰਜਾਬ




**ਮਲੋਟ (ਓਮ ਪ੍ਰਕਾਸ਼ ਸ਼ੇਖੂ)** ਜਨਤਕ ਜਾਇਦਾਦਾਂ ਵੇਚਣ ਤੇ ਬਿਜਲੀ ਸੋਧ ਬਿੱਲ 2025 ਦਾ ਫੈਸਲਾ ਵਾਪਸ ਲਿਆ ਜਾਵੇ।ਲੋਕ ਮੋਰਚਾ ਪੰਜਾਬ ਜ਼ਿਲ੍ਹਾ ਮੁਕਤਸਰ ਦੇ ਸਰਗਰਮ ਵਰਕਰਾਂ ਦੀ ਮੀਟਿੰਗ ਮਲੋਟ ਦਾਣਾ ਮੰਡੀ ਵਾਟਰ ਵਰਕਸ ਵਿਖੇ ਹੋਈ, ਜਿਸ 'ਚ ਸਰਕਾਰ ਵੱਲੋਂ ਜਨਤਕ ਜਾਇਦਾਦਾਂ ਵੇਚਣ ਅਤੇ ਬਿਜਲੀ ਸੋਧ ਬਿੱਲ 2025 'ਤੇ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦੇ ਜ਼ਿਲ੍ਹਾ ਸਕੱਤਰ ਤੇ ਸੂਬਾ ਕਮੇਟੀ ਆਗੂ ਗੁਰਦੀਪ ਸਿੰਘ ਖੁੱਡੀਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਕਾਸ ਤੇ ਨਿਵੇਸ਼ ਤੇ ਨਾਂਅ ਹੇਠ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ ਵੇਚਣ ਦੇ ਹੱਲੇ ਨੂੰ ਤੇਜ਼ ਕਰਦਿਆਂ ਥਰਮਲ ਬਠਿੰਡਾ ਸਮੇਤ 11 ਹੋਰ ਥਾਂਵਾਂ ਇਕੱਲੇ ਬਿਜਲੀ ਵਿਭਾਗ ਦੀਆਂ ਹਨ।ਸਰਕਾਰ ਪਹਿਲਾਂ ਹੀ ਸਰਕਾਰੀ ਵਿਭਾਗਾਂ ਤੇ ਅਦਾਰਿਆਂ ਦੀਆਂ 26 ਜਾਇਦਾਤਾਂ ਵੇਚਣ ਦੀ ਨਿਸ਼ਾਨਦੇਹੀ ਕਰ ਚੁੱਕੀ ਹੈ।ਪੀਏਯੂ ਲੁਧਿਆਣਾ ਦੀ ਖੇਤੀ ਖੋਜ ਲਈ ਰਾਖਵੀ ਰੱਖੀ 1500 ਏਕੜ ਜ਼ਮੀਨ ਵੇਚਣ ਦੀ ਅੰਦਰਖਾਤੇ ਤਿਆਰੀ ਵਿੱਢੀ ਹੋਈ ਹੈ।ਇਹ ਜ਼ਮੀਨ ਖੇਤੀ ਦੇ ਨਵੇਂ ਬੀਜਾਂ ਤੇ ਹੋਰ ਖੇਤੀ ਦੀਆਂ ਨਵੀਆਂ ਖੋਜਾਂ ਲਈ ਯੂਨੀਵਰਸਿਟੀ ਵੱਲੋਂ ਰਾਖਵੀਂ ਰੱਖੀ ਹੋਈ ਸੀ।ਖੇਤੀ ਮਾਹਿਰਾਂ ਨੇ ਖਦਸ਼ਾ ਜ਼ਾਹਰ ਕੀਤਾ ਹੈ ਕਿ ਇਸ ਨਾਲ ਖੇਤੀ ਖੋਜਾਂ ਦਾ ਕੰਮ ਠੱਪ ਹੋ ਜਾਵੇਗਾ ਤੇ ਇਹ ਕੰਮ ਵੱਡੀਆਂ ਪ੍ਰਾਈਵੇਟ ਕੰਪਨੀਆਂ ਕੋਲ ਚਲਾ ਜਾਵੇਗਾ।ਇਸੇ ਤਰ੍ਹਾਂ ਬਹੁਤ ਸਾਰੀਆਂ ਬੇਨਾਮੀਆਂ, ਅਣਵਰਤੀਆਂ ਜ਼ਮੀਨਾਂ ਸ਼ਾਮਲਾਟ ਤੇ ਪੰਚਾਇਤੀ ਜ਼ਮੀਨਾਂ ਦੀ ਪਛਾਣ ਕੀਤੀ ਜਾ ਰਹੀ ਹੈ, ਜਿਨ੍ਹਾਂ ਨੂੰ ਪੰਜਾਬ ਸਰਕਾਰ ਵੇਚਣ ਲਈ ਪੱਬਾਂ ਭਾਰ ਹੋ ਰਹੀ ਹੈ।ਕੇਂਦਰ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਲਿਆਂਦਾ ਜਾ ਰਿਹਾ ਹੈ।ਇਹ ਬਿੱਲ ਸਾਲ 2003 'ਚ ਬਣਾਏ ਬਿਜਲੀ ਕਾਨੂੰਨ ਨੂੰ ਹੋਰ ਸੋਧ ਕੇ ਬਿਜਲੀ ਵੰਡ ਦੇ ਖੇਤਰ 'ਚ ਦੇਸੀ-ਵਿਦੇਸ਼ੀ ਨਿੱਜੀ ਬਿਜਲੀ ਵਪਾਰੀਆਂ ਦੇ ਖੁੱਲ੍ਹੇ ਦਾਖਲੇ ਲਈ ਕਾਨੂੰਨ ਬਣਾਇਆ ਜਾ ਰਿਹਾ ਹੈ। ਅਜਿਹਾ ਬਿੱਲ ਪਹਿਲਾਂ 2020 'ਚ ਵੀ ਲਿਆਂਦਾ ਗਿਆ ਸੀ, ਪਰ ਉਸ ਵੇਲੇ ਕਿਸਾਨੀ ਸੰਘਰਸ਼ ਦੇ ਦਬਾਅ ਕਰਕੇ ਇਹ ਵਾਪਸ ਲੈ ਲਿਆ ਸੀ।ਇਸੇ ਤਰ੍ਹਾਂ ਕੇਂਦਰ ਸਰਕਾਰ 29 ਕਿਰਤ ਕਨੂੰਨਾਂ ਦੀ ਥਾਂ ਚਾਰ ਕਿਰਤ ਕੋਡ ਕਿਰਤੀਆਂ ਸਿਰ ਮੜ੍ਹਨ ਜਾ ਰਹੀ ਹੈ, ਹਾਲਾਂਕਿ ਦੇਸ਼ ਦਾ ਕਿਰਤੀ ਸਮੂਹ ਪਹਿਲਾਂ ਹੀ ਬੇਰੁਜ਼ਗਾਰੀ, ਗਰੀਬੀ ਮਹਿਗਾਈ, ਕਰਜ਼ੇ ਤੇ ਬਿਮਾਰੀਆਂ ਦੀ ਮਾਰ ਝੱਲ ਰਿਹਾ ਹੈ।ਸਨਅਤੀ ਮਜ਼ਦੂਰਾਂ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ ਨੇ ਵੀ ਇਹਨਾਂ ਕੋਡਾਂ ਨੂੰ ਮਜ਼ਦੂਰ ਵਿਰੋਧੀ ਤੇ ਮਾਲਕ ਪੱਖੀ ਕਹਿ ਕੇ ਵਿਰੋਧ ਜਤਾਇਆ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

27-Nov Page 11-Majha-25.qxd 11/26/2025 10:17 PM Page 1



# 2 ਪਿਸਤੌਲਾਂ ਤੇ 4 ਜ਼ਿੰਦਾ ਰੌਂਦਾਂ ਸਮੇਤ 2 ਨਸ਼ਾ ਤਸਕਰ ਗ੍ਰਿਫ਼ਤਾਰ

ਤਰਨਤਾਰਨ (ਪ੍ਰਿਤਪਾਲ ਸਿੰਘ)-ਮਾਨਯੋਗ ਡੀਜੀਪੀ ਪੰਜਾਬ ਗੌਰਵ ਯਾਦਵ ਆਈ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਹਰਮਨਬੀਰ ਸਿੰਘ ਗਿੱਲ ਆਈਪੀਐੱਸ ਡੀਆਈਜੀ ਫਿਰੋਜ਼ਪੁਰ ਰੇਂਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੁਰੇਂਦਰ ਲਾਂਬਾ ਆਈਪੀਐੱਸ/ਐੱਸਐੱਸਪੀ ਤਰਨ ਤਾਰਨ ਦੀ ਨਿਗਰਾਨੀ ਹੇਠ ਤਰਨ ਤਾਰਨ ਪੁਲਸ ਵੱਲੋਂ ਅਜੇਰਾਜ ਸਿੰਘ ਪੀਪੀਐੱਸ/ਐਸਪੀ (ਹੈੱਡਕੁਆਰਟਰ) ਅਤੇ ਰਿਪੁਤਾਪਨ ਸਿੰਘ ਪੀਪੀਐੱਸ/ਐੱਸਪੀ (ਡੀ) ਤਰਨ ਤਾਰਨ ਦੀ ਨਿਗਰਾਨੀ ਹੇਠ ਇੰਸਪੈਕਟਰ ਪ੍ਰਭਜੀਤ ਸਿੰਘ ਇੰਚਾਰਜ ਸੀਆਈਏ ਸਟਾਫ ਤਰਨ ਤਾਰਨ ਵੱਲੋਂ ਹਥਿਆਰਾ ਦੀ ਤਸਕਰੀ 'ਤੇ ਕਾਬੂ ਪਾਉਣ ਲਈ ਵੱਖ-ਵੱਖ ਟੀਮਾਂ ਤਿਆਰ ਕੀਤੀਆਂ ਗਈਆਂ ਸਨ ਜਿਸ ਤਹਿਤ ਸੀਆਈਏ ਸਟਾਫ ਤਰਨ ਤਾਰਨ ਦੀ ਟੀਮ ਨੂੰ ਹਿਊਮਨ ਇੰਟੈਲੀਜੈਂਸ ਅਤੇ ਤਕਨੀਕੀ ਇੰਟੈਲੀਜੈਂਸ ਰਾਹੀਂ ਇਹ ਪਤਾ ਲੱਗਾ ਕਿ ਸ਼ੇਰ ਸਿੰਘ ਉਰਫ ਗੋਰੀ ਪੁੱਤਰ ਜੱਸਾ ਸਿੰਘ ਵਾਸੀ ਡੱਲ ਅਤੇ ਸੁਖਬੀਰ ਸਿੰਘ ਉਰਫ ਸੁੱਖਾ ਪੁੱਤਰ ਜੋਗਿੰਦਰ ਸਿੰਘ ਵਾਸੀ ਕਾਲੇਕੇ ਦੇ ਪਾਕਿਸਤਾਨ ਦੇ ਸਮੱਗਲਰਾਂ ਨਾਲ ਸਬੰਧ ਹਨ ਅਤੇ ਇਹ ਵਿਅਕਤੀ ਸਰੱਹਦ ਪਾਰੋਂ ਵੱਖ-ਵੱਖ ਤਰੀਕਿਆਂ ਰਾਹੀਂ ਨਜਾਇਜ਼ ਹਥਿਆਰ ਮੰਗਵਾ ਕੇ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਸਪਲਾਈ ਕਰਦੇ ਹਨ ਜੋ ਕਿ ਅੱਜ ਵਿਦੇਸ਼ੀ ਪਿਸਤੌਲਾਂ ਸਮੇਤ ਪਿੰਡ ਡਲੀਰੀ ਦੇ ਆਸ-ਪਾਸ ਇੱਕ ਬਿਨਾਂ ਨੰਬਰੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਨਜਾਇਜ਼ ਹਥਿਆਰਾਂ ਨੂੰ ਵੇਚਣ ਦੀ ਫਿਰਾਕ ਵਿੱਚ ਘੁੰਮ ਰਹੇ ਹਨ।ਜਿਸ 'ਤੇ ਸੀਆਈਏ ਸਟਾਫ ਤਰਨ ਤਾਰਨ ਦੀ ਟੀਮ ਵੱਲੋਂ ਪਿੰਡ ਡਲੀਰੀ ਵਿਖੇ ਮੋਟਰਸਾਈਕਲ ਬਿਨਾਂ ਨੰਬਰੀ 'ਤੇ ਸਵਾਰ ਸ਼ੇਰ ਸਿੰਘ ਉਰਫ ਗੋਰੀ ਪੁੱਤਰ ਜੱਸਾ ਸਿੰਘ ਵਾਸੀ ਡੱਲ ਅਤੇ ਸੁਖਬੀਰ ਸਿੰਘ ਉਰਫ ਸੁੱਖਾ ਪੁੱਤਰ ਜੋਗਿੰਦਰ ਸਿੰਘ ਵਾਸੀ ਕਾਲੇ ਕੇ ਦੀ ਤਲਾਸ਼ੀ ਲਈ ਜਿਸ 'ਤੇ ਸ਼ੇਰ ਸਿੰਘ ਉਰਫ ਗੋਰੀ ਅਤੇ



ਸੁਖਬੀਰ ਸਿੰਘ ਉਰਫ ਸੁੱਖਾ ਪਾਸੋਂ 02 ਪਿਸਤੌਲ 30 ਬੋਰ 04 ਰੌਂਦ ਜ਼ਿੰਦਾ ਅਤੇ ਇੱਕ ਮੋਟਰਸਾਈਕਲ ਬਿਨਾ ਨੰਬਰੀ ਬ੍ਰਾਮਦ ਕੀਤਾ ਗਿਆ। ਇਨ੍ਹਾਂ ਦੇ ਖਿਲਾਫ ਮੁੱਕਦਮਾ ਨੰਬਰ 271 ਜੁਰਮ 25(6)/25 (7)/25(8) ਅਸਲਾ ਐਕਟ ਥਾਣਾ ਖਾਲੜਾ ਦਰਜ ਰਜਿਸਟਰ ਕਰਕੇ ਪੁੱਛ-ਗਿੱਛ ਅਮਲ ਵਿੱਚ ਲਿਆਂਦੀ। ਪੁੱਛ-ਗਿੱਛ 'ਤੇ ਪਤਾ ਲੱਗਾ ਕਿ ਦੋਸ਼ੀ ਸ਼ੇਰ ਸਿੰਘ ਉਰਫ ਗੋਰੀ ਅਤੇ ਸੁਖਬੀਰ ਸਿੰਘ ਉਰਫ ਸੁੱਖਾ ਦੇ ਪਾਕਿਸਤਾਨ ਦੇ ਸਮੱਗਲਰਾਂ ਨਾਲ ਸਬੰਧ ਹਨ। ਦੋਸ਼ੀ ਸੁਖਬੀਰ ਸਿੰਘ ਸੁੱਖਾ ਦੇ ਖਿਲਾਫ ਥਾਣਾ ਸਦਰ ਪੱਟੀ ਪਹਿਲਾਂ ਵੀ ਕਈ ਮੁੱਕਦਮੇ ਦਰਜ ਹਨ। ਦੋਸ਼ੀਆਂ ਨੂੰ ਪੇਸ਼ ਅਦਾਲਤ ਕਰਕੇ ਹੋਰ ਰਿਮਾਂਡ ਹਾਸਲ ਕੀਤਾ ਗਿਆ।ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦਾ ਵਫਦ ਮੁੱਖ ਮੰਤਰੀ ਮਾਨ ਨੂੰ ਮਿਲਿਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਡੇਰਾ ਬਾਬਾ ਨਾਨਕ ਫੇਰੀ ਮੌਕੇ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦਾ ਇੱਕ ਵਫਦ ਰੈਲੀ ਵਾਲੀ ਥਾਂ ਪਹੁੰਚਿਆ। ਇਸ ਸਮੇਂ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਇੱਕ ਮੰਗ ਪੱਤਰ ਪੇਸ਼ ਕੀਤਾ ਗਿਆ ਜਿਸ ਵਿੱਚ ਮੰਗ ਕੀਤੀ ਗਈ ਕਿ ਸੂਬਾ/ਸੈਂਟਰ ਸਰਕਾਰ ਦੀ ਜ਼ਮੀਨ ਉਪਰ ਕਾਸ਼ਤ ਕਰ ਰਹੇ ਕਿਸਾਨਾਂ ਨੂੰ ਹੜ੍ਹ ਪੀੜਤ ਕਿਸਾਨਾਂ ਨੂੰ ਮਿਲਣ ਵਾਲੇ ਮੁਆਵਜ਼ੇ ਦਾ ਹੱਕਦਾਰ ਮੰਨ ਕੇ ਉਨ੍ਹਾਂ ਨੂੰ ਵੀ ਬਿਨਾਂ ਵਿਤਕਰਾ ਮੁਆਵਜ਼ਾ ਦਿੱਤਾ ਜਾਵੇ। ਪੰਚਾਇਤਾਂ, ਸ਼੍ਰੋਮਣੀ ਕਮੇਟੀ, ਵਕਫ ਬੋਰਡ ਜਾਂ ਹੋਰ ਅਦਾਰਿਆਂ ਅਤੇ ਨਿੱਜੀ ਮਾਲਕੀ ਵਾਲੀ ਜ਼ਮੀਨ ਠੇਕੇ/ਪਟੇ ਉਪਰ ਲੈ ਕੇ ਕਾਸ਼ਤ ਕਰ ਰਹੇ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੀ ਨੀਤੀ ਨੂੰ ਸਰਲ ਬਣਾ ਕੇ ਇਨ੍ਹਾਂ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਣਾ ਯਕੀਨੀ ਬਣਾਇਆ ਜਾਵੇ।ਪੰਚਾਇਤੀ ਜ਼ਮੀਨ ਠੇਕੇ ਪਟੇ ਉਪਰ ਲੈ ਕੇ ਖੇਤੀ ਕਰਨ ਵਾਲੇ ਕਿਸਾਨਾਂ ਉਪਰ ਸਿਰਫ ਪੰਜ ਏਕੜ ਤੱਕ ਮੁਆਵਜ਼ਾ ਦੇਣ ਦੀ ਨੀਤੀ ਲਾਗੂ ਨਾ ਕਰਕੇ ਉਨ੍ਹਾਂ ਨੂੰ ਉਨ੍ਹਾਂ ਨੂੰ ਠੇਕੇ 'ਤੇ ਲਈ ਸਾਰੀ ਜ਼ਮੀਨ ਦਾ ਮੁਆਵਜ਼ਾ ਦਿੱਤਾ ਜਾਵੇ।ਮੁੱਖ ਮੰਤਰੀ ਨੂੰ ਮਿਲਣ ਲਈ ਪਹੁੰਚੇ ਵਫਦ ਵਿੱਚ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ



ਦੇ ਪ੍ਰਧਾਨਗੀ ਮੰਡਲ ਮੈਂਬਰ ਬਲਬੀਰ ਸਿੰਘ ਰੰਧਾਵਾ, ਜੋਗਿੰਦਰ ਸਿੰਘ ਖੰਨਾ ਚਮਾਰਾ, ਸਤਬੀਰ ਸਿੰਘ ਖੋਦੇ ਬੇਟ, ਮਾਸਟਰ ਸੁੱਚਾ ਸਿੰਘ ਰਾਮਦਵਾਲੀ, ਸ਼ਮਸ਼ੇਰ ਸਿੰਘ, ਹਰਜੀਤ ਸਿੰਘ ਠੇਠਰਕੇ, ਅਵਤਾਰ ਸਿੰਘ ਸਿੰਘਪੁਰਾ, ਸਰਵਨ ਸਿੰਘ ਰੜੇਵਾਲੀ, ਹਰਪਾਲ ਸਿੰਘ ਕੋਟ ਮੌਲਵੀ, ਬਲਕਾਰ ਸਿੰਘ ਹਰਦਰੋਵਾਲ, ਅਮਰੀਕ ਸਿੰਘ, ਗੁਰਮੀਤ ਸਿੰਘ ਮੇਘਾ, ਜਰਨੈਲ ਸਿੰਘ ਖੋਦੇ ਬੇਟ, ਰੋਬਨ, ਕਿਸ਼ਨ ਸ਼ਹਿਜ਼ਾਦਾ ਅਤੇ ਝਿਰਮਲ ਸਿੰਘ ਝੰਗੀ ਆਦਿ ਆਗੂ ਸ਼ਾਮਲ ਸਨ।

# ਦੋ ਚੌਕੀਦਾਰਾਂ ਨੂੰ ਬੰਨ੍ਹ ਕੇ ਸਕੂਲ 'ਚੋਂ 90 ਹਜ਼ਾਰ ਨਗਦੀ ਤੇ ਹੋਰ ਕੀਮਤੀ ਸਾਮਾਨ ਚੋਰੀ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਝਬਾਲ ਇਲਾਕੇ ਵਿੱਚ ਚਲ ਰਹੇ ਨਸ਼ਿਆਂ ਦੇ ਕਾਰੋਬਾਰ ਕਾਰਨ ਇਲਾਕੇ ਵਿੱਚ ਕਾਨੂੰਨ ਵਿਵਸਥਾ ਦਿਨੋਂ-ਦਿਨ ਖਰਾਬ ਹੁੰਦੀ ਜਾ ਰਹੀ ਹੈ।

ਬੀਤੀ ਰਾਤ ਅਣਪਛਾਤੇ ਵਿਅਕਤੀਆਂ ਨੇ ਵੱਡੀ ਵਾਰਦਾਤ ਨੂੰ ਅੰਜਾਮ ਦਿੰਦਿਆਂ ਚੀਫ ਖਾਲਸਾ ਦੀਵਾਨ ਅਧੀਨ ਚਲ ਰਹੇ ਹਰਕ੍ਰਿਸ਼ਨ ਸਕੂਲ ਝਬਾਲ ਵਿਖੇ ਸਕੂਲ ਵਿੱਚ ਰਾਤ ਸਮੇਂ ਪਹਿਰਾ ਦੇ ਰਹੇ ਦੋ ਚੌਕੀਦਾਰਾਂ ਨੂੰ ਬੰਨ੍ਹ ਕੇ ਅਣਪਛਾਤੇ ਵਿਅਕਤੀ ਸਕੂਲ ਵਿੱਚੋਂ 90 ਹਜ਼ਾਰ ਦੇ ਕਰੀਬ ਨਗਦੀ ਤੇ ਹੋਰ ਸਾਮਾਨ ਚੋਰੀ ਕਰਕੇ ਲੈ ਗਏ ਜਿਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਅਨੁਪ੍ਰੀਤ ਬਾਵਾ ਨੇ ਸਕੂਲ ਪਹੁੰਚੇ ਮੈਂਬਰ ਇੰਚਾਰਜ ਏ. ਪੀ. ਸਿੰਘ ਮਾਨ ਅਤੇ ਏ. ਪੀ. ਸਿੰਘ ਅਨੇਜਾ ਦੀ ਹਾਜ਼ਰੀ ਵਿੱਚ ਦੱਸਿਆ ਕਿ ਉਨ੍ਹਾਂ ਨੇ ਸਕੂਲ ਵਿਖੇ ਰਾਤ ਨੂੰ ਸਕਿਉਰਿਟੀ ਵਜੋਂ ਦੋ ਚੌਕੀਦਾਰ ਅੰਮ੍ਰਿਤਪਾਲ ਸਿੰਘ ਪੁੱਤਰ ਸੁਖਵਿੰਦਰ ਸਿੰਘ ਅਤੇ ਦਿਲਬਾਗ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਲਾਲੂ ਘੁੰਮਣ ਰੱਖੇ ਹੋਏ ਹਨ ਜੋ ਕਿ ਬੀਤੀ ਰਾਤ ਸਕੂਲ ਵਿੱਚ ਆਪਣੀ ਡਿਊਟੀ ਦੇ ਰਹੇ ਸਨ। ਲਗਭਗ 2.30 ਵਜੇ ਤੇਜ਼ਧਾਰ ਹਥਿਆਰਾਂ ਨਾਲ ਲੈਸ ਅਣਪਛਾਤੇ ਵਿਅਕਤੀ ਸਕੂਲ ਵਿੱਚ ਦਾਖਲ ਹੋਏ ਅਤੇ ਉਹ ਆਉਂਦੇ ਸਾਰ ਦੋਵੇਂ ਚੌਕੀਦਾਰਾਂ ਨੂੰ ਬੰਧਕ ਬਣਾ ਕੇ ਸਕੂਲ ਵਿੱਚੋਂ ਬੱਚਿਆਂ ਦੀ ਐਡਮਿਸ਼ਨ ਫੀਸ ਦੇ ਪਏ 90 ਹਜ਼ਾਰ ਦੇ ਕਰੀਬ ਨਗਦੀ, ਦੋ ਐੱਲਸੀਡੀਆਂ, ਤਿੰਨ ਬੈਟਰੇ ਅਤੇ ਹੋਰ ਕੰਟੀਨ ਦਾ ਸਾਮਾਨ ਚੋਰੀ ਕਰਕੇ ਫਰਾਰ ਹੋ ਗਏ।ਚੋਰਾਂ ਦੇ ਜਾਣ ਤੋਂ ਬਾਅਦ ਚੌਕੀਦਾਰਾਂ ਨੇ ਕਿਸੇ



ਤਰ੍ਹਾਂ ਆਪਣੇ ਆਪ ਨੂੰ ਬੰਨ੍ਹੇ ਰੱਸਿਆਂ ਤੋਂ ਮੁਕਤ ਕੀਤਾ ਅਤੇ ਇਸ ਦੀ ਸੂਚਨਾ ਸਕੂਲ ਮੈਨੇਜਮੈਂਟ ਨੂੰ ਦਿੱਤੀ।ਘਟਨਾ ਦਾ ਪਤਾ ਚੱਲਦਿਆਂ ਸਵੇਰੇ ਥਾਣਾ ਝਬਾਲ ਤੋਂ ਥਾਣਾ ਮੁਖੀ ਰਣਜੀਤ ਸਿੰਘ ਅਤੇ ਸਕੂਲ ਦੀ ਮੈਨੇਜਮੈਂਟ ਦੇ ਉਪਰੋਕਤ ਮੈਂਬਰ ਇੰਚਾਰਜ ਮੌਕੇ 'ਤੇ ਪਹੁੰਚੇ ਅਤੇ ਸਾਰੀ ਘਟਨਾ ਦੀ ਜਾਣਕਾਰੀ ਹਾਸਿਲ ਕੀਤੀ।ਇਸ ਸਮੇਂ ਥਾਣਾ ਮੁਖੀ ਰਣਜੀਤ ਸਿੰਘ ਨੇ ਦੱਸਿਆ ਕਿ ਸਕੂਲ ਵਿੱਚ ਲੱਗੇ ਸਾਰੇ ਸੀਸੀਟੀਵੀ ਕੈਮਰੇ ਖੰਗਾਲੇ ਜਾ ਰਹੇ ਹਨ ਜਿਸ ਦੇ ਆਧਾਰ 'ਤੇ ਜਾਂਚ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ।

# ਅੱਤਵਾਦੀ ਹਮਲੇ ਦੀ ਯੋਜਨਾ ਬਣਾ ਰਹੇ ਦੋ ਭਰਾ ਆਈਈਡੀ ਸਮੇਤ ਕਾਬੂ

ਛੇਹਰਟਾ/ਅੰਮ੍ਰਿਤਸਰ (ਮਨੋਜ ਕੁਮਾਰ/(ਨਰਿੰਦਰਜੀਤ ਸਿੰਘ)-ਅੰਮ੍ਰਿਤਸਰ ਦਿਹਾਤੀ ਪੁਲਸ ਨੇ ਦੋ ਵਿਅਕਤੀਆਂ ਨੂੰ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਅਤੇ ਦੋ ਮੋਬਾਈਲ ਫੋਨਾਂ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ।ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ ਅਤੇ ਯੁਵਰਾਜ ਸਿੰਘ ਵਜੋਂ ਹੋਈ ਹੈ।ਇਹ ਵਿਅਕਤੀ ਦੋਵੇਂ ਭਰਾ ਹਨ ਅਤੇ ਅੰਮ੍ਰਿਤਸਰ ਦੇ ਪਿੰਡ ਰਣੀਕੇ ਦੇ ਵਸਨੀਕ ਹਨ।ਆਈਈਡੀ ਅਤੇ ਮੋਬਾਈਲ ਫੋਨ ਬਰਾਮਦ ਕਰਨ ਤੋਂ ਇਲਾਵਾ ਪੁਲਸ ਟੀਮਾਂ ਨੇ ਉਨ੍ਹਾਂ ਦਾ ਮੋਟਰਸਾਈਕਲ, ਜਿਸਦੀ ਵਰਤੋਂ ਉਹ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਕਰ ਰਹੇ ਸਨ, ਵੀ ਜ਼ਬਤ ਕਰ ਲਿਆ ਹੈ।ਡੀਆਈਜੀ ਬਾਰਡਰ ਰੇਂਜ ਸੰਦੀਪ ਗੋਇਲ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਵਿਅਕਤੀ ਸਰਹੱਦੀ ਸੂਬੇ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨ ਲਈ ਖੇਤਰ ਵਿੱਚ ਅੱਤਵਾਦੀ ਹਮਲਾ ਕਰਨ ਦੀ ਸਾਜ਼ਿਸ਼ ਰਚ ਰਹੇ ਸਨ।ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਸੀਨੀਅਰ ਸੁਪਰਡੈਂਟ ਆਫ ਪੁਲਸ ਅੰਮ੍ਰਿਤਸਰ ਦਿਹਾਤੀ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਸਪੈਸ਼ਲ ਸੈੱਲ ਅੰਮ੍ਰਿਤਸਰ ਦਿਹਾਤੀ ਦੀ ਟੀਮ ਨੇ ਦੋਵਾਂ ਸ਼ੱਕੀਆਂ ਨੂੰ ਹਿਰਾਸਤ ਵਿੱਚ ਲਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਆਈਈਡੀ ਬਰਾਮਦ ਕੀਤੀ।ਉਨ੍ਹਾਂ ਦੱਸਿਆ ਕਿ ਫੋਰੈਂਸਿਕ ਟੀਮਾਂ ਨੂੰ ਮੌਕੇ ਤੇ ਬੁਲਾਇਆ ਗਿਆ ਜਿਨ੍ਹਾਂ ਨੇ ਆਈਈਡੀ ਨੂੰ ਬੇਅਸਰ ਕਰ ਦਿੱਤਾ।



ਇਸ ਸਬੰਧੀ ਐੱਫਆਈਆਰ ਨੰਬਰ 386 ਮਿਤੀ 25/11/2025 ਨੂੰ ਅੰਮ੍ਰਿਤਸਰ ਦਿਹਾਤੀ ਦੇ ਥਾਣਾ ਘਰਿੰਡਾ ਵਿਖੇ ਵਿਸਫੋਟਕ ਪਦਾਰਥ ਐਕਟ ਦੀ ਧਾਰਾ 3, 4 ਅਤੇ 5 ਅਤੇ ਭਾਰਤੀ ਨਿਆਂ ਸੰਹਿਤਾ (ਬੀਐੱਨਐੱਸ) ਦੀ ਧਾਰਾ 113 ਤਹਿਤ ਦਰਜ ਕੀਤੀ ਗਈ ਹੈ।

# 4 ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ, (ਜਨਕ ਮਹਾਜਨ)- ਥਾਣਾ ਸਿਟੀ ਗੁਰਦਾਸਪੁਰ ਏਐੱਸਆਈ ਮੋਹਣ ਲਾਲ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਬਹਿਰਾਮਪੁਰ ਰੋਡ ਨਜ਼ਦੀਕ ਅੰਬਾਂ ਦੇ ਬਾਗ ਗੁਰਦਾਸਪੁਰ ਤੋਂ ਮਨਪ੍ਰੀਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਗਿੱਦੜ ਪਿੰਡੀ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ 8 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸੇ ਤਰ੍ਹਾਂ ਥਾਣਾ ਸਦਰ ਗੁਰਦਾਸਪੁਰ ਦੇ ਏਐੱਸਆਈ ਟੇਕ ਰਾਮ ਨੇ ਸਮੇਤ ਪੁਲਸ ਪਾਰਟੀ ਨਾਕਾਬੰਦੀ ਬਾਈਪਾਸ ਰੋਡ ਮੋੜ ਪਿੰਡ ਹੇਮਰਾਜਪੁਰ ਤੋਂ ਅਭੀਸ਼ੇਕ ਉਰਫ ਅਭੀ ਪੁੱਤਰ ਕੇਵਲ ਮਸੀਹ ਵਾਸੀ ਦਿਉਲ ਕੋਲੋਂ ਵੀ 8 ਗਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਕਾਹਨੂੰਵਾਨ ਦੇ ਏਐੱਸਆਈ ਨਿਰਮਲ ਸਿੰਘ ਨੇ ਸਮੇਤ ਪੁਲਸ ਪਾਰਟੀ ਕਾਲਾ ਬਾਲਾ ਸ਼ਮਸ਼ਾਨਘਾਟ ਤੋਂ ਦਲਜੀਤ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਰਾਊਵਾਲ ਜੋ ਸ਼ਮਸ਼ਾਨਘਾਟ ਵਿਚ ਬੈਠ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਤਾਂ ਉਸ ਪਾਸੋਂ ਸਿਲਵਰ ਪੇਪਰ, ਲਾਈਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਥਾਣਾ ਬਹਿਰਾਮਪੁਰ ਦੇ ਏਐੱਸਆਈ ਨਿਰਮਲ ਸਿੰਘ ਨੇ ਸਮੇਤ ਪੁਲਸ ਪਾਰਟੀ ਬਹਿਰਾਮਪੁਰ ਤੋਂ ਗੁਰਮੁੱਖ ਸਿੰਘ ਪੁੱਤਰ ਹਰਜੀਤ ਸਿੰਘ ਵਾਸੀ ਗੰਜਾ ਥਾਣਾ ਦੋਰਾਂਗਲਾ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਜਿਸ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਸਿਲਵਰ ਪੇਪਰ, ਲਾਈਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਪੁਲਸ ਨੇ ਇਨ੍ਹਾਂ ਨਸ਼ਾ ਤਸਕਰਾਂ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਸਾਰੀਆਂ ਸੀਟਾਂ 'ਤੇ ਭਾਜਪਾ ਚੋਣ ਲੜੇਗੀ : ਬਾਜਵਾ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਆਉਣ ਵਾਲੀਆਂ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਵਿੱਚ ਭਾਜਪਾ ਪੰਜਾਬ ਦੀਆਂ ਸਾਰੀਆਂ ਸੀਟਾਂ ਤੇ ਚੋਣ ਲੜੇਗੀ। ਉਕਤ ਵਿਚਾਰ ਭਾਜਪਾ ਦੇ ਉੱਘੇ ਸੀਨੀਅਰ ਆਗੂ ਮੀਤ ਪ੍ਰਧਾਨ ਬੀਜੇਪੀ ਪੰਜਾਬ ਫਤਿਹ ਜੰਗ ਸਿੰਘ ਬਾਜਵਾ ਨੇ ਪੱਤਰਕਾਰਾਂ ਨਾਲ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਵਿੱਚ ਭਾਜਪਾ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਪੰਜਾਬ ਦੇ ਲੋਕ ਦੇਸ਼ ਭਰ ਵਿੱਚ ਭਾਜਪਾ ਦੀਆਂ ਚੱਲ ਰਹੀਆਂ ਗਤੀਵਿਧੀਆਂ ਤੋਂ ਕਾਫੀ ਉਤਸ਼ਾਹਿਤ ਹਨ ਅਤੇ ਆਉਣ ਵਾਲੀਆਂ ਪੰਜਾਬੀ ਦੀਆਂ ਬਲਾਕ ਸੰਮਤੀ ਅਤੇ ਜ਼ਿਲਾ ਪ੍ਰੀਸ਼ਦ ਦੀਆਂ ਚੋਣਾਂ ਵਿੱਚ ਭਾਜਪਾ ਵੱਡੀ ਜਿੱਤ ਪ੍ਰਾਪਤ ਕਰੇਗੀ।ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣੇਗੀ ਤਾਂ ਕਿਸਾਨਾਂ ਦਾ ਕਰਜ਼ਾ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਬੇਨਤੀ ਕਰਕੇ ਮਾਫ ਕਰਵਾਇਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਅੱਜ ਤੱਕ ਬੰਦੀ ਸਿੰਘਾਂ ਦੀ ਰਿਹਾਈ ਦੀ ਗੱਲ ਕਿਸੇ ਵੱਲੋਂ ਨਹੀਂ ਕੀਤੀ ਗਈ ਅਤੇ ਜੋ ਵੀ ਸਰਕਾਰਾਂ ਬਣਦੀਆਂ ਰਹੀਆਂ ਉਨ੍ਹਾਂ ਨੇ ਬੰਦੀ ਸਿੰਘਾਂ ਬਾਰੇ ਹੁਣ ਤੱਕ ਨਹੀਂ ਸੋਚਿਆ। ਉਨ੍ਹਾਂ ਕਿਹਾ ਕਿ ਉਹ ਵੀ ਨਰਿੰਦਰ ਮੋਦੀ ਨੂੰ ਕਹਿ ਕੇ ਬੰਦੀ ਸਿੰਘਾਂ ਦੀ ਰਿਹਾਈ ਮੁਮਕਿਨ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਬਲਵਿੰਦਰ ਸਿੰਘ ਮਿੱਟੂ ਬਾਜਵਾ, ਰਾਜਬੀਰ ਸਿੰਘ ਪੀਏ, ਭੁਪਿੰਦਰ ਸਿੰਘ, ਬਲਵਿੰਦਰ ਸਿੰਘ, ਡਾਕਟਰ ਕਮਲਜੋਤੀ, ਗੌਰਵ ਰਾਜਪੂਤ, ਗੌਰੀ ਖੋਸਲਾ, ਬੱਬੂ ਖੋਸਲਾ, ਸੀਮਾ ਘੁੰਮਣ ਅਤੇ ਰਜਨੀਸ਼ ਮਹਾਜਨ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।



# ਅਜਨਾਲਾ ਨੇ ਜ਼ਿਲ੍ਹਾ ਪਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਨੂੰ ਲੈ ਕੇ ਪਾਰਟੀ ਵਰਕਰਾਂ ਨਾਲ ਕੀਤੀ ਮੀਟਿੰਗ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਜ਼ਿਲ੍ਹਾ ਪਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਨੂੰ ਲੈ ਕੇ ਹਲਕਾ ਅਜਨਾਲਾ ਦੇ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਨੇ ਆਪਣੇ ਗ੍ਰਹਿ ਵਿਖੇ ਕਾਂਗਰਸੀ ਵਰਕਰਾਂ ਅਤੇ ਆਗੂਆਂ ਨਾਲ ਇੱਕ ਮੀਟਿੰਗ ਕੀਤੀ।ਅਜਨਾਲਾ ਹਲਕੇ ਦੇ ਮੋਹਤਬਰ ਵਿਅਕਤੀਆਂ ਦੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਾਂਗਰਸੀ ਵਰਕਰਾਂ ਵਿੱਚ ਜੋਸ਼ ਭਰਦਿਆਂ ਕਿਹਾ ਕਿ ਆਉਣ ਵਾਲਾ ਭਵਿੱਖ ਕਾਂਗਰਸ ਦਾ ਹੈ। ਪੰਜਾਬ ਦੀ ਜਨਤਾ ਆਮ ਆਦਮੀ ਪਾਰਟੀ ਦੇ ਰਾਜ ਤੋਂ ਦੁਖੀ ਹੋ ਚੁੱਕੀ ਹੈ।ਉਨ੍ਹਾਂ ਅਪੀਲ ਕੀਤੀ ਕਿ ਸਾਨੂੰ ਸਾਰਿਆਂ ਨੂੰ ਆਪਸੀ ਭੇਦ ਭਾਵ ਮਿਟਾ ਕੇ ਇਹ ਚੋਣਾਂ ਲੜਨੀਆਂ ਚਾਹੀਦੀਆਂ ਹਨ, ਉਹ ਉਮੀਦਵਾਰ ਚੁਣਨ ਦਾ ਫੈਸਲਾ ਤੁਹਾਡੇ ਉਤੇ ਛੱਡਦੇ ਹਨ।ਰਾਜ ਕਰਦੀ ਆਮ ਆਦਮੀ ਪਾਰਟੀ ਜੋ ਵਿਕਾਸ ਦਾ ਢੰਡੋਰਾ ਪਿੱਟਦੀ ਹੈ, ਦੇ ਕੰਮਾਂ ਪ੍ਰਤੀ ਚਾਨਣਾ ਪਾਉਂਦਿਆਂ ਉਨ੍ਹਾਂ ਦੱਸਿਆ ਕਿ ਖਜ਼ਾਨੇ ਦੀ ਹਾਲਤ ਬਿਲਕੁਲ ਪਤਲੀ ਹੈ, ਸਰਕਾਰ ਵੱਲ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ 16% ਡੀ. ਏ. ਪੈਂਡਿੰਗ ਹੈ।ਪੈਨਸ਼ਨਰਾਂ ਨੂੰ 2.59 ਦੀ ਥਾਂ 2.45 ਫੈਕਟਰ ਨਾਲ ਪੈਨਸ਼ਨ ਦਿੱਤੀ ਜਾ ਰਹੀ ਹੈ।ਮਜ਼ਦੂਰ, ਮੁਲਾਜ਼ਮ ਅਤੇ ਕਿਸਾਨ ਸਰਕਾਰ ਦੇ ਅੜੀਅਲ ਰਵੱਈਏ ਤੋਂ ਦੁਖੀ ਹਨ। ਦੂਸਰੇ ਪਾਸੇ ਸਾਰਾ ਪੈਸਾ ਇਸ਼ਤਿਹਾਰਬਾਜ਼ੀ ਵਿੱਚ ਉਜਾੜਿਆ ਜਾ ਰਿਹਾ ਹੈ।ਇਸ ਸਮੇਂ



ਕਵਰ ਪ੍ਰਤਾਪ ਸਿੰਘ ਅਜਨਾਲਾ, ਸਰਪੰਚ ਗੁਰਸ਼ਿੰਦਰ ਸਿੰਘ ਸੈਂਸਰਾ, ਰਾਣਾ ਭੱਖਾ, ਸਾਬਕਾ ਸਰਪੰਚ ਸੁਖਵੰਤ ਸਿੰਘ ਚੇਤਨਪੁਰਾ, ਪਤਰਸ ਮਸੀਹ, ਸਾਬਕਾ ਸਰਪੰਚ ਰਣਧੀਰ ਸਿੰਘ, ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ ਬਿੱਟੂ, ਮੈਂਬਰ ਪੰਚਾਇਤ ਅਰਜਨ ਸਿੰਘ, ਨਵਦੀਪ ਨਵੀ, ਆਕਾਸ਼, ਸੁਖਵੰਤ ਕੰਦੋਵਾਲੀ, ਨਾਨਕ ਅਜਨਾਲਾ, ਪੀਏ ਇੰਦਰਜੀਤ ਸਿੰਘ, ਦਿਲਬਾਗ ਸਿੰਘ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

# ਮੰਗਾਂ ਨੂੰ ਲੈ ਕੇ ਕਿਸਾਨ ਆਗੂਆਂ ਗੰਨਾ ਮਿੱਲ ਪਨਿਆੜ ਅੱਗੇ ਦਿੱਤਾ ਧਰਨਾ



ਗੁਰਦਾਸਪੁਰ, (ਜਨਕ ਮਹਾਜਨ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਸੂਬਾ ਆਗੂਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੰਨਾ ਮਿੱਲ ਪਨਿਆੜ ਵਿਖੇ ਧਰਨਾ ਲਗਾਇਆ ਗਿਆ। ਪਿਛਲੇ ਦਿਨੀਂ ਗੰਨਾ ਮਿੱਲ ਦੇ ਪ੍ਰਸ਼ਾਸਨ ਵੱਲੋਂ ਕੁਝ ਪਰਿਵਾਰਾਂ ਦੇ ਬਾਂਡ ਕੱਟ ਦਿੱਤੇ ਗਏ ਸਨ ਤੇ ਦੁਬਾਰਾ ਬਾਂਡ ਕਰਨ ਤੋਂ ਮਨ੍ਹਾ ਕਰ ਰਹੇ ਸਨ। ਉਨ੍ਹਾਂ ਨੂੰ ਧੱਕੇ ਨਾਲ ਅਜਨਾਲਾ ਮਿੱਲ ਨਾਲ ਜੋੜਿਆ ਜਾ ਰਿਹਾ ਸੀ। ਇਸ ਦੇ ਸਬੰਧ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਕਿਸਾਨ ਵੀਰਾਂ ਨੇ ਪਨਿਆੜ ਮਿੱਲ ਦੇ ਅੱਗੇ ਧਰਨਾ ਲਗਾਇਆ। ਇਸ ਧਰਨੇ ਵਿਚ ਜ਼ੋਨ ਬਾਬਾ ਬੰਦਾ ਸਿੰਘ ਬਹਾਦਰ, ਜ਼ੋਨ ਬਾਬਾ ਮਸਤੂ, ਜ਼ੋਨ ਤੇਜਾ ਸਿੰਘ ਸੁਤੰਤਰ ਬਾਬਾ ਸ਼੍ਰੀ ਚੰਦ ਜੀ ਦਾ ਬੜਾ ਯੋਗਦਾਨ ਰਿਹਾ। ਪ੍ਰਸ਼ਾਸਨ ਨੇ ਕਿਸਾਨਾਂ ਦੀਆਂ ਮੰਗਾਂ ਮੰਨ ਲਈਆਂ ਹਨ ਤੇ ਬਾਂਡ ਮੁੜ ਚਾਲੂ ਕਰਨ ਦਾ ਭਰੋਸਾ ਦਿੱਤਾ ਹੈ। ਨਾਲ ਹੀ ਦੁਬਾਰਾ ਮੀਟਿੰਗ ਕਰਵਾ ਕੇ ਹੋਰ ਪਿੰਡਾਂ ਨੂੰ ਵੀ ਪਨਿਆੜ ਮਿੱਲ ਨਾਲ ਜੁੜਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਸੂਬਾ ਆਗੂ ਹਰਵਿੰਦਰ ਸਿੰਘ ਮਸਾਨੀਆ, ਜ਼ਿਲ੍ਹਾ ਪ੍ਰੈੱਸ ਸਕੱਤਰ ਸੁਖਦੇਵ ਸਿੰਘ ਅੱਲੜ ਪਿੰਡੀ, ਜਤਿੰਦਰ ਸਿੰਘ ਚੀਮਾ, ਸੁਖਵੰਤ ਸਿੰਘ, ਗੁਰਮੁੱਖ ਸਿੰਘ ਲੁਧਿਆਣਾ ਜ਼ੋਨ ਪ੍ਰਧਾਨ, ਸੁਖਜਿੰਦਰ ਸਿੰਘ ਡੇਹਰੀਵਾਲ, ਮੀਤ ਸਿੰਘ ਰੁਡਿਆਣਾ, ਦੇਸਾ ਸਿੰਘ ਰੁਡਿਆਣਾ, ਸਤਨਾਮ ਸਿੰਘ, ਅਨੂਪ ਸਿੰਘ ਸੁਲਤਾਨੀ, ਕੁਲਵੰਤ ਸਿੰਘ ਚੌੜਾ, ਗੁਰਪ੍ਰੀਤ ਸਿੰਘ ਦੋਸਤਪੁਰ, ਪ੍ਰੈੱਸ ਸਕੱਤਰ ਦਲੇਰ ਸਿੰਘ ਦੋਸਤਪੁਰ, ਬੀਬੀ ਮਨਜਿੰਦਰ ਕੌਰ, ਬੀਬੀ ਸੁਖਦੇਵ ਕੌਰ ਤੇ ਕਿਸਾਨ ਆਗੂ ਹਾਜ਼ਰ ਸਨ।

# ਕੀਮਤੀ ਬ੍ਰਾਂਡਾਂ ਦੀ ਸੂਚੀ 'ਚ ਐੱਚ ਡੀ ਐੱਫ ਸੀ ਬੈਂਕ ਪਹਿਲੇ ਸਥਾਨ 'ਤੇ

ਜਲੰਧਰ : ਐੱਚ ਡੀ ਐੱਫ ਸੀ ਬੈਂਕ ਨੂੰ ਕਾਂਟਰ ਬ੍ਰਾਂਡਸ ਦੀ ਚੋਟੀ ਦੇ 100 ਸਭ ਤੋਂ ਕੀਮਤੀ ਭਾਰਤੀ ਬ੍ਰਾਂਡਾਂ ਦੀ ਰਿਪੋਰਟ ਦੇ ਅਨੁਸਾਰ ਦੇਸ਼ ਦੇ ਸਭ ਤੋਂ ਕੀਮਤੀ ਬ੍ਰਾਂਡ ਵਜੋਂ ਦਰਜਾ ਦਿੱਤਾ ਗਿਆ ਹੈ।ਐੱਚਡੀਐੱਫਸੀ ਬੈਂਕ ਦਾ ਬ੍ਰਾਂਡ ਮੁੱਲ 2024 ਵਿੱਚ £38.3 ਬਿਲੀਅਨ ਤੋਂ 18 ਪ੍ਰਤੀਸ਼ਤ ਵਧਣ ਦਾ ਅਨੁਮਾਨ ਹੈ, ਜੋ ਕਿ 2014 ਵਿੱਚ ਪਹਿਲੀ ਬ੍ਰਾਂਡਸ ਇੰਡੀਆ ਰਿਪੋਰਟ ਜਾਰੀ ਹੋਣ ਤੋਂ ਬਾਅਦ 377 ਪ੍ਰਤੀਸ਼ਤ ਵਾਧਾ ਦਰਸਾਉਂਦਾ ਹੈ।ਰੈਂਕਿੰਗ 'ਤੇ ਟਿੱਪਣੀ ਕਰਦੇ ਹੋਏ ਰਵੀ ਸੰਥਾਨਮ ਗਰੁੱਪ ਹੈੱਡ (ਬ੍ਰਾਂਡ, ਰਿਟੇਲ ਮਾਰਕੀਟਿੰਗ ਅਤੇ ਗਾਹਕ ਵਿਸ਼ਲੇਸ਼ਣ) ਅਤੇ ਮੁੱਖ ਮਾਰਕੀਟਿੰਗ ਅਫਸਰ, ਐੱਚਡੀਐੱਫਸੀ ਬੈਂਕ ਨੇ ਕਿਹਾ ਕਿ ਸਾਨੂੰ ਕਾਂਟਰ ਦੁਆਰਾ ਦੇਸ਼ ਦੇ ਚੋਟੀ ਦੇ ਬ੍ਰਾਂਡਾਂ ਵਿੱਚੋਂ ਇੱਕ ਵਜੋਂ ਮਾਨਤਾ ਪ੍ਰਾਪਤ ਕਰਕੇ ਖੁਸ਼ੀ ਹੋ ਰਹੀ ਹੈ।ਸਾਡਾ ਮੰਤਰ ਆਪਣੇ ਸਿਧਾਂਤਾਂ ਪ੍ਰਤੀ ਸੱਚਾ ਰਹਿਣਾ, ਗਾਹਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਅਤੇ ਗਾਹਕ ਅਨੁਭਵ, ਸੁਰੱਖਿਆ ਅਤੇ ਵਿਸ਼ਵਾਸ ਤੇ ਮਿਆਰ ਨੂੰ ਕਾਇਮ ਰੱਖਣਾ ਹੈ।

# ਅਮਨਦੀਪ ਕੌਰ ਥਿੰਦ ਨੂੰ ਮਿਲਿਆ ਐਵਾਰਡ ਆਫ ਐਕਸੀਲੈਂਸ

## * ਪ੍ਰਿਅੰਕਾ ਸ਼ਰਮਾ ਬੈਸਟ ਅਧਿਆਪਕ ਵਜੋਂ ਤੇ ਬੱਚੇ ਮੈਰਿਟ 'ਚ ਆਉਣ ਕਰਕੇ ਸਨਮਾਨਿਤ

ਮਜੀਠਾ (ਸੋਇਮ ਆਨੰਦ)-ਅੰਮ੍ਰਿਤਸਰ ਗਰੁੱਪ ਆਫ ਕਾਲਜਿਜ਼ ਏਜੀਸੀ ਵੱਲੋਂ ਰੈਕੋਗਨਾਈਜ਼ਡ ਐਫੀਲੇਟਿਡ ਸਕੂਲ ਐਸੋਸੀਏਸ਼ਨ ਰਾਸਾ ਯੂਕੇ ਦੇ ਸਹਿਯੋਗ ਨਾਲ ਪੈਗਾਮ-ਏ-ਮੁਬਾਰਕ 2025 ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਿੱਖਿਆ ਦੇ ਖੇਤਰ ਵਿੱਚ ਜ਼ਿਕਰਯੋਗ ਯੋਗਦਾਨ ਪਾਉਣ ਵਾਲੇ ਪੰਜਾਬ ਭਰ ਤੋਂ ਆਏ ਪੰਜਾਬ ਸਕੂਲ ਸਿੱਖਿਆ ਬੋਰਡ ਦੇ 200 ਪ੍ਰਿੰਸੀਪਲ, 200 ਅਧਿਆਪਕ, ਦਸਵੀਂ ਅਤੇ ਬਾਰਵੀਂ ਜਮਾਤ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਮੈਰਿਟ ਵਿੱਚ ਆਏ 1200 ਦੇ ਕਰੀਬ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਐਵਾਰਡ ਆਫ ਐਕਸੀਲੈਂਸ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਸ਼ਿਰਕਤ ਕੀਤੀ ਗਈ ਜਦਕਿ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਕਰਮਜੀਤ ਸਿੰਘ ਰਿੰਟੂ, ਅੰਮ੍ਰਿਤਸਰ ਗਰੁੱਪ ਆਫ ਕਾਲਜਿਜ਼ ਦੇ ਚੇਅਰਮੈਨ ਐਡਵੋਕੇਟ ਅਮਿਤ ਸ਼ਰਮਾ ਤੇ ਹੋਰ ਪਤਵੰਤੇ ਸ਼ਾਮਿਲ ਹੋਏ।ਇਸ ਮੌਕੇ ਮਜੀਠਾ ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਸੋਹੀਆਂ ਕਲਾਂ ਰੋਡ ਮਜੀਠਾ ਦੇ ਡਾਇਰੈਕਟਰ ਮੈਡਮ ਅਮਨਦੀਪ ਕੌਰ ਥਿੰਦ ਨੂੰ ਵੀ ਇਸ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ ਸਕੂਲ ਕੋਆਰਡੀਨੇਟਰ ਪ੍ਰਿਅੰਕਾ ਸ਼ਰਮਾ ਨੂੰ ਬੈਸਟ ਅਧਿਆਪਕ ਵਜੋਂ ਸਨਮਾਨ ਮਿਲਿਆ। ਇਸੇ ਸਕੂਲ ਦੇ ਵਿਦਿਆਰਥੀ ਵਰਗ ਵਿੱਚੋਂ ਜਪੁਜੀ ਕੌਰ, ਕਿਰਨਜੋਤ ਕੌਰ, ਪ੍ਰਨੀਤ ਕੌਰ, ਸੁਖਲੀਨ ਕੌਰ ਤੇ ਬਿਕਰਮਜੀਤ ਸਿੰਘ ਨੂੰ ਮੈਡਲ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਜਿਸ ਨਾਲ ਸਮੂਹ ਸਕੂਲ ਸਟਾਫ ਤੇ ਬੱਚਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਇਸ ਪ੍ਰਾਪਤੀ ਤੇ ਸਕੂਲ ਮੈਨੇਜਮੈਂਟ ਬੋਰਡ ਦੇ ਐੱਮਡੀ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ, ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ , ਮੁੱਖ ਪ੍ਰਬੰਧਕ ਮੈਡਮ ਹਰਜਿੰਦਰ ਪਾਲ ਕੌਰ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਇਹ ਸਭ ਡਾਇਰੈਕਟਰ ਮੈਡਮ ਅਮਨਦੀਪ ਕੌਰ ਥਿੰਦ ਦੀ ਅਣਥੱਕ ਮਿਹਨਤ ਸਦਕਾ ਹੀ ਸੰਭਵ ਹੋਇਆ ਹੈ।



# ਪਾਈਟੈਕਸ-2025 ਦਾ ਉਦਘਾਟਨ 5 ਦਸੰਬਰ ਨੂੰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਇੰਟਰਨੈਸ਼ਨਲ ਟ੍ਰੇਡ ਐਕਸਪੋ ਦੇ 19ਵੇਂ ਐਡੀਸ਼ਨ ਦਾ ਉਦਘਾਟਨ ਭਾਰਤ ਦੇ ਮਾਣਯੋਗ ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਵੱਲੋਂ 5 ਦਸੰਬਰ ਨੂੰ ਰਣਜੀਤ ਐਵੀਨਿਊ ਅੰਮ੍ਰਿਤਸਰ ਵਿਖੇ ਕੀਤਾ ਜਾਵੇਗਾ।ਪੀਐੱਚਡੀ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਦੇ ਸੀਨੀਅਰ ਵਫ਼ਦ ਸੰਜੇ ਸਿੰਘਾਨੀਆ, ਉਪ ਪ੍ਰਧਾਨ ਕਰਨ ਗਿਲਹੋਤਰਾ, ਚੇਅਰਪਰਸਨ ਪੰਜਾਬ ਚੈਪਟਰ; ਅਤੇ ਨਵੀਨ ਸੇਠ, ਡਿਪਟੀ ਸੈਕਟਰੀ ਜਨਰਲ ਨੇ ਸ਼੍ਰੀ ਕੋਵਿੰਦ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸੱਦਾ ਦਿੱਤਾ।ਇਹ ਐਕਸਪੋ ਉੱਤਰੀ ਭਾਰਤ ਵਿੱਚ ਪ੍ਰਮੁੱਖ ਟ੍ਰੇਡ ਆਯੋਜਨਾਂ ਵਿੱਚੋਂ ਇੱਕ ਹੈ।



ਪਾਈਟੈਕਸ 'ਚ ਦੇਸ਼-ਵਿਦੇਸ਼ ਤੋਂ ਪ੍ਰਦਰਸ਼ਕ, ਖਰੀਦਦਾਰ ਅਤੇ ਨਿਵੇਸ਼ਕ ਇੱਕ ਪਲੇਟਫਾਰਮ 'ਤੇ ਇਕੱਠੇ ਹੁੰਦੇ ਹਨ ਜੋ ਵਪਾਰਕ ਨੈੱਟਵਰਕਿੰਗ ਅਤੇ ਨਵੇਂ ਕਾਰੋਬਾਰ ਅਤੇ ਨਿਵੇਸ਼ ਦੇ ਮੌਕਿਆਂ ਨੂੰ ਉਤਸ਼ਾਹਿਤ ਕਰਦਾ ਹੈ।ਪਾਈਟੈਕਸ-2025, 4 ਤੋਂ 8 ਦਸੰਬਰ ਤੱਕ ਆਯੋਜਿਤ ਕੀਤਾ ਜਾਵੇਗਾ।ਪੀਐੱਚਡੀਸੀਸੀਆਈ ਨੇ ਸ਼੍ਰੀ ਕੋਵਿੰਦ ਦਾ ਉਦਘਾਟਨ ਦੇ ਲਈ ਸਹਿਮਤ ਹੋਣ ਲਈ ਧੰਨਵਾਦ ਕੀਤਾ ਹੈ।

# ਪੂਜਾ ਰਮਦਾਸ ਨੂੰ ਵੂਮੈਨ ਬਲਾਕ ਪ੍ਰਧਾਨ ਬਣਨ 'ਤੇ ਕੀਤਾ ਸਨਮਾਨਿਤ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਅਜਨਾਲੇ ਦੇ ਮੌਜੂਦਾ ਵਿਧਾਇਕ ਸਰਦਾਰ ਕੁਲਦੀਪ ਸਿੰਘ ਧਾਰੀਵਾਲ ਦੀ ਰਹਿਨੁਮਾਈ ਹੇਠ ਜਨਰਲ ਐਡਵੋਕੇਟ ਰਾਜੀਵ ਮਦਾਨ ਵੱਲੋਂ ਪੂਜਾ ਰਮਦਾਸ ਨੂੰ ਬਲਾਕ ਪ੍ਰਧਾਨ ਬਣਨ 'ਤੇ ਸਨਮਾਨਿਤ ਕੀਤਾ ਅਤੇ ਇਸ ਮੌਕੇ ਰਜੀਵ ਮਦਾਨ ਨੇ ਸਰਦਾਰ ਕੁਲਦੀਪ ਸਿੰਘ ਧਾਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਜੋ ਪੂਜਾ 'ਤੇ ਵਿਸ਼ਵਾਸ ਪ੍ਰਗਟ ਕੀਤਾ ਹੈ ਮੈਂ ਉਨ੍ਹਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹਾਂ। ਇਸ ਮੌਕੇ ਪੂਜਾ ਰਮਦਾਸ ਨੇ ਉਨ੍ਹਾਂ ਅਤੇ ਪਾਰਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਉਨ੍ਹਾਂ ਨੂੰ ਪਾਰਟੀ ਨੇ ਮਾਣ ਸਤਿਕਾਰ ਦਿੱਤਾ ਹੈ ਉਹ ਦਿਨ-ਰਾਤ ਮਿਹਨਤ ਕਰਕੇ ਪਾਰਟੀ ਦੀ ਦਿਨ ਦੁੱਗਣੀ ਰਾਤ ਚੌਗੁਣੀ ਤਰੱਕੀ ਲਈ ਮਿਹਨਤ ਕਰਨਗੇ ਤਾਂ ਜੋ 2027 ਵਿੱਚ ਫਿਰ ਆਮ ਆਦਮੀ ਪਾਰਟੀ ਦੀ ਸਰਕਾਰ ਬਣ ਸਕੇ। ਇਸ ਮੌਕੇ ਰਮਦਾਸ ਦੇ ਸ਼ਹਿਰੀ ਪ੍ਰਧਾਨ ਗੁਰਪ੍ਰੀਤ ਸਿੰਘ, ਐਡਵੋਕੇਟ ਕਰਮਜੀਤ ਸਿੰਘ ਸੰਧੂ, ਮਨਦੀਪ ਸਿੰਘ ਸ਼ੇਰਾ, ਗੁਰਪ੍ਰੀਤ ਸਿੰਘ ਰੰਧਾਵਾ, ਡਿੰਪਲ ਕੁਮਾਰ ਰਮਦਾਸ ਅਤੇ ਗੁਰਪ੍ਰੀਤ ਸਿੰਘ ਭਾਟੀਆ ਹਾਜ਼ਰ ਸਨ।

# ਕਿਰਤੀਆਂ ਤੇ ਕਿਸਾਨਾਂ ਦੀ ਲੜਾਈ ਕਾਰਪੋਰੇਟ ਘਰਾਣਿਆਂ ਵਿਰੁੱਧ: ਕਿਸਾਨ ਸਭਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਕੁੱਲ ਹਿੰਦ ਕਿਸਾਨ ਸਭਾ ਦਾ ਇੱਕ ਜਥਾ ਤਰਨ ਤਾਰਨ ਤੋਂ ਬਲਦੇਵ ਸਿੰਘ ਧੂੰਦਾ, ਕੁਲਬੀਰ ਸਿੰਘ ਕਸੇਲ ਦੀ ਅਗਵਾਈ ਵਿੱਚ ਚੰਡੀਗੜ੍ਹ ਸੰਯੁਕਤ ਕਿਸਾਨ ਮੋਰਚਾ ਦੀ ਰੈਲੀ ਲਈ ਰਵਾਨਾ ਹੋਇਆ।ਇਸ ਮੌਕੇ ਜ਼ਿਲ੍ਹਾ ਸਕੱਤਰ ਬਲਕਾਰ ਸਿੰਘ ਵਲਟੋਹਾ ਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਕਾਰਪੋਰੇਟ ਘਰਾਣੇ ਸਾਰੀ ਦੁਨੀਆ ਦੇ ਮਿਹਨਤਕਸ਼ ਲੋਕਾਂ ਦੀ ਕਮਾਈ ਲੁੱਟ ਕੇ ਸਾਰੀ ਦੁਨੀਆ ਨੂੰ ਆਪਣੀ ਮੁੱਠੀ ਵਿੱਚ ਕਰਨਾ ਚਾਹੁੰਦੇ ਹਨ।



ਸਰਕਾਰ ਦੀਆਂ ਇਨ੍ਹਾਂ ਨੀਤੀਆਂ ਕਾਰਨ ਆਮ ਕਿਸਾਨ, ਮਜ਼ਦੂਰ ਤੇ ਛੋਟਾ ਕਾਰੋਬਾਰੀ ਵੱਡੇ ਆਰਥਿਕ ਸੰਕਟ ਵਿੱਚ ਧੱਸਦਾ ਜਾ ਰਿਹਾ ਹੈ।ਬੇਰੁਜ਼ਗਾਰੀ ਸਭ ਹੱਦਾਂ ਟੱਪ ਰਹੀ ਹੈ।ਉਨ੍ਹਾਂ ਮੰਗ ਕੀਤੀ ਕਿ ਖੇਤੀ ਅਧਾਰਤ ਜ਼ਮੀਨ ਦੀ ਮੁੜ ਵੰਡ ਕੀਤੀ ਜਾਵੇ। ਛੋਟੇ ਤੇ ਦਰਮਿਆਨੇ ਕਿਸਾਨਾਂ ਨੂੰ ਸਾਂਝੀ ਸਹਿਯੋਗੀ ਖੇਤੀ ਲਈ ਵਿਸ਼ੇਸ਼ ਰਿਆਇਤਾਂ ਦਿੱਤੀਆਂ ਜਾਣ।ਸਸਤੇ ਬੀਜ, ਖਾਦ ਮੁਹੱਈਆ ਕਰਵਾਏ ਜਾਣ। ਬੁਢਾਪਾ ਪੈਨਸ਼ਨ 10000 ਰੁਪਏ ਹਰ ਕਿਰਤੀ ਕਿਸਾਨ ਨੂੰ ਦਿੱਤੀ ਜਾਵੇ।ਵਾਹਗਾ ਬਾਰਡਰ ਤੇ ਹੁਸੈਨੀਵਾਲਾ ਬਾਰਡਰ ਕਿਸਾਨੀ ਜਿਣਸਾਂ ਦੇ ਵਪਾਰ ਲਈ ਖੋਲ੍ਹੇ ਜਾਣ ਤਾਂ ਕਿ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਤੇ ਵਪਾਰੀਆਂ ਨੂੰ ਫਾਇਦਾ ਹੋ ਸਕੇ।

ਉਨ੍ਹਾਂ ਕਿਹਾ ਕਿ ਅੱਜ ਜੇਤੂ ਕਿਸਾਨ ਅੰਦੋਲਨ ਦੀ ਪੰਜਵੀਂ ਵਰ੍ਹੇਗੰਢ ਮੌਕੇ ਕੇਂਦਰ ਸਰਕਾਰ ਨੂੰ ਯਾਦ ਦਿਵਾਇਆ ਜਾਵੇਗਾ ਕਿ ਉਸ ਨੇ ਹਰੇਕ ਫਸਲ ਤੇ ਐੱਮਐੱਸਪੀ ਦੇਣ ਸਮੇਤ ਬਾਕੀ ਰਹਿੰਦੀਆਂ ਮੰਗਾਂ ਦੀ ਪੂਰਤੀ ਨਹੀਂ ਕੀਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਜਾਬ ਸਿੰਘ ਕਸੇਲ, ਅਸ਼ੋਕ ਸੋਹਲ, ਦਰਸ਼ਨ ਸਿੰਘ ਬਿਹਾਰੀਪੁਰ ਵੀ ਹਾਜ਼ਰ ਸਨ।

# ਬਦਲਦੇ ਮੌਸਮ 'ਚ ਸਿਹਤ ਨੂੰ ਲੈ ਕੇ ਅਹਿਮ ਵਿਚਾਰ-ਵਟਾਂਦਰਾ

ਬਟਾਲਾ (ਡਾ. ਮਲਵਿੰਦਰ ਸਿੰਘ)-ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ (ਰਜਿ:) ਬਟਾਲਾ ਦੀ ਮਹੀਨਾਵਾਰ ਮੀਟਿੰਗ ਉਪ ਪ੍ਰਧਾਨ ਸ. ਸਰਦੂਲ ਸਿੰਘ ਸੋਢੀ ਦੀ ਅਗਵਾਈ ਵਿੱਚ ਹੋਈ,ਜਿਸ ਦੌਰਾਨ ਵੱਡੀ ਗਿਣਤੀ ਵਿੱਚ ਮੈਂਬਰਾਂ ਵੱਲੋਂ ਸ਼ਿਰਕਤ ਕੀਤੀ ਗਈ।ਇਸ ਮੌਕੇ ਪ੍ਰਧਾਨ ਪ੍ਰਿੰਸੀਪਲ ਲਛਮਣ ਸਿੰਘ ਜਿਨ੍ਹਾਂ ਦੀ ਤਬੀਅਤ ਨਾਸਾਜ਼ ਚੱਲ ਰਹੀ ਹੈ, ਦੀ ਸਿਹਤਯਾਬੀ ਦੀ ਅਰਦਾਸ ਕੀਤੀ ਗਈ।ਇਸ ਦੌਰਾਨ ਹਾਜ਼ਰ ਮੈਂਬਰਾਂ ਵੱਲੋਂ ਬਦਲ ਰਹੇ ਵਾਤਾਵਰਨ ਦੇ ਚੱਲਦਿਆਂ ਠੰਡ ਤੋਂ ਬਚਣ ਲਈ ਕਿਹਾ ਅਤੇ ਆਪਣੇ ਵਿਚਾਰ ਪੇਸ਼ ਕੀਤੇ।ਉਨ੍ਹਾਂ ਕਿਹਾ ਕਿ ਵਾਤਾਵਰਨ ਵਿੱਚ ਫੈਲ ਰਿਹਾ ਪ੍ਰਦੂਸ਼ਣ ਚਿੰਤਾ ਦਾ ਵਿਸ਼ਾ ਹੈ ਅਤੇ ਸਮਾਜ ਨੂੰ ਇਸ ਪ੍ਰਤੀ ਸੁਚੇਤ ਹੋਣ ਦੀ ਲੋੜ ਹੈ।ਇਸ ਦੌਰਾਨ ਜਨਰਲ ਸੈਕਟਰੀ ਗੁਰਦਰਸ਼ਨ ਸਿੰਘ ਧਾਮੀ, ਸੈਕਟਰੀ ਪ੍ਰਿੰਸੀਪਲ ਨਾਨਕ ਸਿੰਘ, ਪ੍ਰਿੰਸੀਪਲ ਨਵਤੇਜਪਾਲ ਸਿੰਘ ਪਨੇਸਰ, ਡਾਕਟਰ ਸੱਤਪਾਲ ਸਿੰਘ, ਅਰਵਿੰਦਰਪਾਲ ਸਿੰਘ ਪਰਮਾਰ, ਜਸਵੰਤ ਸਿੰਘ ਜੇ. ਈ., ਕੁਲਵੰਤ ਸਿੰਘ ਸਟੇਟ ਐਵਾਰਡੀ, ਡਾ. ਗੁਰਿੰਦਰ ਸਿੰਘ ਰੰਧਾਵਾ, ਡਾ. ਗੁਰਦੇਵ ਸਿੰਘ, ਸਵਰਨ ਸਿੰਘ ਸਰੂਪਵਾਲੀ, ਪ੍ਰਿਤਪਾਲ ਸਿੰਘ, ਨਰਿੰਦਰ ਸਿੰਘ ਸਿੱਧੂ ਅਤੇ ਸਵਿੰਦਰ ਸਿੰਘ ਸੰਧੂ ਆਦਿ ਹਾਜ਼ਰ ਸਨ।



# 50 ਲੱਖ ਰੁਪਏ ਦੀ ਗ੍ਰਾਂਟ ਦੇਣ 'ਤੇ ਸਰਪੰਚ ਲੱਡੂ ਵੱਲੋਂ ਮਾਨ ਸਰਕਾਰ ਦਾ ਧੰਨਵਾਦ



ਬਿਆਸ (ਪਰਮਜੀਤ ਸਿੰਘ ਰੱਖੜਾ)-ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਮੌਕੇ ਗੁਰੂ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਵੱਖ-ਵੱਖ ਨਗਰਾਂ ਦੇ ਵਿਕਾਸ ਲਈ ਗਰਾਂਟਾਂ ਦੇ ਖੁੱਲ੍ਹੇ ਗੱਫੇ ਦਿੱਤੇ ਗਏ ਹਨ। ਇਸ ਸੰਬੰਧੀ ਗੱਲਬਾਤ ਦੌਰਾਨ ਕਸਬਾ ਬਿਆਸ ਦੇ ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਿਆਸ ਦੇ ਵਿਕਾਸ ਲਈ 50 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਹੈ ਜਿਸ ਤੋਂ ਬਾਅਦ ਗ੍ਰਾਮ ਪੰਚਾਇਤ ਬਿਆਸ ਵੱਲੋਂ ਨਗਰ ਦੇ ਨੌਜਵਾਨਾਂ ਨੂੰ ਖੇਡਾਂ ਦੇ ਨਾਲ ਜੋੜਨ ਦੇ ਲਈ ਵਿਸ਼ੇਸ਼ ਉਪਰਾਲਾ ਕਰਦੇ ਹੋਏ ਜਿਮ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਗਰਾਂਟ ਨਾਲ ਬਿਆਸ ਨੂੰ ਵਿਕਾਸ ਪੱਖੋਂ ਸੂਬੇ ਦੇ ਮੋਹਰਲੇ ਪਿੰਡਾਂ ਦੀ ਕਤਾਰ ਵਿੱਚ ਖੜ੍ਹਾ ਕੀਤਾ ਜਾਵੇਗਾ ਅਤੇ ਨਗਰ ਦੇ ਇੱਕ ਇੱਕ ਨਾਗਰਿਕ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ

# ਬੀਕੇਯੂ (ਰਾਜੇਵਾਲ) ਦੇ ਜ਼ਿਲ੍ਹਾ ਪ੍ਰਧਾਨ ਧਰਦਿਉ ਦੀ ਅਗਵਾਈ 'ਚ ਚੰਡੀਗੜ੍ਹ ਰੈਲੀ ਲਈ ਜਥਾ ਰਵਾਨਾ



ਬਿਆਸ (ਪਰਮਜੀਤ ਸਿੰਘ ਰੱਖੜਾ)-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਜ਼ਿਲ੍ਹਾ ਪ੍ਰਧਾਨ ਸ੍ਰ: ਉਮਰਾਜ ਸਿੰਘ ਧਰਦਿਉ ਦੀ ਅਗਵਾਈ ਹੇਠ ਸਾਰੇ ਮੈਂਬਰ ਉਮਰਾਨੰਗਲ ਪੈਟਰੋਲ ਪੰਪ 'ਤੇ ਇਕੱਠੇ ਹੋਣ ਉਪਰੰਤ ਦਿੱਲੀ ਕਿਸਾਨ ਅੰਦੋਲਨ ਦੀ ਵਰ੍ਹੇਗੰਢ ਮਨਾਉਣ ਲਈ ਜਥੇ ਦੇ ਰੂਪ 'ਚ ਚੰਡੀਗੜ੍ਹ ਲਈ ਰਵਾਨਾ ਹੋਏ।

ਇਸ ਜਥੇ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਜੋਗਿੰਦਰ ਸਿੰਘ ਬਦੇਸ਼ਾ, ਸੁਖਰਾਮਬੀਰ ਸਿੰਘ ਲੁਹਾਰਕਾ, ਕੁਲਵਿੰਦਰ ਸਿੰਘ ਮਾਨ, ਸੁਰਜੀਤ ਸਿੰਘ ਗੁੰਮਟਾਲਾ, ਚਰਨਜੀਤ ਸਿੰਘ ਢਿੱਲੋਂ, ਸੁਖਦੇਵ ਸਿੰਘ ਵਿਰਕ, ਸੁਖਵਿੰਦਰ ਸਿੰਘ ਚਾਹਲ, ਸੂਬੇ: ਲਾਲਦੀਨ, ਹਵਾਲਦਾਰ ਹਰਦੀਪ ਸਿੰਘ, ਸੂਬੇ :ਮੰਗਲ ਸਿੰਘ, ਬਲਾਕ ਪ੍ਰਧਾਨ ਜਥੇਦਾਰ ਧਰਮ ਸਿੰਘ ਗੱਗੜ ਭਾਣਾ, ਅਨੋਖ ਸਿੰਘ ਹਸਨਪੁਰ, ਕਰਮ ਸਿੰਘ ਕਾਲੇਕੇ, ਪਰਮਜੀਤ ਸਿੰਘ ਕਾਲੇਕੇ, ਸਰਦੂਲ ਸਿੰਘ, ਜਸਬੀਰ ਸਿੰਘ, ਬਲਦੇਵ ਸਿੰਘ, ਰਣਜੀਤ ਸਿੰਘ, ਸੁਖਦੇਵ ਸਿੰਘ, ਜਗਤਾਰ ਸਿੰਘ, ਮਹਿੰਦਰ ਸਿੰਘ, ਕਰਨੈਲ ਸਿੰਘ, ਸੁਰਜੀਤ ਸਿੰਘ, ਮਲੂਕ ਸਿੰਘ, ਸਾਹਿਬ ਸਿੰਘ, ਸੁਖਦੇਵ ਸਿੰਘ, ਪ੍ਰਤਾਪ ਸਿੰਘ, ਬਲਜੀਤ ਸਿੰਘ, ਸਰਬਜੀਤ ਸਿੰਘ ਆਦਿ ਕਿਸਾਨ ਮੈਂਬਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਸੰਵਿਧਾਨ ਦਿਵਸ ਮਨਾਇਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਸੰਵਿਧਾਨ ਦਿਵਸ ਮਨਾਇਆ ਗਿਆ, ਜਿਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਮੋਨਾਲੀ ਕੁਮਾਰੀ ਸਪੁੱਤਰੀ ਰੰਜਨ, ਆਲੀਆ ਸਪੁੱਤਰੀ ਰਾਕੇਸ਼ ਮਸੀਹ ਅਤੇ ਐਂਡਰਿਊ ਫਰੈਡਰਿਕ ਸਿਰਿਲ ਸਪੁੱਤਰ ਸਿਰਿਲ ਨੇ ਸੰਵਿਧਾਨ ਦਿਵਸ ਤੇ ਭਾਸ਼ਣ ਪੇਸ਼ ਕੀਤਾ ।ਇਸ ਦੌਰਾਨ ਸਕੂਲ ਦੇ ਅਧਿਆਪਕਾ ਅਮਨਦੀਪ ਕੌਰ ਨੇ ਸੰਵਿਧਾਨ ਦਿਵਸ ਮੌਕੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ 26 ਨਵੰਬਰ 1949 ਨੂੰ ਸਾਡਾ ਸੰਵਿਧਾਨ ਬਣ ਕੇ ਤਿਆਰ ਹੋਇਆ ਸੀ।

ਇਸ ਦਿਨ ਭਾਰਤ ਦੀ ਸੰਵਿਧਾਨ ਸਭਾ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਇਆ।ਇੱਕ ਇਤਿਹਾਸਕ ਘਟਨਾ ਜਿਸਨੇ ਭਾਰਤ ਦੇ ਸ਼ਾਸਨ ਦੇ ਢਾਂਚੇ ਨੂੰ ਸਥਾਪਿਤ ਕੀਤਾ ਅਤੇ ਇੱਕ ਪ੍ਰਭੂਸੱਤਾ ਸੰਪੰਨ ਲੋਕਤੰਤਰੀ ਗਣਰਾਜ ਬਣਨ ਦੀ ਯਾਤਰਾ ਦੀ ਸ਼ੁਰੂਆਤ ਕੀਤੀ। ਸੰਵਿਧਾਨ 26 ਜਨਵਰੀ, 1950 ਨੂੰ ਲਾਗੂ ਹੋਇਆ, ਅਤੇ ਇਸ ਤਾਰੀਖ ਨੂੰ ਹੁਣ ਭਾਰਤ ਵਿੱਚ ਹਰ ਸਾਲ ਸੰਵਿਧਾਨ ਦਿਵਸ ਜਾਂ ਸੰਵਿਧਾਨ ਦਿਵਸ ਵਜੋਂ ਮਨਾਇਆ ਜਾਂਦਾ ਹੈ।ਇਸ ਮੌਕੇ ਪ੍ਰਿੰਸੀਪਲ ਕਿਰਨ ਕੇਸਰ ਨੇ ਕਿਹਾ ਕਿ ਇਹ ਦਿਨ 26 ਨਵੰਬਰ, 1949 ਨੂੰ ਭਾਰਤ ਦੀ ਸੰਵਿਧਾਨ ਸਭਾ ਦੁਆਰਾ ਸੰਵਿਧਾਨ ਨੂੰ ਅਪਣਾਏ ਜਾਣ ਦੀ ਯਾਦ ਦਿਵਾਉਂਦਾ ਹੈ।ਉਨ੍ਹਾਂ ਨੇ ਕਿਹਾ ਕਿ ਸੰਵਿਧਾਨ ਸਾਨੂੰ ਅਧਿਕਾਰਾਂ ਅਤੇ ਆਜ਼ਾਦੀਆਂ ਨਾਲ ਤਾਕਤਵਰ ਬਣਾਉਂਦਾ ਹੈ, ਅਤੇ ਸਾਡੇ ਤੋਂ ਸਾਡੇ ਦੇਸ਼ ਦੀ ਤਰੱਕੀ ਲਈ ਆਪਣੇ ਫਰਜ਼ਾਂ ਨੂੰ ਪੂਰਾ ਕਰਨ ਦੀ ਉਮੀਦ ਕਰਦਾ ਹੈ।ਆਓ ਹਰ ਰੋਜ਼ ਸੰਵਿਧਾਨ ਨੂੰ ਪੜ੍ਹੀਏ ਅਤੇ ਇਸਦਾ ਸਤਿਕਾਰ ਕਰੀਏ ਅਤੇ ਇਸਦੇ ਮੁੱਲਾਂ ਨੂੰ ਕਾਇਮ ਰੱਖੀਏ।




# ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਬੜੀ ਸ਼ਰਧਾ ਨਾਲ ਮਨਾਈ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀਟੀਬੀਆਈ) ਸਕੂਲ ਕਲਿਆਣਪੁਰ (ਧਾਰੀਵਾਲ) ਵਿਖੇ ਨੌਵੀਂ ਪਾਤਸ਼ਾਹੀ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਬੜੀ ਸ਼ਰਧਾ ਨਾਲ ਮਨਾਈ। ਇਸ ਮੌਕੇ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਦੇ ਪ੍ਰਬੰਧਾਂ ਵਿੱਚ ਸਮਾਗਮ ਕਰਵਾਇਆ। ਸਮਾਗਮ ਦੌਰਾਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਭਾਈ ਬਲਵਿੰਦਰ ਸਿੰਘ ਹਜ਼ੂਰੀ ਰਾਗੀ ਜਥਾ ਸ਼੍ਰੀ ਬਾਬਾ ਬਕਾਲਾ ਸਾਹਿਬ ਦੁਆਰਾ ਕੀਰਤਨ ਕੀਤਾ ਗਿਆ। ਇਸ ਦੇ ਬਾਅਦ ਵਿਦਿਆਰਥੀਆਂ ਵੱਲੋਂ ਸ੍ਰੀ ਜਪੁਜੀ ਸਾਹਿਬ, ਸ਼੍ਰੀ ਚੌਪਈ ਸਾਹਿਬ ਅਤੇ ਸਲੋਕ ਮਹੱਲਾ ਨੌਵਾਂ ਦੇ ਪਾਠ ਪੜ੍ਹਨ ਮਗਰੋਂ ਬੱਚਿਆਂ ਦੇ ਵੱਖ-ਵੱਖ ਜਥਿਆਂ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਅਤੇ ਕਵੀਸ਼ਰੀ ਤੇ ਭਾਸ਼ਣ ਰਾਹੀਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਉਨ੍ਹਾਂ ਦੇ ਉਪਦੇਸਾਂ ਅਤੇ ਜ਼ੁਲਮ ਵਿਰੁੱਧ ਉਨ੍ਹਾਂ ਦੀ ਸ਼ਹਾਦਤ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ ਅਤੇ ਗੁਰੂ ਸਾਹਿਬ ਨੂੰ ਸ਼ਰਧਾਂਜਲੀ ਭੇਟ ਕੀਤੀ। ਕੋਆਰਡੀਨੇਟਰ ਮਨਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨ ਅਤੇ ਨੇਕੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਗੁਰੂ ਜੀ ਦੀ ਕੁਰਬਾਨੀ ਸਾਨੂੰ ਜ਼ੁਲਮ ਵਿਰੁੱਧ ਡਟਣ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਪ੍ਰੇਰਦੀ ਹੈ। ਇਸ ਪ੍ਰੋਗਰਾਮ ਦੀ ਸਫਲਤਾਪੂਰਵਕ ਤਿਆਰੀ ਅਧਿਆਪਕਾ ਕੁਲਵਿੰਦਰ ਕੌਰ ਦੀ ਅਗਵਾਈ ਹੇਠ ਕੀਤੀ ਗਈ।ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸਮਾਗਮ ਵਿੱਚ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀ ਸ਼ਾਮਲ ਸਨ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ।



# ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਨੇ ਲੇਬਰ ਕੋਡ ਦੀਆਂ ਕਾਪੀਆਂ ਸਾੜੀਆਂ




**ਗੁਰਾਇਆ (ਬਿੰਦਰ ਸੁੰਮਨ)**

ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਿਰਤੀਆਂ ਵਿਰੋਧੀ ਚਾਰ ਕਿਰਤ ਕੋਡਾਂ ਨੂੰ ਲਾਗੂ ਕਰਨ ਦੇ ਵਿਰੁੱਧ ਕੇਂਦਰੀ ਟ੍ਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ ਅਤੇ ਜਮਹੂਰੀਅਤ ਪਸੰਦ ਲੋਕਾਂ ਵਲੋਂ ਪੰਜਾਬ ਅੰਦਰ ਵਿਰੋਧ ਦਿਵਸ ਮਨਾਇਆ ਜਾ ਰਿਹਾ ਹੈ।ਇਸ ਵਿਰੋਧ ਦਿਵਸ ਦਾ ਪੂਰਾ ਪੂਰਾ ਸਮਰਥਨ ਕਰਦੇ ਹੋਏ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਜਲੰਧਰ ਦੇ ਵੱਲੋਂ ਗੁਰਾਇਆ ਵਿਖੇ ਪ੍ਰਧਾਨ ਬਲਵੀਰ ਸਿੰਘ ਗੁਰਾਇਆ ਦੀ ਪ੍ਰਧਾਨਗੀ ਹੇਠ ਵਿਰੋਧ ਦਿਵਸ ਮਨਾਇਆ ਗਿਆ।ਇਸ ਸਮੇਂ ਸੰਬੋਧਨ ਕਰਦੇ ਹੋਏ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ 26 ਨਵੰਬਰ ਨੂੰ ਜਿੱਥੇ ਸਮੁੱਚੇ ਦੇਸ਼ ਵਿਚ ਸੰਵਿਧਾਨ ਦਿਵਸ ਮਨਾਇਆ ਜਾ ਰਿਹਾ ਹੈ, ਉੱਥੇ ਉਸੇ ਸੰਵਿਧਾਨ ਦੀਆਂ ਧੱਜੀਆਂ ਉਡਾਉਂਦੇ ਹੋਏ ਕੇਂਦਰ ਦੀ ਮੋਦੀ ਸਰਕਾਰ ਵਲੋਂ ਕਿਰਤੀਆਂ ਪੱਖੀ 44 ਕਿਰਤ ਕਨੂੰਨਾਂ ਨੂੰ ਰੱਦ ਕਰਦੇ ਹੋਏ ਚਾਰ ਕਿਰਤ ਹੋਠਾਂ ਵਿੱਚ ਬਦਲ ਕੇ ਸਮੂਹ ਕਿਰਤੀਆਂ 'ਤੇ ਲਾਗੂ ਕਰਕੇ ਉਹਨਾਂ ਨੂੰ ਬੰਧੂਆ ਮਜ਼ਦੂਰ ਬਣਾਉਣ ਵੱਲ ਵਧਿਆ ਜਾ ਰਿਹਾ ਹੈ।ਇਹਨਾਂ ਚਾਰ ਕਿਰਤ ਕੋਡਾਂ ਨੂੰ ਲਾਗੂ ਕਰਨ ਦਾ ਮਤਲਬ ਸਿਰਫ਼ ਤੇ ਸਿਰਫ਼ ਆਪਣੇ ਕਾਰਪੋਰੇਟ ਘਰਾਣਿਆਂ ਦੇ ਮਿੱਤਰਾਂ ਅਸਿੱਧੇ ਜਾਂ ਸਿੱਧੇ ਢੰਗ ਨਾਲ ਵੱਧ ਤੋਂ ਵੱਧ ਲਾਭ ਪਹੁੰਚਾਉਣਾ ਹੀ ਹੈ ਅਤੇ ਕਿਰਤੀਆਂ ਦੀ 1886 ਤੋਂ ਪਹਿਲਾਂ ਵਾਲੀ ਲੁੱਟ ਨੂੰ ਫਿਰ ਤੋਂ ਸਥਾਪਿਤ ਕਰਨਾ ਹੈ।ਸਾਥੀ ਬਾਸੀ ਨੇ ਕਿਹਾ ਕਿ ਇਹਨਾਂ ਕਿਰਤ ਕੋਡਾਂ ਰਾਹੀਂ ਕੰਮ ਦੇ ਘੰਟੇ 8 ਤੋਂ ਵਧਾ ਕੇ 12 ਘੰਟੇ ਕਰ ਦਿੱਤੇ ਗਏ ਹਨ, ਵਧੇ ਘੰਟਿਆਂ ਦਾ ਕੋਈ ਵੀ ਵਾਧੂ ਲਾਭ ਨਹੀਂ ਮਿਲੇਗਾ।ਕਿਰਤੀ ਤੋਂ ਯੂਨੀਅਨ ਬਣਾਉਣ ਦਾ ਅਧਿਕਾਰ ਖੋਹ ਲਿਆ ਹੈ।ਇਹਨਾਂ ਚਾਰ ਕਿਰਤ ਹੋਠਾਂ ਨੂੰ ਰੱਦ ਕਰਵਾ ਕੇ ਕਿਰਤੀਆਂ ਪੱਖੀ 44 ਕਿਰਤ ਕਾਨੂੰਨਾਂ ਨੂੰ ਫਿਰ ਤੋਂ ਬਹਾਲ ਕਰਵਾਉਣ ਲਈ ਕੇਂਦਰੀ ਟ੍ਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ ਅਤੇ ਜਮਹੂਰੀਅਤ ਪਸੰਦ ਲੋਕਾਂ ਵੱਲੋਂ ਵਿਰੋਧ ਦਿਵਸ ਮਨਾਉਣ ਦੇ ਦਿੱਤੇ ਸੱਦੇ ਦਾ ਪੂਰਾ ਪੂਰਾ ਸਮਰਥਨ ਕਰਦੇ ਹੋਏ ਵਿਰੋਧ ਦਿਵਸ ਮਨਾਇਆ ਗਿਆ ਹੈ ਅਤੇ ਭਵਿੱਖ ਵਿੱਚ ਹੋਣ ਵਾਲੇ ਸੰਘਰਸਾਂ ਵਿੱਚ ਵੀ ਸ਼ਮੂਲੀਅਤ ਕੀਤੀ ਜਾਂਦੀ ਰਹੇਗੀ।ਇਸ ਸਮੇਂ ਹੋਰਨਾਂ ਤੋਂ ਇਲਾਵਾ ਓਮ ਪ੍ਰਕਾਸ਼ ,ਹਰੀ ਰਾਮ,ਤਾਰਾ ਸਿੰਘ ਬੀਕਾ, ਸੁਖਵਿੰਦਰ ਰਾਮ, ਬਲਜੀਤ ਕੁਮਾਰ, ਰਤਨ ਸਿੰਘ, ਸ਼ਿਵ ਦਾਸ, ਸੂਰਜ ਕੁਮਾਰ, ਅਬਦੁਲ ਰਹਿਮਾਨ, ਮਰਗੇਸਨ, ਕੁਲਵਿੰਦਰ ਕੌਰ, ਪੈਨਸ਼ਨਰ ਆਗੂ ਬਲਵਿੰਦਰ ਕੁਮਾਰ ਅਤੇ ਕੁਲਦੀਪ ਸਿੰਘ ਕੌੜਾ ਵੀ ਹਾਜ਼ਰ ਹੋਏ।

# ਸੋਨ ਤਮਗੇ ਜਿੱਤ ਕੇ ਵਿਦਿਆਰਥੀਆਂ ਨੇ ਕਾਲਜ ਦਾ ਨਾਂਅ ਕੀਤਾ ਰੌਸ਼ਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**



ਸਰਕਾਰੀ ਕਾਲਜ ਡੇਰਾ ਬੱਸੀ ਦੀ ਮਾਈਮ ਟੀਮ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਹੋਏ ਅੰਤਰ ਖੇਤਰੀ ਯੁਵਕ ਅਤੇ ਲੋਕ ਮੇਲੇ ਦੇ ਮੁਕਾਬਲੇ ਵਿੱਚ ਪਹਿਲੇ ਸਥਾਨ ਵਾਲੀ ਟਰਾਫੀ ਜਿੱਤ ਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ।ਮਾਈਮ ਵਿੱਚ ਸੋਨ ਤਮਗੇ ਪ੍ਰਾਪਤ ਕਰਨ ਵਾਲੇ ਇਹਨਾਂ ਵਿਦਿਆਰਥੀਆਂ ਨੇ ਆਪਣੀ ਸ਼ਖ਼ਤ ਮਿਹਨਤ, ਲਗਨ ਅਤੇ ਲਗਾਤਾਰ ਅਭਿਆਸ ਨਾਲ ਇਹ ਪ੍ਰਾਪਤੀ ਹਾਸਲ ਕੀਤੀ ਹੈ।ਜ਼ਿਕਰਯੋਗ ਹੈ ਕਿ ਕਾਲਜ ਦੀ ਮਾਈਮ ਟੀਮ ਨੇ ਇਸ ਤੋਂ ਪਹਿਲਾਂ ਰੋਪੜ ਫਤਿਹਗੜ੍ਹ ਸਾਹਿਬ ਖੇਤਰ ਦੇ ਯੁਵਕ ਅਤੇ ਲੋਕ ਮੇਲੇ ਵਿੱਚ ਵੀ ਪਹਿਲਾ ਸਥਾਨ ਹਾਸਲ ਕੀਤਾ ਸੀ।ਪ੍ਰਿੰਸੀਪਲ ਸ੍ਰੀਮਤੀ ਗਿਤਾਂਜਲੀ ਕਾਲੜਾ ਜੀ ਨੇ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸਬੰਧਿਤ ਸਾਰੇ ਕਾਲਜਾਂ ਦੇ ਕੁੱਲ ਛੇ ਖੇਤਰਾਂ ਦੇ ਯੂਨੀਵਰਸਿਟੀ ਪੱਧਰ ਉੱਪਰ ਹੋਏ ਮੁਕਾਬਲੇ ਵਿਚ ਪਹਿਲਾ ਸਥਾਨ ਹਾਸਲ ਕਰਨਾ ਸਰਕਾਰੀ ਕਾਲਜ ਅਤੇ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ।ਵਿਦਿਆਰਥੀਆਂ ਦੀ ਇਸ ਇਤਿਹਾਸਕ ਜਿੱਤ ਉੱਪਰ ਪ੍ਰਿੰਸੀਪਲ ਜੀ ਨੇ ਮਾਈਮ ਟੀਮ ਦੇ ਮੈਂਬਰ ਵਿਦਿਆਰਥੀਆਂ ਕਰਮਜੀਤ ਸਿੰਘ, ਅਜੇ, ਗੁੱਡੀ ਕੁਮਾਰੀ, ਪ੍ਰਭਾਤ ਯਾਦਵ, ਚੇਤਨਾ, ਆਸਥਾ ਅਤੇ ਸ਼ਾਲੂ ਦੇ ਗਲਾਂ ਵਿੱਚ ਸੋਨੇ ਦੇ ਤਮਗੇ ਪਾ ਕੇ ਉਹਨਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਅੱਗੋਂ ਹੋਰ ਵੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਸਰਕਾਰੀ ਕਾਲਜ ਡੇਰਾ ਬੱਸੀ ਦੀ ਮਾਈਮ ਟੀਮ ਦੇ ਇਹ ਵਿਦਿਆਰਥੀ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ 30 ਨਵੰਬਰ ਤੋਂ ਸ਼ੁਰੂ ਹੋ ਰਹੇ ਪੰਜਾਬ ਰਾਜ ਅੰਤਰ-ਵਰਸਿਟੀ ਯੁਵਕ ਮੇਲੇ ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਭਾਗ ਲੈਣ ਜਾ ਰਹੇ ਹਨ।

# ਮਹੀਨਾ ਭਰ ਚੱਲੇ ਇਤਿਹਾਸਕ ਸਮਾਗਮ ਨੂੰ ਸੰਗਤ ਦਾ ਬੇਮਿਸਾਲ ਸਹਿਯੋਗ ਮਿਲਿਆ : ਦੀਪਕ ਬਾਲੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**



'ਆਪ' ਪੰਜਾਬ ਦੇ ਆਗੂ ਅਤੇ ਸੈਰ-ਸਪਾਟਾ ਵਿਭਾਗ ਦੇ ਸਲਾਹਕਾਰ, ਦੀਪਕ ਬਾਲੀ ਨੇ ਪੰਜਾਬ ਸਰਕਾਰ ਦੀ ਅਗਵਾਈ ਹੇਠ 25 ਅਕਤੂਬਰ ਤੋਂ 25 ਨਵੰਬਰ ਤੱਕ ਆਯੋਜਿਤ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਦੇ ਮਹੀਨੇ ਭਰ ਚੱਲੇ ਸਮਾਰੋਹ ਵਿੱਚ ਭਾਰੀ ਸ਼ਮੂਲੀਅਤ ਲਈ ਸਮੁੱਚੀ ਸੰਗਤ, ਸਾਧ ਸੰਗਤ ਅਤੇ ਪੰਜਾਬ ਦੇ ਨਾਗਰਿਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਨੂੰ ਹਾਲ ਹੀ ਦੇ ਸਮੇਂ ਵਿੱਚ ਸਭ ਤੋਂ ਅਧਿਆਤਮਿਕ ਤੌਰ 'ਤੇ ਮਹੱਤਵਪੂਰਨ ਅਤੇ ਇਤਿਹਾਸਕ ਸਮਾਰੋਹਾਂ ਵਿੱਚੋਂ ਇੱਕ ਦੱਸਦੇ ਹੋਏ, ਬਾਲੀ ਨੇ ਕਿਹਾ ਕਿ ਰਾਜ ਪੱਧਰੀ ਪ੍ਰਕਾਸ਼, ਨਗਰ ਕੀਰਤਨ ਅਤੇ 142 'ਚਰਨ ਛੋਹ' ਗੁਰਦੁਆਰਿਆਂ ਵਿੱਚ ਕੀਰਤਨ ਦਰਬਾਰ, ਅੰਤਰ-ਧਰਮ ਸੰਮੇਲਨ ਤੋਂ ਲੈ ਕੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਤੱਕ, ਹਰ ਸਮਾਗਮ ਪੂਰੀ ਸ਼ਰਧਾ, ਮਾਣ ਅਤੇ ਅਨੁਸ਼ਾਸਨ ਨਾਲ ਨੇਪਰੇ ਚਾੜ੍ਹਿਆ ਗਿਆ।ਬਾਲੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਨੇ ਨਿੱਜੀ ਤੌਰ 'ਤੇ ਹਰ ਪ੍ਰਬੰਧ ਦੀ ਨਿਗਰਾਨੀ ਕੀਤੀ ਅਤੇ ਆਪਣੀ ਵਚਨਬੱਧ ਅਗਵਾਈ ਨਾਲ ਹਰੇਕ ਸਮਾਗਮ ਦੀ ਸਫਲਤਾ ਨੂੰ ਯਕੀਨੀ ਬਣਾਇਆ। ਉਨ੍ਹਾਂ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਜਿਨ੍ਹਾਂ ਨੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਚਾਰ ਦਿਨ ਬਿਤਾਏ ਅਤੇ ਗੁਰੂ ਜੀ ਦੇ ਪਵਿੱਤਰ ਚਰਨਾਂ ਵਿੱਚ ਡੂੰਘੀ ਸ਼ਰਧਾ ਭੇਟ ਕੀਤੀ।ਉਨ੍ਹਾਂ ਨੇ ਕੈਬਨਿਟ ਮੰਤਰੀਆਂ ਹਰਜੋਤ ਸਿੰਘ ਬੈਂਸ, ਤਰੁਣਪ੍ਰੀਤ ਸੌਂਧ ਅਤੇ ਹਰਭਜਨ ਸਿੰਘ ਈਟੀਓ ਦੇ ਨਾਲ-ਨਾਲ ਸੈਰ-ਸਪਾਟਾ, ਸੂਚਨਾ ਅਤੇ ਲੋਕ ਸੰਪਰਕ, ਲੋਕ ਨਿਰਮਾਣ ਵਿਭਾਗ, ਪੁਲਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ। ਬਾਲੀ ਨੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਹਫ਼ਤਿਆਂ ਤੋਂ ਨਿਰਵਿਘਨ ਤਾਲਮੇਲ ਦੀ ਸਹੂਲਤ ਲਈ ਤਾਇਨਾਤ ਅਧਿਕਾਰੀਆਂ ਦੀ ਸ਼ਲਾਘਾ ਕੀਤੀ।

# ਭਗੌੜਾ ਗ੍ਰਿਫ਼ਤਾਰ

**ਮੋਹਾਲੀ, (ਗੁਰਜੀਤ ਬਿੱਲਾ)**- ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਐਸ ਏ ਐਸ ਨਗਰ, ਹਰਮਨਦੀਪ ਸਿੰਘ ਹਾਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਉਹਨਾਂ ਵੱਲੋਂ ਭੈੜੇ ਅਨਸਰਾਂ ਅਤੇ ਅਪਰਾਧੀਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਭਗੌੜੇ ਅਪਰਾਧੀਆਂ (ਪੀ.ਓਜ਼) ਨੂੰ ਗ੍ਰਿਫਤਾਰ ਕਰਕੇ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ ਅਤੇ ਪੀ ਓ ਸਟਾਫ ਬਣਾ ਕੇ ਸਪੈਸ਼ਲ ਭਗੌੜਿਆ ਨੂੰ ਫੜਨ ਦਾ ਟਾਸਕ ਦਿੱਤਾ ਗਿਆ। ਇਨ੍ਹਾਂ ਯਤਨਾਂ ਤਹਿਤ ਸੌਰਵ ਜਿੰਦਲ, ਕਪਤਾਨ ਪੁਲਸ (ਜਾਂਚ) ਜ਼ਿਲ੍ਹਾ ਐਸ ਏ ਐਸ ਨਗਰ ਅਤੇ ਨਵੀਨਪਾਲ ਸਿੰਘ ਲਹਿਲ ਪੀ ਪੀ ਐੱਸ ਉਪ ਕਪਤਾਨ ਪੁਲਸ (ਸਪੈਸ਼ਲ ਕਰਾਈਮ) ਜ਼ਿਲ੍ਹਾ ਐਸ ਏ ਐਸ ਨਗਰ ਦੀ ਨਿਗਰਾਨੀ ਹੇਠ ਮੁੱਕਦਮਾ ਨੰਬਰ 199 ਮਿਤੀ 18.09.2019 ਅ/ਧ 21-61-85 ਐਨ.ਡੀ.ਪੀ.ਐਸ ਐਕਟ ਥਾਣਾ ਫੇਸ-1 ਮੋਹਾਲੀ, ਜਿਸ ਵਿੱਚ 20 ਗ੍ਰਾਮ ਹੈਰੋਇਨ ਬ੍ਰਾਮਦ ਹੋਈ ਸੀ, ਵਿੱਚ ਦੋਸ਼ੀ ਹਰਮਨਦੀਪ ਸਿੰਘ ਵਾਸੀ ਪਿੰਡ ਸੋਹਾਲੀ ਤਹਿਸੀਲ ਖਰੜ ਜ਼ਿਲ੍ਹਾ ਐਸ ਏ ਐਸ ਨਗਰ, ਲੰਬੇ ਸਮੇਂ ਤੋਂ ਭਗੌੜਾ ਚੱਲਿਆ ਆ ਰਿਹਾ ਸੀ।ਉਸ ਨੂੰ ਮੁੱਖ ਅਫਸਰ ਥਾਣਾ ਫੇਸ-1 ਮੋਹਾਲੀ ਅਤੇ ਉਹਨ੍ਹਾਂ ਦੀ ਟੀਮ ਵੱਲੋਂ ਗ੍ਰਿਫਤਾਰ ਕੀਤਾ ਗਿਆ।ਉਕਤ ਭਗੌੜੇ ਗ੍ਰਿਫਤਾਰ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ ਜੇਲ੍ਹ ਭੇਜਿਆ ਗਿਆ।ਹਰਮਨਦੀਪ ਸਿੰਘ ਹਾਂਸ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਐਸ ਏ ਐਸ ਨਗਰ ਦੇ ਦਿਸ਼ਾ ਨਿਰਦੇਸਾਂ ਹੇਠ ਅਗੇ ਤੋਂ ਵੀ ਪੀ ਓਜ ਨੂੰ ਗ੍ਰਿਫਤਾਰ/ਟਰੇਸ ਕਰਨ ਦੀ ਮੁਹਿੰਮ ਜਾਰੀ ਰੱਖੀ ਜਾਵੇਗੀ।

# ਲਾਰੈਂਸ ਬਿਸ਼ਨੋਈ ਗੈਂਗ ਦੇ 4 ਕਾਰਕੁਨ ਗ੍ਰਿਫ਼ਤਾਰ,7 ਪਿਸਤੌਲ ਬਰਾਮਦ



**ਚੰਡੀਗੜ੍ਹ, ਡੇਰਾ ਬੱਸੀ (ਗੁਰਜੀਤ ਬਿੱਲਾ, ਵਿਨੈ ਕੁਮਾਰ ਜੈਨ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਵੱਡੀ ਸਫਲਤਾ ਵਿੱਚ ਪੰਜਾਬ ਐਂਟੀ-ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐਫ) ਨੇ ਐਸ.ਏ.ਐਸ. ਨਗਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਲਾਰੈਂਸ ਬਿਸ਼ਨੋਈ ਗੈਂਗ ਦੇ ਵਿਦੇਸ਼ ਅਧਾਰਤ ਗੈਂਗਸਟਰ ਗੋਲਡੀ ਢਿੱਲੋਂ ਦੇ ਚਾਰ ਕਾਰਕੁਨਾਂ ਨੂੰ ਡੇਰਾ ਬੱਸੀ-ਅੰਬਾਲਾ ਹਾਈਵੇਅ 'ਤੇ ਸਟੀਲ ਸਟ੍ਰਿਪਸ ਟਾਵਰਾਂ ਨੇੜੇ ਹੋਈ ਦੋ ਤਰਫ਼ਾ ਗੋਲੀਬਾਰੀ ਤੋਂ ਬਾਅਦ ਗ੍ਰਿਫ਼ਤਾਰ ਕਰਕੇ ਇੱਕ ਵੱਡੀ ਅੱਤਵਾਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਹਰਵਿੰਦਰ ਸਿੰਘ ਉਰਫ਼ ਭੋਲਾ ਉਰਫ਼ ਹਨੀ ਅਤੇ ਲਖਵਿੰਦਰ ਸਿੰਘ, ਦੋਵੇਂ ਵਾਸੀ ਢਕਾਂਸੂ ਕਲਾਂ, ਰਾਜਪੁਰਾ, ਪਟਿਆਲਾ ਅਤੇ ਮੁਹੰਮਦ ਸਮੀਰ ਅਤੇ ਰੋਹਿਤ ਸ਼ਰਮਾ, ਦੋਵੇਂ ਵਾਸੀ ਰਾਜਪੁਰਾ, ਪਟਿਆਲਾ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ 70 ਜ਼ਿੰਦਾ ਕਾਰਤੂਸਾਂ ਸਮੇਤ ਸੱਤ .32 ਕੈਲੀਬਰ ਪਿਸਤੌਲ ਵੀ ਬਰਾਮਦ ਕੀਤੇ ਹਨ।

# ਸੰਤ ਬਾਬਾ ਸੇਵਾ ਦਾਸ ਦੇ ਬਰਸੀ ਸਮਾਗਮ 1 ਨੂੰ ਸਾਹਰੀ ਵਿਖੇ ਮਨਾਏ ਜਾਣਗੇ : ਸੰਤ ਬਲਵੀਰ ਦਾਸ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬੀ ਐੱਸ ਸੈਣੀ)**-ਸੇਵਾ ਸਿਮਰਨ,ਭਗਤੀ ਅਤੇ ਕੀਰਤਨ ਦੇ ਧਨੀ ਧੰਨ ਧੰਨ ਸੰਤ ਬਾਬਾ ਸੇਵਾ ਦਾਸ ਜੀ ਦੇ ਬਰਸੀ ਸਮਾਗਮ 1 ਦਸੰਬਰ ਨੂੰ ਡੇਰਾ ਮਹਾਨਪੁਰੀ ਸਾਹਰੀ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ।ਡੇਰਾ ਮਹਾਨਪੁਰੀ ਸਾਹਰੀ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਬਲਵੀਰ ਦਾਸ ਜੀ ਨੇ ਦੱਸਿਆ ਕਿ 29 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 1 ਦਸੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਜਾਣਗੇ ਜਿਸ ਵਿਚ ਪੰਥ ਪ੍ਰਸਿੱਧ ਰਾਗੀ,ਢਾਡੀ ਅਤੇ ਕਵਿਸ਼ਰੀ ਜਥੇ, ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ ਕੀਰਤਨ, ਕਥਾ,ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।



# ਲੱਕੀ ਬਿਸ਼ਟ ਨੇ ਐੱਲ ਪੀ ਯੂ 'ਚ ਆਪਣੀ ਦਲੇਰੀ ਦੀ ਕਹਾਣੀ ਸਾਂਝੀ ਕੀਤੀ ਕੀਤੀ

**ਜਲੰਧਰ (ਸ਼ੈਲੀ ਐਲਬਰਟ)**



ਬਹਾਦਰੀ ਅਤੇ ਦ੍ਰਿਸ਼ਟੀ ਦੇ ਇੱਕ ਸ਼ਕਤੀਸ਼ਾਲੀ ਮਿਸ਼ਰਣ ਨਾਲ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਨੇ ਅਸਲ ਜੀਵਨ ਦੇ ਹੀਰੋ ਲੱਕੀ ਬਿਸ਼ਟ, ਇੱਕ ਸਾਬਕਾ ਸਨਾਈਪਰ, ਜਾਸੂਸ, ਐਨਐਸਜੀ ਕਮਾਂਡੋ ਅਤੇ ਲੇਖਕ ਦੁਆਰਾ ਇੱਕ ਪ੍ਰੇਰਨਾਦਾਇਕ ਯੁਵਾ ਭਾਸ਼ਣ ਦੀ ਮੇਜ਼ਬਾਨੀ ਕੀਤੀ।ਉਸਦੀ ਸ਼ਕਤੀਸ਼ਾਲੀ ਕਹਾਣੀ ਨੇ ਵਿਦਿਆਰਥੀਆਂ ਨੂੰ ਡੂੰਘਾਈ ਨਾਲ ਪ੍ਰਭਾਵਿਤ ਕੀਤਾ ਅਤੇ ਸੋਚਣ ਲਈ ਮਜਬੂਰ ਕਰ ਦਿੱਤਾ। ਬਿਸ਼ਟ ਨੇ ਇੱਕ ਸਨਾਈਪਰ ਅਤੇ ਜਾਸੂਸ ਦੇ ਰੂਪ ਵਿੱਚ ਆਪਣੇ ਜੀਵਨ ਦੇ ਵਿਲੱਖਣ ਅਨੁਭਵ ਸਾਂਝੇ ਕੀਤੇ, ਜਿਸ ਵਿੱਚ ਹਿੰਮਤ, ਅਨੁਸ਼ਾਸਨ ਅਤੇ ਰਾਸ਼ਟਰ ਪ੍ਰਤੀ ਸਮਰਪਣ ਦੇ ਅਸਲ ਤੱਤ ਨੂੰ ਪ੍ਰਗਟ ਕੀਤਾ ਗਿਆ।ਐਲਪੀਯੂ ਦੀ ਪ੍ਰੋ-ਚਾਂਸਲਰ ਡਾ. ਰਸ਼ਮੀ ਮਿੱਤਲ ਅਤੇ ਐਲਪੀਯੂ ਦੇ ਪ੍ਰੋ-ਵਾਈਸ-ਚਾਂਸਲਰ ਡਾ. ਲਵੀ ਰਾਜ ਗੁਪਤਾ ਦੀ ਮੌਜੂਦਗੀ ਨੇ ਸੈਸ਼ਨ ਨੂੰ ਹੋਰ ਵੀ ਖਾਸ ਬਣਾ ਦਿੱਤਾ।ਪ੍ਰੋਗਰਾਮ ਇੱਕ ਮਾਸਟਰ ਕਲਾਸ ਵਿੱਚ ਬਦਲ ਗਿਆ, ਸ਼੍ਰੀ ਬਿਸ਼ਟ ਨੇ ਉੱਚ-ਜੋਖਮ ਵਾਲੇ ਕਾਰਜਾਂ ਅਤੇ ਗੁਪਤ ਮਿਸ਼ਨਾਂ ਵਿੱਚ ਆਪਣੇ ਅਨੁਭਵ ਸਾਂਝੇ ਕੀਤੇ। ਵਿਦਿਆਰਥੀਆਂ ਦੇ ਸਵਾਲਾਂ ਦੇ ਸਪੱਸ਼ਟ ਜਵਾਬ ਦਿੰਦੇ ਹੋਏ, ਉਨ੍ਹਾਂ ਨੇ ਜ਼ੋਰ ਦਿੱਤਾ ਕਿ ਜਦੋਂ ਕਿ ਮੁਸ਼ਕਲਾਂ ਪੈਦਾ ਹੁੰਦੀਆਂ ਹਨ, ਭਾਵਨਾਤਮਕ ਸੰਤੁਲਨ ਆਤਮ-ਵਿਸ਼ਵਾਸ ਅਤੇ ਨਿਰੰਤਰ ਸਖ਼ਤ ਮਿਹਨਤ ਤੋਂ ਆਉਂਦਾ ਹੈ। ਉਨ੍ਹਾਂ ਕਿਹਾ, 'ਕੋਈ ਵੀ ਸਮੱਸਿਆਵਾਂ ਤੋਂ ਬਿਨਾਂ ਨਹੀਂ ਰਹਿੰਦਾ, ਪਰ ਆਤਮਵਿਸ਼ਵਾਸ ਭਾਵਨਾਤਮਕ ਅਸਥਿਰਤਾ ਨੂੰ ਰੋਕਦਾ ਹੈ ਅਤੇ ਸਭ ਤੋਂ ਮੁਸ਼ਕਲ ਹਾਲਾਤਾਂ ਨੂੰ ਵੀ ਦੂਰ ਕਰਨ ਦੀ ਤਾਕਤ ਦਿੰਦਾ ਹੈ।' ਰੱਖਿਆ ਸੇਵਾਵਾਂ ਅਤੇ ਇਸ ਤੋਂ ਬਾਹਰ ਦੀਆਂ ਉਮੀਦਾਂ 'ਤੇ ਬੋਲਦੇ ਹੋਏ, ਬਿਸ਼ਟ ਨੇ ਵਿਦਿਆਰਥੀਆਂ ਨੂੰ ਇੱਕ ਸਪੱਸ਼ਟ ਦ੍ਰਿਸ਼ਟੀਕੋਣ ਵਿਕਸਤ ਕਰਨ ਦੀ ਅਪੀਲ ਕੀਤੀ। ਇਹ ਕਹਿੰਦੇ ਹੋਏ ਕਿ ਸਹੀ ਦ੍ਰਿਸ਼ਟੀਕੋਣ ਹਰ ਸਫਲ ਯਾਤਰਾ ਦੇ ਪਿੱਛੇ ਮਾਰਗਦਰਸ਼ਕ ਸ਼ਕਤੀ ਹੈ।

# ਐੱਸ ਡੀ ਕਾਲਜ ਫਾਰ ਵੂਮੈਨ 'ਚ ਰਾਸ਼ਟਰੀ ਸੰਵਿਧਾਨ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ, (ਹਨੀ)**

ਐਸ.ਡੀ. ਕਾਲਜ ਫਾਰ ਵੂਮੈਨ ਵਿਖੇ ਸੰਵਿਧਾਨ ਦਿਵਸ ਬੜੇ ਉਤਸ਼ਾਹ, ਜਜ਼ਬੇ ਤੇ ਗਰਵ ਨਾਲ ਮਨਾਇਆ ਗਿਆ, ਜੋ ਸਵੀਪ, ਐਨ.ਐਸ.ਐਸ. ਵਿਭਾਗ ਅਤੇ ਰੈਡ ਰਿੱਬਨ ਕਲੱਬ ਦੇ ਸਾਂਝੇ ਸਹਿਯੋਗ ਨਾਲ ਮਨਾਇਆ ਗਿਆ। ਸਮਾਰੋਹ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸੰਵਿਧਾਨ ਦੇ ਮੂਲ ਸਿਧਾਂਤਾਂ ਅਤੇ ਲੋਕਤੰਤਰਕ ਸਬੰਧੀ ਜਾਗਰੂਕਤਾ ਪੈਦਾ ਕਰਨਾ ਸੀ। ਇਸ ਮੌਕੇ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਸੁਨੀਤਾ ਕਲੇਰ ਨੇ ਵਿਸ਼ੇਸ਼ ਲੈਕਚਰ ਦਿੱਤਾ। ਆਪਣੇ ਪ੍ਰਭਾਵਸ਼ਾਲੀ ਭਾਸ਼ਣ ਵਿੱਚ ਉਨ੍ਹਾਂ ਨੇ ਭਾਰਤੀ ਸੰਵਿਧਾਨ ਦੀ ਰਚਨਾ, ਡਾ. ਬੀ.ਆਰ. ਅੰਬੇਡਕਰ ਦੀ ਮਹੱਤਵਪੂਰਨ ਭੂਮਿਕਾ, ਮੌਲਿਕ ਅਧਿਕਾਰਾਂ ਅਤੇ ਕਰਤੱਵਾਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਲੈਕਚਰ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿੱਚ ਆਯੋਜਿਤ ਕੀਤਾ ਗਿਆ। ਉਨ੍ਹਾਂ ਨੇ ਸਵੀਪ, ਐਨ.ਐਸ.ਐਸ. ਅਤੇ ਰੈਡ ਰਿੱਬਨ ਕਲੱਬ ਦੀਆਂ ਕੋਸ਼ਿਸ਼ਾਂ ਦੀ ਸਰਾਹਨਾ ਕੀਤੀ ਅਤੇ ਵਿਦਿਆਰਥੀਆਂ ਨੂੰ ਸੰਵਿਧਾਨ ਦੀਆਂ ਮੁੱਲਾਂ ਨੂੰ ਸਮਝਣ ਅਤੇ ਸਦਭਾਵਨਾ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ।

# ਵਿਦਿਆਰਥੀਆਂ ਵੱਲੋਂ ਜੈ ਐੱਮ ਪੀ ਇੰਡਸਟ੍ਰੀਜ਼ ਦਾ ਉਦਯੋਗਿਕ ਦੌਰਾ

**ਜਲੰਧਰ (ਸ਼ੈਲੀ ਐਲਬਰਟ)**

ਮੇਹਰ ਚੰਦ ਪੋਲੀਟੈਕਨਿਕ ਕਾਲਜ ਦੇ ਮੈਕੈਨਿਕਲ ਇੰਜੀਨੀਅਰਿੰਗ ਵਿਭਾਗ ਦੇ ਵਿਦਿਆਰਥੀਆਂ ਨੇ ਆਪਣੇ ਪ੍ਰੈਕਟੀਕਲ ਸਿੱਖਿਆ ਪ੍ਰੋਗਰਾਮ ਦੇ ਤਹਿਤ ਜਲੰਧਰ ਦੀ ਪ੍ਰਸਿੱਧ ਫਾਊਂਡਰੀ ਯੂਨਿਟ ਜੇ ਐੱਮ ਪੀ ਐਇੰਡਸਟ੍ਰੀਜ਼ ਦਾ ਉਦਯੋਗਿਕ ਦੌਰਾ ਕੀਤਾ।ਇਹ ਦੌਰਾ ਫੈਕਲਟੀ ਮੈਂਬਰ ਇਰ. ਪ੍ਰਭੂ ਦਇਆਲ ਅਤੇ ਇਰ. ਰੋਹਿਤ ਕੁਮਾਰ ਦੀ ਰਹਿਨੁਮਾਈ ਹੇਠ ਕ ਰ ਵਾ ਇ ਆ ਗਿਆ, ਜਿਨ੍ਹਾਂ ਨੇ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਪੂਰੀ ਜਾਣਕਾਰੀ ਪ੍ਰਦਾਨ ਕੀਤੀ। ਦੌਰੇ ਦੌਰਾਨ ਸਮਿਤ ਮਲਹੋਤਰਾ ਨੇ ਵਿਦਿਆਰਥੀਆਂ ਨਾਲ ਸੰਵਾਦ ਕੀਤਾ ਅਤੇ ਫਾਊਂਡਰੀ ਦੇ ਕੰਮਕਾਜ, ਕਾਸਟਿੰਗ ਪ੍ਰਕਿਰਿਆ, ਉਦਯੋਗਿਕ ਸੁਰੱਖਿਆ ਮਾਪਦੰਡਾਂ ਅਤੇ ਮਾਡਰਨ ਮੈਨਿਫੈਕਚਰਿੰਗ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਪਹਿਲ ਦੀ ਪ੍ਰਿੰਸਿਪਲ ਡਾ. ਜਗਰੂਪ ਸਿੰਘ ਨੇ ਬਹੁਤ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਉਦਯੋਗਿਕ ਦੌਰੇ ਵਿਦਿਆਰਥੀਆਂ ਦੀ ਪ੍ਰੈਕਟੀਕਲ ਗਿਆਨ ਵਿੱਚ ਵਾਧਾ ਕਰਦੇ ਹਨ ਅਤੇ ਕਲਾਸਰੂਮ ਸਿੱਖਿਆ ਤੇ ਉਦਯੋਗਿਕ ਅਨੁਭਵ ਵਿਚਕਾਰ ਦੀ ਖਾਈ ਨੂੰ ਘਟਾਉਂਦੇ ਹਨ।ਮੈਕੈਨਿਕਲ ਇੰਜੀਨੀਅਰਿੰਗ ਵਿਭਾਗ ਦੀ ਮੁਖੀ ਰਿਚਾ ਅਰੋੜਾ ਨੇ ਦੱਸਿਆ ਕਿ ਇਹ ਦੌਰਾ ਵਿਦਿਆਰਥੀਆਂ ਲਈ ਕਾਫ਼ੀ ਲਾਭਦਾਇਕ ਅਤੇ ਜਾਣਕਾਰੀਆਂ ਭਰਿਆ ਸਾਬਤ ਹੋਇਆ, ਜਿਸ ਨਾਲ ਉਹਨਾਂ ਨੂੰ ਇੱਕ ਚੱਲਦੀ ਫਾਊਂਡਰੀ ਉਦਯੋਗ ਦੇ ਅਸਲੀ ਕਾਰਜ-ਵਾਤਾਵਰਨ ਬਾਰੇ ਮਹੱਤਵਪੂਰਨ ਜਾਣਕਾਰੀਆਂ ਪ੍ਰਾਪਤ ਹੋਈਆਂ।



# ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਗਿਲਜੀਆਂ ਦਾ ਸਨਮਾਨ

**ਅੱਡਾ ਸਰਾਂ, (ਜਸਵੀਰ ਕਾਜਲ)**

ਪਿੰਡ ਮਸੀਤੀ ਵਿਚ ਹੋਏ ਸਮਾਗਮ ਦੌਰਾਨ ਕਾਂਗਰਸੀ ਵਰਕਰਾਂ ਵੱਲੋਂ ਨਵਨਿਯੁਕਤ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਵੱਖ ਵੱਖ ਬੁਲਾਰਿਆਂ ਮਹਾਵੀਰ ਸਿੰਘ, ਮਨਜੀਤ ਸਿੰਘ, ਦਲਜੀਤ ਸਿੰਘ ਨੇ ਆਖਿਆ ਕਿ ਕਾਂਗਰਸ ਆਲਾ ਕਮਾਂਡ ਨੇ ਉੱਚ ਯੋਗਤਾ ਵਾਲੇ ਪੜ੍ਹੇ ਲਿਖੇ ਨੌਜਵਾਨ ਆਗੂ ਨੂੰ ਜ਼ਿਲਾ ਪ੍ਰਧਾਨ ਬਣਾਇਆ ਹੈ । ਜਿਸ ਨਾਲ ਜਿਲੇ ਭਰ ਦੇ ਵਰਕਰਾਂ ਵਿਚ ਖੁਸ਼ੀ ਦੀ ਲਹਿਰ ਹੈ । ਉਨ੍ਹਾਂ ਆਖਿਆ ਕਿ ਕਾਂਗਰਸ ਪਾਰਟੀ ਐਡਵੋਕੇਟ ਗਿਲਜੀਆਂ ਦੀ ਅਗਵਾਈ ਵਿਚ ਜਿਲੇ ਵਿਚ ਮਜ਼ਬੂਤ ਹੋਵੇਗੀ । ਇਸ ਮੌਕੇ ਸਮੂਹ ਵਰਕਰਾਂ ਅਤੇ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ ਜ਼ਿਲਾ ਪ੍ਰਧਾਨ ਐਡਵੋਕੇਟ ਗਿਲਜੀਆਂ ਨੇ ਆਖਿਆ ਕਿ ਜ਼ਿਲ੍ਹੇ ਦੀ ਸਮੂਹ ਲੀਡਰਸ਼ਿਪ ਨਾਲ ਮਿਲਕੇ ਵਰਕਰਾਂ ਦੇ ਸਨਮਾਨ ਦੀ ਲੜਾਈ ਲੜਨ ਦੇ ਨਾਲ ਨਾਲ ਕਾਂਗਰਸ ਪਾਰਟੀ ਦੀ ਦੇਸ਼ ਹਿਤੈਸ਼ੀ ਲੋਕ ਹਿਤੈਸ਼ੀ ਸੋਚ ਨੂੰ ਘਰ ਘਰ ਤੱਕ ਪਹੁੰਚਾਇਆ ਜਾਵੇਗਾ। ਇਸ ਮੌਕੇ ਸਰਪੰਚ ਸਰਬਜੀਤ ਸਿੰਘ ਵਿੱਕੀ, ਨੰਬਰਦਾਰ ਹਰਜੀਤ ਸਿੰਘ, ਸਰਵਣ ਸਿੰਘ, ਮਨਜੀਤ ਸਿੰਘ ਮੰਨਾ, ਪੰਚ ਨਿਰਮਲ ਸਿੰਘ, ਪੰਚ ਗੁਰਬਚਨ ਸਿੰਘ, ਕੈਪਟਨ ਚੰਨਣ ਸਿੰਘ, ਕੈਪਟਨ ਸ਼ੀਤਲ ਸਿੰਘ, ਦਵਿੰਦਰ ਸਿੰਘ, ਪਾਲ ਸਿੰਘ, ਹਰਭਜਨ ਸਿੰਘ ਕਲੋਟੀ, ਗੁਰਨਾਮ ਸਿੰਘ, ਗੁਰਮੀਤ ਸਿੰਘ, ਗੁਰਿੰਦਰਜੀਤ ਸਿੰਘ, ਕੈਪਟਨ ਅਮਰਜੀਤ ਸਿੰਘ ਸਣੇ ਵੱਡੀ ਗਿਣਤੀ ਵਿਚ ਨੌਜਵਾਨ ਮੌਜੂਦ ਸਨ।



# 'ਆਪ' ਨੇ ਇਮਾਨਦਾਰ ਤੇ ਸਾਫ਼-ਸੁਥਰੇ ਸ਼ਾਸਨ ਦੇ 13 ਸਾਲ ਪੂਰੇ ਕੀਤੇ : ਅਮਨ ਅਰੋੜਾ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਸੰਵਿਧਾਨ ਦਿਵਸ ਦੇ ਇਤਿਹਾਸਕ ਮੌਕੇ 'ਤੇ, ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਭਾਰਤ ਦੇ ਲੋਕਾਂ ਨੂੰ ਆਪਣੀਆਂ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ 'ਆਪ' ਨੇ ਸਥਾਪਨਾ ਦਿਵਸ ਦਾ ਜਸ਼ਨ ਇੱਕ ਵਿਸ਼ੇਸ਼ ਸੰਦੇਸ਼ ਨਾਲ ਇਸ ਦਿਨ ਨੂੰ ਮਨਾਇਆ। ਅਮਨ ਅਰੋੜਾ ਨੇ ਕਿਹਾ ਕਿ ਤੇਰਾਂ ਸਾਲ ਪਹਿਲਾਂ ਅਰਵਿੰਦ ਕੇਜਰੀਵਾਲ ਨੇ ਇੱਕ ਅਜਿਹੀ ਲਹਿਰ ਦੀ ਸ਼ੁਰੂਆਤ ਕੀਤੀ ਸੀ ਜੋ ਅੱਜ ਇਕ ਮਜ਼ਬੂਤ ਸੰਸਥਾ ਵਜੋਂ ਤਬਦੀਲ ਹੋ ਚੁੱਕੀ ਹੈ, ਜੋ ਸਾਫ਼-ਸੁਥਰੀ, ਪਾਰਦਰਸ਼ੀ ਅਤੇ ਲੋਕ-ਕੇਂਦਰਿਤ ਗਵਰਨੈਂਸ ਨੂੰ ਸਮਰਪਿਤ ਹੈ।ਉਨ੍ਹਾਂ ਨੇ ਯਾਦ ਕਰਵਾਇਆ ਕਿ ਕੇਜਰੀਵਾਲ ਨੇ ਕਿਵੇਂ ਭ੍ਰਿਸ਼ਟਾਚਾਰ ਖ਼ਤਮ ਕਰਨ, ਮਨਮਾਨੇ ਪ੍ਰਣਾਲੀਆਂ ਨੂੰ ਤੋੜਨ ਅਤੇ ਇਮਾਨਦਾਰੀ ਤੇ ਲੋਕ ਸੇਵਾ 'ਤੇ ਆਧਾਰਿਤ ਪ੍ਰਸ਼ਾਸਨਿਕ ਮਾਡਲ ਕਾਇਮ ਕਰਨ ਦਾ ਵਿਸ਼ਾਲ ਮਿਸ਼ਨ ਆਪਣੇ ਸਿਰ ਲਿਆ ਸੀ।ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਪਾਰਟੀ ਨੇਤਾਵਾਂ ਅਤੇ ਦੇਸ਼ ਭਰ ਦੇ ਲੱਖਾਂ ਸਮਰਪਿਤ ਵਲੰਟੀਅਰਾਂ ਨੂੰ ਦਿਲੋਂ ਵਧਾਈ ਦਿੰਦੇ ਹੋਏ, ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਯਾਤਰਾ ਸੱਚਾਈ, ਇਮਾਨਦਾਰੀ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਦੀ ਸ਼ਕਤੀ ਦੀ ਗਵਾਹੀ ਵਜੋਂ ਖੜ੍ਹੀ ਹੈ।ਉਨ੍ਹਾਂ ਅੱਗੇ ਕਿਹਾ ਕਿ ਜਿਵੇਂ ਪਾਰਟੀ ਨੇ ਆਪਣੇ 13 ਪ੍ਰੇਰਨਾਦਾਇਕ ਸਾਲ ਪੂਰੇ ਕੀਤੇ ਹਨ, ਇਹ ਪਾਰਦਰਸ਼ਤਾ, ਜਵਾਬਦੇਹੀ ਅਤੇ ਸੰਵਿਧਾਨ ਦੇ ਆਦਰਸ਼ਾਂ ਪ੍ਰਤੀ ਅਟੁੱਟ ਸਮਰਪਣ ਨਾਲ ਦੇਸ਼ ਦੀ ਸੇਵਾ ਜਾਰੀ ਰੱਖਣ ਦੇ ਆਪਣੇ ਸੰਕਲਪ ਦੀ ਪੁਸ਼ਟੀ ਕਰਦੀ ਹੈ।

# ਸੰਵਿਧਾਨ ਦਿਵਸ ਉਤਸ਼ਾਹ ਨਾਲ ਮਨਾਇਆ



**ਡੇਰਾ ਬੱਸੀ, (ਵਿਨੇ ਕੁਮਾਰ ਜੈਨ)**

ਸ੍ਰੀ ਸੁਖਮਨੀ ਕਾਲਜ ਆਫ਼ ਲਾਅ ਨੇ ਡੇਰਾ ਬੱਸੀ ਵਿਚ ਸੰਵਿਧਾਨ ਦਿਵਸ ਬੜੇ ਉਤਸ਼ਾਹ, ਅਕਾਦਮਿਕ ਚਰਚਾ ਅਤੇ ਰਾਸ਼ਟਰੀ ਗਰਵ ਦੇ ਜਜ਼ਬੇ ਨਾਲ ਮਨਾਇਆ ਗਿਆ। ਇਸ ਵਰ੍ਹੇ ਸਮਾਰੋਹ ਦਾ ਕੇਂਦਰੀ ਵਿਸ਼ਾ 'ਹਮਾਰਾ ਸੰਵਿਧਾਨ-ਹਮਾਰਾ ਸਵਾਭਿਮਾਨ' ਰਿਹਾ।ਕਾਰਜਕ੍ਰਮ ਦੀ ਸ਼ੁਰੂਆਤ ਪ੍ਰਮੁੱਖ ਮਹਿਮਾਨਾਂ ਵੱਲੋਂ ਗਿਆਨ ਦੇ ਦੀਵੇ ਜਗਾ ਕੇ ਕੀਤੀ ਗਈ। ਇਸ ਮੌਕੇ 'ਗੈਸਟ ਆਫ਼ ਆਨਰ' ਡਾ. ਪਰਮਜੀਤ ਸਿੰਘ ਸੰਧੂ (ਪ੍ਰੋਫੈਸਰ, ਯੂਨੀਵਰਸਿਟੀ ਸਕੂਲ ਆਫ਼ ਲਾਅ, ਸ੍ਰੀ ਗੁਰੂ ਗੋਬਿੰਦ ਸਿੰਘ ਵਰਲਡ ਯੂਨੀਵਰਸਿਟੀ), ਡਾ. ਦਮਨਜੀਤ ਸਿੰਘ (ਡਾਇਰੈਕਟਰ, ਐਸ ਐਸ ਜੀ ਆਈ), ਪ੍ਰੋ. ਰਸ਼ਪਾਲ ਸਿੰਘ (ਮੁੱਖ ਪ੍ਰਸ਼ਾਸਕ, ਐਸ ਐਸ ਜੀ ਆਈ), ਵੱਖ-ਵੱਖ ਸੰਸਥਾਵਾਂ ਦੇ ਪ੍ਰਿੰਸੀਪਲ ਅਤੇ ਫੈਕਲਟੀ ਮੈਂਬਰ ਹਾਜ਼ਰ ਸਨ।ਸਮਾਰੋਹ ਦਾ ਉਦੇਸ਼ ਭਾਰਤੀ ਸੰਵਿਧਾਨ ਦੇ ਮਹੱਤਵ ਨੂੰ ਉਜਾਗਰ ਕਰਨਾ ਅਤੇ ਕਾਨੂੰਨ ਦੇ ਵਿਦਿਆਰਥੀਆਂ ਵਿੱਚ ਸੰਵਿਧਾਨਕ ਮੁੱਲਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਮੁੱਖ ਭਾਸ਼ਣ ਦੌਰਾਨ, ਡਾ. ਪਰਮਜੀਤ ਸਿੰਘ ਸੰਧੂ ਨੇ ਭਾਰਤੀ ਸੰਵਿਧਾਨ ਦੇ ਵਿਕਾਸ, ਤਿਆਰੀ ਅਤੇ ਅਪਣਾਉਣ ਦੀ ਵਿਸਤ੍ਰਿਤ ਜਾਣਕਾਰੀ ਸ਼ੇਅਰ ਕੀਤੀ। ਉਨ੍ਹਾਂ ਨੇ ਸੰਵਿਧਾਨ ਸਭਾ ਦੀ 1946 ਵਿੱਚ ਬਣਤਰ, ਡਰਾਫ਼ਟਿੰਗ ਕਮੇਟੀ ਦੇ ਚੇਅਰਮੈਨ ਡਾ. ਬੀ.ਆਰ. ਅੰਬੇਡਕਰ ਦੀ ਦੂਰਦਰਸ਼ੀ ਭੂਮਿਕਾ, ਅਤੇ ਜਵਾਹਰ ਲਾਲ ਨਹਿਰੂ, ਸਰਦਾਰ ਪਟੇਲ, ਡਾ. ਰਾਜੇਂਦਰ ਪ੍ਰਸਾਦ ਸਮੇਤ ਹੋਰ ਮਹਾਨ ਨੇਤਾਵਾਂ ਦੇ ਯੋਗਦਾਨ ਉੱਤੇ ਪ੍ਰਕਾਸ਼ ਪਾਇਆ।ਉਨ੍ਹਾਂ ਨੇ 26 ਨਵੰਬਰ 1949 ਨੂੰ ਸੰਵਿਧਾਨ ਅਪਣਾਉਣ ਅਤੇ 26 ਜਨਵਰੀ 1950 ਨੂੰ ਲਾਗੂ ਕਰਨ ਦਾ ਇਤਿਹਾਸਕ ਅਹਿਮ ਮੋੜ ਵੀ ਸਪਸ਼ਟ ਤੌਰ 'ਤੇ ਰੌਸ਼ਨ ਕੀਤਾ।

# ਆਰ ਬੀ ਯੂ ਵਿਖੇ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਵਰਕਸ਼ਾਪ

**ਮੋਹਾਲੀ (ਗੁਰਜੀਤ ਬਿੱਲਾ)**

ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਵੱਲੋਂ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗ ਨਾਲ 'ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ' 'ਤੇ ਇੱਕ ਰੋਜ਼ਾ ਵਰਕਸ਼ਾਪ ਯੂਨੀਵਰਸਿਟੀ ਦੇ ਆਡੀਟੋਰੀਅਮ ਵਿਖੇ ਆਯੋਜਿਤ ਕੀਤੀ ਗਈ। ਇਸ ਵਰਕਸ਼ਾਪ ਵਿੱਚ ਖੇਤੀਬਾੜੀ ਦੇ ਵਿਦਿਆਰਥੀਆਂ ਦੇ ਨਾਲ-ਨਾਲ ਫੈਕਲਟੀ ਮੈਂਬਰਾਂ, ਪਤਵੰਤਿਆਂ ਅਤੇ ਮਾਹਿਰਾਂ ਨੇ ਹਿੱਸਾ ਲਿਆ।ਸਮਾਗਮ ਦੀ ਸ਼ੁਰੂਆਤ ਰਿਆਤ ਬਾਹਰਾ ਗਰੁੱਪ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਦੀਪ ਜਗਾ ਕੇ ਕੀਤੀ। ਇਸ ਮੌਕੇ ਯੂਨੀਵਰਸਿਟੀ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਦੀ ਡੀਨ, ਪ੍ਰੋ. (ਡਾ.) ਅਮਿਤਾ ਮਹਾਜਨ ਨੇ ਭਾਗੀਦਾਰਾਂ ਦਾ ਸਵਾਗਤ ਕਰਦਿਆਂ ਵਰਕਸ਼ਾਪ ਦੀ ਮਹੱਤਤਾ ਬਾਰੇ ਦੱਸਿਆ। ਜੋ ਕਿ ਸਮੇਂ ਦੀ ਲੋੜ ਹੈ ਕਿ ਝੋਨੇ ਦੀ ਪਰਾਲੀ ਨੂੰ ਸਾੜਨ ਨਾਲ ਵਾਤਾਵਰਨ ਨੂੰ ਹੋਣ ਵਾਲੇ ਪ੍ਰਦੂਸ਼ਣ ਤੋਂ ਬਚਾਇਆ ਜਾਵੇ ਜਿਸਦੇ ਨਤੀਜੇ ਵਜੋਂ ਸਿਹਤ ਸਮੱਸਿਆਵਾਂ ਪੈਦਾ ਹੁੰਦੀਆਂ ਹਨ ਅਤੇ ਟਿਕਾਊ ਖੇਤੀਬਾੜੀ ਅਭਿਆਸਾਂ ਦੀ ਮਹੱਤਤਾ ਨੂੰ ਵੀ ਉਜਾਗਰ ਕੀਤਾ ਗਿਆ ਅਤੇ ਨੌਜਵਾਨ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਿਗਿਆਨਕ ਪਹੁੰਚ ਅਪਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਗਿਆ। ਉਹਨਾਂ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਝੋਨੇ ਦੀ ਪਰਾਲੀ ਨੂੰ ਸਾੜਨ ਨਾਲ ਵਾਤਾਵਰਣ ਨੂੰ ਹੋਣ ਵਾਲੇ ਪ੍ਰਦੂਸ਼ਣ ਤੋਂ ਬਚਾਇਆ ਜਾਵੇ ਜਿਸਦੇ ਨਤੀਜੇ ਵਜੋਂ ਸਿਹਤ ਸਮੱਸਿਆਵਾਂ ਪੈਦਾ ਹੁੰਦੀਆਂ ਹਨ ਅਤੇ ਟਿਕਾਊ ਖੇਤੀਬਾੜੀ ਅਭਿਆਸਾਂ ਦੀ ਮਹੱਤਤਾ ਨੂੰ ਵੀ ਉਜਾਗਰ ਕੀਤਾ ਗਿਆ ਅਤੇ ਨੌਜਵਾਨ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਿਗਿਆਨਕ ਪਹੁੰਚ ਅਪਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਗਿਆ।ਗਰੁੱਪ ਵਾਈਸ-ਚਾਂਸਲਰ ਨੇ ਝੋਨੇ ਦੀ ਪਰਾਲੀ ਸਾੜਨ ਨਾਲ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਬਾਰੇ ਇੱਕ ਪ੍ਰੇਰਨਾਦਾਇਕ ਅਤੇ ਜਾਣਕਾਰੀ ਭਰਪੂਰ ਭਾਸ਼ਣ ਦਿੱਤਾ। ਡਾ. ਹਰਨੀਤ ਕੌਰ, ਸਹਾਇਕ ਪ੍ਰੋਫੈਸਰ ਨੇ ਫਸਲਾਂ ਦੀ ਰਹਿੰਦ-ਖੂੰਹਦ, ਖਾਸ ਕਰਕੇ ਝੋਨੇ ਦੀ ਪਰਾਲੀ ਨੂੰ ਸਾੜਨ ਦੇ ਨੁਕਸਾਨਦੇਹ ਪ੍ਰਭਾਵਾਂ 'ਤੇ ਜ਼ੋਰ ਦਿੱਤਾ।ਡਾ. ਕੋਮਲ, ਸਹਾਇਕ ਪ੍ਰੋਫੈਸਰ ਨੇ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਦੇ ਗਲੋਬਲ ਵਾਰਮਿੰਗ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਦੱਸਿਆ।ਡਾ. ਮੁਨੀਸ਼ ਸ਼ਰਮਾ, ਸਹਾਇਕ ਪ੍ਰੋਫੈਸਰ ਨੇ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਦੇ ਨੁਕਸਾਨਦੇਹ ਪ੍ਰਭਾਵਾਂ 'ਤੇ ਚਾਨਣਾ ਪਾਇਆ। ਖੇਤੀਬਾੜੀ ਵਿਦਿਆਰਥੀਆਂ ਲਈ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਵਿਸ਼ੇ 'ਤੇ ਇੱਕ ਭਾਸ਼ਣ ਮੁਕਾਬਲਾ ਵੀ ਆਯੋਜਿਤ ਕੀਤਾ ਗਿਆ।ਪ੍ਰੋ. (ਡਾ.) ਕੇ.ਐਸ. ਚੰਦੇਲ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।



# ਰਵਿਦਾਸੀਆ ਕੌਮ ਨੂੰ ਸਮਰਪਿਤ ਸੰਤ ਸੰਮੇਲਨ 29 ਨੂੰ



**ਆਦਮਪੁਰ, (ਪਰਮਜੀਤ ਸਿੰਘ)**

ਰਵਿਦਾਸੀਆ ਧਰਮ ਪ੍ਰਚਾਰ ਕਮੇਟੀ ਪੰਜਾਬ ਬਲਾਕ ਆਦਮਪੁਰ ਦੋਆਬਾ ਅਤੇ ਸਮੂਹ ਇਲਾਕਾ ਨਿਵਾਸੀ ਸੰਗਤ ਵਲੋਂ ਰਵਿਦਾਸੀਆ ਕੌਮ ਨੂੰ ਸਮਰਪਿਤ 15ਵਾਂ ਮਹਾਨ ਸੰਤ ਸੰਮੇਲਨ 29 ਨਵੰਬਰ ਦਿਨ ਸ਼ਨੀਵਾਰ ਨੂੰ ਦਾਣਾ ਮੰਡੀ, ਆਦਮਪੁਰ ਦੋਆਬਾ ਵਿਖੇ ਬਲਾਕ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਇਹ ਸਮਾਗਮ ਸ੍ਰੀ 108 ਸੰਤ ਸਰਵਣ ਦਾਸ ਜੀ ਸੱਚਖੰਡ ਬੱਲਾਂ ਦੇ ਗੁਰੂ ਗੱਦੀ ਤੇ ਬਿਰਾਜਮਾਨ ਸ੍ਰੀ 108 ਸੰਤ ਨਿਰੰਜਣ ਮਹਾਰਾਜ ਡੇਰਾ ਸੱਚਖੰਡ ਬੱਲਾਂ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਸੰਤ ਮਹਾਂਰਪੁਰਸ਼, ਸਾਧੂ ਸਮਾਜ ਮਿਸ਼ਨਰੀ ਗਾਇਕ ਰਾਗੀ ਜਥੇ ਅਤੇ ਉੱਘੇ ਪ੍ਰਚਾਰਕ ਅਨਮੋਲ ਪ੍ਰਵਚਨ ਕਰਨਗੇ। ਇਸ ਸਮਾਗਮ ਸਬੰਧੀ ਕਮੇਟੀ ਵੱਲੋਂ ਸੰਗਤਾਂ ਦੀ ਸਹੂਲਤ ਵਾਸਤੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਅਤੇ ਸਮਾਗਮ ਨੂੰ ਸਹੀ ਢੰਗ ਨਾਲ ਨੇਪੜੇ ਚਾੜਨ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ। ਇਸ ਮੌਕੇ ਸੁਰਿੰਦਰ ਕੁਮਾਰ ਖੁਰਦਪੁਰ, ਸੁਰਿੰਦਰ ਬੱਧਣ, ਹੰਸਰਾਜ ਐਮ ਈ ਐਸ, ਲੱਛਮਣ ਦਾਸ, ਮਨਜੀਤ ਸਿੰਘ ਨੈਸ਼ਨਲ, ਪਰਮਜੀਤ ਕਠਾਰ, ਸੁਰੇਸ਼ ਭਾਟੀਆ, ਪੰਪਾ ਆਦਮਪੁਰ, ਸੋਹਣਜੀਤ ਹਰੀਪੁਰ ਤੇ ਹੋਰ ਸੇਵਾਦਾਰ ਹਾਜ਼ਰ ਸਨ।

# ਪ੍ਰਵਾਸੀ ਭਾਰਤੀ ਨੇ ਸਕੂਲ 'ਚ ਇੰਟਰਲੋਕ ਦੀ ਸੇਵਾ ਕਰਵਾਈ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਸਰਕਾਰੀ ਸੀਨੀਅਰ ਸੈਕੇਂਡਰੀ ਸਕੂਲ ਭਾਮ ਵਿਖੇ ਕਰੀਬ 5 ਲੱਖ ਦੀ ਲਾਗਤ ਨਾਲ ਇੰਟਰਲੋਕ, ਗੇਟ ਦੀ ਉਸਾਰੀ ਅਤੇ ਬੂਟੇ ਲਗਵਾਉਣ ਦੀ ਸੇਵਾ ਸ੍ਰੀ ਤਰਸੇਮ ਪਾਲ ਸਿੰਘ ਮਿਨਹਾਸ ਅਤੇ ਉਹਨਾਂ ਦੇ ਸਪੁੱਤਰ ਮਨਪ੍ਰੀਤ ਪਾਲ ਸਿੰਘ ਮਿਨਹਾਸ ਵੱਲੋਂ ਕਰਵਾਈ ਗਈ। ਉਹਨਾਂ ਨੇ ਇਹ ਸੇਵਾ ਆਪਣੇ ਨਾਨਕਾ ਪਿੰਡ ਭਾਮ ਤੇ ਇਸ ਸਕੂਲ ਵਿਖੇ ਆਪਣੇ ਮਾਮਾ ਜੀ ਦੀ ਬੇਟੇ ਸਵਰਗੀ ਅਮਰਜੀਤ ਸਿੰਘ ਜਸਵਾਲ ਜੀ ਦੀ ਯਾਦ ਵਿੱਚ ਕਰਵਾਈ। ਇਸ ਤੋਂ ਪਹਿਲਾਂ ਵੀ ਉਹਨਾਂ ਵਲੋਂ ਇਸ ਸਕੂਲ ਵਿੱਚ ਇੰਟਰਲੋਕ ਦੀ ਸੇਵਾ, ਮੁੱਖ ਗੇਟ ਅਤੇ ਬੂਟਿਆਂ ਕੀਤੀ ਸੇਵਾ ਕੀਤੀ ਗਈ ਸੀ। ਇਸ ਸਮੇਂ ਸੁਨੀਲ ਕੁਮਾਰ ਜਸਵਾਲ, ਪਰਵਿੰਦਰ ਸਿੰਘ ਜਸਵਾਲ, ਦਲਵੀਰ ਸਿੰਘ ਜਸਵਾਲ, ਹਰਦੀਪ ਸਿੰਘ ਜਸਵਾਲ, ਗੁਰਪ੍ਰੀਤ ਸਿੰਘ ਜਸਵਾਲ,ਪਰਮਜੀਤ ਸਿੰਘ, ਜਸਵਿੰਦਰ ਕੌਰ, ਹਰੀ ਸਿੰਘ ਜਸਵਾਲ, ਅਮਰਜੀਤ ਸਿੰਘ, ਨਿਰਮਲ ਸਿੰਘ, ਸਤਨਾਮ ਸਿੰਘ, ਭੁਪਿੰਦਰ ਸਿੰਘ,ਮਨਜੀਤ ਕੌਰ , ਐਸ ਐਮ ਸੀ ਮੈਂਬਰ, ਪੰਚਾਇਤ ਮੈਬਰ ਅਤੇ ਐਸ ਐਮ ਸੀ ਮੈਂਬਰ ਸ਼ਾਮਿਲ ਸਨ। ਇਸ ਮੌਕੇ ਸਕੂਲ ਇੰਚਾਰਜ ਪਰਮਿੰਦਰਜੀਤ ਸਿੰਘ ਨੇ ਤਰਸੇਮਪਾਲ ਸਿੰਘ ਦਾ ਧੰਨਵਾਦ ਕਰਦਿਆਂ ਆਪਣੇ ਸਟਾਫ ਮੈਂਬਰਾਂ ਜਸਵਿੰਦਰ ਸਿੰਘ, ਪਰਸ਼ੋਤਮ ਲਾਲ, ਹਰਦੀਪ ਸਿੰਘ, ਮਨਜੀਤ ਕੁਮਾਰ, ਗੁਰਿੰਦਰ ਸਿੰਘ, ਡਿੰਪਲ ਰਾਜਾ, ਅਮਨਦੀਪ ਸਿੰਘ, ਗੁਰਨਾਮ ਸਿੰਘ, ਵਿਨੋਦ ਕੁਮਾਰ, ਹਰੀਸ਼ ਕੁਮਾਰ, ਗੁਲਸ਼ਨ ਕੁਮਾਰ, ਨਰਿੰਦਰ ਕੌਰ, ਹਰਜਿੰਦਰ ਕੌਰ, ਤੇਜਿੰਦਰ ਕੌਰ, ਰਾਜਵਿੰਦਰ ਕੌਰ, ਸੋਨੀਆਂ ਭੱਟੀ, ਕੰਚਨ ਸਿੰਘ, ਸੰਦੀਪ ਕੌਰ, ਰਵੀਨਾ ਕੁਮਾਰੀ, ਗਗਨਦੀਪ ਕੌਰ, ਕੁਲਵਿੰਦਰ ਕੌਰ ਦੇ ਨਾਲ ਮਿਲ ਕੇ ਇੱਕ ਯਾਦਗਾਰ ਚਿੰਨ੍ਹ ਭੇਟ ਕੀਤਾ।

# ਖਾਲਸਾ ਕਾਲਜ 'ਚ ਭਾਰਤੀ ਸੰਵਿਧਾਨ ਦਿਵਸ 'ਤੇ ਲੈਕਚਰ

**ਸੁਲਤਾਨਪੁਰ ਲੋਧੀ, (ਹਨੀ)**

ਗੁਰੂ ਨਾਨਕ ਖਾਲਸਾ ਕਾਲਜ ਵਿਖੇ ਕਾਰਜਕਾਰੀ ਪ੍ਰਿੰਸੀਪਲ ਪ੍ਰੋਫੈਸਰ ਜਸਬੀਰ ਕੌਰ ਦੀ ਅਗਵਾਈ ਅਤੇ ਐਨ ਐਸ ਐਸ ਵਿਭਾਗ, ਰੈੱਡ ਰਿਬਨ ਕਲੱਬ ਅਤੇ ਲੀਗਲ ਲਿਟਰੇਸੀ ਸੈੱਲ ਦੇ ਸਹਿਯੋਗ ਨਾਲ ਹਮਾਰਾ ਸੰਵਿਧਾਨ- ਹਮਾਰਾ ਅਭਿਮਾਨ ਵਿਸ਼ੇ ਸਬੰਧੀ ਸੰਵਿਧਾਨ ਦਿਵਸ ਨੂੰ ਸਮਰਪਤ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਆਪਣੇ ਅਧਿਕਾਰਾਂ ਨੂੰ ਸਮਝਦੇ ਹੋਏ, ਆਪਣੇ ਕਰਤੱਵਾਂ ਨੂੰ ਨਿਭਾਉਂਦੇ ਹੋਏ, ਆਪਣੀ ਪੜ੍ਹਾਈ ਅਤੇ ਵਿਦਿਆਰਥੀ ਜੀਵਨ ਨੂੰ ਸਮਾਜਿਕ ਜ਼ਿੰਮੇਵਾਰੀ ਅਤੇ ਨਾਗਰਿਕਤਾ ਨਾਲ ਜੋੜਨ। ਇਸ ਤਰ੍ਹਾਂ ਉਹ ਨਾ ਸਿਰਫ਼ ਚੰਗੇ ਵਿਦਿਆਰਥੀ ਬਣਦੇ ਹਨ, ਸਗੋਂ ਭਵਿੱਖ ਦੇ ਜ਼ਿੰਮੇਵਾਰ ਨਾਗਰਿਕ ਵੀ ਬਣਦੇ ਹਨ । ਪ੍ਰੋ.ਜਸਵੀਰ ਕੌਰ ਲੈਕਚਰਾਰ, ਇਤਿਹਾਸ ਵਿਭਾਗ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸੰਵਿਧਾਨ ਨੂੰ ਰਾਸ਼ਟਰ ਦੀ ਨੈਤਿਕ ਦ੍ਰਿੜਤਾ ਅਤੇ ਲੋਕਤੰਤਰ ਦਾ ਜੀਵੰਤ ਅਧਾਰ ਦੱਸਿਆ ਅਤੇ ਕਿਹਾ ਕਿ ਭਾਰਤ ਦਾ ਸੰਵਿਧਾਨ ਸਿਰਫ਼ ਕਾਨੂੰਨੀ ਦਸਤਾਵੇਜ਼ ਨਹੀਂ, ਸਗੋਂ ਲੋਕਤੰਤਰ, ਨਿਆਂ ਅਤੇ ਸਮਾਨਤਾ ਦਾ ਜੀਵੰਤ ਅਧਾਰ ਹੈ। ਇਸ ਮੌਕੇ ਰੈਡ ਰਿਬਨ ਕਲੱਬ ਦੇ ਮੁਖੀ ਡਾ.ਮਨੀ ਛਾਬੜਾ, ਐਨ.ਐਸ.ਐਸ ਵਿਭਾਗ ਦੇ ਮੁਖੀ ਪ੍ਰੋਫੈਸਰ ਰਿਸ਼ੂ ਬਾਲਾ, ਲੜਕੀਆਂ ਵਿੰਗ ਦੇ ਕੋਆਰਡੀਨੇਟਰ ਪ੍ਰੋ. ਸੁਖਪਾਲ ਸਿੰਘ, ਪ੍ਰੋ.ਜੁਗਰਾਜ ਸਿੰਘ ਸਿੰਘ, ਪ੍ਰੋ. ਸੰਦੀਪ ਕੌਰ, ਪ੍ਰੋ.ਸਰਬਜੀਤ ਕੌਰ, ਪ੍ਰੋ. ਹਰਪ੍ਰੀਤ ਸਿੰਘ, ਪ੍ਰੋ. ਪਰਵੀਨ ਕੌਰ, ਪ੍ਰੋ.ਰਮਨਦੀਪ ਕੌਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਹਰਦੀਸ਼ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।



# ਸੀ ਟੀ ਸਨਸ਼ਾਇਨ ਕਿੰਡਰ ਗਾਰਟਨ ਵਿਖੇ 23 ਸਕੂਲਾਂ ਦਾ 'ਫਨਲਿੰਪਿਕਸ' ਮੇਲਾ

**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਪਬਲਿਕ ਸਕੂਲ ਵੱਲੋਂ ਆਯੋਜਿਤ ਫਨਲਿੰਪਿਕਸ-ਸੀ ਟੀ ਸਨਸ਼ਾਇਨ ਕਿੰਡਰਗਾਰਟਨ ਇੰਟਰ-ਸਕੂਲ ਸਪੋਰਟਸ ਡੇ ਇੱਕ ਅਜਿਹਾ ਰੰਗਾਂ ਨਾਲ ਭਰਿਆ ਸਮਾਗਮ ਬਣਿਆ, ਜਿੱਥੇ 23 ਸਕੂਲਾਂ ਦੇ 3 ਤੋਂ 6 ਸਾਲ ਦੇ ਨੰਨੇ ਖਿਡਾਰੀਆਂ ਨੇ ਆਪਣੇ ਜੋਸ਼, ਉਤਸ਼ਾਹ ਅਤੇ ਮਾਸੂਮ ਹੰਸੀ ਨਾਲ ਮੈਦਾਨ ਨੂੰ ਜੀਵੰਤ ਕਰ ਦਿੱਤਾ। ਨੰਨ੍ਹੇ ਮੁਟਿਆਰਾਂ ਤੇ ਗੱਬਰੂਆਂ ਨੇ ਜੁਨੂਨ ਨਾਲ ਮਜ਼ੇਦਾਰ ਦੌੜਾਂ ਵਿੱਚ ਭਾਗ ਲਿਆ, ਜਿਸ ਨਾਲ ਵਿਸ਼ਵਾਸ, ਟੀਮ ਭਾਵਨਾ, ਤਾਲਮੇਲ ਅਤੇ ਸਰੀਰਕ ਵਿਕਾਸ ਨੂੰ ਇੱਕ ਨਵਾਂ ਪੰਖ ਮਿਲਿਆ।ਵ੍ਰਿਜਵਾਨ ਪਲੇਵੇ ਸਕੂਲ, ਗੋਲਡਨ ਬਡਸ, ਜੇਸਨ ਮਾਡਲ ਸਕੂਲ, ਲਿਟਲ ਓਲਿਵਜ਼, ਗੁਰੂ ਕਿਰਪਾ ਪਲੇਵੇ ਸਕੂਲ, ਸਿਨੋਸ਼ਰ ਇੰਟਰਨੈਸ਼ਨਲ ਸਕੂਲ ਸਮੇਤ ਕਈ ਹੋਰ ਸੰਸਥਾਵਾਂ ਨੇ ਉਤਸ਼ਾਹ ਨਾਲ ਭਾਗ ਲਿਆ, ਜਿਸ ਨਾਲ ਸਮਾਗਮ ਦੀ ਰੌਣਕ ਹੋਰ ਵੀ ਵਧ ਗਈ।ਸਮਾਰੋਹ ਦੀ ਸ਼ੋਭਾ ਮੁੱਖ ਮਹਿਮਾਨ ਡਾ. ਜੀ. ਐਸ. ਧਾਲੀਵਾਲ (ਹੇਡ ਆਫ ਸਪੋਰਟਸ ਡਿਪਾਰਟਮੈਂਟ, ਐੱਨ ਆਈ ਟੀ) ਦੀ ਹਾਜ਼ਰੀ ਨਾਲ ਖਿੜ ਗਈ। ਉਨ੍ਹਾਂ ਦੇ ਨਾਲ ਸ੍ਰੀ ਪ੍ਰੇਮ ਭੱਲਾ (ਸਨੇਕਰਜ਼ ਰੈਸਟੋਰੈਂਟ ਮਾਲਿਕ, ਐੱਨ ਆਈ ਟੀ) ਅਤੇ ਸ੍ਰੀ ਗੁਰਨਾਮ ਸਿੰਘ ਵੀ ਮੌਜੂਦ ਸਨ। ਏਗਜ਼ਿਕਿਊਟਿਵ ਡਾਇਰੈਕਟਰ ਡਾ. ਨਿਤਿਨ ਟੰਡਨ, ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ, ਜੁਆਇੰਟ ਮੈਨੇਜਿੰਗ ਡਾਇਰੈਕਟਰ ਤਨਿਕਾ ਚੰਨੀ, ਪ੍ਰਿੰਸੀਪਲ ਸ੍ਰੀਮਤੀ ਮਨੀਸ਼ਾ ਬਸਨੈਟ, ਕਿੰਡਰਗਾਰਟਨ ਕੋਆਰਡੀਨੇਟਰ ਸੁਮਨ ਅਤੇ ਮੈਡਮ ਰਿਤੂ ਭੰਡਾਰੀ ਦੀ ਹਾਜ਼ਰੀ ਨੇ ਵੀ ਸਮਾਗਮ ਨੂੰ ਇੱਕ ਵਿਸ਼ੇਸ਼ ਮਾਣ ਪ੍ਰਦਾਨ ਕੀਤਾ।ਮਜ਼ੇਦਾਰ ਅਤੇ ਰੋਮਾਂਚਕ ਗਤੀਵਿਧੀਆਂ-ਗੁੱਡੀ ਦੌੜ, ਟੈਡੀ ਰੇਸ, ਬਾਲ ਚੁੱਕੋ-ਟੋਕਰੀ ਵਿੱਚ ਪਾਓ, ਆਈਸਕ੍ਰੀਮ ਕੋਨ ਰੇਸ, ਗੁਬਾਰਾ ਦੌੜ, ਹਾਕੀ ਰੇਸ-ਨੰਨ੍ਹਿਆਂ ਲਈ ਖੇਡਾਂ ਦਾ ਇੱਕ ਵੱਡਾ ਮੇਲਾ ਬਣ ਗਈਆਂ। ਮਾਪਿਆਂ ਲਈ ਰੱਸੀ ਖਿੱਚਣ ਨੇ ਤਾਂ ਮੈਦਾਨ ਵਿੱਚ ਹਾਸੇ ਅਤੇ ਤਾੜੀਆਂ ਦੀ ਗੂੰਜ ਹੋਰ ਵੀ ਤੇਜ਼ ਕਰ ਦਿੱਤੀ।

